15-FEB-PAGE-1.qxd 2/14/2024 10:13 PM Page 1


ਵੀਰਵਾਰ, 15 ਫਰਵਰੀ, 2024

3 ਫੱਗਣ { ਨਾਨਕਸ਼ਾਹੀ 555 / ਬਿਕਰਮੀ 2080

ਜਿਲਦ/VOL. : 72

ਅੰਕ/NO. : 256

# ਨਵਾਂ ਜ਼ਮਾਨਾ

DAILY NAWAN ZAMANA • THURSDAY, 15 FEBRUARY, 2024 ਜਲੰਧਰ

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


# ਸ਼ੰਭੂ ਬਾਰਡਰ 'ਤੇ ਕਿਸਾਨ ਤੇ ਪੁਲਸ ਆਹਮੋ-ਸਾਹਮਣੇ

**☛ ਪੰਜਾਬ 'ਚ ਅੱਜ 4 ਘੰਟੇ ਰੇਲਵੇ ਲਾਈਨਾਂ ਜਾਮ ☛ ਢਾਬੀ ਗੁੱਜਰਾਂ ਬਾਰਡਰ 'ਤੇ ਦੂਜੇ ਦਿਨ ਵੀ ਸਥਿਤੀ ਤਣਾਅਪੂਰਨ, ਦਰਜਨ ਤੋਂ ਵੱਧ ਕਿਸਾਨ ਜ਼ਖਮੀ**



**ਪਾਤੜਾਂ/ ਖਨੌਰੀ (ਨਿਸ਼ਾਨ ਸਿੰਘ ਬਣਵਾਲਾ)**-ਐੱਮ ਐੱਸ ਪੀ (ਘੱਟੋ-ਘੱਟ ਸਮਰਥਨ ਮੁੱਲ) ਅਤੇ ਕਰਜ਼ ਮੁਆਫ਼ੀ ਦੀ ਕਾਨੂੰਨੀ ਗਰੰਟੀ, ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਲਾਗੂ ਕਰਨ ਸਮੇਤ ਕਈ ਮੰਗਾਂ ਨੂੰ ਲੈ ਕੇ ਪੰਜਾਬ ਅਤੇ ਹਰਿਆਣਾ ਦੇ ਕਿਸਾਨਾਂ ਦੇ ਦਿੱਲੀ ਕੂਚ ਦਾ ਦੂਜਾ ਦਿਨ ਹੈ। ਦਿੱਲੀ ਦੀਆਂ ਸਰਹੱਦਾਂ 'ਤੇ ਕਈ ਲੇਅਰ ਦੀ ਸੁਰੱਖਿਆ ਬੈਰੀਕੇਡਿੰਗ ਕੀਤੀ ਗਈ ਹੈ। ਉਥੇ ਹਰਿਆਣਾ ਦੇ ਸੱਤ ਜ਼ਿਲ੍ਹਿਆਂ 'ਚ ਇੰਟਰਨੈੱਟ ਸੇਵਾ ਬੰਦ ਕਰ ਦਿੱਤੀ ਗਈ ਗਈ ਹੈ। ਰੋਸ ਪ੍ਰਦਰਸ਼ਨ ਦੇ ਦੂਜੇ ਦਿਨ ਵੀ ਅੱਜ ਕਿਸਾਨ ਬਾਰਡਰਾਂ ਨੂੰ ਤੋੜ ਕੇ ਦਿੱਲੀ ਜਾਣ ਦੀ ਆਪਣੀ ਜ਼ਿੱਦ ਉੱਤੇ ਅੜੇ ਰਹੇ। ਦੁਪਹਿਰ 1 ਵਜੇ ਤੋਂ ਬਾਅਦ ਕਿਸਾਨਾਂ ਨੇ ਅਰਦਾਸ ਕਰਕੇ ਜਦੋਂ ਅੱਗੇ ਵਧਣ ਦੀ ਕੋਸ਼ਿਸ਼ ਕੀਤੀ ਤਾਂ ਹਰਿਆਣਾ ਪੁਲਸ ਅਤੇ ਕੇਂਦਰੀ ਸੁਰੱਖਿਆ ਫੋਰਸਾਂ ਨੇ ਉਹਨਾਂ ਉੱਤੇ ਵੱਡੀ ਪੱਧਰ 'ਤੇ ਅੱਥਰੂ ਗੈਸ ਅਤੇ ਰਬੜ ਦੀਆਂ ਗੋਲੀਆਂ ਦੀ ਵਰਤੋਂ ਕੀਤੀ। ਪੁਲਸ ਫੋਰਸਾਂ ਵੱਲੋਂ ਕੀਤੀ ਗਈ ਜ਼ੋਰ-ਅਜ਼ਮਾਈ ਵੀ 'ਚ ਦਰਜਨ ਤੋਂ ਵੱਧ ਕਿਸਾਨ ਜ਼ਖਮੀ ਹੋ ਗਏ, ਜਿਨਾਂ ਵਿੱਚੋਂ ਤਿੰਨ ਨੂੰ ਪਟਿਆਲਾ ਦੇ ਰਜਿੰਦਰਾ ਹਸਪਤਾਲ ਵਿਖੇ ਰੈਫਰ ਕਰ ਦਿੱਤਾ ਗਿਆ ਹੈ, ਜਦੋਂ ਕਿ ਬਾਕੀ ਦੇ ਕਿਸਾਨ ਪਾਤੜਾਂ ਦੇ ਮਿੰਨੀ ਪ੍ਰਾਇਮਰੀ ਹਸਪਤਾਲ ਵਿੱਚ ਜ਼ੇਰੇ ਇਲਾਜ ਹਨ। ਇਸ ਦੌਰਾਨ ਕਿਸਾਨਾਂ ਨੇ ਹਰਿਆਣਾ ਪੁਲਸ ਦੇ ਇੱਕ ਜਵਾਨ ਨੂੰ ਬਾਰਡਰ ਤੋਂ ਪਾਰ ਆ ਕੇ ਕਿਸਾਨਾਂ ਦੀ ਜਾਸੂਸੀ ਕਰਦੇ ਨੂੰ ਫੜ ਕੇ ਪਾਤੜਾਂ ਪੁਲਸ ਦੇ ਹਵਾਲੇ ਕਰ ਦਿੱਤਾ।

ਅੰਦੋਲਨ ਨੂੰ ਲੈ ਕੇ ਹਰਿਆਣਾ ਸਰਕਾਰ ਵੱਲੋਂ ਸ਼ਾਂਤਮਈ ਅੰਦੋਲਨ ਲੜ ਰਹੇ ਕਿਸਾਨਾਂ, ਮਜ਼ਦੂਰਾਂ 'ਤੇ ਅੱਥਰੂ ਗੈਸ ਦੇ ਗੋਲੇ ਅਤੇ ਰਬੜ ਦੀਆਂ ਗੋਲੀਆਂ ਵਰ੍ਹਾਉਣ ਦੇ ਵਿਰੋਧ ਵਿੱਚ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ 15 ਫਰਵਰੀ ਵੀਰਵਾਰ ਚਾਰ ਘੰਟਿਆਂ ਲਈ ਪੰਜਾਬ ਵਿੱਚ ਰੇਲਾਂ ਰੋਕਣ ਦਾ ਫੈਸਲਾ ਲਿਆ ਗਿਆ ਹੈ।ਇਹ ਰੇਲਾਂ 12 ਵਜੇ ਤੋਂ 4 ਵਜੇ ਤੱਕ ਰੋਕੀਆਂ ਜਾਣਗੀਆਂ।ਜਥੇਬੰਦੀ ਵੱਲੋਂ ਕਿਸਾਨੀ ਮੰਗਾਂ ਦੇ ਹੱਕ ਵਿੱਚ ਵੀ ਪਹਿਲਾਂ ਵਾਂਗ ਡਟਵੀਂ ਆਵਾਜ਼ ਉਠਾਉਣ ਦਾ ਵੀ ਫੈਸਲਾ ਲਿਆ ਗਿਆ ਹੈ।ਇਸੇ ਦੌਰਾਨ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਪ੍ਰਧਾਨ ਰਾਮ ਸਿੰਘ ਭੈਣੀ ਬਾਘਾ ਨੇ ਕਿਹਾ ਕਿ ਯੂਨੀਅਨ ਵੱਲੋਂ ਮਾਨਸਾ ਦੇ ਰੇਲਵੇ ਸਟੇਸ਼ਨ 'ਤੇ ਚਾਰ ਘੰਟਿਆਂ ਲਈ ਰੇਲਾਂ ਰੋਕੀਆਂ ਜਾਣਗੀਆਂ।ਕਿਸਾਨਾਂ ਦਾ ਕਹਿਣਾ ਹੈ ਕਿ ਪੁਲਸ ਦੇ ਲਾਠੀਚਾਰਜ 'ਚ 100 ਤੋਂ ਵੱਧ ਲੋਕ ਜ਼ਖ਼ਮੀ ਹੋਏ ਹਨ। ਇਹਨਾਂ 'ਚ ਕੁਝ ਦੀ ਹਾਲਤ ਗੰਭੀਰ ਬਣੀ ਹੋਈ ਹੈ।

ਸ਼ੰਭੂ ਬਾਰਡਰ 'ਤੇ ਦੇਰ ਰਾਤ ਵੀ ਹੰਗਾਮਾ ਹੋਇਆ ਅਤੇ ਕਿਸਾਨਾਂ ਨੂੰ ਰੋਕਣ ਲਈ ਹਰਿਆਣਾ ਪੁਲਸ ਨੇ ਅੱਥਰੂ ਗੈਸ ਦੇ ਗੋਲੇ ਛੱਡੇ।ਬੁੱਧਵਾਰ ਮੁੜ ਤੋਂ ਕਿਸਾਨਾਂ ਦਿੱਲੀ ਵੱਲ ਵਧਣ ਦਾ ਐਲਾਨ ਕੀਤਾ। ਵੱਡੀ ਗਿਣਤੀ ਵਿੱਚ ਕਿਸਾਨ ਬਾਰਡਰ 'ਤੇ ਮੌਜੂਦ ਹਨ, ਜਿਸ ਨਾਲ ਬਾਰਡਰ 'ਤੇ ਸਥਿਤੀ ਹੋਰ ਗੰਭੀਰ ਹੋਣ ਦੀ ਸੰਭਾਵਨਾ ਹੈ।ਪੰਜਾਬ ਨਾਲ ਲੱਗਦੇ ਹਰਿਆਣਾ ਦੀਆਂ ਸਾਰੀਆਂ ਸਰਹੱਦਾਂ 'ਤੇ ਹਜ਼ਾਰਾਂ ਦੇ ਕਰੀਬ ਕਿਸਾਨ ਇਕੱਠੇ ਹੋਏ ਹਨ।ਕਿਸਾਨਾਂ ਨੂੰ ਰੋਕਣ ਲਈ ਹਰਿਆਣਾ ਸਰਕਾਰ ਨੇ ਅਰਧ ਸੈਨਿਕ ਬਲਾਂ ਦੀਆਂ 64 ਕੰਪਨੀਆਂ ਅਤੇ ਪੁਲਸ ਦੀਆਂ 50 ਕੰਪਨੀਆਂ ਤਾਇਨਾਤ ਕੀਤੀਆਂ ਹਨ।

● ਬਾਕੀ ਸਫ਼ਾ 2 'ਤੇ

## ਡਰੋਨ ਦਾ ਕੱਢਿਆ ਤੋੜ

-ਕਿਸਾਨ ਅੰਦੋਲਨ ਫਿਲਹਾਲ ਅੰਬਾਲਾ ਦੇ ਸ਼ੰਭੂ ਬਾਰਡਰ ਤੋਂ ਅੱਗੇ ਨਹੀਂ ਵਧ ਰਿਹਾ। ਇੱਥੇ ਬੀਤੇ 36 ਘੰਟਿਆਂ ਤੋਂ ਕਿਸਾਨਾਂ ਦਾ ਕਾਫ਼ਲਾ ਰੁਕਿਆ ਹੋਇਆ ਹੈ। ਲਗਾਤਾਰ ਪੁਲਸ ਵੱਲੋਂ ਅੱਥਰੂ ਗੈਸ ਦੇ ਗੋਲੇ ਦਾਗੇ ਜਾ ਰਹੇ ਹਨ। ਕਿਸਾਨਾਂ ਨੂੰ ਅੱਗੇ ਵਧਣ 'ਚ ਡਰੋਨ ਰੁਕਾਵਟ ਬਣ ਰਹੇ ਹਨ। ਕਿਸਾਨ ਵੀ ਡਰੋਨ ਨੂੰ ਡੇਗਣ ਦੀ ਕੋਸ਼ਿਸ਼ ਕਰ ਰਹੇ ਹਨ। ਦੁਪਹਿਰ ਬੁੱਧਵਾਰ 12 ਵਜੇ ਦੇ ਕਰੀਬ ਕਿਸਾਨਾਂ ਨੇ ਡਰੋਨ ਨੂੰ ਡੇਗਣ ਲਈ ਸ਼ੰਭੂ ਬਾਰਡਰ 'ਤੇ ਪਤੰਗਬਾਜ਼ੀ ਕੀਤੀ। ਕਿਸਾਨ ਵੱਡੀ ਗਿਣਤੀ 'ਚ ਪਤੰਗ ਲੈ ਕੇ ਪਹੁੰਚੇ ਅਤੇ ਸ਼ੰਭੂ ਬਾਰਡਰ 'ਤੇ ਪਤੰਗ ਉਡਾਏ, ਤਾਂ ਕਿ ਪਤੰਗ ਦੀ ਡੋਰ 'ਚ ਫਸੇ ਡਰੋਨ ਨੂੰ ਸੁੱਟਿਆ ਜਾ ਸਕੇ।

## ਕਿਸਾਨਾਂ 'ਤੇ ਤਸ਼ੱਦਦ, ਲੋਕਾਂ ਦੇ ਮੁੱਢਲੇ ਅਧਿਕਾਰਾਂ ਦਾ ਕਤਲ : ਸੀ ਪੀ ਆਈ

**ਚੰਡੀਗੜ੍ਹ.** ਕਿਸਾਨਾਂ ਦੀਆਂ ਕਈ ਜਥੇਬੰਦੀਆਂ ਵੱਲੋਂ "ਦਿੱਲੀ ਚਲੋ" ਦੇ ਪੁਰਅਮਨ ਐਕਸ਼ਨ 'ਤੇ ਕੇਂਦਰ ਅਤੇ ਹਰਿਆਣਾ ਦੀ ਭਾਜਪਾ ਸਰਕਾਰਾਂ ਵੱਲੋਂ ਲਾਈਆਂ ਗਈਆਂ ਰੋਕਾਂ ਅਤੇ ਕੀਤੇ ਗਏ ਤਸ਼ੱਦਦ ਦੀ ਨਿਖੇਧੀ ਕਰਦਿਆਂ ਹੋਇਆਂ ਪੰਜਾਬ ਸੀ ਪੀ ਆਈ ਨੇ ਕਿਹਾ ਹੈ ਕਿ ਮੋਦੀ ਸਰਕਾਰ ਸੰਵਿਧਾਨ ਦੁਆਰਾ ਗਰੰਟੀ ਕੀਤੇ ਲੋਕਾਂ ਦੇ ਮੁਢਲੇ ਅਧਿਕਾਰਾਂ ਦੀਆਂ ਧੱਜੀਆਂ ਉਡਾ ਰਹੀ ਹੈ। ਪੰਜਾਬ ਸੀ ਪੀ ਆਈ ਦੇ ਸਕੱਤਰ ਸਾਥੀ ਬੰਤ ਸਿੰਘ ਬਰਾੜ ਨੇ ਬੁੱਧਵਾਰ ਇੱਥੇ ਕਿਹਾ ਕਿ ਕਿਸਾਨਾਂ ਅਤੇ ਮਜ਼ਦੂਰਾਂ ਨੇ ਦਿੱਲੀ ਵਿਖੇ ਪੁਰਅਮਨ ਇਤਿਹਾਸਕ ਸੰਘਰਸ਼ ਲੜ ਕੇ ਦੁਨੀਆ ਸਾਹਮਣੇ ਇਕ ਮਿਸਾਲ ਪੈਦਾ ਕੀਤੀ ਸੀ ਤੇ ਉਸ ਅੰਦੋਲਨ ਨੂੰ ਸੰਪੰਨ ਹੋਇਆਂ ਵੀ 2 ਸਾਲ ਹੋ ਗਏ ਹਨ, ਪਰ ਮੋਦੀ ਸਰਕਾਰ ਨੇ ਸੰਘਰਸ਼ ਦੌਰਾਨ ਕੀਤੇ ਵਾਅਦਿਆਂ 'ਤੇ ਜ਼ਰਾ ਵੀ ਧਿਆਨ ਨਹੀਂ ਦਿੱਤਾ। ਨਤੀਜੇ ਵਜੋਂ ਭਾਰਤ ਦੀਆਂ ਸਾਰੀਆਂ ਟਰੇਡ ਯੂਨੀਅਨਾਂ ਅਤੇ ਕਿਸਾਨ ਜਥੇਬੰਦੀਆਂ ਨੇ ਸੰਘਰਸ਼ ਦਾ ਐਲਾਨ ਕਰਕੇ 16 ਫਰਵਰੀ ਨੂੰ "ਭਾਰਤ ਬੰਦ" ਦਾ ਸੱਦਾ ਦਿੱਤਾ ਹੈ। 13 ਫਰਵਰੀ ਨੂੰ ਕਈ ਕਿਸਾਨ ਜਥੇਬੰਦੀਆਂ ਨੇ "ਦਿੱਲੀ ਚਲੋ" ਦੇ ਨਾਅਰੇ ਹੇਠ ਆਰੰਭ ਅੰਦੋਲਨ ਨੇ ਦਰਸਾਅ ਦਿੱਤਾ ਹੈ ਕਿ ਕੇਂਦਰੀ ਸਰਕਾਰ ਜਮਹੂਰੀ ਅਤੇ ਲੋਕ ਹੱਕਾਂ ਦੀਆਂ ਧੱਜੀਆਂ ਉਡਾ ਕੇ ਦੇਸ਼ ਨੂੰ ਕਾਰਪੋਰੇਟ ਘਰਾਣਿਆਂ ਦਾ ਗੁਲਾਮ ਬਣਾ ਰਹੀ ਹੈ। ਸਾਥੀ ਬਰਾੜ ਨੇ 16 ਫਰਵਰੀ ਦੇ ਦੇਸ਼-ਵਿਆਪੀ ਅੰਦੋਲਨ ਦਾ ਜ਼ੋਰਦਾਰ ਸਮਰਥਨ ਕਰਦਿਆਂ ਕਿਹਾ ਹੈ ਕਿ ਕੇਂਦਰੀ ਭਾਜਪਾ ਸਰਕਾਰ ਦੀਆਂ ਫੁੱਟ-ਪਾਓ ਅਤੇ ਫਾਸ਼ੀ ਚਾਲਾਂ ਦਾ ਮੁਕਾਬਲਾ ਮਜ਼ਦੂਰਾਂ-ਕਿਸਾਨਾਂ ਅਤੇ ਦੇਸ਼ਭਗਤ ਸ਼ਕਤੀਆਂ ਦੀ ਜ਼ੋਰਦਾਰ ਏਕਤਾ ਦੁਆਰਾ ਹੀ ਕੀਤਾ ਜਾ ਸਕਦਾ ਹੈ। ਸੀ ਪੀ ਆਈ ਨੇ ਪੰਜਾਬ ਦੀਆਂ ਸਾਰੀਆਂ ਰਾਜਸੀ ਪਾਰਟੀਆਂ ਅਤੇ ਜਨਤਕ ਜਥੇਬੰਦੀਆਂ ਨੂੰ ਅਪੀਲ ਕੀਤੀ ਹੈ ਕਿ ਪੂਰੇ ਜ਼ੋਰ ਨਾਲ 16 ਫਰਵਰੀ ਦੇ "ਭਾਰਤ ਬੰਦ" ਦੇ ਸੱਦੇ ਨੂੰ ਸਫਲ ਬਣਾਇਆ ਜਾਵੇ।

# ਸੰਯੁਕਤ ਕਿਸਾਨ ਮੋਰਚਾ ਵੱਲੋਂ ਕਿਸਾਨਾਂ 'ਤੇ ਕੀਤੇ ਜਬਰ ਵਿਰੁੱਧ ਸੰਘਰਸ਼ ਦਾ ਐਲਾਨ

**16 ਨੂੰ ਭਾਰਤ ਬੰਦ ਤੇ ਅੱਜ ਤਿੰਨ ਘੰਟਿਆਂ ਲਈ ਟੋਲ ਪਲਾਜ਼ੇ ਟੋਲ ਮੁਕਤ ਕਰਨ ਦਾ ਸੱਦਾ**



**ਜਲੰਧਰ (ਕੇਸਰ)** ਸੰਯੁਕਤ ਕਿਸਾਨ ਮੋਰਚਾ ਵੱਲੋਂ ਪੰਜਾਬ ਹਰਿਆਣਾ ਸਰਹੱਦ ਭਾਜਪਾ ਦੀਆਂ ਕੇਂਦਰ ਅਤੇ ਹਰਿਆਣਾ ਸਰਕਾਰਾਂ ਵੱਲੋਂ ਕਿਸਾਨਾਂ 'ਤੇ ਹੰਝੂ ਗੈਸ, ਰਬੜ ਦੀਆਂ ਗੋਲੀਆਂ ਅਤੇ ਪਾਣੀ ਦੀਆਂ ਬੁਛਾੜਾਂ ਵਰਗੇ ਢੰਗ ਤਰੀਕਿਆਂ ਰਾਹੀ ਜਬਰ ਕਰਨ ਦੀ ਸਖਤ ਨਿਖੇਧੀ ਕਰਦਿਆਂ ਇਸ ਵਿਰੁੱਧ 16 ਫਰਵਰੀ ਨੂੰ ਭਾਰਤ ਬੰਦ ਅਤੇ 15 ਫਰਵਰੀ ਨੂੰ 11 ਵਜੇ ਤੋਂ 2 ਵਜੇ ਦੁਪਹਿਰ ਤੱਕ ਤਿੰਨ ਘੰਟਿਆਂ ਲਈ ਸੂਬੇ ਦੇ ਸਾਰੇ ਟੋਲ ਪਲਾਜ਼ਿਆਂ ਨੂੰ ਟੋਲ ਮੁਕਤ ਕਰਨ ਦਾ ਸੱਦਾ ਦਿੱਤਾ ਹੈ।ਮੀਟਿੰਗ 'ਚ ਕਿਸਾਨਾਂ 'ਤੇ ਜਬਰ ਨੂੰ ਬੰਦ ਕਰਕੇ ਕਿਸਾਨਾਂ ਨੂੰ ਦਿੱਲੀ ਵਿਖੇ ਪ੍ਰਦਰਸ਼ਨ ਕਰਨ ਲਈ ਖੜੀਆਂ ਕੀਤੀਆਂ ਰੋਕਾਂ ਨੂੰ ਹਟਾਉਣ ਦੀ ਮੰਗ ਕੀਤੀ ਗਈ ਹੈ।ਮੀਟਿੰਗ 'ਚ ਪੰਜਾਬ ਦੀਆਂ ਹਰਿਆਣਾ ਨਾਲ ਲੱਗਦੀਆਂ ਸਰਹੱਦਾਂ ਤੇ ਹਾਈਵੇ/ਸੜਕਾਂ 'ਚ ਲੋਹੇ ਦੀਆਂ ਕਿੱਲਾਂ, ਕੰਡਿਆਲੀਆਂ ਤਾਰਾਂ, ਸੜਕਾਂ ਪੱਟਣ ਅਤੇ ਕੰਕਰੀਟ ਦੀਆਂ ਦੀਵਾਰਾਂ ਬਣਾਉਣ ਅਤੇ ਇੰਟਰਨੈੱਟ ਪਾਬੰਦੀਆਂ ਮੜਣ ਵਿਰੁੱਧ ਸਖਤ ਗੁੱਸਾ ਜ਼ਾਹਰ ਕਰਦਿਆਂ ਕਿਹਾ ਹੈ ਕਿ ਭਾਜਪਾ ਸਰਕਾਰਾਂ ਵੱਲੋਂ ਪੰਜਾਬ ਦੇ ਲੋਕਾਂ ਨਾਲ ਦੁਸ਼ਮਣ ਦੇਸ਼ ਦੇ ਨਾਗਰਿਕਾਂ ਵਾਲਾ ਵਿਹਾਰ ਕੀਤਾ ਜਾ ਰਿਹਾ।ਸੰਯੁਕਤ ਕਿਸਾਨ ਮੋਰਚਾ ਨੇ ਜੋਰ ਦੇ ਕੇ ਆਖਿਆ ਹੈ ਕਿ ਭਾਜਪਾ ਸਰਕਾਰਾਂ ਦਾ ਅਜਿਹਾ ਵਤੀਰਾ ਪੰਜਾਬ ਦੇ ਲੋਕਾਂ 'ਚ ਬੇਗਾਨਗੀ ਦੀ ਭਾਵਨਾ ਦਾ ਅਹਿਸਾਸ ਮਜ਼ਬੂਤ ਕਰਨ ਦਾ ਸਬੱਬ ਬਣੇਗਾ।ਮੀਟਿੰਗ ਨੇ ਸੱਤਾਰੂੜ ਭਾਜਪਾ ਨੂੰ ਸਖਤ ਚੇਤਾਵਨੀ ਦਿੱਤੀ ਹੈ ਕਿ ਜੇਕਰ ਭਾਜਪਾ ਸਰਕਾਰਾਂ ਨੇ ਜਬਰ ਨੂੰ ਫੌਰੀ ਬੰਦ ਨਾ ਕੀਤਾ ਤਾਂ ਸੰਯੁਕਤ ਕਿਸਾਨ ਮੋਰਚਾ ਪੰਜਾਬ ਆਉਣ ਵਾਲੀ 18 ਫਰਵਰੀ ਨੂੰ ਲੁਧਿਆਣਾ ਮੀਟਿੰਗ 'ਚ ਭਾਜਪਾ ਵਿਰੁੱਧ ਸਖਤ ਐਕਸ਼ਨ ਲੈਣ ਤੋਂ ਪਿੱਛੇ ਨਹੀ ਹਟੇਗਾ।ਮੀਟਿੰਗ ਦੀ ਪ੍ਰਧਾਨਗੀ ਹਰਮੀਤ ਸਿੰਘ ਕਾਦੀਆਂ, ਬਲਜੀਤ ਸਿੰਘ ਗਰੇਵਾਲ ਅਤੇ ਕੁਲਵੰਤ ਸਿੰਘ ਸੰਧੂ ਨੇ ਕੀਤੀ।ਜਿਕਰਯੋਗ ਹੈ ਕਿ ਸੰਯੁਕਤ ਕਿਸਾਨ ਮੋਰਚਾ ਅਤੇ ਟਰੇਡ ਯੂਨੀਅਨਾਂ ਵੱਲੋਂ ਹੋਰ ਵਰਗਾ ਦੀਆਂ ਜੱਥੇਬੰਦੀਆਂ ਨਾਲ ਮਿਲਕੇ ਮੋਦੀ ਸਰਕਾਰ ਦੀਆਂ ਕਾਰਪੋਰੇਟ ਪੱਖੀ ਨੀਤੀਆਂ ਅਤੇ ਕਿਸਾਨਾਂ, ਮਜ਼ਦੂਰਾਂ, ਡਰਾਈਵਰਾਂ, ਮੁਲਾਜ਼ਮਾਂ ਤੇ ਵਿਦਿਆਰਥੀ-ਨੌਜਵਾਨਾਂ ਦੀਆਂ ਮੰਗਾਂ ਲਈ 16 ਫਰਵਰੀ ਨੂੰ ਪਹਿਲਾਂ ਹੀ ਭਾਰਤ ਬੰਦ ਦਾ ਸੱਦਾ ਦਿੱਤਾ ਹੋਇਆ ਹੈ ਜਿਸ 'ਚ ਹੁਣ ਕਿਸਾਨਾਂ 'ਤੇ ਕੀਤੇ ਜਾ ਰਹੇ ਜਬਰ ਦਾ ਵਿਰੋਧ ਵੀ ਦੇਸ਼ ਭਰ ਵਿੱਚ ਕੀਤਾ ਜਾਵੇਗਾ।

ਸੰਯੁਕਤ ਕਿਸਾਨ ਮੋਰਚਾ ਵਲੋਂ ਪ੍ਰੈਸ ਦੇ ਨਾਂਅ ਜਾਰੀ ਬਿਆਨ 'ਚ ਕਿਸਾਨਾਂ ਦੇ

● ਬਾਕੀ ਸਫ਼ਾ 2 'ਤੇ

## ਕਿਸਾਨਾਂ 'ਤੇ ਹੋ ਰਹੇ ਜਬਰ ਖਿਲਾਫ ਅੱਜ ਕਰਾਂਗੇ ਰੇਲਾਂ ਦਾ ਚੱਕਾ ਜਾਮ : ਮਨਜੀਤ ਧਨੇਰ

**ਬੁਢਲਾਡਾ, (ਅਸ਼ੋਕ ਲਾਕੜਾ)**-ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੀ ਐਮਰਜੈਂਸੀ ਸੂਬਾਈ ਮੀਟਿੰਗ ਗੁਰਦੀਪ ਸਿੰਘ ਰਾਮਪੁਰਾ ਦੀ ਪ੍ਰਧਾਨਗੀ ਹੇਠ ਡੀ ਐੱਸ ਪੀ ਬੁਢਲਾਡਾ ਦੇ ਦਫਤਰ ਅੱਗੇ ਲੱਗੇ ਹੋਏ ਪੱਕੇ ਮੋਰਚੇ ਵਿੱਚ ਹੋਈ। ਮੀਟਿੰਗ ਵਿੱਚ ਸੂਬਾ ਕਮੇਟੀ ਤੋਂ ਇਲਾਵਾ 13 ਜ਼ਿਲ੍ਹਿਆਂ ਦੇ ਪ੍ਰਧਾਨ ਅਤੇ ਜਨਰਲ ਸਕੱਤਰ ਹਾਜ਼ਰ ਸਨ।

ਮੀਟਿੰਗ ਨੇ ਸਰਬਸੰਮਤੀ ਨਾਲ ਦਿੱਲੀ ਜਾਣ ਵਾਲੇ ਕਿਸਾਨਾਂ ਦੇ ਰਸਤੇ ਵਿੱਚ ਕਿੱਲ, ਕੰਕਰੀਟ ਦੇ ਬਲਾਕ ਅਤੇ ਹੋਰ ਰੋਕਾਂ ਲਾਉਣ ਅਤੇ ਕਿਸਾਨਾਂ ਖਿਲਾਫ ਅੱਥਰੂ ਗੈਸ ਵਗੈਰਾ ਦੀ ਬੇਦਰੇਗ ਵਰਤੋਂ ਕਰਨ ਲਈ ਖੱਟਰ ਅਤੇ ਮੋਦੀ ਸਰਕਾਰ ਦੀ ਸਖਤ ਨਿਖੇਧੀ ਕੀਤੀ ਅਤੇ ਇਸ ਜਬਰ ਖਿਲਾਫ 15 ਫਰਵਰੀ ਨੂੰ 12 ਵਜੇ ਤੋਂ ਸ਼ਾਮ ਚਾਰ ਵਜੇ ਤੱਕ ਰੇਲਾਂ ਦਾ ਚੱਕਾ ਜਾਮ ਕੀਤਾ ਜਾਵੇਗਾ। ਜੇਕਰ ਜਬਰ ਹੋਰ ਵਧਦਾ ਹੈ ਤਾਂ ਤੁਰੰਤ ਮੀਟਿੰਗ ਕਰ ਕੇ ਹੋਰ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ।

ਜਥੇਬੰਦੀ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ ਨੇ ਕਿਹਾ ਕਿ ਖੱਟਰ ਅਤੇ ਮੋਦੀ ਸਰਕਾਰ ਕਿਸਾਨਾਂ ਤੋਂ ਸੰਘਰਸ਼ ਕਰਨ ਦਾ ਜਮਹੂਰੀ ਹੱਕ ਖੋਹ ਰਹੀ ਹੈ। ਦਿੱਲੀ ਜਾਣ ਵਾਲੇ ਕਿਸਾਨਾਂ ਦੀਆਂ ਮੰਗਾਂ ਪੂਰੀ ਤਰਾਂ ਜਾਇਜ਼ ਹਨ। ਸਾਡੇ ਆਗੂਆਂ ਨਾਲ ਮਤਭੇਦ ਹੋ ਸਕਦੇ ਹਨ, ਪਰ ਪੰਜਾਬ ਦੇ ਲੋਕ ਸਾਡੇ ਆਪਣੇ ਹਨ। ਜੇਕਰ ਸਰਕਾਰ ਨੇ ਕਿਸਾਨਾਂ ਖਿਲਾਫ ਹਿੰਸਾ

● ਬਾਕੀ ਸਫ਼ਾ 2 'ਤੇ

## ਮਮਤਾ 21 ਨੂੰ ਪੰਜਾਬ 'ਚ

**ਕੋਲਕਾਤਾ** : ਪੱਛਮੀ ਬੰਗਾਲ ਦੀ ਮੁੱਖ ਮੰਤਰੀ ਅਤੇ ਤ੍ਰਿਣਮੂਲ ਕਾਂਗਰਸ ਦੀ ਸੁਪਰੀਮੋ ਮਮਤਾ ਬੈਨਰਜੀ 21 ਫਰਵਰੀ ਨੂੰ ਪੰਜਾਬ ਦਾ ਦੌਰਾ ਕਰੇਗੀ। ਉਹ ਅੰਮ੍ਰਿਤਸਰ ਵਿਖੇ ਹਰਿਮੰਦਰ ਸਾਹਿਬ ਮੱਥਾ ਟੇਕਣ ਤੋਂ ਇਲਾਵਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਮੁਲਾਕਾਤ ਕਰੇਗੀ। ਇਸ ਮੀਟਿੰਗ 'ਚ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੇ ਮੌਜੂਦ ਹੋਣ ਦੀ ਵੀ ਸੰਭਾਵਨਾ ਹੈ।

## ਸ਼ਾਸਤਰੀ ਦਾ ਪੋਤਾ ਭਾਜਪਾ 'ਚ

**ਨਵੀਂ ਦਿੱਲੀ** : ਸਾਬਕਾ ਪ੍ਰਧਾਨ ਮੰਤਰੀ ਲਾਲ ਬਹਾਦਰ ਸ਼ਾਸਤਰੀ ਦਾ ਪੋਤਾ ਵਿਭਾਕਰ ਸ਼ਾਸਤਰੀ ਬੁੱਧਵਾਰ ਕਾਂਗਰਸ ਤੋਂ ਅਸਤੀਫਾ ਦੇ ਕੇ ਉੱਤਰ ਪ੍ਰਦੇਸ਼ ਦੇ ਉਪ ਮੁੱਖ ਮੰਤਰੀ ਬ੍ਰਜੇਸ਼ ਪਾਠਕ ਦੀ ਮੌਜੂਦਗੀ 'ਚ ਭਾਜਪਾ 'ਚ ਸ਼ਾਮਲ ਹੋ ਗਿਆ। ਉਸ ਨੇ ਕਿਹਾ ਕਿ ਉਹ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਿਚ ਆਪਣੇ ਦਾਦਾ ਦੇ ਜੈ ਜਵਾਨ-ਜੈ ਕਿਸਾਨ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਕੰਮ ਕਰੇਗਾ। ਉਸ ਨੇ ਇਹ ਵੀ ਕਿਹਾ ਕਿ ਇੰਡੀਆ ਗੱਠਜੋੜ ਦੀ ਮੋਦੀ ਨੂੰ ਹਟਾਉਣ ਤੋਂ ਇਲਾਵਾ ਕੋਈ ਵਿਚਾਰਧਾਰਾ ਨਹੀਂ। ਰਾਹੁਲ ਜੀ ਨੂੰ ਦੱਸਣਾ ਚਾਹੀਦਾ ਹੈ ਕਿ ਕਾਂਗਰਸ ਦੀ ਵਿਚਾਰਧਾਰਾ ਕੀ ਹੈ?

## ਨੱਢਾ ਗੁਜਰਾਤ ਤੋਂ ਉਮੀਦਵਾਰ

**ਨਵੀਂ ਦਿੱਲੀ** : ਭਾਜਪਾ ਨੇ ਆਪਣੇ ਪ੍ਰਧਾਨ ਜੇ ਪੀ ਨੱਢਾ ਨੂੰ ਗੁਜਰਾਤ ਤੇ ਪਿਛਲੇ ਦਿਨੀਂ ਭਾਜਪਾ ਵਿਚ ਸ਼ਾਮਲ ਹੋਏ ਮਹਾਰਾਸ਼ਟਰ ਦੇ ਸਾਬਕਾ ਮੁੱਖ ਮੰਤਰੀ ਅਸ਼ੋਕ ਚਵਾਨ ਨੂੰ ਮਹਾਰਾਸ਼ਟਰ ਤੋਂ ਰਾਜ ਸਭਾ ਲਈ ਉਮੀਦਵਾਰ ਐਲਾਨਿਆ ਹੈ। ਨੱਢਾ ਪਹਿਲਾਂ ਹਿਮਾਚਲ ਤੋਂ ਮੈਂਬਰ ਸਨ ਪਰ ਉੱਥੇ ਸਿਰਫ ਇਕ ਸੀਟ ਦੀ ਚੋਣ ਹੋਣੀ ਹੈ ਤੇ ਭਾਜਪਾ ਦੇ ਜਿੱਤਣ ਦੇ ਚਾਂਸ ਨਹੀਂ ਹਨ। ਪਾਰਟੀ ਨੇ ਕੇਂਦਰੀ ਮੰਤਰੀ ਐੱਲ ਮੁਰੂਗਨ ਨੂੰ ਮੱਧ ਪ੍ਰਦੇਸ਼ ਤੇ ਇਕ ਹੋਰ ਮੰਤਰੀ ਅਸ਼ਵਿਨੀ ਵੈਸ਼ਨਵ ਨੂੰ ਓਡੀਸ਼ਾ ਤੋਂ ਖੜ੍ਹਾ ਕੀਤਾ ਹੈ।

## ਪੱਤਰਕਾਰਾਂ ਲਈ ਸੂਚਨਾ

'ਨਵਾਂ ਜ਼ਮਾਨਾ' ਦੇ ਜਿਨ੍ਹਾਂ ਪ੍ਰਤੀਨਿਧਾਂ ਦੇ ਸ਼ਨਾਖਤੀ ਕਾਰਡ ਦੀ ਮਿਆਦ ਲੰਘ ਚੁੱਕੀ ਹੈ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪੋ-ਆਪਣੇ ਕਾਰਡ ਜਲਦੀ ਤੋਂ ਜਲਦੀ 'ਨਵਾਂ ਜ਼ਮਾਨਾ' ਦਫਤਰ ਆ ਕੇ ਬਾਅਦ ਦੁਪਹਿਰ ਸ਼ੁੱਕਰਵਾਰ ਅਤੇ ਸੋਮਵਾਰ ਨੂੰ 2 ਵਜੇ ਤੋਂ ਸ਼ਾਮ 5 ਵਜੇ ਤੱਕ ਨਵਿਆਉਣ। ਪਿਛਲੇ ਸਾਲ ਦੀ ਅਧਿਕਾਰਤ ਪੱਤਰ ਦੀ ਕਾਪੀ ਨਾਲ ਲਿਆਉਣ। **-ਮੈਨੇਜਰ**

# ਕਿਸਾਨ ਧਰਨੇ ਦੌਰਾਨ ਜ਼ਖਮੀ ਹੋਏ ਵਿਅਕਤੀਆਂ ਦਾ ਸਾਰਾ ਖਰਚਾ ਪੰਜਾਬ ਸਰਕਾਰ ਚੁੱਕੇਗੀ : ਸਿਹਤ ਮੰਤਰੀ

**ਚੰਡੀਗੜ੍ਹ/ਰਾਜਪੁਰਾ (ਗੁਰਜੀਤ ਬਿੱਲਾ, ਰਮੇਸ਼ ਕਟਾਰੀਆ)** -ਪੰਜਾਬ ਦੇ ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਦੇ ਨਾਲ ਡਟ ਕੇ ਖੜ੍ਹੀ ਹੈ ਅਤੇ ਕਿਸਾਨ ਧਰਨੇ ਦੌਰਾਨ ਜ਼ਖ਼ਮੀ ਹੋਏ ਵਿਅਕਤੀਆਂ ਦੇ ਇਲਾਜ ਦਾ ਸਾਰਾ ਖਰਚਾ ਪੰਜਾਬ ਸਰਕਾਰ ਵੱਲੋਂ ਕੀਤਾ ਜਾਵੇਗਾ।

ਪੰਜਾਬ ਦੇ ਸਿਹਤ ਮੰਤਰੀ ਬੁੱਧਵਾਰ ਹਰਿਆਣਾ ਸਰਕਾਰ ਵੱਲੋਂ ਕਿਸਾਨਾਂ ਨੂੰ ਸੂਬੇ ਵਿੱਚ ਦਾਖ਼ਲ ਹੋਣ ਤੋਂ ਰੋਕਣ ਲਈ ਕੀਤੀ ਪੁਲਸ ਕਾਰਵਾਈ ਦੌਰਾਨ ਜ਼ਖ਼ਮੀ ਹੋਏ ਕਿਸਾਨਾਂ, ਪੱਤਰਕਾਰਾਂ ਅਤੇ ਪੁਲਸ ਮੁਲਾਜ਼ਮਾਂ ਦਾ ਹਾਲ-ਚਾਲ ਜਾਣਨ ਲਈ ਹਰਿਆਣਾ ਸਰਹੱਦ ਨੇੜੇ ਵੱਖ-ਵੱਖ ਸਰਕਾਰੀ ਸਿਹਤ ਸਹੂਲਤਾਂ ਦਾ ਦੌਰਾ ਕਰਨ ਗਏ ਸਨ। ਉਨ੍ਹਾ ਮੋਹਾਲੀ ਸਥਿਤ ਡਾ. ਬੀ ਆਰ ਅੰਬੇਡਕਰ ਸਟੇਟ ਇੰਸਟੀਚਿਊਟ ਫਾਰ ਮੈਡੀਕਲ ਸਾਇੰਸਜ਼ (ਏ ਆਈ ਐੱਮ ਐੱਸ), ਸੀ ਐੱਚ ਸੀ ਬਨੂੜ, ਸਿਵਲ ਹਸਪਤਾਲ ਰਾਜਪੁਰਾ ਅਤੇ ਰਜਿੰਦਰਾ ਹਸਪਤਾਲ ਪਟਿਆਲਾ ਦਾ ਦੌਰਾ ਕੀਤਾ।ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਪ੍ਰਦਰਸ਼ਨਕਾਰੀ ਕਿਸਾਨਾਂ ਦੀ ਸੁਰੱਖਿਆ ਦੇ ਮੱਦੇਨਜ਼ਰ ਹਰਿਆਣਾ ਸਰਹੱਦ ਨਾਲ ਲੱਗਦੇ ਸਾਰੇ ਹਸਪਤਾਲਾਂ ਨੂੰ ਹਾਈ ਅਲਰਟ 'ਤੇ ਰੱਖਿਆ ਗਿਆ ਹੈ ਅਤੇ ਐਮਰਜੈਂਸੀ ਸੇਵਾਵਾਂ 24 ਘੰਟੇ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾ ਕਿਹਾ ਕਿ ਸਰਕਾਰੀ ਸਿਹਤ ਸਹੂਲਤਾਂ ਵਿੱਚ ਡਾਕਟਰਾਂ ਦੀ ਕੋਈ ਕਮੀ ਨਹੀਂ ਅਤੇ ਡਾਕਟਰਾਂ ਨੂੰ ਹਸਪਤਾਲਾਂ ਵਿੱਚ ਹੀ ਮੌਜੂਦ ਰਹਿਣ ਲਈ ਕਿਹਾ ਗਿਆ ਹੈ, ਜਦਕਿ ਸਰਹੱਦ 'ਤੇ ਐਂਬੂਲੈਂਸਾਂ ਦੀ ਤਾਇਨਾਤੀ ਵਧਾ ਦਿੱਤੀ ਗਈ ਹੈ। ਉਨ੍ਹਾ

● ਬਾਕੀ ਸਫ਼ਾ 2 'ਤੇ

# ਸੋਨੀਆ ਗਾਂਧੀ ਨੇ ਰਾਜਸਥਾਨ ਤੋਂ ਰਾਜ ਸਭਾ ਲਈ ਨਾਮਜ਼ਦਗੀ ਕੀਤੀ ਦਾਖ਼ਲ

**ਜੈਪੁਰ** : ਕਾਂਗਰਸ ਨੇਤਾ ਸੋਨੀਆ ਗਾਂਧੀ ਨੇ ਰਾਜਸਥਾਨ ਤੋਂ ਰਾਜਸਭਾ ਲਈ ਨਾਮਜ਼ਦਗੀ ਦਾਖ਼ਲ ਕੀਤੀ। ਪ੍ਰਕਿਰਿਆ ਪੂਰੀ ਕਰਨ ਲਈ ਉਹ ਬੁੱਧਵਾਰ ਰਾਜਸਥਾਨ ਦੀ ਰਾਜਧਾਨੀ ਜੈਪੁਰ ਪਹੁੰਚੀ ਸੀ। ਉਨ੍ਹਾ ਦੇ ਨਾਲ ਰਾਹੁਲ ਗਾਂਧੀ ਅਤੇ ਪ੍ਰਿਅੰਕਾ ਗਾਂਧੀ ਵੀ ਮੌਜੂਦ ਰਹੇ। ਇਸ ਤੋਂ ਇਲਾਵਾ ਕਾਂਗਰਸ ਨੇਤਾ ਅਤੇ ਸਮਰਥਕ ਵੱਡੀ ਗਿਣਤੀ 'ਚ ਹਾਜ਼ਰ ਸਨ। ਜ਼ਿਕਰਯੋਗ ਹੈ ਕਿ ਮੌਜੂਦਾ ਸਮੇਂ 'ਚ ਉਹ ਉੱਤਰ ਪ੍ਰਦੇਸ਼ ਦੇ ਰਾਏਬਰੇਲੀ ਤੋਂ ਲੋਕਸਭਾ ਸਾਂਸਦ ਹਨ। ਸੋਨੀਆ ਦੇ ਨਾਮਜ਼ਦਗੀ ਤੋਂ ਬਾਅਦ ਰਾਜਸਥਾਨ ਦੇ ਸਾਬਕਾ ਮੁੱਖ ਮੰਤਰੀ ਅਸ਼ੋਕ ਗਹਿਲੋਤ ਨੇ ਕਿਹਾ, 'ਪ੍ਰਧਾਨ ਮੰਤਰੀ ਦੇ ਅਹੁਦਾ ਤਿਆਗ ਕਰਨ ਵਾਲੀ ਸੋਨੀਆ ਗਾਧੀ ਨੂੰ ਕਾਂਗਰਸ ਪਾਰਟੀ ਤੋਂ ਰਾਜਸਭਾ ਉਮੀਦਵਾਰ ਐਲਾਨੇ ਜਾਣ ਦਾ ਹਾਰਦਿਕ ਸਵਾਗਤ ਹੈ। ਸੋਨੀਆ ਗਾਂਧੀ ਦਾ ਰਾਜਸਥਾਨ ਨਾਲ ਦਿਲ ਨਾਲ ਜੁੜਿਆ ਰਿਸ਼ਤਾ ਹੈ। 1998 ਤੋਂ 2022 ਵਿਚਾਲੇ ਲੱਗਭੱਗ 22 ਸਾਲਾਂ ਤੱਕ ਕਾਂਗਰਸ ਪ੍ਰਧਾਨ ਰਹੀ ਸੋਨੀਆ ਗਾਂਧੀ ਪੰਜ ਵਾਰ ਲੋਕਸਭਾ ਸਾਂਸਦ ਹੈ।



ਸੋਨੀਆ ਗਾਂਧੀ 1999 'ਚ ਉੱਤਰ ਪ੍ਰਦੇਸ਼ ਦੇ ਅਮੇਠੀ ਅਤੇ ਕਰਨਾਟਕ ਦੇ ਬੇਲਾਰੀ ਤੋਂ ਚੁਣੀ ਗਈ ਅਤੇ ਉਨ੍ਹਾ ਨੇ ਦੋਵਾਂ 'ਚੋਂ ਅਮੇਠੀ ਨੂੰ ਬਰਕਰਾਰ ਰੱਖਿਆ। 2004 'ਚ ਸੋਨੀਆਂ ਗਾਂਧੀ ਨੇ ਰਾਹੁਲ ਗਾਂਧੀ ਲਈ ਅਮੇਠੀ ਛੱਡ ਕੇ ਰਾਏਬਰੇਲੀ ਤੋਂ ਚੋਣ ਲੜੀ ਸੀ। ਖ਼ਬਰਾਂ ਮੁਤਾਬਿਕ ਸੋਨੀਆ ਗਾਂਧੀ ਦਾ ਰਾਜਸਭਾ 'ਚ ਜਾਣ ਦਾ ਫੈਸਲਾ ਸਿਹਤ ਕਾਰਨਾਂ ਕਰਕੇ ਕੀਤਾ ਗਿਆ ਹੈ। ਉਹ ਲੰਮੇ ਸਮੇਂ ਤੋਂ ਆਪਣੇ ਚੋਣ ਖੇਤਰ ਅਮੇਠੀ ਦਾ ਵੀ ਦੌਰਾ ਨਹੀਂ ਕਰ ਪਾ ਰਹੀ ਸੀ। ਜਾਣਕਾਰੀ ਅਨੁਸਾਰ ਰਾਜਸਥਾਨ ਤੋਂ ਇਲਾਵਾ ਪਾਰਟੀ ਕੋਲ ਸੋਨੀਆ ਗਾਂਧੀ ਲਈ ਵਿਕਲਪ ਦੇ ਰੂਪ 'ਚ ਹਿਮਾਚਲ ਪ੍ਰਦੇਸ਼ ਸੀ, ਪਰ ਸੋਨੀਆ ਗਾਂਧੀ ਨੇ ਹਿਮਾਚਲ ਦੀ ਬਜਾਏ ਰਾਜਸਥਾਨ ਨੂੰ ਚੁਣਿਆ। ਜ਼ਿਕਰਯੋਗ ਹੈ ਕਿ ਕਾਂਗਰਸ ਨੇ ਸੋਨੀਆ ਗਾਂਧੀ ਤੋਂ ਇਲਾਵਾ ਚਾਰ ਹੋਰ ਉਮੀਦਵਾਰਾਂ ਦੇ ਨਾਵਾਂ ਦਾ ਐਲਾਨ ਕੀਤਾ ਹੈ। ਇਨ੍ਹਾਂ 'ਚ ਬਿਹਾਰ ਤੋਂ ਅਖਿਲੇਸ਼ ਪ੍ਰਸਾਦ, ਹਿਮਾਚਲ ਪ੍ਰਦੇਸ਼ ਤੋਂ ਅਭਿਸ਼ੇਕ ਮਨੂ ਸੰਘਵੀ ਅਤੇ ਮਹਾਰਾਸ਼ਟਰ ਤੋਂ ਚੰਦਰਕਾਂਤ ਹੰਡੋਰੇ ਦਾ ਨਾਂਅ ਸ਼ਾਮਲ ਹੈ। ਇਸੇ ਦੌਰਾਨ ਕਾਂਗਰਸ ਨੇ ਕਰਨਾਟਕ, ਮੱਧ ਪ੍ਰਦੇਸ਼ ਅਤੇ ਤੇਲੰਗਾਨਾ ਤੋਂ ਆਪਣੇ ਰਾਜਸਭਾ ਦੇ ਉਮੀਦਵਾਰਾਂ ਦੇ ਨਾਵਾਂ ਦਾ ਐਲਾਨ ਕੀਤਾ ਹੈ। ਪਾਰਟੀ ਨੇ ਕਰਨਾਟਕ ਤੋਂ ਅਜੇ ਮਾਕਨ, ਡਾ. ਸੈਯਦ ਨਸੀਰ ਹੁਸੈਨ ਅਤੇ ਜੀ ਸੀ ਚੰਦਰਸ਼ੇਖਰ ਨੂੰ ਉਮੀਦਵਾਰ ਬਣਾਇਆ ਹੈ। ਮੱਧ ਪ੍ਰਦੇਸ਼ ਤੋਂ ਅਸ਼ੋਕ ਸਿੰਘ ਨੂੰ ਉਮੀਦਵਾਰ ਬਣਾਇਆ ਗਿਆ ਹੈ। ਤੇਲੰਗਾਨਾ ਤੋਂ ਰੇਣੂਕਾ ਚੌਧਰੀ ਅਤੇ ਐੱਮ ਅਨਿਲ ਕੁਮਾਰ ਯਾਦਵ ਨੂੰ ਰਾਜਸਭਾ ਦਾ ਉਮੀਦਵਾਰ ਬਣਾਇਆ ਗਿਆ ਹੈ।

## ਸਾਬਰਮਤੀ ਰਿਵਰਫਰੰਟ ਦੇ ਸੀਪਲੇਨ ਨੂੰ ਦੁਬਾਰਾ ਸ਼ੁਰੂ ਕਰਨ ਲਈ ਕੋਈ ਕੰਪਨੀ ਨਹੀਂ ਤਿਆਰ

**ਅਹਿਮਦਾਬਾਦ** : ਗੁਜਰਾਤ ਸਰਕਾਰ ਦੇ ਟੂਰਿਜ਼ਮ ਵਿਭਾਗ ਦਾ ਇਸ਼ਤਿਹਾਰ ਤਾਂ ਤੁਸੀਂ ਅਕਸਰ ਦੇਖਿਆ ਹੋਵੇਗਾ। 'ਕੁਝ ਦਿਨ ਤਾਂ ਗੁਜ਼ਾਰੀਏ ਗੁਜਰਾਤ 'ਚ' ਟੈਗ ਲਾਇਨ ਵਾਲੇ ਇਸ਼ਤਿਹਾਰਾਂ 'ਚ ਗੁਜਰਾਤ ਦੀ ਖੂਬਸੂਰਤੀ ਅਤੇ ਕਿਉਂ ਤੁਹਾਨੂੰ ਗੁਜਰਾਤ ਘੁੰਮਣ ਜਾਣਾ ਚਾਹੀਦਾ, ਦੇਖਣ ਨੂੰ ਮਿਲਦਾ ਹੈ। ਕੁਝ ਸਾਲ ਪਹਿਲਾਂ ਸਰਕਾਰ ਵੱਲੋਂ ਇੱਕ ਹੋਰ ਸੇਵਾ ਚਰਚਾ ਸੀ, ਪਰ ਇਸ ਬਾਰੇ 'ਚ ਗੁਜਰਾਤ ਸਰਕਾਰ ਵੱਲੋਂ ਵਿਧਾਨਸਭਾ 'ਚ ਦਿੱਤੀ ਗਈ ਜਾਣਕਾਰੀ ਨਿਰਾਸ਼ਾਜਨਕ ਹੈ। ਗੁਜਰਾਤ ਸਰਕਾਰ ਨੇ ਵਿਧਾਨ ਸਭਾ ਦੇ ਪ੍ਰਸ਼ਨਕਾਲ ਦੌਰਾਨ ਇੱਕ ਸਵਾਲ ਦਾ ਜਵਾਬ ਦਿੰਦੇ ਹੋਏ ਦੱਸਿਆ ਕਿ ਅਹਿਮਦਾਬਾਦ 'ਚ ਸਾਬਰਮਤੀ ਰਿਵਰਫਰੰਟ ਅਤੇ ਨਰਮਦਾ ਜ਼ਿਲ੍ਹੇ 'ਚ ਸਟੈਚਿਊ ਆਫ਼ ਯੂਨਿਟੀ ਵਿਚਾਲੇ ਸੀਪਲੇਨ ਸੇਵਾ ਫਿਰ ਤੋਂ ਸ਼ੁਰੂ ਕਰਨ ਨੂੰ ਲੈ ਕੇ ਕਿਸੇ ਵੀ ਏਜੰਸੀ ਨੇ ਦਿਲਚਸਪੀ ਨਹੀਂ ਦਿਖਾਈ। ਇਸ ਨੂੰ ਲੈ ਕੇ ਸਰਕਾਰ ਨੇ ਬੀਤੇ ਸਾਲ ਮਈ 'ਚ ਪ੍ਰਪੋਜਲ ਜਾਰੀ ਕੀਤਾ ਸੀ। ਕਾਂਗਰਸ ਵਿਧਾਇਕਾਂ ਵੱਲੋਂ ਪੁੱਛੇ ਗਏ

● ਬਾਕੀ ਸਫ਼ਾ 2 'ਤੇ

## ਕਿਸਾਨ ਅੰਦੋਲਨ ਕਾਰਨ ਰਾਹੁਲ ਨੇ ਭਾਰਤ ਜੋੜੋ ਨਿਆਏ ਯਾਤਰਾ, ਕੀਤੀ ਮੁਲਤਵੀ

**ਅੰਬਿਕਾਪੁਰ** : ਰਾਹੁਲ ਗਾਂਧੀ ਦੀ 'ਭਾਰਤ ਜੋੜੋ ਨਿਆਏ ਯਾਤਰਾ' ਦਾ ਦੂਜਾ ਪੜਾਅ, ਜੋ ਬੁੱਧਵਾਰ ਨੂੰ ਝਾਰਖੰਡ ਵਿੱਚ ਸ਼ੁਰੂ ਹੋਣਾ ਸੀ, ਨੂੰ ਰੱਦ ਕਰ ਦਿੱਤਾ ਗਿਆ ਹੈ।ਸੂਤਰਾਂ ਨੇ ਦੱਸਿਆ ਕਿ ਕਾਂਗਰਸ ਦੇ ਸੀਨੀਅਰ ਨੇਤਾ ਰਾਹੁਲ ਗਾਂਧੀ ਦੇ ਰਾਸ਼ਟਰੀ ਰਾਜਧਾਨੀ 'ਚ ਕਿਸਾਨ ਅੰਦੋਲਨ 'ਚ ਹਿੱਸਾ ਲੈਣ ਲਈ ਰਵਾਨਾ ਹੋਣ ਕਾਰਨ ਪ੍ਰੋਗਰਾਮ ਰੱਦ ਕਰ ਦਿੱਤਾ ਗਿਆ ਹੈ।ਇਸ ਦੌਰਾਨ ਕਾਂਗਰਸ ਦੇ ਰਾਸ਼ਟਰੀ ਪ੍ਰਧਾਨ ਮੱਲਿਕਾਰਜੁਨ ਖੜਗੇ ਨਾਲ ਦਿੱਲੀ ਲਈ ਰਵਾਨਾ ਹੋ ਗਏ ਅਤੇ ਯਾਤਰਾ ਕੁਝ ਦਿਨਾਂ ਲਈ ਮੁਲਤਵੀ ਕਰ ਦਿੱਤੀ ਗਈ ਹੈ।ਆਉਣ ਵਾਲੀ ਯਾਤਰਾ ਦਾ ਸਮਾਂ ਤੈਅ ਨਹੀਂ ਕੀਤਾ ਗਿਆ ਹੈ।ਜ਼ਿਕਰਯੋਗ ਹੈ ਕਿ ਅੰਬਿਕਾਪੁਰ 'ਚ ਬੈਠਕ ਤੋਂ ਬਾਅਦ ਰਾਹੁਲ ਗਾਂਧੀ ਦੀ ਨਿਆਏ ਯਾਤਰਾ ਬਲਰਾਮਪੁਰ ਪਹੁੰਚਣ ਵਾਲੀ ਸੀ, ਜਿੱਥੇ ਝਿੰਗੋ ਪਿੰਡ 'ਚ ਰਾਤ ਦਾ ਠਹਿਰਾਅ ਕੀਤਾ ਗਿਆ।ਗੜ੍ਹਵਾ ਜ਼ਿਲ੍ਹੇ ਦੇ ਰੰਕਾ ਵਿਖੇ ਮਨਰੇਗਾ ਵਰਕਰਾਂ ਨਾਲ ਤੈਅ ਗੱਲਬਾਤ ਹੁਣ ਸੀਨੀਅਰ ਕਾਂਗਰਸੀ ਆਗੂ ਜੈਰਾਮ ਰਮੇਸ਼ ਅਤੇ ਪਾਰਟੀ ਦੇ ਹੋਰ ਆਗੂ ਕਰਨਗੇ। ਗਾਂਧੀ ਨੇ ਆਪਣੇ ਰਾਜ ਦੇ ਦੌਰੇ ਦੇ ਦੂਜੇ ਪੜਾਅ ਲਈ ਛੱਤੀਸਗੜ੍ਹ ਤੋਂ ਅੱਗੇ ਵਧਦੇ ਹੋਏ ਬੁੱਧਵਾਰ ਨੂੰ ਗੜ੍ਹਵਾ ਜ਼ਿਲ੍ਹੇ ਰਾਹੀਂ ਝਾਰਖੰਡ ਵਿੱਚ ਮੁੜ ਪ੍ਰਵੇਸ਼ ਕਰਨਾ ਸੀ।

## ਮਨੀਪੁਰ 'ਚ ਫਿਰ ਗੋਲੀਬਾਰੀ, ਇੱਕ ਬੱਚੇ ਦੀ ਮੌਤ

**ਇੰਫਾਲ** : ਮਨੀਪੁਰ ਦੇ ਇੰਫਾਲ 'ਚ ਫਿਰ ਹਿੰਸਾ ਭੜਕ ਗਈ। ਗੋਲੀਬਾਰੀ 'ਚ ਇੱਕ ਦੀ ਮੌਤ ਹੋ ਗਈ ਅਤੇ 3 ਲੋਕ ਜ਼ਖ਼ਮੀ ਹੋ ਗਏ। ਹਥਿਆਰਬੰਦਾਂ ਨੇ ਪੇਂਗੇਈ ਦੇ ਪੁਲਸ ਟ੍ਰੇਨਿੰਗ ਸੈਂਟਰ 'ਤੇ ਹਮਲਾ ਕੀਤਾ ਅਤੇ ਹਥਿਆਰ ਲੁੱਟਣ ਦੀ ਕੋਸ਼ਿਸ਼ ਕੀਤੀ। ਇਸ ਤੋਂ ਇਲਾਵਾ ਤੇਜਪੁਰ ਇਲਾਕੇ 'ਚ ਇੰਡੀਆ ਰਿਜ਼ਰਵ ਬਟਾਲੀਅਨ ਦੀ ਪੋਸਟ 'ਤੇ ਵੀ ਹਮਲਾ ਕੀਤਾ ਗਿਆ। ਇੱਥੋਂ ਐੱਸ 6 ਏ ਕੇ 47, 4 ਕਾਰਬਾਈਨ, 3 ਰਾਈਫਲ, 2 ਐੱਲ ਐੱਮ ਜੀ ਅਤੇ ਕੁਝ ਆਟੋਮੈਟਿਕ ਹਥਿਆਰ ਲੁੱਟ ਲਏ ਗਏ। ਹਿੰਸਾ ਵੈਸਟ ਜਿਰੀਬਾਮ, ਬਿਸ਼ਨਪੁਰ, ਥੋਓਬਲ, ਕਾਕਚਿੰਗ, ਤੇਂਗਨੋਉਪੁਲ ਅਤੇ ਕਾਂਗਪੋਕਪੀ 'ਚ ਚੱਲ ਰਹੀ ਹੈ। ਹਿੰਸਾ ਤੋਂ ਬਾਅਦ ਡਰੋਨ ਫੁਟੇਜ਼ ਸਾਹਮਣੇ ਆਈਆਂ। ਇਸ 'ਚ ਪਹਾੜੀ 'ਤੇ ਮੌਜੂਦ ਲੋਕ ਆਪਣੇ ਜ਼ਖ਼ਮੀ ਅਤੇ ਮ੍ਰਿਤਕ ਸਾਥੀਆਂ ਨੂੰ ਲੈ ਜਾਂਦੇ ਨਜ਼ਰ ਆਏ। ਹਿੰਸਾ 'ਚ ਮਰਨ ਵਾਲੇ ਵਿਅਕਤੀ ਦੀ ਪਛਾਣ 25 ਸਾਲ ਦੇ ਸਾਗੋਲਸੇਮ ਲੋਆ ਦੇ ਰੂਪ 'ਚ ਹੋਈ ਹੈ। ਪੁਲਸ ਨੇ ਦੱਸਿਆ ਕਿ ਜ਼ਖ਼ਮੀ ਹੋਏ ਲੋਕਾਂ 'ਚ ਇੱਕ ਦੇ ਪੈਰ ਅਤੇ ਇੱਕ ਦੇ ਮੋਢੇ 'ਚ ਗੋਲੀ ਲੱਗੀ। ਹਾਲਾਂਕਿ ਉਹ ਖ਼ਤਰੇ ਤੋਂ ਬਾਹਰ ਹੈ। ਜਦ ਇਹ ਗੋਲੀਬਾਰੀ ਹੋਈ ਸੀ, ਉਦੋਂ ਸ਼ਾਂਤੀਪੁਰੀ ਇਰਿਲ ਨਦੀ ਦੇ ਕੋਲ ਕੁਝ ਬੱਚੇ ਫੁੱਟਬਾਲ ਖੇਡ ਰਹੇ ਸਨ। ਉਨ੍ਹਾ 'ਤੇ ਵੀ ਹਥਿਆਰਬੰਦ ਲੋਕਾਂ ਨੇ ਗੋਲੀਆਂ ਚਲਾਈਆਂ।

## ਅੱਜ-ਨਾਮਾ

ਹਰਿਆਣਾ ਵਾਲਿਆਂ ਲੰਘਣ ਨਾ ਜਦੋਂ ਦਿੱਤਾ,
ਕਿਸਾਨ ਬੈਠ ਗਏ ਹਨ ਧਰਨਾ ਮਾਰ ਮੀਆਂ।
ਹਰਿਆਣਾ ਪੁਲਸ ਕਿਸਾਨਾਂ ਦੇ ਮਗਰ ਆਈ,
ਕਰਿਆ ਈ ਸ਼ੰਭੂ ਦਾ ਬੈਰੀਅਰ ਪਾਰ ਮੀਆਂ।
ਟੱਪੀ ਬਾਰਡਰ ਹਰਿਆਣਾ ਦੀ ਪੁਲਸ ਜਿੱਦਾਂ,
ਭੜਕੀ ਭਗਵੰਤ ਦੀ ਏਧਰ ਸਰਕਾਰ ਮੀਆਂ।
ਜਿਹੜੇ ਲੀਡਰ ਕਿਰਸਾਨ ਕੁਝ ਬਾਹਰ ਬੈਠੇ,
ਉਹ ਵੀ ਉੱਠ ਪਏ ਨੇ ਹੰਭਲਾ ਮਾਰ ਮੀਆਂ।
ਕਰਿਆ ਜਬਰ ਹਰਿਆਣਾ ਨੇ ਜਿਸ ਤਰ੍ਹਾਂ ਦਾ,
ਏਕਤਾ ਫਿਰ ਤੋਂ ਕਿਰਸਾਨਾਂ ਦੀ ਹੋਈ ਮੀਆਂ।
ਭਖ ਗਿਆ ਮੋਰਚਾ ਅੱਗੋਂ ਲਊ ਰੰਗ ਕਿਹੜਾ,
ਅਜੇ ਨਹੀਂ ਕਹਿ ਸਕਦਾ ਆਗੂ ਕੋਈ ਮੀਆਂ।

**-ਤੀਸ ਮਾਰ ਖਾਂ**

## ਭੀਖ ਮੰਗ ਕੇ 45 ਦਿਨਾਂ 'ਚ ਕਮਾ ਲਏ 2.5 ਲੱਖ ਰੁਪਏ

**ਨਵੀਂ ਦਿੱਲੀ** : ਭੀਖ ਮੰਗ ਕੇ ਗੁਜ਼ਾਰਾ ਕਰਨ ਵਾਲੇ ਨੂੰ ਨਫ਼ਰਤ ਦੀ ਨਜ਼ਰ ਨਾਲ ਦੇਖਿਆ ਜਾਂਦਾ ਹੈ, ਪਰ ਲੱਖ ਕੋਸ਼ਿਸ਼ਾਂ ਦੇ ਬਾਵਜੂਦ ਸਰਕਾਰ ਭੀਖ ਮੰਗਣ 'ਤੇ ਰੋਕ ਨਹੀਂ ਲਾ ਸਕੀ। ਦੇਸ਼ ਦੇ ਲੱਗਭੱਗ ਹਰ ਵੱਡੇ ਸ਼ਹਿਰਾਂ 'ਚ ਭਿਖਾਰੀਆਂ ਦੀ ਗਿਣਤੀ ਦਿਨੋ-ਦਿਨ ਵਧ ਰਹੀ ਹੈ। ਇਸ ਤਰ੍ਹਾਂ ਦਾ ਹੀ ਇੱਕ ਮਾਮਲਾ ਮੱਧ ਪ੍ਰਦੇਸ਼ ਦੀ ਆਰਥਿਕ ਰਾਜਧਾਨੀ ਇੰਦੌਰ 'ਚ ਸਾਹਮਣੇ ਆਇਆ, ਜਿੱਥੇ ਇੱਕ ਗਰੋਹ ਨਾ ਜੁੜੀ ਮਹਿਲਾ ਨੇ ਸਿਰਫ਼ 45 ਦਿਨਾ ਤੱਕ ਭੀਖ ਮੰਗ ਕੇ ਢਾਈ ਲੱਖ ਰੁਪਏ ਕਮਾ ਲਏ। ਦਿਨੋ-ਦਿਨ ਵਧਦੀ ਕਮਾਈ ਨੂੰ ਦੇਖ ਕੇ ਉਸ ਨੇ ਆਪਣੀ ਅੱਠ ਸਾਲਾ ਬੇਟੀ ਸਮੇਤ ਤਿੰਨ ਨਾਬਾਲਗ ਬੱਚਿਆਂ ਨੂੰ ਵੀ ਭੀਖ ਮੰਗਣ ਦੀ ਦਲਦਲ 'ਚ ਧਕੇਲ ਦਿੱਤਾ। ਇੰਦੌਰ ਨੂੰ ਭਿਖਾਰੀਆਂ ਤੋਂ ਮੁਕਤ ਸ਼ਹਿਰ ਬਣਾਉਣ ਦੀ ਦਿਸ਼ਾ 'ਚ ਕੰਮ ਕਰ ਰਹੇ ਇੱਕ ਐੱਨ ਜੀ ਓ ਦੀ ਪ੍ਰਧਾਨ ਰੂਪਾਲੀ ਜੈਨ ਨੇ ਇਸ ਮਾਮਲੇ ਨੂੰ ਸਾਹਮਣੇ ਲਿਆਂਦਾ। ਉਨ੍ਹਾ ਕਿਹਾ ਕਿ ਅਸੀਂ ਇੰਦੌਰ ਉਜੈਨ ਰੋਡ ਦੇ ਲਵ-ਕੁਸ਼ ਚੌਰਾਹੇ 'ਤੇ ਇੰਦਰਾ ਬਾਈ (40) ਨੂੰ ਹਾਲ ਹੀ 'ਚ ਭੀਖ ਮੰਗਦੇ ਫੜਿਆ। ਸਾਨੂੰ ਉਸ ਕੋਲੋਂ 19,200 ਰੁਪਏ ਦੀ ਨਗਦੀ ਮਿਲੀ। ਇੰਦਰਾ ਨੇ ਦੱਸਿਆ ਕਿ ਉਸ ਨੇ 45 ਦਿਨਾ 'ਚ ਭੀਖ ਮੰਗ ਕੇ ਢਾਈ ਲੱਖ ਰੁਪਏ ਜਮ੍ਹਾਂ ਕੀਤੇ, ਜਿਸ 'ਚੋਂ ਇੱਕ ਲੱਖ ਰੁਪਏ ਸੱਸ-ਸਹੁਰੇ ਨੂੰ ਭੇਜ ਦਿੱਤੇ। ਬਿਹਤਰ ਭਵਿੱਖ ਲਈ 50,000 ਰੁਪਏ ਦੀ ਐੱਫ ਡੀ ਕਰਵਾਈ। ਰੂਪਾਲੀ ਜੈਨ ਨੇ ਦਾਅਵਾ ਕੀਤਾ ਕਿ ਇੰਦੌਰ 'ਚ ਪੇਸ਼ੇਵਰ ਤੌਰ 'ਤੇ ਭੀਖ ਮੰਗਣ ਵਾਲੇ 150 ਲੋਕਾਂ ਦੇ ਸਮੂਹ 'ਚ ਸ਼ਾਮਲ ਇਸ ਮਹਿਲਾ ਦੇ ਪਰਵਾਰ ਦੀ ਰਾਜਸਥਾਨ 'ਚ ਜ਼ਮੀਨ ਅਤੇ ਦੋ ਮੰਜ਼ਲਾ ਘਰ ਵੀ ਹੈ। ਇੰਦਰਾ ਪੂਰਾ ਦਿਨ ਭੀਖ ਮੰਗਦੀ ਹੈ ਅਤੇ ਸ਼ਾਮ ਨੂੰ ਪਤੀ ਦੇ ਨਾਲ ਮੋਟਰਸਾਈਕਲ 'ਤੇ ਬੈਠ ਕੇ ਸ਼ਹਿਰ 'ਚ ਘੁੰਮਣ ਨਿਕਲਦੀ ਹੈ। ਉਸ ਦੇ ਪਤੀ ਨੇ ਭੀਖ ਦੇ ਪੈਸੇ ਨਾਲ ਹੀ ਮੋਟਰਸਾਈਕਲ ਖਰੀਦੀ ਹੈ। ਇੰਦਰਾ ਬਾਈ ਦੇ ਪੰਜ ਬੱਚਿਆਂ 'ਚੋਂ ਦੋ ਰਾਜਸਥਾਨ 'ਚ ਹਨ ਅਤੇ ਉਹ ਤਿੰਨ ਬੱਚਿਆਂ ਦੇ ਨਾਲ ਇੰਦੌਰ 'ਚ ਭੀਖ ਮੰਗ ਰਹੀ ਹੈ। ਜੈਨ ਮੁਤਾਬਿਕ ਉਜੈਨ 'ਚ ਮਹਾਕਾਲ ਲੋਕ ਗਲਿਆਰਾ ਬਣਨ ਤੋਂ ਬਾਅਦ ਭਿਖਾਰੀਆਂ ਦੀ ਗਿਣਤੀ ਵੀ ਵਧਦੀ ਜਾ ਰਹੀ ਹੈ। ਭੀਖ ਮੰਗਣ ਨਾਲ ਇੰਦਰਾ ਬਾਈ ਦੇ ਪਰਵਾਰ ਦੀ ਕਮਾਈ ਵਧ ਗਈ ਸੀ। ਧਾਰਮਿਕ ਨਗਰੀ ਵੱਲ ਜਾਣ ਵਾਲੇ ਜ਼ਿਆਦਾਤਰ ਸ਼ਰਧਾਲੂਆਂ ਦੀਆਂ ਗੱਡੀਆਂ ਇੰਦੌਰ ਦੇ ਲਵ ਕੁਸ਼ ਚੌਰਾਹੇ 'ਚ ਰੁਕਦੀਆਂ ਹਨ। ਗੱਡੀਆਂ 'ਚ ਬੈਠੇ ਲੋਕ ਉਸ ਨੂੰ ਕੁਝ ਨਾ ਕੁਝ ਪੈਸੇ ਦੇ ਕੇ ਜਾਂਦੇ ਸਨ।

## ਕੇਜਰੀਵਾਲ ਨੂੰ ਈ ਡੀ ਦਾ ਛੇਵਾਂ ਸੰਮਨ

**ਨਵੀਂ ਦਿੱਲੀ** : ਕਥਿਤ ਸ਼ਰਾਬ ਘੁਟਾਲੇ 'ਚ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਇਨਫੋਰਸਮੈਂਟ ਡਾਇਰੈਕਟੋਰੇਟ ਨੇ ਛੇਵਾਂ ਸੰਮਨ ਜਾਰੀ ਕੀਤਾ ਹੈ। ਈ ਡੀ ਨੇ ਕੇਜਰੀਵਾਲ ਨੂੰ 19 ਫਰਵਰੀ ਨੂੰ ਪੇਸ਼ ਹੋਣ ਲਈ ਕਿਹਾ ਹੈ। ਇਸ ਤੋਂ ਪਹਿਲਾ ਈ ਡੀ ਵੱਲੋਂ ਕੇਜਰੀਵਾਲ ਨੂੰ 5 ਸੰਮਨ ਜਾਰੀ ਕੀਤੇ ਜਾ ਚੁੱਕੇ ਹਨ। ਹਾਲੇ ਤੱਕ ਭੇਜੇ ਗਏ ਸੰਮਨਾਂ 'ਤੇ ਕੇਜਰੀਵਾਲ ਈ ਡੀ ਸਾਹਮਣੇ ਪੁੱਛਗਿੱਛ ਲਈ ਪੇਸ਼ ਨਹੀਂ ਹੋਏ। ਉਨ੍ਹਾ ਈ ਡੀ ਦੇ ਸੰਮਨਾਂ ਨੂੰ ਬਦਲੇ ਦੀ ਕਾਰਵਾਈ ਦੱਸਿਆ ਸੀ।

## ਬਦਰੀਨਾਥ ਦੇ ਕਪਾਟ 12 ਮਈ ਨੂੰ ਖੋਲ੍ਹਣ ਦਾ ਐਲਾਨ

**ਦੇਹਰਾਦੂਨ** : ਉਤਰਾਖੰਡ ਦੇ ਬਦਰੀਨਾਥ ਧਾਮ ਦੇ ਕਪਾਟ ਸ਼ਰਧਾਲੂਆਂ ਲਈ 12 ਮਈ ਨੂੰ ਸਵੇਰੇ 6 ਵਜੇ ਖੋਲ੍ਹ ਦਿੱਤੇ ਜਾਣਗੇ। ਬਦਰੀਨਾਥ-ਕੇਦਾਰਨਾਥ ਮੰਦਰ ਕਮੇਟੀ ਦੇ ਪ੍ਰਧਾਨ ਅਜੇਂਦਰ ਅਜੈ ਨੇ ਪ੍ਰੰਪਰਾ ਮੁਤਾਬਕ ਬਸੰਤ ਪੰਚਮੀ ਦੇ ਮੌਕੇ 'ਤੇ ਨਰਿੰਦਰ ਨਗਰ ਪੈਲੇਸ 'ਚ ਧਾਰਮਿਕ ਸਮਾਰੋਹ ਤੋਂ ਬਾਅਦ ਮੰਦਰ ਦੇ ਕਪਾਟ ਖੋਲ੍ਹਣ ਦੀ ਤਰੀਕ ਅਤੇ ਸਮੇਂ ਦਾ ਐਲਾਨ ਕੀਤਾ।

## ਅਮਰੀਕਾ 'ਚ ਭਾਰਤੀ ਜੋੜੇ ਤੇ ਜੁੜਵਾਂ ਬੱਚਿਆਂ ਦੀਆਂ ਲਾਸ਼ਾਂ ਮਿਲੀਆਂ



**ਵਾਸ਼ਿੰਗਟਨ** : ਕੇਰਲਾ ਦੇ ਚਾਰ ਮੈਂਬਰਾਂ ਦਾ ਪਰਵਾਰ ਕੈਲੀਫੋਰਨੀਆ ਦੇ ਸਾਂ ਮਾਟੇਓ 'ਚ ਆਪਣੇ ਘਰ 'ਚ ਮ੍ਰਿਤਕ ਮਿਲਿਆ। ਇਨ੍ਹਾਂ ਦੀ ਪਛਾਣ ਆਨੰਦ ਸੁਜੀਤ ਹੈਨਰੀ (42), ਪਤਨੀ ਐਲਿਸ ਪ੍ਰਿਯੰਕਾ (40) ਅਤੇ ਉਨ੍ਹਾਂ ਦੇ ਜੁੜਵਾਂ ਬੱਚਿਆਂ ਨੌਹ ਅਤੇ ਨੀਥਨ (4) ਵਜੋਂ ਹੋਈ ਹੈ। ਪੁਲਸ ਮੁਤਾਬਕ ਹੈਨਰੀ ਤੇ ਐਲਿਸ ਦੀ ਗੋਲੀ ਲੱਗਣ ਨਾਲ ਮੌਤ ਹੋ ਗਈ, ਜਦਕਿ ਬਾਕੀ ਦੋ ਦੀ ਮੌਤ ਦੇ ਕਾਰਨਾਂ ਦਾ ਪਤਾ ਨਹੀਂ ਲੱਗਿਆ। ਦੋਵੇਂ ਬੱਚੇ ਬੈੱਡਰੂਮ ਦੇ ਅੰਦਰ ਮ੍ਰਿਤਕ ਪਾਏ ਗਏ। ਪਤੀ-ਪਤਨੀ ਬਾਥਰੂਮ ਦੇ ਅੰਦਰ ਗੋਲੀ ਨਾਲ ਮਾਰੇ ਗਏ। ਬਾਥਰੂਮ 'ਚ 9 ਐੱਮ ਐੱਮ ਪਿਸਟਲ ਅਤੇ ਲੋਡਡ ਮੈਗਜ਼ੀਨ ਵੀ ਮਿਲਿਆ ਹੈ। ਹੈਨਰੀ ਅਤੇ ਐਲਿਸ ਆਈ ਟੀ ਪੇਸ਼ੇਵਰ ਸਨ, ਜੋ ਨੌਂ ਸਾਲਾਂ ਤੋਂ ਅਮਰੀਕਾ 'ਚ ਰਹਿ ਰਹੇ ਸਨ। ਸਾਂ ਫਰਾਂਸਿਸਕੋ 'ਚ ਭਾਰਤੀ ਕੌਂਸਲੇਟ ਭਾਰਤ 'ਚ ਪਰਵਾਰ ਦੇ ਸੰਪਰਕ 'ਚ ਹੈ।

## ਗੁਰਦੁਆਰਾ ਸਾਹਿਬ ਵਿਖੇ ਖ਼ੂਨਦਾਨ ਕੈਂਪ ਲਗਾਇਆ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** : ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਯਾਦਗਾਰੀ ਸੁਸਾਇਟੀ ਤੇ ਬਾਬਾ ਮੋਤੀ ਰਾਮ ਮਹਿਰਾ ਖ਼ੂਨਦਾਨ ਸੁਸਾਇਟੀ ਵੱਲੋਂ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ 155ਵਾਂ ਖ਼ੂਨਦਾਨ ਕੈਂਪ ਲਗਾਇਆ ਗਿਆ।ਸੁਸਾਇਟੀ ਦੇ ਪ੍ਰਧਾਨ ਸ਼ੇਰ ਸਿੰਘ ਨੇ ਦੱਸਿਆ ਕਿ ਕੈਂਪ ਦਾ ਉਦਘਾਟਨ ਕੁਲਬੀਰ ਸਿੰਘ ਮੁਸ਼ਕਾਬਾਦ, ਸਾਈਂ ਮੀਆਂ ਮੀਰ ਫਾਊਂਡੇਸ਼ਨ ਦੇ ਪ੍ਰਧਾਨ ਦਲਜੀਤ ਸਿੰਘ, ਜੱਸਾ ਸਿੰਘ ਆਹਲੂਵਾਲੀਆ ਤੇ ਅਮਰਿੰਦਰ ਸਿੰਘ ਲਿਬੜਾ ਵੱਲੋਂ ਕੀਤਾ ਗਿਆ।ਪੀ.ਜੀ.ਆਈ. ਚੰਡੀਗੜ੍ਹ ਦੇ ਬਲੱਡ ਬੈਂਕ ਤੋਂ ਆਈ ਡਾ. ਮਨਪ੍ਰੀਤ ਕਟਾਰੀਆ ਦੀ ਅਗਵਾਈ ਵਾਲੀ ਟੀਮ ਵੱਲੋਂ ਇਸ ਕੈਂਪ ਦੌਰਾਨ 86 ਯੂਨਿਟ ਖ਼ੂਨ ਇਕੱਤਰ ਕੀਤਾ ਗਿਆ।ਇਸ ਮੌਕੇ ਪ੍ਰਧਾਨ ਸ਼ੇਰ ਸਿੰਘ ਤੋਂ ਇਲਾਵਾ ਨਿਸ਼ਾਨ ਸਿੰਘ ਚੀਮਾ, ਇੰਜੀ. ਐੱਸ. ਐੱਸ. ਬਾਠ, ਬਲਵਿੰਦਰ ਸਿੰਘ ਸੋਹੀ, ਚਰਨ ਸਿੰਘ ਸੇਖੋਂ, ਕੈਪਟਨ ਸੇਵਾ ਸਿੰਘ, ਗੁਰਮੀਤ ਸਿੰਘ ਖੱਟੜਾ, ਮਨਦੀਪ ਸਿੰਘ ਤਰਖਾਣਮਾਜਰਾ, ਬੀਬੀ ਨੀਲਕਮਲ ਕੌਰ ਬਾਠ, ਸੁਰਿੰਦਰ ਸਿੰਘ, ਜਸਵਿੰਦਰ ਸਿੰਘ, ਅੰਜੂ ਸ਼ਰਮਾ, ਗੌਰਵ ਜੋਸ਼ੀ, ਡਾਕਟਰ ਅਮਰੀਕ ਸਿੰਘ ਨਾਗਰਾ ਤੇ ਅਰਸ਼ਦੀਪ ਸਿੰਘ ਆਦਿ ਸੁਸਾਇਟੀ ਦੇ ਮੈਂਬਰ ਤੇ ਅਹੁਦੇਦਾਰ ਹਾਜ਼ਰ ਸਨ।

## ਸ਼੍ਰੋਮਣੀ ਅਕਾਲੀ ਦਲ ਸਾਫ-ਸੁਥਰੇ ਅਕਸ ਵਾਲੇ ਉਮੀਦਵਾਰਾਂ ਨੂੰ ਚੋਣ ਮੈਦਾਨ 'ਚ ਉਤਾਰੇਗਾ : ਹਮੀਦੀ



**ਮਹਿਲ ਕਲਾਂ (ਬਲਵਿੰਦਰ ਵਜੀਦਕੇ,ਪ੍ਰਦੀਪ ਲੋਹਗੜ੍ਹ)**-ਵਿਧਾਨ ਸਭਾ ਹਲਕਾ ਮਹਿਲ ਕਲਾਂ ਦੇ ਇੰਚਾਰਜ ਜਥੇਦਾਰ ਨਾਥ ਸਿੰਘ ਹਮੀਦੀ ਦੀ ਅਗਵਾਈ ਹੇਠ ਜਥੇਬੰਦੀ ਦੀ ਮਜ਼ਬੂਤੀ ਲਈ ਵਿਉਂਤਬੰਦੀ ਸੰਬੰਧੀ ਵਿਚਾਰ ਵਟਾਂਦਰਾ ਕਰਦਿਆਂ ਅਗਾਮੀ ਜ਼ਿਲ੍ਹਾ ਪ੍ਰੀਸ਼ਦ, ਬਲਾਕ ਸੰਮਤੀ ਅਤੇ ਪੰਚਾਇਤ ਚੋਣਾਂ ਸੰਬੰਧੀ ਵਿਚਾਰ ਚਰਚਾ ਕੀਤੀ ਗਈ। ਹਲਕਾ ਇੰਚਾਰਜ ਜਥੇਦਾਰ ਨਾਥ ਸਿੰਘ ਹਮੀਦੀ ਨੇ ਕਿਹਾ ਕਿ ਪਾਰਟੀ ਆ ਰਹੀਆਂ ਜ਼ਿਲ੍ਹਾ ਪ੍ਰੀਸ਼ਦ, ਬਲਾਕ ਸੰਮਤੀ, ਪੰਚਾਇਤੀ ਚੋਣਾਂ ਲਈ ਤਿਆਰ ਬਰ ਤਿਆਰ ਹੈ। ਪਾਰਟੀ ਦੇ ਸਮੂਹ ਆਗੂਆਂ ਨਾਲ ਗੱਲਬਾਤ ਕਰਕੇ ਸਾਰਿਆਂ ਦੀ ਰਾਇ ਸਲਾਹ ਨਾਲ ਹੀ ਹਰ ਜ਼ੋਨ ਤੋਂ ਸਾਫ ਸੁਥਰੇ ਅਕਸ ਵਾਲੇ ਬੇਦਾਗ ਉਮੀਦਵਾਰਾਂ ਨੂੰ ਚੋਣ ਮੈਦਾਨ 'ਚ ਉਤਾਰਿਆ ਜਾਵੇਗਾ। ਇਸ ਸਮੇਂ ਤਰਨਜੀਤ ਸਿੰਘ ਦੁੱਗਲ, ਬਲਦੇਵ ਸਿੰਘ ਗਾਗੇਵਾਲ, ਡਾ. ਸੁਖਵਿੰਦਰ ਸਿੰਘ ਨਿਹਾਲੂਵਾਲ, ਬਚਿੱਤਰ ਸਿੰਘ ਧਾਲੀਵਾਲ, ਸੁਖਵਿੰਦਰ ਸਿੰਘ ਸੁੱਖਾ, ਇਕੱਤਰ ਸਿੰਘ ਗਾਗੇਵਾਲ, ਗੁਰਜੀਤ ਸਿੰਘ ਕਲਾਲਾ, ਸੋਨੀ ਬੀਹਲਾ, ਨਿਸ਼ਾਨ ਸਿੰਘ ਗਹਿਲ, ਗੁਰਦੀਪ ਸਿੰਘ ਟਿਵਾਣਾ ਆਦਿ ਆਗੂ ਹਾਜ਼ਰ ਸਨ।

## ਮਜ਼ਦੂਰ ਜਥੇਬੰਦੀਆਂ ਭਾਰਤ ਬੰਦ 'ਚ ਪੂਰਨ ਸਹਿਯੋਗ ਦੇਣਗੀਆਂ : ਲਹਿਰਾ



**ਮੱਖੂ (ਰਛਪਾਲ ਸਿੰਘ ਸੰਧੂ)** : ਸੰਯੁਕਤ ਕਿਸਾਨ ਮੋਰਚੇ ਵੱਲੋਂ 16 ਫਰਵਰੀ ਨੂੰ ਭਾਰਤ ਬੰਦ ਦੇ ਦਿੱਤੇ ਸੱਦੇ 'ਤੇ ਮਜ਼ਦੂਰ ਜਥੇਬੰਦੀਆਂ ਦੇ ਆਗੂਆਂ ਨੇ ਭਾਰਤ ਬੰਦ ਦਾ ਸਮਰਥਨ ਦੇਣ ਦਾ ਐਲਾਨ ਕਰਦਿਆਂ ਕਿਹਾ ਕਿ ਵੱਡੀ ਗਿਣਤੀ ਵਿੱਚ ਮਜ਼ਦੂਰ ਸਾਥੀ ਧਰਨਿਆਂ ਵਿੱਚ ਪਹੁੰਚਣਗੇ।ਫੂਡਗਰੇਨ ਐਂਡ ਅਲਾਈਡ ਵਰਕਰ ਯੂਨੀਅਨ ਦੇ ਸੂਬਾਈ ਆਗੂ ਬਲਵੀਰ ਲਹਿਰਾ ਨੇ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਵੱਲੋਂ 16 ਫਰਵਰੀ ਨੂੰ, ਜੋ ਭਾਰਤ ਬੰਦ ਦਾ ਸੱਦਾ ਦਿੱਤਾ ਗਿਆ ਹੈ, ਉਸ ਵਿੱਚ ਮਜ਼ਦੂਰ ਜਥੇਬੰਦੀਆਂ ਪੂਰਨ ਸਹਿਯੋਗ ਦੇਣਗੀਆਂ ਤੇ ਮਜ਼ਦੂਰ ਸਾਥੀ ਵੱਡੀ ਗਿਣਤੀ ਵਿੱਚ ਧਰਨਿਆਂ ਵਿੱਚ ਆਪਣੀ ਹਾਜ਼ਰੀ ਲਵਾਉਣਗੇ। ਇਸ ਭਾਰਤ ਬੰਦ ਸੱਦੇ ਨੂੰ ਸਫਲ ਬਣਾਉਣ ਲਈ ਫੂਡ ਏਜੰਸੀਆਂ ਵਿੱਚ ਸਾਰਾ ਦਿਨ ਕੰਮ ਬੰਦ ਰੱਖਿਆ ਜਾਵੇਗਾ।ਇਸ ਮੌਕੇ ਮਖੂ ਦੇ ਪ੍ਰਧਾਨ ਅਨਵਰ ਮਸੀਹ, ਟੋਲੀ ਲੀਡਰ ਜੋਗਿੰਦਰ ਮਸੀਹ, ਬੂਟਾ ਮਸੀਹ, ਜੈਮਸ ਮਸੀਹ, ਪ੍ਰਗਟ ਸਿੰਘ ਪਿੰਕਾ, ਪੂਰਨ, ਜਸਪਾਲ ਤਲਵੰਡੀ, ਪਿਆਰਾ ਮਸੀਹ, ਸੁੱਖਾ ਬਹਿਕਾਂ, ਕਾਰਜ ਬਹਿਕਾਂ, ਬਾਉ ਰਾਮ, ਕਰਨ ਮਸੀਹ, ਪ੍ਰਗਟ ਸਿੰਘ ਝਾਮਕੇ, ਬਲਵੀਰ ਸਿੰਘ ਖੰਨਾ, ਜਗਤਾਰ ਮਸੀਹ, ਪਿਆਰਾ, ਹਰਜਿੰਦਰ ਸਿੰਘ, ਸੁਨੀਲ ਮਸੀਹ ਆਦਿ ਹਾਜ਼ਰ ਸਨ।

## ਪੱਤਰਕਾਰਾਂ 'ਤੇ ਹਮਲੇ ਦੀ ਨਿੰਦਾ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਕਿਸਾਨਾਂ ਦੇ ਸੰਘਰਸ਼ ਦੀ ਕਵਰੇਜ ਕਰ ਰਹੇ ਪੱਤਰਕਾਰਾਂ 'ਤੇ ਹਰਿਆਣਾ ਪੁਲਸ ਵੱਲੋਂ ਕੀਤੇ ਗਏ ਅੱਤਿਆਚਾਰ ਦੀ ਬਠਿੰਡਾ ਪ੍ਰੈੱਸ ਕਲੱਬ ਨੇ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ।ਕਿਸਾਨੀ ਸੰਘਰਸ਼ ਦੀ ਕਵਰੇਜ ਕਰਨ ਵਾਲੇ ਕਈ ਪੱਤਰਕਾਰ ਜ਼ਖ਼ਮੀ ਹੋਏ ਹਨ। ਬਠਿੰਡਾ ਪ੍ਰੈੱਸ ਕਲੱਬ ਮਹਿਸੂਸ ਕਰਦਾ ਹੈ ਕਿ ਇਹ ਸਿੱਧਾ ਪ੍ਰੈੱਸ ਦੀ ਅਜ਼ਾਦੀ 'ਤੇ ਹਮਲਾ ਹੈ ਤੇ ਪੱਤਰਕਾਰਾਂ ਨੂੰ ਕਿਸਾਨੀ ਸੰਘਰਸ਼ ਦੀ ਕਵਰੇਜ ਕਰਨ ਤੋਂ ਰੋਕਣ ਲਈ ਅਜਿਹਾ ਕੀਤਾ ਗਿਆ ਹੈ।ਬਠਿੰਡਾ ਪ੍ਰੈੱਸ ਕਲੱਬ ਹਰਿਆਣਾ ਸਰਕਾਰ ਦੇ ਇਸ ਵਰਤਾਰੇ ਦੀ ਸਖ਼ਤ ਨਿਖੇਧੀ ਕਰਦਾ ਹੋਇਆ ਜ਼ਖ਼ਮੀ ਹੋਏ ਪੱਤਰਕਾਰਾਂ ਨਾਲ ਹਮਦਰਦੀ ਜ਼ਾਹਰ ਕਰਦਾ ਹੈ।

## ਰਾਜੇਸ਼ ਸਿੰਗਲਾ ਸੈਂਟੀ ਦਾ ਕੀਤਾ ਸਨਮਾਨ

**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਸਮਾਧ ਬਾਬਾ ਬੰਸਰੀ ਵਾਲਾ ਤੇ ਬਾਬਾ ਗੋਦੜ ਵਾਲੇ ਸ਼ਿਵ ਮੰਦਰ ਵਿਖੇ ਬਸੰਤ ਪੰਚਮੀ ਮੌਕੇ ਦੀ ਸੰਗਰੂਰ ਇਡਸਟਰੀ ਚੈਂਬਰ ਬਲਾਕ ਧੂਰੀ ਦੇ ਸੀਨੀਅਰ ਮੀਤ ਪ੍ਰਧਾਨ ਰਾਜੇਸ਼ ਸ਼ੈਟੀ ਸਿੰਗਲਾ ਦਾ ਉਦਯੋਗ, ਸਮਾਜ ਸੇਵਾ ਦੇ ਖੇਤਰ ਵਿੱਚ ਪਾਏ ਜਾ ਰਹੇ ਵੱਡਮੁੱਲੇ ਯੋਗਦਾਨ ਬਦਲੇ ਪ੍ਰਬੰਧਕ ਕਮੇਟੀ ਵੱਲੋਂ ਸਨਮਾਨ ਕੀਤਾ ਗਿਆ।ਦੱਸਣਯੋਗ ਹੈ ਕਿ ਸਮਾਧ ਬਾਬਾ ਬੰਸਰੀ ਵਾਲਾ ਤੇ ਬਾਬਾ ਗੋਦੜ ਵਾਲੇ ਸ਼ਿਵ ਮੰਦਰ ਵਿਖੇ ਬਸੰਤ ਪੰਚਮੀ ਮੌਕੇ ਹਰ ਸਾਲ ਭਰਵਾਂ ਮੇਲਾ ਲੱਗਦਾ ਹੈ, ਜਿੱਥੇ ਇਲਾਕੇ ਦੇ ਲੋਕ ਵੱਡੀ ਗਿਣਤੀ ਵਿੱਚ ਨਤਮਸਤਕ ਹੁੰਦੇ ਹਨ।

## ਯੂ ਕੇ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀ ਕੁਇੱਜ਼ ਕੰਪੀਟੀਸ਼ਨ 'ਚ ਅੱਵਲ



**ਧਰਮਕੋਟ (ਗੁਰਦੀਪ ਸਿੰਘ ਭੁੱਲਰ)**-ਇਲਾਕੇ ਦੀ ਨਾਮਵਰ ਸੰਸਥਾ ਯੂ ਕੇ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ ਬ੍ਰਹਮ ਗਿਆਨੀ ਸੰਤ ਬਾਬਾ ਮੋਹਣ ਸਿੰਘ ਦੀ ਯਾਦ ਨੂੰ ਸਮਰਪਤ ਭਿੰਡਰ ਕਲਾਂ (ਮੋਗਾ) ਵਿਖੇ ਲਗਾਏ ਗੱਤਕਾ ਕੈਂਪ ਦੌਰਾਨ ਗੁਰਬਾਣੀ ਸੰਬੰਧੀ ਕੁਇੱਜ਼ ਕੰਪੀਟੀਸ਼ਨ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ।ਇਸ ਕੰਪੀਟੀਸ਼ਨ ਵਿੱਚ ਬਹੁਤ ਸਾਰੇ ਸਕੂਲਾਂ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ, ਜਿਨ੍ਹਾਂ ਵਿੱਚੋਂ ਯੂ ਕੇ ਇੰਟਰਨੈਸ਼ਨਲ ਸਕੂਲ ਦੇ ਛੇਵੀਂ-ਬੀ ਜਮਾਤ ਦੇ ਵਿਦਿਆਰਥੀ ਨਵਰੀਤ ਕੌਰ, ਏਕਮ ਪ੍ਰੀਤ ਸਿੰਘ, ਅਨੰਤ ਨੇ ਪਹਿਲਾ ਸਥਾਨ ਹਾਸਲ ਕੀਤਾ।ਇਸ ਕੰਪੀਟੀਸ਼ਨ ਵਿੱਚ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਗੱਤਕਾ ਅਖਾੜਾ ਪਿੰਡ ਭਿੰਡਰ ਕਲਾਂ ਵੱਲੋਂ ਬੱਚਿਆਂ ਨੂੰ ਟਰਾਫ਼ੀ, ਮੈਡਲ ਤੇ ਨਕਦ ਰਾਸ਼ੀ ਦੇ ਕੇ ਸਨਮਾਨਤ ਕੀਤਾ ਗਿਆ।ਇਨ੍ਹਾਂ ਮੁਕਾਬਲਿਆਂ ਵਿੱਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਨੂੰ ਯੂ ਕੇ ਇੰਟਰਨੈਸ਼ਨਲ ਸਕੂਲ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਪ੍ਰਿੰਸੀਪਲ ਮੈਡਮ ਪਿੰਕੀ ਨਰੂਲਾ, ਸਕੂਲ ਦੀ ਪ੍ਰਬੰਧਕ ਕਮੇਟੀ ਦੇ ਮੈਂਬਰ ਰਾਣਾ ਬਾਸੀ, ਕੁਲਵੰਤ ਸਿੰਘ ਚੀਮਾ, ਬਲਿਹਾਰ ਸਿੰਘ, ਬਲਕਾਰ ਸਿੰਘ ਨੇ ਮੁਕਾਬਲੇ ਵਿੱਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਦਾ ਨਿੱਘਾ ਸਵਾਗਤ ਕੀਤਾ ਤੇ ਪਹਿਲਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਟਰਾਫੀ, ਮੈਡਲ ਤੇ ਨਕਦ ਰਾਸ਼ੀ ਦੇ ਕੇ ਸਨਮਾਨਤ ਕੀਤਾ।ਇਸ ਮੌਕੇ ਸਕੂਲ ਦੇ ਸਟਾਫ ਮੈਂਬਰ ਤੇ ਵਿਦਿਆਰਥੀ ਸ਼ਾਮਲ ਸਨ।

## ਕੈਮਿਸਟ ਐਸੋਸੀਏਸ਼ਨ ਵੱਲੋਂ ਭਾਰਤ ਬੰਦ ਦਾ ਸਮਰਥਨ

**ਮੱਖੂ (ਰਛਪਾਲ ਸਿੰਘ ਸੰਧੂ)** : ਸੰਯੁਕਤ ਕਿਸਾਨ ਮੋਰਚਾ ਤੇ ਦੇਸ਼ ਦੀਆਂ ਟਰੇਡ ਯੂਨੀਅਨਾਂ ਵੱਲੋਂ 16 ਫਰਵਰੀ ਨੂੰ ਭਾਰਤ ਬੰਦ ਦੇ ਦਿੱਤੇ ਸੱਦੇ ਨੂੰ ਸਮਰਥਨ ਦੇਣ ਦੇ ਸਬੰਧ ਵਿੱਚ ਕੈਮਿਸਟ ਐਸੋਸੀਏਸ਼ਨ ਮਖੂ ਦੀ ਹੋਈ ਮੀਟਿੰਗ ਬਾਰੇ ਜਾਣਕਾਰੀ ਦਿੰਦਿਆਂ ਕੈਮਿਸਟ ਐਸੋਸੀਏਸ਼ਨ ਮਖੂ ਦੇ ਪ੍ਰਧਾਨ ਰਜੀਵ ਅਹੂਜਾ ਰਵੀ ਤੇ ਜਨਰਲ ਸਕੱਤਰ ਜਗੀਰ ਸਿੰਘ ਮੱਲ੍ਹੀ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਕਿਸਾਨਾਂ ਦੀਆਂ ਮੰਨੀਆਂ ਹੋਈਆਂ ਮੰਗਾਂ ਨੂੰ ਲਾਗੂ ਨਾ ਕਰਨ ਕਾਰਨ ਰੋਸ ਵਜੋਂ ਸੰਯੁਕਤ ਕਿਸਾਨ ਮੋਰਚਾ ਤੇ ਟਰੇਡ ਯੂਨੀਅਨਾਂ ਵੱਲੋਂ 16 ਫਰਵਰੀ ਨੂੰ ਜੋ ਭਾਰਤ ਬੰਦ ਦਾ ਸੱਦਾ ਦਿੱਤਾ ਹੈ, ਕੈਮਿਸਟਾਂ ਵੱਲੋ ਆਪਣੀਆਂ ਦੁਕਾਨਾਂ ਸਵੇਰੇ 9 ਵਜੇ ਤੋਂ ਸ਼ਾਮ 4 ਵਜੇ ਤੱਕ ਬੰਦ ਰੱਖ ਕੇ ਸਮਰਥਨ ਦਿੱਤਾ ਜਾਵੇਗਾ।ਇਸ ਮੌਕੇ ਸੰਜੀਵ ਟੰਡਨ, ਹਰਜੀਤ ਸਿੰਘ, ਤਰਸੇਮ ਮਰਹਾਣਾ, ਰਜੀਵ ਅਹੂਜਾ, ਅਰਸ਼ ਕਾਲੜਾ, ਸੌਰਵ ਅਹੂਜਾ, ਪਵਨ ਗਾਂਧੀ, ਸੂਰਜ ਬੇਦੀ, ਦਵਿੰਦਰ ਪ੍ਰਕਾਸ਼, ਵਿਵੇਕ ਨੰਨ੍ਹਾ ਤੇ ਹੋਰ ਕੈਮਿਸਟ ਹਾਜ਼ਰ ਸਨ।

## 16 ਨੂੰ ਫਰੀਦਕੋਟ ਸ਼ਹਿਰ ਰਹੇਗਾ ਮੁਕੰਮਲ ਬੰਦ : ਅਸ਼ੋਕ ਕੌਸ਼ਲ



**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਸੰਯੁਕਤ ਕਿਸਾਨ ਮੋਰਚੇ ਤੇ ਕੇਂਦਰੀ ਟਰੇਡ ਯੂਨੀਅਨਾਂ ਦੇ ਸਾਂਝੇ ਸੱਦੇ 'ਤੇ 16 ਫ਼ਰਵਰੀ ਦੇ ਭਾਰਤ ਬੰਦ ਨੂੰ ਫਰੀਦਕੋਟ ਸ਼ਹਿਰ ਸਮੇਤ ਸਾਰੇ ਜ਼ਿਲ੍ਹੇ ਵਿੱਚ ਭਰਪੂਰ ਹੁੰਗਾਰਾ ਮਿਲ ਰਿਹਾ ਹੈ।ਇਹ ਬਿਆਨ ਪੰਜਾਬ ਪੈਨਸ਼ਨਰਜ਼ ਯੂਨੀਅਨ ਏਟਕ ਦੇ ਸੂਬਾਈ ਆਗੂ ਅਸ਼ੋਕ ਕੌਸ਼ਲ, ਕੁਲਵੰਤ ਸਿੰਘ ਚਾਨੀ, ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲਾ ਪ੍ਰਧਾਨ ਸੁਖਜਿੰਦਰ ਸਿੰਘ ਤੂੰਬੜਭੰਨ ਤੇ ਚੰਦ ਸਿੰਘ ਡੋਡ, ਪੰਜਾਬ ਖੇਤ ਮਜ਼ਦੂਰ ਸਭਾ ਦੇ ਜਿਲਾ ਪ੍ਰਧਾਨ ਕਾਮਰੇਡ ਗੁਰਨਾਮ ਸਿੰਘ ਅਤੇ ਸਰਪੰਚ ਜਗਤਾਰ ਸਿੰਘ ਭਾਣਾ, ਆਲ ਇੰਡੀਆ ਆਸ਼ਾ ਵਰਕਰ ਯੂਨੀਅਨ ਏਟਕ ਦੀ ਸੂਬਾ ਪ੍ਰਧਾਨ ਅਮਰਜੀਤ ਕੌਰ ਰਣ ਸਿੰਘ ਵਾਲਾ, ਪੀਆਰਟੀਸੀ ਰਿਟਾਇਰਡ ਭਾਈਚਾਰਾ ਯੂਨੀਅਨ ਏਟਕ ਦੇ ਸੁਖਦੇਵ ਸਿੰਘ ਮੱਲੀ ਤੇ ਸੁਖਚਰਨ ਸਿੰਘ, ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ ਦੇ ਇਕਬਾਲ ਸਿੰਘ ਢੁੱਡੀ ਤੇ ਬਲਕਾਰ ਸਿੰਘ, ਪਾਵਰਕਾਮ ਪੈਨਸ਼ਨਰ ਆਗੂ ਇੰਦਰਜੀਤ ਸਿੰਘ ਗਿੱਲ ਤੇ ਹਰਪਾਲ ਸਿੰਘ ਮਚਾਕੀ, ਨਰੇਗਾ ਮਜ਼ਦੂਰ ਯੂਨੀਅਨ ਦੇ ਗੋਰਾ ਸਿੰਘ ਪਿਪਲੀ ਤੇ ਬੀਬੀ ਮਨਜੀਤ ਕੌਰ ਨੱਥੇਵਾਲਾ ਨੇ ਜਾਰੀ ਕਰਦੇ ਹੋਏ ਕਿਹਾ ਕਿ ਮੋਦੀ ਸਰਕਾਰ ਦੇ ਪਿਛਲੇ 10 ਸਾਲ ਦੇ ਲੋਕ ਵਿਰੋਧੀ ਤਾਨਾਸ਼ਾਹ ਰਾਜ ਪ੍ਰਬੰਧ ਖਿਲਾਫ ਇਸ ਬੰਦ ਨੂੰ ਸਫਲ ਬਣਾਉਣਾ ਸਾਰੇ ਦੇਸ਼ਭਗਤ ਲੋਕਾਂ ਦਾ ਪਵਿੱਤਰ ਫਰਜ਼ ਹੈ।ਇਸੇ ਦੌਰਾਨ ਮਿਉਂਸਪਲ ਮੁਲਾਜ਼ਮ ਐਕਸ਼ਨ ਕਮੇਟੀ ਦੇ ਸੂਬਾ ਸਲਾਹਕਾਰ ਕੁਲਦੀਪ ਸ਼ਰਮਾ ਤੇ ਅਮਰਜੀਤ ਸਿੰਘ ਕਲੇਰ ਨੇ ਸ਼ਹਿਰ ਵਿੱਚ ਪ੍ਰਚਾਰ ਕਰਨ ਦੌਰਾਨ ਦੱਸਿਆ ਕਿ ਸੂਬੇ ਭਰ ਦੇ ਸਫਾਈ ਕਰਮਚਾਰੀਆਂ ਨੇ ਇਸ ਦਿਨ ਮੁਕੰਮਲ ਹੜਤਾਲ ਕਰਨ ਦਾ ਐਲਾਨ ਕਰ ਦਿੱਤਾ ਹੈ।

## ਕਿਸਾਨਾਂ ਨੂੰ ਜਬਰੀ ਰੋਕਣ ਦੀ ਥਾਂ ਸਰਕਾਰ ਉਨ੍ਹਾਂ ਦੇ ਮਸਲੇ ਹੱਲ ਕਰੇ : ਐਡਵੋਕੇਟ ਮੰਡੇਰ

**ਧੂਰੀ, (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਮਾਰਕਿਟ ਕਮੇਟੀ ਧੂਰੀ ਦੇ ਸਾਬਕਾ ਉੱਪ ਚੇਅਰਮੈਨ ਤੇ ਵਪਾਰ ਮੰਡਲ ਪੰਜਾਬ ਦੇ ਸੂਬਾਈ ਚੇਅਰਮੈਨ ਐਡਵੋਕੇਟ ਜਤਿੰਦਰ ਸਿੰਘ ਸੋਨੀ ਮੰਡੇਰ ਨੇ ਗੱਲਬਾਤ ਕਰਦਿਆਂ ਕਿਹਾ ਕਿ ਆਪਣੀਆਂ ਮੰਗਾਂ ਲਈ ਸੰਘਰਸ਼ ਦੇ ਰਾਹ ਤੁਰੇ ਹੋਏ ਕਿਸਾਨਾਂ 'ਤੇ ਹਰਿਆਣਾ ਸਰਕਾਰ ਵੱਲੋਂ ਵੱਡੀ ਗਿਣਤੀ ਵਿੱਚ ਅੱਥਰੂ ਗੈਸ ਦੇ ਗੋਲੇ ਸੁੱਟਣੇ ਤੇ ਪੁਲਸ ਬਲ ਦੀ ਵਰਤੋਂ ਕਰਕੇ ਉਨ੍ਹਾਂ ਨੂੰ ਦਬਾਉਣਾ ਲੋਕਤੰਤਰੀ ਢਾਂਚੇ ਦੇ ਵਿਰੁੱਧ ਹੈ, ਜਿਸ ਪ੍ਰਤੀ ਕੇਂਦਰ ਸਰਕਾਰ ਨੂੰ ਸੰਜੀਦਗੀ ਨਾਲ ਸੋਚਣਾ ਚਾਹੀਦਾ ਹੈ।ਉਨ੍ਹਾ ਕਿਹਾ ਕਿ ਕਿਸਾਨੀ ਦੇਸ਼ ਦੀ ਰੀੜ੍ਹ ਦੀ ਹੱਡੀ ਹੈ, ਜਿਸ ਦੀਆਂ ਮੰਗਾਂ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾਣਾ ਚਾਹੀਦਾ।ਉਨ੍ਹਾ ਕਿਸਾਨਾਂ ਨੂੰ ਰੋਕਣ ਲਈ ਪੁਲਸ ਸ਼ਕਤੀ ਦੀ ਵਰਤੋਂ ਦੀ ਨਿੰਦਾ ਕਰਦਿਆਂ ਕਿਹਾ ਕਿ ਲੋਕਤੰਤਰ ਅੰਦਰ ਹੱਕੀ ਮੰਗਾਂ ਲਈ ਸ਼ਾਂਤਮਈ ਪ੍ਰਦਰਸ਼ਨ ਕਰਨਾ ਸਭ ਦਾ ਹੱਕ ਹੈ, ਇਸ ਲਈ ਸਰਕਾਰਾਂ ਨੂੰ ਕਿਸਾਨਾਂ ਦੇ ਮਸਲਿਆਂ ਦਾ ਤੁਰੰਤ ਹੱਲ ਕਰਨਾ ਚਾਹੀਦਾ ਹੈ ਨਾ ਕਿ ਉਨ੍ਹਾਂ ਉੱਤੇ ਤਸ਼ੱਦਦ ਕਰਕੇ ਮਾਮਲਾ ਹੋਰ ਉਲਝਾਇਆ ਜਾਵੇ।ਉਨ੍ਹਾ ਕਿਹਾ ਕਿ ਸਰਕਾਰ ਕਿਸਾਨਾਂ ਨੂੰ ਸ਼ਾਂਤਮਈ ਪ੍ਰਦਰਸ਼ਨ ਤੋਂ ਜਬਰੀ ਰੋਕਣ ਦੀ ਥਾਂ ਉਨ੍ਹਾਂ ਦੇ ਮਸਲੇ ਨਜਿੱਠਣ ਵੱਲ ਧਿਆਨ ਦੇਵੇ।ਉਨ੍ਹਾ ਹਰਿਆਣਾ ਪੁਲਸ ਵੱਲੋਂ ਕੀਤੀ ਕਾਰਵਾਈ ਵਿੱਚ ਪੱਤਰਕਾਰਾਂ ਨੂੰ ਵੀ ਨਿਸ਼ਾਨਾ ਬਣਾਏ ਜਾਣ ਦੀ ਸਖ਼ਤ ਨਿੰਦਾ ਕੀਤੀ।

## ਭਲਕੇ ਪੇਂਡੂ ਭਾਰਤ ਬੰਦ 'ਚ ਬੇਰੁਜ਼ਗਾਰ ਸਾਂਝਾ ਮੋਰਚਾ ਕਰੇਗਾ ਸ਼ਮੂਲੀਅਤ



**ਸੰਗਰੂਰ (ਪ੍ਰਵੀਨ ਸਿੰਘ)**-ਸੰਯੁਕਤ ਕਿਸਾਨ ਮੋਰਚਾ, ਕੇਂਦਰ ਪੱਧਰ ਦੀਆਂ ਟਰੇਡ ਯੂਨੀਅਨਾਂ ਦੇ ਸਾਂਝੇ ਮੰਚ ਤੇ ਆਜ਼ਾਦ ਟਰੇਡ ਯੂਨੀਅਨਾਂ ਵੱਲੋਂ ਉਦਯੋਗਿਕ ਖੇਤਰ ਹੜਤਾਲ, ਐੱਸਕੇਐੱਮ ਦੇ ਸੱਦੇ ਅਨੁਸਾਰ 16 ਫਰਵਰੀ ਦੇ ਪੇਂਡੂ ਭਾਰਤ ਬੰਦ ਦੇ ਸੱਦੇ ਨੂੰ ਸਫਲ ਬਣਾਉਣ ਲਈ ਜਿੱਥੇ ਕਿਸਾਨ, ਮਜ਼ਦੂਰ, ਵਪਾਰੀ, ਆੜ੍ਹਤੀਏ, ਡਰਾਈਵਰ ਆਦਿ ਤਬਕੇ ਸਰਗਰਮ ਹਨ, ਉਥੇ ਪੰਜਾਬ ਦੇ ਵੱਖ ਵੱਖ ਖੇਤਰ ਦੇ ਬੇਰੁਜ਼ਗਾਰਾਂ ਉੱਤੇ ਆਧਾਰਤ ਬੇਰੁਜ਼ਗਾਰ ਸਾਂਝਾ ਮੋਰਚਾ ਪੰਜਾਬ ਨੇ ਵੀ ਬੰਦ ਨੂੰ ਸਫਲ ਬਣਾਉਣ ਲਈ ਸ਼ਮੂਲੀਅਤ ਕਰਨ ਦਾ ਐਲਾਨ ਕੀਤਾ ਹੈ।ਬੇਰੁਜ਼ਗਾਰ ਸਾਂਝੇ ਮੋਰਚੇ ਦੇ ਆਗੂਆਂ ਸੁਖਵਿੰਦਰ ਸਿੰਘ ਢਿੱਲਵਾਂ, ਜਸਵੰਤ ਘੁਬਾਇਆ, ਰਮਨ ਕੁਮਾਰ ਮਲੋਟ, ਹਰਜਿੰਦਰ ਝੁਨੀਰ ਤੇ ਹਰਜਿੰਦਰ ਬੁਢਲਾਡਾ ਨੇ ਕਿਹਾ ਕਿ ਭਾਰਤ ਸਰਕਾਰ ਸਮੁੱਚੇ ਵਰਗਾਂ ਨੂੰ ਨਪੀੜਨ ਦੇ ਰਾਹ ਤੁਰੀ ਹੋਈ ਹੈ।ਇਸ ਤੋਂ ਇਲਾਵਾ ਬੇਰੁਜ਼ਗਾਰ ਸਾਂਝੇ ਮੋਰਚੇ ਵੱਲੋਂ ਮੋਹਾਲੀ ਤੇ ਪਟਿਆਲਾ ਜ਼ਿਲ੍ਹਿਆਂ ਦੇ ਬੇਰੁਜ਼ਗਾਰਾਂ ਨੂੰ ਸ਼ੰਭੂ ਬਾਰਡਰ, ਜਦਕਿ ਸੰਗਰੂਰ ਜ਼ਿਲ੍ਹੇ ਦੇ ਬੇਰੁਜ਼ਗਾਰਾਂ ਨੂੰ ਖਨੌਰੀ ਬਾਰਡਰ ਪਹੁੰਚਣ ਦੀ ਅਪੀਲ ਕੀਤੀ ਗਈ ਹੈ ਤਾਂ ਕਿ ਜ਼ਖ਼ਮੀ ਕਿਸਾਨਾਂ ਨੂੰ ਹਸਪਤਾਲ ਪਹੁੰਚਾਉਣ ਤੇ ਲੰਗਰ ਆਦਿ ਦੇ ਪ੍ਰਬੰਧ ਵਿੱਚ ਸਹਿਯੋਗ ਕੀਤਾ ਜਾਵੇ।

ਉਨ੍ਹਾਂ 13 ਫਰਵਰੀ ਨੂੰ ਹਰਿਆਣਾ ਦੇ ਵੱਖ ਵੱਖ ਬਾਰਡਰਾਂ ਉੱਤੇ ਕੇਂਦਰ ਤੇ ਖੱਟਰ ਸਰਕਾਰ ਵੱਲੋਂ ਕੀਤੇ ਜ਼ਬਰ ਦੀ ਸਖ਼ਤ ਨਿਖੇਧੀ ਕੀਤੀ।ਬੇਰੁਜ਼ਗਾਰ ਆਗੂਆਂ ਨੇ ਕਿਹਾ ਕਿ ਬੀਤੀ ਕੱਲ੍ਹ ਸ਼ੰਭੂ ਬਾਰਡਰ ਤੇ ਖਨੌਰੀ ਬਾਰਡਰ ਨੇੜੇ ਕਿਸਾਨਾਂ 'ਤੇ ਕੀਤਾ ਪੁਲਸ ਜਬਰ ਦਰਸਾਉਂਦਾ ਹੈ ਕਿ ਮੋਦੀ ਸਰਕਾਰ ਪੂਰੀ ਤਰ੍ਹਾਂ ਤਾਨਾਸ਼ਾਹ ਹੋ ਚੁੱਕੀ ਹੈ।ਉਨ੍ਹਾਂ ਕਿਹਾ ਕਿ ਆਪਣੇ ਹੀ ਦੇਸ਼ ਦੇ ਬਜ਼ੁਰਗ ਨਾਗਰਿਕਾਂ 'ਤੇ ਜਲ ਤੋਪਾਂ, ਅੱਥਰੂ ਗੈਸ ਦੇ ਗੋਲੇ ਵਰਤਣੇ ਸਰਕਾਰ ਦੀ ਲੋਕ ਵਿਰੋਧੀ ਕਾਰਵਾਈ ਹੈ।ਇਸ ਮੌਕੇ ਅਮਨ ਸੇਖਾ, ਰਣਬੀਰ ਨਦਾਮਪੁਰ, ਲਲਿਤਾ ਪਟਿਆਲਾ, ਜਸਵੀਰ ਸਿੰਘ, ਹਰਪ੍ਰੀਤ ਸਿੰਘ, ਰਮਨਦੀਪ ਅਬੋਹਰ, ਪ੍ਰੇਮ ਫਾਜ਼ਿਲਕਾ, ਜਸਮੇਲ ਦੇਧਨਾ ਤੇ ਹਰਵਿੰਦਰ ਬੁਹੀ ਆਦਿ ਹਾਜ਼ਰ ਸਨ।

## ਅਧਿਆਪਕ ਭਲਕ ਦੇ 'ਭਾਰਤ ਬੰਦ' 'ਚ ਹੋਣਗੇ ਸ਼ਾਮਲ

**ਜਲਾਲਾਬਾਦ (ਜੀਤ ਕੁਮਾਰ)**-ਕੇਂਦਰੀ ਟਰੇਡ ਯੂਨੀਅਨਾਂ, ਮੁਲਾਜ਼ਮ ਫੈਡਰੇਸ਼ਨਾਂ, ਸੰਯੁਕਤ ਕਿਸਾਨ ਮੋਰਚਾ ਤੇ ਆਜ਼ਾਦ ਜਥੇਬੰਦੀਆਂ ਵੱਲੋਂ ਕੇਂਦਰ ਸਰਕਾਰ ਦੀਆਂ ਨਿੱਜੀਕਰਨ, ਉਦਾਰੀਕਰਨ ਤੇ ਸੰਸਾਰੀਕਰਨ ਦੀਆਂ ਲੋਕ ਵਿਰੋਧੀ ਨੀਤੀਆਂ ਖਿਲਾਫ 16 ਫਰਵਰੀ ਨੂੰ ਦਿੱਤੇ ਗਏ 'ਭਾਰਤ ਬੰਦ' ਤੇ 'ਹੜਤਾਲ' ਦੇ ਸੱਦੇ ਨੂੰ ਸਫਲ ਬਣਾਉਣ ਲਈ ਅਧਿਆਪਕ ਜਥੇਬੰਦੀਆਂ ਵੱਲੋਂ ਲਗਾਤਾਰ ਦੋ ਦਿਨ ਵਰਚੂਅਲ ਮੀਟਿੰਗਾਂ ਕਰਨ ਉਪਰੰਤ 16 ਫਰਵਰੀ ਦੀ ਹੜਤਾਲ ਸੰਬੰਧੀ ਅਧਿਆਪਕਾਂ ਦੇ ਮੋਰਚੇ ਦਾ ਗਠਨ ਕਰਨ ਤੇ ਪੰਜਾਬ ਭਰ ਵਿੱਚੋਂ ਰੈਗੂਲਰ ਅਧਿਆਪਕਾਂ ਵੱਲੋਂ ਹੜਤਾਲ ਕਰਕੇ ਅਤੇ ਕੱਚੇ, ਪਰਖ ਕਾਲ ਅਧੀਨ ਤੇ ਕੰਪਿਊਟਰ ਅਧਿਆਪਕਾਂ ਵੱਲੋਂ ਸਮੂਹਕ ਛੁੱਟੀ ਲੈ ਕੇ 'ਭਾਰਤ ਬੰਦ' ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਗਿਆ ਹੈ। ਇਸੇ ਕੜੀ ਤਹਿਤ ਅਧਿਆਪਕ ਮੋਰਚਾ ਪੰਜਾਬ ਜ਼ਿਲ੍ਹਾ ਫਾਜ਼ਿਲਕਾ ਵਿਖੇ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ (ਵਿਗਿਆਨਕ) ਦੇ ਸੂਬਾ ਜਨਰਲ ਸਕੱਤਰ ਸੁਰਿੰਦਰ ਕੰਬੋਜ, ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਮਨਦੀਪ ਥਿੰਦ, ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਪਰਮਜੀਤ ਸੋਰੇਵਾਲਾ, ਡੈਮੋਕ੍ਰੇਟਿਕ ਟੀਚਰਜ਼ ਫਰੰਟ ਦੇ ਮਹਿੰਦਰ ਕੌੜਿਆਂ ਵਾਲੀ, ਮਾਸਟਰ ਕੇਡਰ ਯੂਨੀਅਨ ਦੇ ਧਰਮਿੰਦਰ ਗੁਪਤਾ, ਬੀ ਐਡ ਫਰੰਟ ਦੇ ਦਪਿੰਦਰ ਢਿੱਲੋਂ, ਅਮਨਦੀਪ ਸਿੰਘ, ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਵਿਗਿਆਨਕ ਦੇ ਜ਼ਿਲ੍ਹਾ ਪ੍ਰਧਾਨ ਹਰੀਸ਼ ਚੰਦਰ ਕੰਬੋਜ, ਗੌਰਮਿੰਟ ਪੈਨਸ਼ਨਰਜ਼ ਯੂਨੀਅਨ ਪੰਜਾਬ ਦੇ ਪ੍ਰਧਾਨ ਹਰਭਜਨ ਸਿੰਘ ਖੁੰਗਰ, ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚਾ ਦੇ ਜ਼ਿਲ੍ਹਾ ਪ੍ਰਧਾਨ ਜਿੰਦਰ ਪਾਇਲਟ ਨੇ ਸਮੁੱਚੇ ਅਧਿਆਪਕ ਵਰਗ ਨੂੰ 16 ਫਰਵਰੀ ਦੇ ਸੰਘਰਸ਼ਾਂ ਦਾ ਵਧ-ਚੜ੍ਹ ਕੇ ਹਿੱਸਾ ਬਣਨ ਦਾ ਸੱਦਾ ਦਿੱਤਾ ਹੈ। ਮੀਟਿੰਗ ਵਿੱਚ 16 ਫਰਵਰੀ ਦੀ ਹੜਤਾਲ ਸਬੰਧੀ ਅਧਿਆਪਕਾਂ ਦੇ ਫਾਜ਼ਿਲਕਾ ਮੋਰਚੇ ਵੱਲੋਂ ਭਾਰਤ ਬੰਦ ਮੌਕੇ ਵਿਆਪਕ ਪੱਧਰ 'ਤੇ ਲੱਗਣ ਜਾ ਰਹੇ ਸੜਕ ਚੱਕਾ ਜਾਮ ਦੇ ਮੱਦੇਨਜ਼ਰ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ 16 ਫਰਵਰੀ ਨੂੰ ਲਏ ਜਾ ਰਹੇ ਪੇਪਰਾਂ ਨੂੰ ਰੱਦ ਕਰਨ ਦੀ ਮੰਗ ਕੀਤੀ ਗਈ। ਇਸ ਤਹਿਤ ਅਧਿਆਪਕ ਆਗੂਆਂ ਵੱਲੋਂ ਉਪ-ਜ਼ਿਲ੍ਹਾ ਸਿੱਖਿਆ ਅਫ਼ਸਰ ਨੂੰ ਹੜਤਾਲ ਦਾ ਨੋਟਿਸ ਤੇ ਮੰਗ ਪੱਤਰ ਦਿੱਤਾ ਗਿਆ। ਇਸ ਮੌਕੇ ਮੇਜਰ ਸਿੰਘ, ਕੁਲਜੀਤ ਡੰਗਰਖੇੜਾ, ਬਲਵਿੰਦਰ ਸਿੰਘ, ਕੰਪਿਊਟਰ ਅਧਿਆਪਕ ਆਗੂ ਰੇਸ਼ਮ ਸਿੰਘ, ਸੁਖਵਿੰਦਰ ਸਿੰਘ ਬੱਲ, ਸੁਰਿੰਦਰ ਢਾਣੀ ਮੁਨਸ਼ੀ, ਮਲਖ ਰਾਜ, ਮਦਨ ਲਾਲ ਆਦਿ ਹਾਜ਼ਰ ਸਨ।

## ਕਿਸਾਨਾਂ ਨੂੰ ਫੱਟੜ ਕਰਨ ਦੇ ਰੋਸ ਵਜੋਂ ਫੂਕੀਆਂ ਮੋਦੀ ਸਰਕਾਰ ਦੀਆਂ ਅਰਥੀਆਂ

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਪ੍ਰੈੱਸ ਦੇ ਨਾਂਅ ਬਿਆਨ ਜਾਰੀ ਕਰਦਿਆਂ ਕਰਾਂਤੀਕਾਰੀ ਕਿਸਾਨ ਯੂਨੀਅਨ ਦੇ ਪ੍ਰੈੱਸ ਸਕੱਤਰ ਅਵਤਾਰ ਸਿੰਘ ਮਹਿਮਾ ਨੇ ਦੱਸਿਆ ਕਿ ਅੱਜ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਨੇ ਸ਼ੰਭੂ ਬੈਰੀਗੇਟ ਤੇ ਖੱਟੜ ਤੇ ਮੋਦੀ ਸਰਕਾਰ ਵੱਲੋਂ ਕਿਸਾਨਾਂ 'ਤੇ ਗੋਲੀ ਚਲਾਉਣ ਅਥਰੂ ਗੈਸ ਛੱਡਣ ਕਿਸਾਨਾਂ ਨੂੰ ਕੁੱਟਣ ਕਿਸਾਨਾਂ ਨੂੰ ਫੱਟੜ ਕਰਨ ਦੇ ਰੋਸ ਵਜੋਂ ਪੰਜਾਬ ਦੇ 15 ਜ਼ਿਲ੍ਹਿਆਂ 40 ਬਲਾਕਾਂ ਵਿੱਚ ਮੋਦੀ ਸਰਕਾਰ ਦੀਆਂ ਅਰਥੀਆਂ ਫੂਕੀਆ।ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਡਾਕਟਰ ਦਰਸ਼ਨ ਪਾਲ ਨੇ ਕਿਹਾ ਕਿ ਮੋਦੀ ਸਰਕਾਰ ਕਿਸਾਨਾਂ ਦਾ ਜਮਹੂਰੀ ਤੇ ਕਾਨੂੰਨੀ ਅਧਿਕਾਰ ਖੋਹ ਰਹੀ ਹੈ ਭਾਰਤ ਦੇ ਸੰਵਿਧਾਨ ਅਨੁਸਾਰ ਕਿਸਾਨਾਂ ਦਾ ਜਮਹੂਰੀ ਹੱਕ ਹੈ ਕਿ ਆਪਣੀਆਂ ਮੰਗਾਂ ਮਸਲਿਆਂ 'ਤੇ ਅੰਦੋਲਨ ਕਰ ਸਕਦੇ ਹਨ। ਅੰਦੋਲਨ ਕਰਨ ਲਈ ਹੀ ਕਿਸਾਨ ਪੰਜਾਬ ਹਰਿਆਣਾ ਯੂ ਪੀ ਤੋਂ ਦਿੱਲੀ ਜਾ ਰਹੇ ਸਨ, ਜੋ ਭਾਰਤ ਦੇ ਕਿਸਾਨ ਦਾ ਸਵਿਧਾਨ ਅਨੁਸਰ ਜਮਹੂਰੀ ਅਧਿਕਾਰ ਹੈ, ਜਿਨ੍ਹਾਂ ਨੂੰ ਸ਼ੰਭੂ ਬੈਰੀਕੇਡ 'ਤੇ ਰੋਕ ਕੇ ਲਾਠੀ, ਗੋਲੀ ਤੇ ਅਥਰੂ ਦੇ ਗੋਲੇ ਛੱਡੇ ਜਾ ਰਹੇ ਹਨ, ਜਿਸ ਨਾਲ 150 ਦੇ ਕਰੀਬ ਕਿਸਾਨ ਫੱਟੜ ਹੋ ਗਏ ਹਨ।ਰੋਸ ਵਜੋ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਨੇ 15 ਜ਼ਿਲ੍ਹਿਆਂ ਵਿੱਚ 40 ਬਲਾਕਾਂ ਵਿੱਚ ਮੋਦੀ ਸਰਕਾਰ ਦੀਆਂ ਅਰਥੀਆਂ ਫੂਕੀਆਂ।

## ਦੇਸ਼ 'ਚ ਜਮਹੂਰੀਅਤ ਦਾ ਘਾਣ ਕਰ ਰਹੀ ਹੈ ਭਾਜਪਾ ਸਰਕਾਰ : ਹਰਜੀਤ ਬੁਗਰਾ

**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਗੰਨਾ ਕਾਸ਼ਤਕਾਰ ਸੰਘਰਸ਼ ਕਮੇਟੀ ਧੂਰੀ ਦੇ ਕਨਵੀਨਰ ਹਰਜੀਤ ਸਿੰਘ ਬੁਗਰਾ ਨੇ ਕਈ ਕਿਸਾਨ ਜਥੇਬੰਦੀਆਂ ਵੱਲੋਂ ਕਿਸਾਨਾਂ ਦੀਆਂ ਹੱਕੀ ਮੰਗਾਂ ਲਈ ਦਿੱਲੀ ਚੱਲੋ ਦੇ ਸੱਦੇ 'ਤੇ ਜਾ ਰਹੇ ਕਿਸਾਨਾਂ ਦਾ ਸੰਘਰਸ਼ ਕਰਨ ਦਾ ਹੱਕ ਖੋਹਣ ਲਈ ਸੜਕਾਂ ਉੱਤੇ ਪਥਰੀਲੀਆਂ ਕੰਧਾਂ ਕੱਢਣ, ਕਿੱਲ ਗੱਡਣ ਤੇ ਸਾਰੇ ਪੇਂਡੂ ਰਸਤਿਆਂ ਉੱਤੇ ਵੀ ਰੋਕਾਂ ਲਾਉਣ ਵਰਗੇ ਜਾਬਰ ਹਥਕੰਡੇ ਵਰਤਣ ਦੀ ਨਿਖੇਧੀ ਕੀਤੀ ਹੈ।ਉਨ੍ਹਾ ਕਿਹਾ ਕਿ ਕੇਂਦਰ ਦੀ ਮੋਦੀ ਭਾਜਪਾ ਸਰਕਾਰ 'ਤੇ ਦੋਸ਼ ਲਾਇਆ ਗਿਆ ਹੈ ਕਿ ਇੱਕ ਪਾਸੇ ਦੇਸ਼ ਅੰਦਰ ਜਮਹੂਰੀਅਤ ਦਾ ਦਾਅਵਾ, ਪਰ ਦੂਜੇ ਪਾਸੇ ਸੰਘਰਸ਼ ਕਰਨ ਦੇ ਸੰਵਿਧਾਨਕ ਜਮਹੂਰੀ ਅਧਿਕਾਰ ਦਾ ਘਾਣ ਕੀਤਾ ਜਾ ਰਿਹਾ ਹੈ।ਸੜਕਾਂ 'ਤੇ ਸਰਾਸਰ ਗਲਤ ਢੰਗ ਨਾਲ ਰੋਕਾਂ ਲਾਉਣ ਤੋਂ ਇਲਾਵਾ ਹਰਿਆਣਾ ਤੇ ਮੱਧ ਪ੍ਰਦੇਸ਼ ਵਰਗੇ ਭਾਜਪਾ ਸ਼ਾਸਤ ਰਾਜਾਂ ਵਿੱਚ ਕਿਸਾਨ ਆਗੂਆਂ ਨੂੰ ਗ੍ਰਿਫ਼ਤਾਰ ਕਰ ਕੇ ਜੇਲ੍ਹੀਂ ਡੱਕਿਆ ਗਿਆ ਹੈ।ਕਿਸਾਨ ਆਗੂ ਨੇ ਮੰਗ ਕੀਤੀ ਹੈ ਕਿ ਸਾਰੀਆਂ ਰੋਕਾਂ ਹਟਾਈਆਂ ਜਾਣ ਤੇ ਗ੍ਰਿਫਤਾਰ ਕਿਸਾਨਾਂ ਨੂੰ ਬਿਨਾਂ ਸ਼ਰਤ ਤੁਰੰਤ ਰਿਹਾਅ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਕਿਸਾਨ ਜਥੇਬੰਦੀਆਂ ਦੇ ਦਿੱਲੀ ਚਲੋ ਮਾਰਚ ਨੂੰ ਰੋਕਣ ਲਈ ਸਰਕਾਰੀ ਸ਼ਕਤੀ ਦੀ ਬੇਤਹਾਸ਼ਾ ਵਰਤੋਂ ਕਰਨ ਅਤੇ ਲਾਠੀਚਾਰਜ, ਰਬੜ ਦੀ ਗੋਲੀ, ਅੱਥਰੂ ਗੈਸ ਦੇ ਗੋਲੇ ਸੁੱਟਣ ਤੇ ਸਮੂਹਕ ਗ੍ਰਿਫਤਾਰੀਆਂ ਕਰਨ ਲਈ ਮੋਦੀ ਸਰਕਾਰ ਦਾ ਸਖ਼ਤ ਵਿਰੋਧ ਕੀਤਾ ਤੇ ਨਿੰਦਾ ਕੀਤੀ।ਉਨ੍ਹਾ ਕਿਹਾ ਕਿ ਕਿਸਾਨਾਂ ਦੇ ਸ਼ਾਂਤਮਈ ਸੰਘਰਸ਼ 'ਤੇ ਹਮਲਾ ਕਰਨ ਲਈ ਪੁਲਸ ਤੇ ਹਥਿਆਰਬੰਦ ਸੁਰੱਖਿਆ ਬਲਾਂ ਦੀ ਬੇਕਦਰੀ ਇਹ ਦਰਸਾਉਂਦੀ ਹੈ ਕਿ ਮੋਦੀ ਸਰਕਾਰ ਲੋਕਾਂ ਦਾ ਭਰੋਸਾ ਗੁਆ ਚੁੱਕੀ ਹੈ।ਉਨ੍ਹਾਂ ਮੋਦੀ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਉਹ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਸੜਕਾਂ 'ਤੇ ਆਉਣ ਲਈ ਮਜਬੂਰ ਲੋਕਾਂ ਨੂੰ ਸਰਕਾਰ ਜਾਂ ਦੇਸ਼ ਦੇ ਦੁਸ਼ਮਣ ਨਾ ਸਮਝੇ।

## ...ਸਫ਼ਾ 1 ਦੇ ਬਾਕੀ

### ਸ਼ੰਭੂ ਬਾਰਡਰ 'ਤੇ...

ਕਾਂਗਰਸ ਦੇ ਸਾਬਕਾ ਪ੍ਰਧਾਨ ਰਾਹੁਲ ਗਾਂਧੀ ਨੇ ਕਿਸਾਨਾਂ ਦੇ 'ਦਿੱਲੀ ਚੱਲੋ' ਅੰਦੋਲਨ ਮਾਰਚ ਦੌਰਾਨ ਪੁਲਸ ਕਾਰਵਾਈ 'ਚ ਜ਼ਖ਼ਮੀ ਹੋਏ ਕਿਸਾਨਾਂ ਨਾਲ ਬੁੱਧਵਾਰ ਫੋਨ 'ਤੇ ਗੱਲਬਾਤ ਕੀਤੀ ਅਤੇ ਇਸ ਅੰਦੋਲਨ ਦੇ ਪ੍ਰਤੀ ਆਪਣਾ ਸਮਰਥਨ ਪ੍ਰਗਟਾਇਆ। ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਰਾਜਾ ਵੜਿੰਗ ਰਾਜਪੁਰਾ ਸਥਿਤ ਇੱਕ ਹਸਪਤਾਲ ਦੇ ਦੌਰੇ 'ਤੇ ਗਏ, ਜਿੱਥੇ ਉਨ੍ਹਾ ਫੋਨ 'ਤੇ ਰਾਹੁਲ ਗਾਂਧੀ ਦੀ ਗੱਲਬਾਤ ਜ਼ਖ਼ਮੀ ਕਿਸਾਨ ਗੁਰਮੀਤ ਸਿੰਘ ਨਾਲ ਕਰਵਾਈ। ਰਾਜਪੁਰਾ ਦੇ ਹਸਪਤਾਲ 'ਚ ਹੀ ਗੁਰਮੀਤ ਸਿੰਘ ਦਾ ਇਲਾਜ ਚੱਲ ਰਿਹਾ ਹੈ।

ਸ਼ੰਭੂ ਬਾਰਡਰ 'ਤੇ ਪੰਜਾਬ ਦੀ ਹੱਦ ਅੰਦਰ ਕਿਸਾਨਾਂ ਉਪਰ ਡਰੋਨਾਂ ਰਾਹੀਂ ਅੱਥਰੂ ਗੈਸ ਦੇ ਗੋਲੇ ਸੁੱਟਣ ਤੋਂ ਪੰਜਾਬ ਸਰਕਾਰ ਖਫਾ ਹੈ।ਪਟਿਆਲਾ ਦੇ ਡੀ ਸੀ ਸ਼ੌਕਤ ਅਹਿਮਦ ਪਰੇ ਨੇ ਪੰਜਾਬ ਦੀ ਸਰਹੱਦ ਵਿੱਚ ਡਰੋਨਾਂ ਦੇ ਦਾਖ਼ਲੇ 'ਤੇ ਇਤਰਾਜ਼ ਪ੍ਰਗਟਾਇਆ ਹੈ।ਉਨ੍ਹਾ ਅੰਬਾਲਾ ਦੇ ਡੀ ਸੀ ਤੇ ਐੱਸ ਪੀ ਨੂੰ ਪੱਤਰ ਲਿਖਿਆ ਹੈ, ਜਿਸ ਵਿੱਚ ਉਨ੍ਹਾ ਕਿਹਾ ਕਿ ਸ਼ੰਭੂ ਸਰਹੱਦ 'ਤੇ ਪੰਜਾਬ ਸਰਹੱਦ ਵਿੱਚ ਡਰੋਨ ਨਾ ਉਡਾਏ ਜਾਣ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡੀ ਸੀ ਨੇ ਕਿਹਾ ਕਿ ਇਤਰਾਜ਼ ਤੋਂ ਬਾਅਦ ਹਰਿਆਣਾ ਪੁਲਸ ਨੇ ਪੰਜਾਬ ਸਰਹੱਦ 'ਤੇ ਡਰੋਨਾਂ ਤੋਂ ਅੱਥਰੂ ਗੈਸ ਦੇ ਗੋਲੇ ਦਾਗਣੇ ਬੰਦ ਕਰ ਦਿੱਤੇ ਹਨ।

ਕਿਸਾਨ ਆਗੂ ਸਰਵਣ ਸਿੰਘ ਪੰਧੇਰ ਨੇ ਬੁੱਧਵਾਰ ਕਿਹਾ ਕਿ ਕਿਸਾਨ ਆਪਣੀਆਂ ਮੰਗਾਂ ਸੰਬੰਧੀ ਗੱਲਬਾਤ ਲਈ ਕੇਂਦਰ ਵੱਲੋਂ ਆਉਣ ਵਾਲੀ ਕਿਸੇ ਵੀ ਤਜਵੀਜ਼ 'ਤੇ ਵਿਚਾਰ ਕਰਨਗੇ, ਪਰ ਗੱਲਬਾਤ ਲਈ ਹਾਂ-ਪੱਖੀ ਮਾਹੌਲ ਸਿਰਜਿਆ ਜਾਣਾ ਚਾਹੀਦਾ ਹੈ।ਉਨ੍ਹਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਘੱਟੋ-ਘੱਟ ਸਮਰਥਨ ਮੁੱਲ (ਐੱਮ ਐੱਸ ਪੀ) ਦੀ ਗਾਰੰਟੀ ਦੇਣ ਲਈ ਕਾਨੂੰਨ ਬਣਾਉਣ ਦੀ ਅਪੀਲ ਕੀਤੀ।ਜਦੋਂ ਉਨ੍ਹਾ ਨੂੰ ਪੁੱਛਿਆ ਗਿਆ ਕਿ ਕੀ ਕਿਸਾਨਾਂ ਨੂੰ ਗੱਲਬਾਤ ਲਈ ਕੋਈ ਸੱਦਾ ਮਿਲਿਆ ਹੈ ਤਾਂ ਉਨ੍ਹਾ ਕਿਹਾ ਕਿ ਕਿਹਾ ਜਾ ਰਿਹਾ ਹੈ ਕਿ ਕੇਂਦਰ ਸਰਕਾਰ ਨੇ ਕਿਸਾਨਾਂ ਨੂੰ ਗੱਲਬਾਤ ਲਈ ਸੱਦਾ ਦਿੱਤਾ ਹੈ।ਅੰਬਾਲਾ ਨੇੜੇ ਸ਼ੰਭੂ ਸਰਹੱਦ 'ਤੇ ਪੱਤਰਕਾਰਾਂ ਨੂੰ ਉਨ੍ਹਾ ਕਿਹਾ, 'ਅਸੀਂ ਸੱਦੇ 'ਤੇ ਵਿਚਾਰ ਕਰਾਂਗੇ। ਬਾਰਡਰ 'ਤੇ ਡਟੇ ਹੋਏ ਕਿਸਾਨਾਂ ਦੇ ਨਾਲ-ਨਾਲ ਪੰਜਾਬ ਅਤੇ ਹਰਿਆਣਾ ਹੱਦ ਦੇ ਨਾਲ ਲੱਗਦੇ ਪਿੰਡਾਂ ਦੇ ਕਿਸਾਨ ਸਵੇਰੇ ਦਿਨ ਚੜ੍ਹਦਿਆਂ ਹੀ ਵੱਡੀ ਪੱਧਰ 'ਤੇ ਹੱਦ ਵਾਲੀ ਥਾਂ ਉੱਤੇ ਪਹੁੰਚਣੇ ਸ਼ੁਰੂ ਹੋ ਗਏ। ਇਸ ਤੋਂ ਇਲਾਵਾ ਵੱਡੀ ਪੱਧਰ ਉੱਤੇ ਲੋਕ ਕਿਸਾਨਾਂ ਲਈ ਲੰਗਰ ਲੈ ਕੇ ਪੁੱਜੇ। ਇਸ ਦੌਰਾਨ ਭਾਰਤੀ ਕਿਸਾਨ ਯੂਨੀਅਨ ਸਿਰਸਾ ਦੇ ਪ੍ਰਧਾਨ ਬਲਦੇਵ ਸਿੰਘ ਸਿਰਸਾ, ਮਾਝਾ ਕਿਸਾਨ ਸੰਘਰਸ਼ ਕਮੇਟੀ ਦੇ ਆਗੂ ਇੰਦਰਜੀਤ ਸਿੰਘ ਨੇ ਲੋਕਾਂ ਨੂੰ ਸ਼ਾਂਤ ਰਹਿਣ ਦੀ ਅਪੀਲ ਕਰਦਿਆਂ ਕਿਹਾ ਕਿ ਜਥੇਬੰਦੀਆਂ ਦੇ ਫੈਸਲੇ ਅਨੁਸਾਰ ਹਰ ਹਾਲਤ ਵਿੱਚ ਦਿੱਲੀ ਕੂਚ ਕੀਤਾ ਜਾਵੇਗਾ, ਪਰ ਸੰਜਮ ਬਣਾਈ ਰੱਖਣਾ ਸਭ ਤੋਂ ਅਹਿਮ ਹੈ, ਤਾਂ ਕਿ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੇ ਨੁਕਸਾਨ ਦਾ ਸਾਹਮਣਾ ਨਾ ਕਰਨਾ ਪਵੇ।

### ਸਾਬਰਮਤੀ ਰਿਵਰਫਰੰਟ...

ਸਵਾਲਾਂ ਦੇ ਜਵਾਬ ਦਿੰਦੇ ਹੋਏ ਸੂਬੇ ਦੇ ਹਵਾਬਾਜ਼ੀ ਮੰਤਰੀ ਬਲਵੰਤ ਸਿੰਘ ਰਾਜਪੂਤ ਨੇ ਇਹ ਜਾਣਕਾਰੀ ਦਿੱਤੀ। ਉਨ੍ਹਾ ਦੱਸਿਆ ਕਿ ਸੂਬਾ ਸਰਕਾਰ ਹੁਣ ਬੰਦ ਹੋ ਚੁੱਕੀ ਸੇਵਾ ਲਈ ਦਸੰਬਰ 2023 ਤੱਕ 17.5 ਕਰੋੜ ਰੁਪਏ ਖਰਚ ਕਰ ਚੁੱਕੀ ਹੈ। ਖ਼ਬਰਾਂ ਮੁਤਾਬਿਕ ਸਦਨ 'ਚ ਦਿੱਤੀ ਗਈ ਜਾਣਕਾਰੀ ਅਨੁਸਾਰ ਇਹ ਸੇਵਾ 80 ਦਿਨ ਤੱਕ ਚਾਲੂ ਰਹੀ। ਜ਼ਿਕਰਯੋਗ ਹੈ ਕਿ ਪ੍ਰਧਾਨ ਮੰਤਰੀ ਮੋਦੀ ਨੇ ਅਕਤੂਬਰ 2020 'ਚ ਇਹ ਸੇਵਾ ਸ਼ੁਰੂ ਕੀਤੀ ਸੀ। ਬਾਅਦ 'ਚ ਅਪ੍ਰੈਲ 2021 'ਚ ਬੰਦ ਕਰ ਦਿੱਤੀ ਗਈ। ਸੂਬਾ ਸਰਕਾਰ ਨੇ ਫਿਰ ਤੋਂ ਸੇਵਾ ਸ਼ੁਰੂ ਕਰਨ ਲਈ ਬੀਤੇ ਸਾਲ ਮਈ 'ਚ ਟੈਂਡਰ ਕੱਢੇ, ਪਰ ਕਿਸੇ ਵੀ ਏਜੰਸੀ ਨੇ ਇਸ 'ਚ ਦਿਲਚਸਪੀ ਨਹੀਂ ਦਿਖਾਈ।

### ਸੰਯੁਕਤ ਕਿਸਾਨ ਮੋਰਚਾ...

ਵਿਰੋਧ ਪ੍ਰਦਰਸ਼ਨ ਕਰਨ ਦੇ ਜਮਹੂਰੀ ਢੰਗ ਨੂੰ ਤਾਨਾਸ਼ਾਹੀ ਢੰਗ ਨਾਲ ਨਜਿੱਠੇ ਜਾਣ ਵਿਰੁੱਧ ਆਪਣੀ ਸਖ਼ਤ ਅਸੰਤੁਸ਼ਟੀ ਅਤੇ ਗੁੱਸੇ ਦਾ ਪ੍ਰਗਟਾਵਾ ਕੀਤਾ।ਸੰਯੁਕਤ ਕਿਸਾਨ ਮੋਰਚਾ ਨੇ ਕਿਹਾ ਕਿ ਲੋਕਾਂ ਦੀਆਂ ਰੋਜ਼ੀ-ਰੋਟੀ ਦੀਆਂ ਮੰਗਾਂ ਨੂੰ ਲੈ ਕੇ ਦੇਸ਼ ਭਰ 'ਚ ਉਭਰ ਰਹੇ ਸੰਘਰਸ਼ਾਂ ਦੇ ਚੱਲਦਿਆਂ ਲੋਕਾਂ ਦੇ ਵਿਰੋਧ ਨੂੰ ਦਬਾਉਣ ਦੀਆਂ ਕੋਸ਼ਿਸ਼ਾਂ ਅਸਫਲ ਹੋ ਜਾਣਗੀਆਂ।ਮੋਰਚੇ ਨੇ ਭਾਜਪਾ ਸਰਕਾਰਾਂ ਨੂੰ ਯਾਦ ਦਿਵਾਇਆ ਹੈ ਕਿ ਹੈ ਕਿ ਭਾਰਤ ਦਾ ਸੰਵਿਧਾਨ ਸਾਰੇ ਨਾਗਰਿਕਾਂ ਨੂੰ ਵਿਰੋਧ ਕਰਨ ਦਾ ਜਮਹੂਰੀ ਅਧਿਕਾਰ ਦਿੰਦਾ ਹੈ।ਜਿਸਨੂੰ ਭਾਜਪਾ ਆਪਣੇ ਫਾਸ਼ੀਵਾਦੀ ਤਾਨਾਸ਼ਾਹ ਤਰੀਕਿਆਂ ਨਾਲ ਕੁਚਲ ਰਹੀ ਹੈ।ਉਨ੍ਹਾਂ ਕਿਹਾ ਕਿ ਭਾਜਪਾ ਸਰਕਾਰਾਂ ਵੱਲੋਂ ਕੀਤੇ ਜਾ ਰਹੇ ਜਬਰ ਦਾ ਲੋਕ ਮੂੰਹ ਤੋੜ ਜਵਾਬ ਦੇਣਗੇ।ਮੀਟਿੰਗ ਵਿੱਚ ਬਲਬੀਰ ਸਿੰਘ ਰਾਜੇਵਾਲ, ਨਿਰਭੈ ਸਿੰਘ ਢੁੱਡੀਕੇ, ਪਰਮਿੰਦਰ ਸਿੰਘ ਪਾਲ ਮਾਜਰਾ, ਬੂਟਾ ਸਿੰਘ ਬੁਰਜਗਿੱਲ, ਜੰਗਵੀਰ ਸਿੰਘ ਚੌਹਾਨ, ਮਨਜੀਤ ਸਿੰਘ ਧਨੇਰ, ਬਿੰਦਰ ਸਿੰਘ ਗੋਲੇਵਾਲਾ, ਬੂਟਾ ਸਿੰਘ ਸ਼ਾਦੀਪੁਰ, ਰੁਲਦੂ ਸਿੰਘ ਮਾਨਸਾ, ਵੀਰ ਸਿੰਘ ਬੜਵਾ, ਅਵਤਾਰ ਸਿੰਘ ਮਹਿਮਾ, ਬਲਵਿੰਦਰ ਸਿੰਘ ਰਾਜੂ ਔਲਖ, ਸੁਖਦੇਵ ਸਿੰਘ ਅਰਾਈਆਂਵਾਲਾ, ਨਿਰਵੈਰ ਸਿੰਘ ਡਾਲੇਕੇ, ਹਰਬੰਸ ਸਿੰਘ ਸੰਘਾ, ਪ੍ਰੇਮ ਸਿੰਘ ਭੰਗੂ, ਕੁਲਦੀਪ ਸਿੰਘ ਵਜੀਦਪੁਰ, ਰਛਪਾਲ ਸਿੰਘ, ਕੰਵਲਪ੍ਰੀਤ ਸਿੰਘ ਪੰਨੂ, ਕਿਰਨਜੀਤ ਸੇਖੋਂ, ਦਵਿੰਦਰ ਸਿੰਘ, ਸਤਿੰਦਰ ਸਰਤਾਜ, ਸੰਦੀਪ ਅਰੋੜਾ, ਰਾਜਵਿੰਦਰ ਕੌਰ ਰਾਜੂ ਕੁਲਜਿੰਦਰ ਸਿੰਘ, ਮੁਕੇਸ਼ ਚੰਦਰ, ਹਰਵਿੰਦਰ ਸਿੰਘ ਆਦਿ ਕਿਸਾਨ ਆਗੂ ਹਾਜ਼ਰ ਸਨ।

### ਕਿਸਾਨ ਧਰਨੇ ਦੌਰਾਨ...

ਸਥਾਨਕ ਸਿਹਤ ਅਧਿਕਾਰੀਆਂ ਨੂੰ ਕਿਹਾ ਕਿ ਕਿਸੇ ਵੀ ਹੰਗਾਮੀ ਸਥਿਤੀ ਦੇ ਮੱਦੇਨਜ਼ਰ 14 ਐਂਬੂਲੈਂਸਾਂ ਨੂੰ ਲੋੜੀਂਦੇ ਸਟਾਫ਼ ਅਤੇ ਦਵਾਈਆਂ ਸਮੇਤ ਤਿਆਰ ਰੱਖਿਆ ਜਾਵੇ। ਉਨ੍ਹਾ ਦੱਸਿਆ ਕਿ ਸਿਵਲ ਹਸਪਤਾਲ ਰਾਜਪੁਰਾ ਸ਼ੰਭੂ ਬਾਰਡਰ ਦੇ ਨਜ਼ਦੀਕ ਹੋਣ ਕਾਰਨ ਇੱਥੇ ਘੱਟੋ-ਘੱਟ 40 ਜ਼ਖ਼ਮੀਆਂ ਨੂੰ ਦਾਖਲ ਕਰਵਾਇਆ ਗਿਆ ਹੈ, ਜਿਨ੍ਹਾਂ 'ਚੋਂ ਦੋ ਦੇ ਸਿਰ 'ਤੇ ਗੰਭੀਰ ਸੱਟਾਂ ਲੱਗੀਆਂ ਹਨ ਅਤੇ ਉਨ੍ਹਾਂ ਦਾ ਇਲਾਜ ਚੱਲ ਰਿਹਾ ਹੈ।

### ਕਿਸਾਨਾਂ 'ਤੇ ਹੋ ...

ਕੀਤੀ ਤਾਂ ਜਿਸ ਤਰ੍ਹਾਂ ਲੌਂਗੋਵਾਲ ਵਿਖੇ ਕਿਸਾਨ ਦੀ ਸ਼ਹਾਦਤ ਤੋਂ ਬਾਅਦ ਸਾਰੀਆਂ ਜਥੇਬੰਦੀਆਂ ਹਮਾਇਤ 'ਤੇ ਆਈਆਂ ਸਨ, ਸਾਡੀ ਜਥੇਬੰਦੀ ਉਸੇ ਤਰ੍ਹਾਂ ਡਟ ਕੇ ਤਿੱਖਾ ਵਿਰੋਧ ਕਰੇਗੀ। ਇਸ ਤੋਂ ਇਲਾਵਾ ਕੁਲਰੀਆਂ ਦੇ ਕਿਸਾਨਾਂ ਨੂੰ ਇਨਸਾਫ ਦਿਵਾਉਣ ਲਈ ਡੀ ਐੱਸ ਪੀ ਬੁਡਲਾਢਾ ਦੇ ਦਫਤਰ ਅੱਗੇ ਛੇ ਜਨਵਰੀ ਤੋਂ ਚੱਲ ਰਹੇ ਪੱਕੇ ਮੋਰਚੇ ਬਾਰੇ ਅਤੇ 16 ਫਰਵਰੀ ਨੂੰ 'ਭਾਰਤ ਬੰਦ' ਦੀ ਕਾਲ ਬਾਰੇ ਵਿਚਾਰਾਂ ਕੀਤੀਆਂ ਗਈਆਂ। ਜਥੇਬੰਦੀ ਦੇ ਸੂਬਾ ਮੀਤ ਪ੍ਰਧਾਨ ਹਰੀਸ਼ ਨੱਢਾ ਅਤੇ ਸੂਬਾ ਕਮੇਟੀ ਮੈਂਬਰ ਕੁਲਵੰਤ ਸਿੰਘ ਕਿਸ਼ਨਗੜ੍ਹ ਨੇ ਦੱਸਿਆ ਕਿ ਪੱਕਾ ਮੋਰਚਾ ਲੱਗੇ ਨੂੰ ਚਾਲੀ ਦਿਨ ਹੋ ਗਏ ਹਨ, ਪਰ ਪੰਜਾਬ ਦੀ ਮਾਨ ਸਰਕਾਰ ਕਿਸਾਨਾਂ ਦਾ ਸਬਰ ਪਰਖ ਰਹੀ ਹੈ। ਜਥੇਬੰਦੀ ਨੇ ਫੈਸਲਾ ਕੀਤਾ ਕਿ ਸਰਕਾਰ ਦੀ ਸਾਜ਼ਿਸ਼ੀ ਚੁੱਪ ਨੂੰ ਤੋੜਨ ਲਈ 16 ਫਰਵਰੀ ਤੋਂ ਬਾਅਦ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। 16 ਫਰਵਰੀ ਨੂੰ ਭਾਰਤ ਬੰਦ ਦੀਆਂ ਤਿਆਰੀਆਂ ਮੁਕੰਮਲ ਹਨ। ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਪੰਜਾਬ ਦੇ 13 ਜ਼ਿਲ੍ਹਿਆਂ ਵਿੱਚ ਗੱਜਵੱਜ ਕੇ ਭਾਰਤ ਬੰਦ ਦੇ ਪ੍ਰੋਗਰਾਮ ਵਿੱਚ ਸ਼ਾਮਲ ਹੋਵੇਗੀ। ਮੀਟਿੰਗ ਵਿੱਚ ਸੂਬਾ ਕਮੇਟੀ ਮੈਂਬਰ ਮੱਖਣ ਸਿੰਘ ਭੈਣੀ ਬਾਘਾ, ਸੂਬਾ ਖਜ਼ਾਨਚੀ ਬਲਵੰਤ ਸਿੰਘ ਉੱਪਲੀ, ਸੂਬਾ ਪ੍ਰੈੱਸ ਸਕੱਤਰ ਅੰਗਰੇਜ਼ ਸਿੰਘ ਮੁਹਾਲੀ ਤੋਂ ਇਲਾਵਾ ਲੁਧਿਆਣਾ ਤੋਂ ਜਗਤਾਰ ਸਿੰਘ ਦੇਹੜਕਾ, ਬਠਿੰਡਾ ਤੋਂ ਬਲਵਿੰਦਰ ਸਿੰਘ ਫੌਜੀ ਅਤੇ ਹਰਵਿੰਦਰ ਸਿੰਘ ਕੋਟਲੀ, ਫਾਜ਼ਿਲਕਾ ਤੋਂ ਹਰਮੀਤ ਸਿੰਘ, ਸੁਖਦੇਵ ਸਿੰਘ ਜਮਾਲ ਕੇ ਅਤੇ ਸਾਜਨ ਕੰਬੋਜ, ਬਰਨਾਲਾ ਤੋਂ ਸਾਹਿਬ ਸਿੰਘ ਬਡਬਰ ਅਤੇ ਗੁਰਦੇਵ ਸਿੰਘ ਮਾਂਗੇਵਾਲ, ਫਰੀਦਕੋਟ ਤੋਂ ਜੋਰਾ ਸਿੰਘ ਭਾਣਾ ਅਤੇ ਜਸਕਰਨ ਸਿੰਘ ਮੋਰਾਂਵਾਲੀ, ਮੁਕਤਸਰ ਸਾਹਿਬ ਤੋਂ ਗੁਰਦੀਪ ਸਿੰਘ ਖੁੱਡੀਆਂ, ਮਾਨਸਾ ਤੋਂ ਲਖਵੀਰ ਸਿੰਘ ਅਕਲੀਆ ਅਤੇ ਬਲਵਿੰਦਰ ਸ਼ਰਮਾ, ਬਲਕਾਰ ਸਿੰਘ ਚਹਿਲਾਂਵਾਲੀ, ਸੰਗਰੂਰ ਤੋਂ ਸੁਖਦੇਵ ਸਿੰਘ ਘਰਾਚੋਂ ਅਤੇ ਜਗਤਾਰ ਸਿੰਘ ਦੁੱਗਾਂ ਹਾਜ਼ਰ ਸਨ।


**AXIS BANK LTD.** — ਸਰਫੇਸੀ ਐਕਟ 2002 ਅਧੀਨ ਕਬਜ਼ਾ ਨੋਟਿਸ

ਰਿਟੇਲ ਐਸਟਸ ਸੈਂਟਰ : ਐਕਸਿਸ ਬੈਂਕ, ਲਿਮਟਿਡ, ਦੂਜੀ ਮੰਜ਼ਲ, ਜਾਇਦਾਦ#7-ਈ ਮਿਉਂਸਪਲ, 3903/1142/16, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001, ਕਾਰਪੋਰੇਟ ਦਫ਼ਤਰ :- 'ਐਕਸਿਸ ਹਾਊਸ' ਬਲਾਕ-ਬੀ,ਬੰਬੇ ਡਾਈਂਗ ਮਿੱਲਜ਼ ਕੰਪਾਊਂਡ, ਪਾਂਡੂਰੰਗ ਬੁਧਕਰ ਮਾਰਗ, ਵਰਲੀ, ਮੁੰਬਈ-400025, ਰਜਿ.ਦਫਤਰ : 'ਤ੍ਰਿਸ਼ੂਲ', ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਟੈਂਪਲ, ਲਾਅ ਗਾਰਡਨ ਐਲਿਸਬ੍ਰਿਜ, ਅਹਿਮਦਾਬਾਦ-380006

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਿਟਾਈਜੇਸ਼ਨ, ਰੀਕੰਸਟਰਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ 2002 ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਲਿਖੇ ਕਰਜ਼ਦਾਰਾਂ ਨੂੰ ਉਕਤ ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਨੋਟਿਸ 'ਚ ਦਰਸਾਈ ਰਕਮ ਜਮ੍ਹਾਂ ਕਰਾਉਣ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਰਕਮ ਦੀ ਅਦਾਇਗੀ 'ਚ ਨਾਕਾਮ ਰਹੇ ਹਨ। ਇਸ ਲਈ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਸੈਕਸ਼ਨ 13 (4) ਅਤੇ ਉਕਤ ਨਿਯਮ ਦੇ ਨਿਯਮ 8 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਦਰਜ ਜਾਇਦਾਦ ਦਾ ਕਬਜ਼ਾ ਲੈ ਲਿਆ ਹੈ।
ਕਰਜ਼ਦਾਰਾਂ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ 'ਤੇ ਐਕਸਿਸ ਬੈਂਕ ਲਿ. ਵੱਲੋਂ ਵਸੂਲੀ ਕੀਤੀ ਜਾਵੇਗੀ।

| ਲੜੀ ਨੰ: | ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ | ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ 'ਚ ਰਕਮ (ਰੁ.) |
|---|---|---|---|---|---|
| 1 | 1. ਸ੍ਰੀ ਮੋਨੀਸ਼ ਕੁਮਾਰ ਪੁੱਤਰ ਅਸ਼ਵਨੀ ਕੁਮਾਰ, 2. ਸ੍ਰੀਮਤੀ ਸਤੀਸ਼ ਕੁਮਾਰੀ ਪਤਨੀ ਅਸ਼ਵਨੀ ਕੁਮਾਰ, ਦੋਵੇਂ ਵਾਸੀ ਮਕਾਨ ਨੰ: 13, ਖਾਲਸਾ ਕਾਲਜ ਐਵੇਨਿਊ, ਨੇੜੇ ਡੀਅਰ ਕੰਪਿਊਟਰ ਸੈਂਟਰ, ਅੰਮ੍ਰਿਤਸਰ ਨਾਲ ਹੀ : ਮਕਾਨ ਨੰ: 63, ਤੁੰਗਪਾਈ, ਸਬ-ਅਰਬਨ, ਗਲੀ ਨੰ: 1, ਗੋਲਡਨ ਐਵੇਨਿਊ, ਮਜੀਠਾ ਰੋਡ (ਆਬਾਦੀ ਮੁਸਤਫਾਬਾਦ), ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ, ਨਾਲ ਹੀ : ਸ੍ਰੀ ਮੋਨੀਸ਼ ਕੁਮਾਰ ਪੁੱਤਰ ਅਸ਼ਵਨੀ ਕੁਮਾਰ ਮੈਸ. ਸਤਗੁਰੂ ਇਮੀਗ੍ਰੇਸ਼ਨ ਕੰਸਲਟੈਂਸੀ, ਦੁਕਾਨ ਨੰ: 30-ਏ, ਰਣਜੀਤ ਐਵੀਨਿਊ, ਸਾਹਮਣੇ ਅਨਮੋਲ ਜਨਰਲ ਸਟੋਰ ਅੰਮ੍ਰਿਤਸਰ। ਕਰਜ਼ਾ ਖਾਤਾ ਨੰ: ਪੀ ਐੱਚ ਆਰ. 068502242410 | ਬੈਨਾਮਾ ਵਸੀਕਾ ਨੰ: 13577 ਮਿਤੀ 13.02.2017 ਅਨੁਸਾਰ ਮੋਨੀਸ਼ ਕੁਮਾਰ ਪੁੱਤਰ ਅਸ਼ਵਨੀ ਕੁਮਾਰ ਅਤੇ ਸ੍ਰੀਮਤੀ ਸਤੀਸ਼ ਕੁਮਾਰੀ ਪਤਨੀ ਅਸ਼ਵਨੀ ਕੁਮਾਰ ਦੇ ਨਾਂਅ 'ਤੇ ਸਬ-ਰਜਿਸਟਰਾਰ ਅੰਮ੍ਰਿਤਸਰ-II ਸਨਮੁੱਖ ਰਜਿਸਟਰਡ ਜਾਇਦਾਦ ਨੰ: 63, ਰਕਬਾ 97.77 ਵਰਗ ਗਜ਼, ਖਸਰਾ ਨੰ: 1944/346-354 ਮਿਨ, ਖੱਤਾ ਖਤੌਨੀ ਨੰ: 593/987, ਜਮਾਂਬੰਦੀ ਸਾਲ 2012-13, ਤੁੰਗਪਾਈ, ਸਬ-ਅਰਬਨ, ਗਲੀ ਨੰ: 1, ਗੋਲਡਨ ਐਵੇਨਿਊ 88 ਫੁੱਟ ਰੋਡ, ਮਜੀਠਾ ਰੋਡ, (ਆਬਾਦੀ ਮੁਸਤਫਾਬਾਦ), ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁਝ। ਹੱਦਾਂ : (ਦਸਤਾਵੇਜ਼ਾਂ ਅਨੁਸਾਰ) : ਪੂਰਬ : ਗਲੀ 16 ਫੁੱਟ ਚੌੜੀ, ਪੱਛਮ : ਹੋਰਨਾਂ ਦੀ ਮਲਕੀਅਤ, ਉੱਤਰ : ਪਲਾਟ ਨੰ: 64, ਦੱਖਣ : ਪਲਾਟ ਨੰ: 62 | 01 ਸਤੰਬਰ 2021 | 12 ਫਰਵਰੀ 2024 | ਰੁ: 1636219/- (ਸੋਲਾਂ ਲੱਖ ਛੱਤੀ ਹਜ਼ਾਰ ਦੋ ਸੌ ਉਨੀ ਰੁਪਏ) |

ਉਕਤ ਦਰਜ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਾਰੰਟਰਾਂ ਨੂੰ ਰਕਮ ਦੀ ਅਦਾਇਗੀ ਲਈ 30 ਦਿਨਾਂ ਦਾ ਨੋਟਿਸ ਦਿੱਤਾ ਜਾਂਦਾ ਹੈ। ਨਹੀਂ ਤਾਂ ਰਹਿਣ ਕੀਤੀ ਜਾਇਦਾਦ ਇਸ ਨੋਟਿਸ ਦੀ ਪ੍ਰਕਾਸ਼ਨਾ ਤੋਂ 30 ਦਿਨਾਂ ਦਾ ਸਮਾਂ ਖਤਮ ਹੋ ਜਾਣ 'ਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਤੇ 9 ਦੀਆਂ ਵਿਵਸਥਾਵਾਂ ਅਨੁਸਾਰ ਵੇਚ ਦਿੱਤੀ ਜਾਵੇਗੀ।
ਮਿਤੀ : 15.02.2024, ਸਥਾਨ : ਅੰਮ੍ਰਿਤਸਰ — ਸਹੀ/- (ਅਧਿਕਾਰਤ ਅਫਸਰ), ਐਕਸਿਸ ਬੈਂਕ ਲਿਮਟਿਡ

**AXIS BANK LTD.** — ਸਰਫੇਸੀ ਐਕਟ 2002 ਤਹਿਤ ਕਬਜ਼ਾ ਨੋਟਿਸ

ਰਿਟੇਲ ਐੱਸਟ ਸੈਂਟਰ : ਐਕਸਿਸ ਬੈਂਕ ਲਿਮ. ਐੱਸ ਸੀ ਓ 367-368, ਸੈਕਟਰ-34 ਏ, ਚੰਡੀਗੜ੍ਹ-160022, ਕਾਰਪੋਰੇਟ ਦਫ਼ਤਰ : 'ਐਕਸਿਸ ਹਾਊਸ', ਬਲਾਕ-ਬੀ, ਬੰਬੇ ਡਾਈਂਗ ਮਿੱਲਜ਼ ਕੰਪਾਊਂਡ, ਪਾਂਡੂਰੰਗ ਬੁਧਕਰ ਮਾਰਗ, ਵਰਲੀ, ਮੁੰਬਈ-400025, ਰਜਿ. ਦਫਤਰ : 'ਤ੍ਰਿਸ਼ੂਲ', ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਮੰਦਰ, ਲਾਅ ਗਾਰਡਨ, ਐਲਿਸਬ੍ਰਿਜ, ਅਹਿਮਦਾਬਾਦ-38006

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜ਼ੇਸ਼ਨ, ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਅਸੈੱਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ 2002 ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਲਿਖੇ ਕਰਜ਼ਦਾਰਾਂ ਨੂੰ ਉਕਤ ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਨੋਟਿਸ 'ਚ ਦਰਸਾਈ ਰਕਮ ਜਮ੍ਹਾਂ ਕਰਾਉਣ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਰਕਮ ਦੀ ਅਦਾਇਗੀ 'ਚ ਨਾਕਾਮ ਰਹੇ ਹਨ। ਇਸ ਲਈ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਸੈਕਸ਼ਨ 13 (4) ਅਤੇ ਉਕਤ ਨਿਯਮ ਦੇ ਨਿਯਮ 8 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਦਰਜ ਮਿਤੀਆਂ ਨੂੰ ਹੇਠਾਂ ਦਰਜ ਜਾਇਦਾਦ ਦਾ ਕਬਜ਼ਾ ਲੈ ਲਿਆ ਹੈ।
ਕਰਜ਼ਦਾਰਾਂ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ 'ਤੇ ਐਕਸਿਸ ਬੈਂਕ ਲਿ. ਵੱਲੋਂ ਵਸੂਲੀ ਕੀਤੀ ਜਾਵੇਗੀ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ | ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ 'ਚ ਰਕਮ (ਰੁਪਏ) |
|---|---|---|---|---|---|
| 1 | ਸ੍ਰੀਮਤੀ ਦਿਵਿਆ ਰਾਣੀ ਮਾਰਫਤ ਅਸ਼ੋਕ ਕੁਮਾਰ ਸ਼ਰਮਾ, 1328, ਗਿਲੋ ਵੈਲੀ, ਬਜਟ ਹੋਮ, ਖਰੜ, ਐੱਸ ਏ ਐੱਸ ਨਗਰ, ਮੋਹਾਲੀ, ਪੰਜਾਬ-140301 (2) ਸ੍ਰੀ ਅੰਕੁਸ਼ ਢੁੱਗ ਪੁੱਤਰ ਵਿਜੇ ਢੁੱਗ, ਬੀ-1/25, ਬਲਾਕ-ਬੀ-1, ਬੁੱਧ ਵਿਹਾਰ, ਫੇਜ਼-1, ਸੁਲਤਾਨਪੁਰੀ, ਸੀ-ਬਲਾਕ ਨਾਰਥ ਵੈੱਸਟ ਦਿੱਲੀ-110086 | ਰਿਹਾਇਸ਼ੀ ਜਾਇਦਾਦ, ਜਿਸ ਦਾ ਯੂ ਆਈ ਡੀ ਨੰ. ਬੀ022-0294526 ਅਤੇ ਨਕਸ਼ਾ ਨੰ. 37 ਮਿਤੀ (17-07-2019) ਰਕਬਾ 0 ਕਨਾਲ 2.76 ਮਰਲੇ, ਖੱਤਾ ਨੰ. 203/251, 252, ਖਸਰਾ ਨੰ. 8//19 (7-8), 20/1 (4-4), 276/23200 ਦਾ 2 ਰਕਬਾ 11 ਕਨਾਲ 12 ਮਰਲੇ, ਪੈਮਾਇਸ਼ 2.76 ਮਰਲੇ ਸਵਰਾਜ ਇਨਕਲੇਵ, ਵਾਕਿਆ ਰਕਬਾ ਪਿੰਡ ਛੱਜੂ ਮਾਜਰਾ, ਹੱਦਬਸਤ ਨੰ. 33, ਤਹਿਸੀਲ ਖਰੜ, ਜ਼ਿਲ੍ਹਾ ਐੱਸ ਏ ਐੱਸ ਨਗਰ, ਮੁਹਾਲੀ, ਪੰਜਾਬ ਨਾਲ ਸੰਬੰਧਤ ਸਭ ਕੁਝ। ਹੱਦਾਂ ਹੇਠ ਲਿਖੇ ਅਨੁਸਾਰ : ਪੂਰਬ : ਹੋਰ ਮਾਲਕ 17'-6", ਪੱਛਮ : ਸੜਕ 17'-6", ਉੱਤਰ : ਮਕਾਨ 42'-6", ਦੱਖਣ : ਮਕਾਨ 42'-6" | 17 ਜੁਲਾਈ 2023 | 12 ਫਰਵਰੀ 2024 ਖਰੜ, ਪੰਜਾਬ | ਰੁਪਏ 28,34,963/- (ਅਠਾਈ ਲੱਖ ਚੌਂਤੀ ਹਜ਼ਾਰ ਨੌਂ ਸੌ ਤਰੇਹਠ ਰੁਪਏ ਕੇਵਲ) |
| 2 | ਸ੍ਰੀ ਵਿਕਾਸ ਸ੍ਰੀਵਾਸਤਵਾ ਪੁੱਤਰ ਚੰਦਰ ਮੋਹਨ ਸ੍ਰੀਵਾਸਤਵਾ, ਮਕਾਨ ਨੰ. 46, ਗੁਰਜੀਵਨ ਵਿਹਾਰ, ਢਕੋਲੀ, ਐੱਮ ਸੀ ਜ਼ੀਰਕਪੁਰ, ਤਹਿਸੀਲ ਡੇਰਾਬਸੀ, ਜ਼ਿਲ੍ਹਾ ਐੱਸ ਏ ਐੱਸ ਨਗਰ (ਮੋਹਾਲੀ)-140603, ਨਾਲ ਹੀ : ਸ੍ਰੀ ਵਿਕਾਸ ਸ੍ਰੀਵਾਸਤਵਾ ਪੁੱਤਰ ਚੰਦਰ ਮੋਹਨ ਸ੍ਰੀਵਾਸਤਵਾ ਸੀਨੀ. ਐਗਜ਼ੀਕਿਊਟਿਵ (ਐੱਚ ਆਰ) ਮੈਸ: ਵਸ਼ਰਵ ਬਿਜ਼ਨੈੱਸ ਸਲਿਊਸ਼ਨਜ਼ ਪ੍ਰਾਈਵੇਟ ਲਿਮਟਿਡ, ਜ਼ੋਨ-4, ਦੂਜੀ ਮੰਜ਼ਲ, ਲੈਂਡਮਾਰਕ ਪਲਾਜ਼ਾ, ਕੁਆਰਕ ਸਿਟੀ ਐੱਸ ਈ ਜ਼ੈੱਡ ਏ-40, ਇੰਡਸਟਰੀਅਲ ਫੋਕਲ ਪੁਆਇੰਟ, ਫੇਜ਼-VIII, ਐਕਸਟੈਨਸ਼ਨ ਮੋਹਾਲੀ, ਪੰਜਾਬ-160071, ਇੰਡੀਆ ਵਿਖੇ (2) ਚੰਦਰ ਮੋਹਨ ਸ੍ਰੀਵਾਸਤਵਾ ਪੁੱਤਰ ਸ੍ਰੀ ਬਨਾਰਸੀ ਦਾਸ ਸ੍ਰੀਵਾਸਤਵਾ, ਮਕਾਨ ਨੰ. 46, ਗੁਰਜੀਵਨ ਵਿਹਾਰ, ਢਕੋਲੀ, ਐੱਮ ਸੀ ਜ਼ੀਰਕਪੁਰ, ਤਹਿਸੀਲ ਡੇਰਾਬਸੀ, ਜ਼ਿਲ੍ਹਾ ਐੱਸ ਏ ਐੱਸ ਨਗਰ (ਮੋਹਾਲੀ)-140603, (3) ਸ੍ਰੀ ਵਿਸ਼ਾਲ ਸ੍ਰੀਵਾਸਤਵਾ ਪੁੱਤਰ ਚੰਦਰ ਮੋਹਨ ਸ੍ਰੀਵਾਸਤਵਾ, ਮਕਾਨ ਨੰ. 46, ਗੁਰਜੀਵਨ ਵਿਹਾਰ, ਢਕੋਲੀ, ਐੱਮ ਸੀ ਜ਼ੀਰਕਪੁਰ, ਤਹਿਸੀਲ ਡੇਰਾਬਸੀ, ਜ਼ਿਲ੍ਹਾ ਐੱਸ ਏ ਐੱਸ ਨਗਰ (ਮੋਹਾਲੀ)-140603 | ਰਿਹਾਇਸ਼ੀ ਜਾਇਦਾਦ/ਮਕਾਨ ਨੰ. 46, ਰਕਬਾ 00 ਵਿਘੇ-03 ਵਿਸਵੇ (150 ਵਰਗ ਗਜ਼), ਕੁੱਲ ਜ਼ਮੀਨੀ ਖੇਤਰ 19 ਵਿਘੇ-03 ਵਿਸਵੇ ਦਾ 60/7660 ਹਿੱਸਾ ਖੱਤਾ ਨੰ. 65/66, ਖਸਰਾ ਨੰ. 475 (4-0), 476 (4-0), 477/2 (2-7), 478/2 (2-8), 482/2 (2-8), 483 (4-0), ਕਿੱਤੇ 6, ਹੱਦਬਸਤ ਨੰ. 48, ਗੁਰਜੀਵਨ ਵਿਹਾਰ ਵਿਖੇ ਸਥਿਤ, ਪਿੰਡ ਢਕੋਲੀ, ਐੱਮ ਸੀ ਜ਼ੀਰਕਪੁਰ, ਤਹਿਸੀਲ ਡੇਰਾਬਸੀ, ਜ਼ਿਲ੍ਹਾ ਐੱਸ ਏ ਐੱਸ ਨਗਰ (ਮੁਹਾਲੀ), ਪੰਜਾਬ। ਹੱਦਾਂ : ਪੂਰਬ : ਸ੍ਰੀ ਵੀ ਡੀ ਜੋਸ਼ੀ, ਪੱਛਮ : ਰਸਤਾ 22' ਚੌੜਾ, ਉੱਤਰ : ਸ੍ਰੀਮਤੀ ਸੰਤੋਸ਼ ਕੁਮਾਰੀ, ਦੱਖਣ : ਸ੍ਰੀ ਰਵੀ ਪ੍ਰਕਾਸ਼ ਗੁਪਤਾ। | 01 ਅਗਸਤ 2022 | 9 ਫਰਵਰੀ 2024 ਢਕੋਲੀ, ਪੰਜਾਬ | ਰੁਪਏ 7,62,653/- (ਸੱਤ ਲੱਖ ਬਾਹਠ ਹਜ਼ਾਰ ਛੇ ਸੌ ਤਰਵੰਜਾ ਰੁਪਏ ਕੇਵਲ) |

ਉਕਤ ਦਰਜ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਾਰੰਟਰਾਂ ਨੂੰ ਰਕਮ ਦੀ ਅਦਾਇਗੀ ਲਈ 30 ਦਿਨਾਂ ਦਾ ਨੋਟਿਸ ਦਿੱਤਾ ਜਾਂਦਾ ਹੈ। ਨਹੀਂ ਤਾਂ ਰਹਿਣ ਕੀਤੀ ਜਾਇਦਾਦ ਇਸ ਨੋਟਿਸ ਦੀ ਪ੍ਰਕਾਸ਼ਨਾ ਤੋਂ 30 ਦਿਨਾਂ ਦਾ ਸਮਾਂ ਖਤਮ ਹੋ ਜਾਣ 'ਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਤੇ 9 ਦੀਆਂ ਵਿਵਸਥਾਵਾਂ ਅਨੁਸਾਰ ਵੇਚ ਦਿੱਤੀ ਜਾਵੇਗੀ।
ਮਿਤੀ : 15.02.2024 ਸਥਾਨ : ਮੋਹਾਲੀ — ਸਹੀ/-(ਅਧਿਕਾਰਤ ਅਫਸਰ), ਐਕਸਿਸ ਬੈਂਕ ਲਿਮਟਿਡ

# PAOS INDUSTRIES LTD.

REGD. & CORPORATE OFFICE : VILL. PAWA, G.T. ROAD, LUDHIANA - 141 120

**EXTRACT OF STANDALONE UN-AUDITED FINANCIAL RESULTS FOR THE QUARTER AND YEAR ENDED 31ST DECEMBER, 2023**

(Rs in Lakh)

| Sr. No. | Particulars | Quarter ended 31.12.2023 (Un-audited) | Quarter ended 30.09.2023 (Un-audited) | Quarter ended 31.12.2022 (Un-audited) | Year to Date 31.12.2023 (Un-audited) | Year to Date 31.12.2022 (Un-audited) |
|---|---|---|---|---|---|---|
| 1. | Total Income from operations | 0.00 | 0.00 | 0.00 | 0.00 | 0.00 |
| 2. | Other Income | 0.00 | 0.00 | 0.00 | 0.00 | 0.00 |
| 3. | **Net Profit/(Loss) for the period (before Tax, Exceptional and/or Extraordinary items)** | (6.39) | (6.69) | (6.23) | (22.52) | (20.79) |
| 4. | Net Profit/(Loss) for the period (after Tax, Exceptional and/or Extraordinary items) | (6.39) | (6.69) | (6.23) | (22.52) | (20.79) |
| 5. | **Total Comprehensive Income/(Loss) for the period [Comprising Profit for the period (after Tax) and Other Comprehensive Income (after Tax)]** | (6.39) | (6.69) | (6.23) | (22.52) | (20.79) |
| 6. | Equity Share Capital Face value of Rs 10/- per share | 610.36 | 610.36 | 610.36 | 610.36 | 610.36 |
| 7. | Reserves (excluding Revaluation Reserve) as per last audited FS (31/03/2023) | (2210.30) | (2210.30) | (2210.30) | (2210.30) | (2210.30) |
| 8. | Earnings Per Share (of Rs. 10/-each) (for continuing and discontinued operations) | | | | | |
| 9. | a) Basic | (0.10) | (0.11) | (0.10) | (0.37) | (0.34) |
| | b) Diluted | (0.10) | (0.11) | (0.10) | (0.37) | (0.34) |

**Notes :** The above Standalone were reviewed by the Audit Committee and approved by the Board of Directors at their meeting held on 14th February, 2024 and the same have been reviewed by the Statutory Auditors and the Limited Review Report does not contain any adverse remarks. As the company is no more a partner into PAOS Productions with effect from 01-10-2023 as such the consolidated Results have not prepared. The above is an extract of the detailed format of the Financial Results for the quarter and year to date results ending on 31st December, 2023 filed with Stock Exchanges under regulation 33 of the SEBI (Listing Obligations and Disclosure Requirement) Regulations, 2015. The full format of the financial results is available on the Company's website www.paosindustries.in and on the website of the stock exchange www.bseindia.com.

PLACE : LUDHIANA
DATE : 14-02-2024

For PAOS INDUSTRIES LIMITED
Sd/-
Managing Director


ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Fatehpuri
ਸੰਪਾਦਕ : ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

15-Fab-PAGE-3-1.qxd 2/14/2024 10:17 PM Page 1





# ਗਰੀਬਾਂ ਨੂੰ ਸਿੱਖਿਆ ਤੇ ਰੁਜ਼ਗਾਰ ਤੋਂ ਦੂਰ ਕਰਨ ਦੀ ਸਾਜ਼ਿਸ਼

*ਲੋਕ ਸਭਾ ਚੋਣਾਂ ਤੋਂ ਪਹਿਲਾਂ ਦੇਸ਼ ਦੀਆਂ ਸਰਕਰਦਾ ਵਿਦਿਆਰਥੀ ਜਥੇਬੰਦੀਆਂ ਨੇ ਸੋਮਵਾਰ ਦਿੱਲੀ ਵਿਚ ਪ੍ਰੈੱਸ ਕਾਨਫਰੰਸ ਕਰਕੇ ਕਿਹਾ ਕਿ ਮੋਦੀ ਸਰਕਾਰ ਵਿਦਿਆਰਥੀਆਂ, ਨੌਜਵਾਨਾਂ, ਮਹਿਲਾਵਾਂ, ਦਲਿਤ, ਘੱਟਗਿਣਤੀ ਤੇ ਗਰੀਬ ਵਰਗਾਂ ਨੂੰ ਸਿੱਖਿਆ ਤੇ ਰੁਜ਼ਗਾਰ ਤੋਂ ਦੂਰ ਕਰਨ ਦੀ ਸਾਜ਼ਿਸ਼ ਅਮਲ ਵਿਚ ਲਿਆ ਰਹੀ ਹੈ। ਇਨ੍ਹਾਂ ਨੇ ਮੋਦੀ ਦੇ 10 ਸਾਲਾ ਰਾਜ ’ਤੇ 10 ਦੋਸ਼ ਲਾਉਂਦਿਆਂ ਇਕ ਚਾਰਜਸ਼ੀਟ ਪੇਸ਼ ਕੀਤੀ, ਜਿਹੜੀ ਕਿ 18 ਰਾਜਾਂ ਵਿਚ 52 ਯੂਨੀਵਰਸਿਟੀਆਂ ਤੇ 4 ਕਾਲਜਾਂ ਦੇ ਕਰੀਬ ਇਕ ਲੱਖ ਵਿਦਿਆਰਥੀਆਂ ਤੇ ਵਿਦਿਆਰਥਣਾਂ ਵਿਚ ਸਿੱਖਿਆ ਤੇ ਰੁਜ਼ਗਾਰ ਨਾਲ ਜੁੜੇ ਤਿੰਨ ਸਵਾਲਾਂ ’ਤੇ ਸਰਵੇ ਕਰਕੇ ਤਿਆਰ ਕੀਤੀ ਗਈ ਹੈ। ਲਗਪਗ 92 ਫੀਸਦੀ ਵਿਦਿਆਰਥੀਆਂ ਨੇ ਕਿਹਾ ਕਿ ਪਿਛਲੇ 10 ਸਾਲਾਂ ਵਿਚ ਸਿੱਖਿਆ ਮਹਿੰਗੀ ਹੋਈ, ਜਿਸ ਨਾਲ ਗਰੀਬ ਤੇ ਕਮਜ਼ੋਰ ਤਬਕੇ ਦੇ ਵਿਦਿਆਰਥੀ ਉੱਚ ਸਿੱਖਿਆ ਤੋਂ ਦੂਰ ਹੋਏ। ਰੁਜ਼ਗਾਰ ਦੇ ਮੌਕੇ ਘਟੇ ਹਨ। ਯੂਨੀਵਰਸਿਟੀਆਂ ਤੇ ਕਾਲਜਾਂ ਵਿਚ ਆਰ ਐੱਸ ਐੱਸ ਤੇ ਭਾਜਪਾ ਨਾਲ ਜੁੜੇ ਲੋਕਾਂ ਨੂੰ ਨੌਕਰੀਆਂ ਵਿਚ ਪਹਿਲ ਦਿੱਤੀ ਗਈ। ਸਿਲੇਬਸ ਵਿਚ ਬਦਲਾਅ ਕਰਕੇ ਉਸ ਨੂੰ ਆਰ ਐੱਸ ਐੱਸ ਦੀ ਵਿਚਾਰਧਾਰਾ ਨਾਲ ਲੈਸ ਕਰ ਦਿੱਤਾ ਗਿਆ, ਜੋ ਕਿਸੇ ਵੀ ਪ੍ਰਗਤੀਸ਼ੀਲ ਤੇ ਜਮਹੂਰੀ ਸਮਾਜ ਲਈ ਨੁਕਸਾਨਦੇਹ ਹੈ।*

*ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ, ਆਲ ਇੰਡੀਆ ਸਟੂਡੈਂਟ ਐਸੋਸੀਏਸ਼ਨ, ਆਲ ਇੰਡੀਆ ਸੂਫੀ ਬੋਰਡ, ਸੀ ਆਰ ਜੇ ਡੀ, ਡੀ ਐੱਮ ਕੇ ਦੇ ਸਟੂਡੈਂਟ ਵਿੰਗ, ਨੈਸ਼ਨਲ ਸਟੂਡੈਂਟਸ ਯੂਨੀਅਨ ਆਫ ਇੰਡੀਆ, ਪ੍ਰੋਗ੍ਰੈਸਿਵ ਸਟੂਡੈਂਟਸ ਯੂਨੀਅਨ, ਸਟੂਡੈਂਟਸ ਫੈਡਰੇਸ਼ਨ ਆਫ ਇੰਡੀਆ, ਯੁਵਾ ਹੱਲਾ ਬੋਲ, ਸਮਾਜਵਾਦੀ ਛਾਤਰ ਸਭਾ, ਰੈਵੋਲਿਊਸ਼ਨਰੀ ਯੂਥ ਐਸੋਸੀਏਸ਼ਨ ਆਦਿ ਵੱਲੋਂ ਕੀਤੇ ਗਏ ਸਰਵੇਖਣ ਦੇ ਆਧਾਰ ’ਤੇ ਮੋਦੀ ਸਰਕਾਰ ’ਤੇ 10 ਦੋਸ਼ ਲਾਏ ਗਏ ਹਨ। ਇਨ੍ਹਾਂ ਵਿਚ ਪ੍ਰਮੁੱਖ ਫੀਸਾਂ ਵਿਚ ਵਾਧਾ, ਰੁਜ਼ਗਾਰ ਦੇ ਮੌਕਿਆਂ ਵਿਚ ਕਟੌਤੀ ਤੇ ਸਿੱਖਿਆ ਦਾ ਭਗਵਾਂਕਰਨ ਹਨ। ਸਰਵੇਖਣ ਮੁਤਾਬਕ ਉਸਮਾਨੀਆ ਯੂਨੀਵਰਸਿਟੀ ਵਿਚ 1000 ਫੀਸਦੀ, ਇਲਾਹਾਬਾਦ ਯੂਨੀਵਰਸਿਟੀ ਵਿਚ 400 ਫੀਸਦੀ ਤੇ ਦਿੱਲੀ ਯੂਨੀਵਰਸਿਟੀ ਵਿਚ ਪੀ ਐੱਚ ਡੀ ਕੋਰਸ ਦੀ ਫੀਸ 1800 ਫੀਸਦੀ ਵਧਾਈ ਗਈ ਹੈ। ਸਰਕਾਰੀ ਯੂਨੀਵਰਸਿਟੀਆਂ ਵਿਚ ਵੀ ਬਹੁਤੇ ਕੋਰਸਾਂ ਨੂੰ ਸੈਲਫ ਫਾਈਨੈਂਸ ਕਰਕੇ ਫੀਸ ਵਧਾਈ ਜਾ ਰਹੀ ਹੈ ਤੇ ਰਿਜ਼ਰਵੇਸ਼ਨ ਦੇ ਨਿਯਮਾਂ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਹਨ। ਫੀਸਾਂ ਵਧਾ ਕੇ ਉੱਚ ਸਿੱਖਿਆ ਨੂੰ ਇਕ ਵਰਗ ਤੱਕ ਸੀਮਤ ਕੀਤਾ ਜਾ ਰਿਹਾ ਹੈ। ਸਿੱਖਿਆ ਦਾ ਬਜਟ ਘਟਾ ਦਿੱਤਾ ਗਿਆ ਹੈ। ਨਵੀਂ ਸਿੱਖਿਆ ਨੀਤੀ-2020 ਤੇ ਯੂ ਜੀ ਸੀ ਰਾਹੀਂ ਉੱਚ ਸਿੱਖਿਆ ਨੂੰ ਬਰਬਾਦ ਕੀਤਾ ਜਾ ਰਿਹਾ ਹੈ। ਉੱਚ ਸਿੱਖਿਆ ਵਿੱਤੀ ਏਜੰਸੀ (ਹਾਇਰ ਐਜੂਕੇਸ਼ਨ ਫਾਈਨੈਂਸਿੰਗ ਏਜੰਸੀ) ਰਾਹੀਂ ਹੁਣ ਯੂਨੀਵਰਸਿਟੀਆਂ ਨੂੰ ਬਜਟ ਨਹੀਂ ਸਗੋਂ ਕਰਜ਼ਾ ਦਿੱਤਾ ਜਾ ਰਿਹਾ ਹੈ। ਇਹ ਕਰਜ਼ਾ ਯੂਨੀਵਰਸਿਟੀਆਂ ਫੀਸਾਂ ਵਿਚ ਵਾਧੇ ਕਰਕੇ ਉਤਾਰਨੀਆਂ। ਵਿਦਿਆਰਥੀ ਜਥੇਬੰਦੀਆਂ ਨੇ ਇਕ ਇਹ ਬਹੁਤ ਗੰਭੀਰ ਦੋਸ਼ ਲਾਇਆ ਹੈ ਕਿ ਯੂਨੀਵਰਸਿਟੀਆਂ ਤੇ ਕਾਲਜਾਂ ਵਿਚ ਵਿਦਿਆਰਥਣਾਂ ਦੀ ਸੁਰੱਖਿਆ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ। ਕੈਂਪਸਾਂ ਵਿਚ ਵਿਦਿਆਰਥਣਾਂ ਖੁਦ ਨੂੰ ਸੁਰੱਖਿਅਤ ਮਹਿਸੂਸ ਨਹੀਂ ਕਰ ਰਹੀਆਂ। ਬਨਾਰਸ ਹਿੰਦੂ ਯੂਨੀਵਰਸਿਟੀ ਵਿਚ ਭਾਜਪਾ ਨਾਲ ਜੁੜੇ ਤਿੰਨ ਮੁੰਡਿਆਂ ਵੱਲੋਂ ਇਕ ਵਿਦਿਆਰਥਣ ਨੂੰ ਨਿਰਵਸਤਰ ਕਰਨ ਦੀ ਘਟਨਾ ਇਸ ਦੀ ਸਭ ਤੋਂ ਤਾਜ਼ਾ ਮਿਸਾਲ ਹੈ। ਸਰਵੇ ਦੇ ਨਤੀਜਿਆਂ ਨੂੰ ਧਿਆਨ ਵਿਚ ਰੱਖ ਕੇ ਵਿਦਿਆਰਥੀ ਜਥੇਬੰਦੀਆਂ ਆਰ ਐੱਸ ਐੱਸ ਤੇ ਭਾਜਪਾ ਖਿਲਾਫ ਮੈਦਾਨ ਮੱਲਣ ਜਾ ਰਹੀਆਂ ਹਨ ਤੇ ਵਿਦਿਆਰਥੀ ਤੇ ਨੌਜਵਾਨ ਵਿਰੋਧੀ ਕੇਂਦਰੀ ਭਾਜਪਾ ਸਰਕਾਰ ਨੂੰ ਹਰਾਉਣ ਲਈ ਪੂਰਾ ਜ਼ੋਰ ਲਾਉਣਗੀਆਂ।*

# ਹਮ ਲਾਏ ਹੈਂ ਤੂਫ਼ਾਨ ਸੇ ਕਿਸ਼ਤੀ ਨਿਕਾਲ ਕੇ...

ਜਦੋਂ ਮੈਂ 1950-51 ਵਿਚ ਆਪਣੇ ਪਿਤਾ ਜੀ ਨਾਲ ਅਜ਼ਾਦੀ ਦਿਵਸ ਜਾਂ ਗਣਤੰਤਰ ਦਿਵਸ ਵੇਖਣ ਲਈ ਬਲਰਟਨ ਪਾਰਕ ਜਲੰਧਰ ਜਾਂਦਾ ਸੀ ਤਾਂ ਇੱਕ ਗਾਣਾ ਹਰ ਵਾਰ ਸੁਣਦਾ ਸੀ, ਜਿਹੜਾ ਬਹੁਤ ਚੰਗਾ ਲੱਗਦਾ ਸੀ। ਗਾਣੇ ਵਿਚ ਬੱਚਿਆਂ ਨੂੰ ਦੁਨੀਆ ਦੇ ਦਾਅ ਪੇਚ ਤੋਂ ਦੂਰ ਰਹਿਣ ਦੀ ਨਸੀਹਤ ਦਿੱਤੀ ਗਈ ਸੀ, ਮਤਲਬ ਸਾਨੂੰ ਸੰਸਾਰ ਦੇ ਦੇਸ਼ਾਂ ਦੇ ਕਿਸੇ ਗੁੱਟ ਵਿਚ ਸ਼ਾਮਲ ਨਹੀਂ ਹੋਣਾ ਚਾਹੀਦਾ। ਗਾਣੇ ਵਿਚ ਬੱਚਿਆਂ ਨੂੰ ਇਹ ਵੀ ਦੱਸਿਆ ਗਿਆ ਸੀ ਕਿ ਸਾਡੀ ਮੰਜ਼ਲ ਬਹੁਤ ਦੂਰ ਹੈ ਅਤੇ ਬੜਾ ਲੰਬਾ ਰਸਤਾ ਹੈ, ਜਿਸ ’ਤੇ ਅਸੀਂ ਅਜੇ ਚੱਲਣਾ ਹੈ। ਮੰਜ਼ਿਲ ਦੂਰ ਦਾ ਮਤਲਬ ਸੀ ਕਿ ਸਾਨੂੰ ਵਿਕਸਿਤ ਮੁਲਕਾਂ ਦੇ ਬਰਾਬਰ ਆਰਥਿਕ, ਸਮਾਜਿਕ ਅਤੇ ਵਿਗਿਆਨਕ ਤੌਰ ’ਤੇ ਹੋਣ ਲਈ ਅਜੇ ਬੜੇ ਲੰਬੇ ਰਸਤੇ ’ਤੇ ਚੱਲਣਾ ਪੈਣਾ ਹੈ। ਇਹ ਵੀ ਕਿਹਾ ਗਿਆ ਸੀ ਕਿ ਸਾਰੀ ਦੁਨੀਆ ਇੱਕ ਬਾਰੂਦ ਦੇ ਢੇਰ ’ਤੇ ਬੈਠੀ ਹੈ, ਮਤਲਬ ਕਿਸੇ ਵੀ ਮੁੱਦੇ ’ਤੇ, ਕਿਸੇ ਦੇ ਪਾਗਲਪਨ ਕਾਰਨ ਕਿਸੇ ਵੇਲੇ ਵੀ ਜੰਗ ਲੱਗਣ ਦਾ ਖਤਰਾ ਹੈ। ਭਾਵੇਂ 1945 ਤੋਂ ਬਾਅਦ ਅਜੇ ਤੱਕ ਕੋਈ ਐਟਮੀ ਜੰਗ ਨਹੀਂ ਲੱਗੀ ਹੈ, ਪਰ ਛੋਟੀਆਂ-ਮੋਟੀਆਂ ਜੰਗਾਂ ਕਾਫੀ ਲੱਗ ਚੁੱਕੀਆਂ ਹਨ ਅਤੇ ਹਰ ਛੋਟੀ ਜੰਗ ਦਾ ਐਟਮੀ ਜੰਗ ਵਿੱਚ ਤਬਦੀਲ ਹੋਣ ਦਾ ਖਤਰਾ ਮੌਜੂਦ ਹੁੰਦਾ ਹੈ।

ਜਵਾਹਰ ਲਾਲ ਨਹਿਰੂ ਗੁੱਟਨਿਰਪੇਖਤਾ ਲਹਿਰ ਦੀ ਸਥਾਪਨਾ ਦਾ ਇੱਕ ਅਹਿਮ ਮੈਂਬਰ ਸੀ ਅਤੇ ਇਸ ਵਿਚ ਵਧ-ਚੜ੍ਹ ਕੇ ਭਾਗ ਲਿਆ। ਗੁੱਟਨਿਰਪੇਖਤਾ ਵਾਲੀ ਸੋਚ ਕਾਰਨ ਹੀ ਨਹਿਰੂ ਨੇ ਮਿਲਖਾ ਸਿੰਘ ਨੂੰ ਪਾਕਿਸਤਾਨ ਵਿਚ ਹੋ ਰਹੀਆਂ ਦੌੜਾਂ ਵਿਚ ਭਾਗ ਲੈਣ ਲਈ ਇਹ ਕਹਿ ਕੇ ਭੇਜਿਆ ਕਿ ਇਸ ਨਾਲ ਦੋਵਾਂ ਮੁਲਕਾਂ ਵਿੱਚ ਦੋਸਤੀ ਪੈਦਾ ਹੋਵੇਗੀ, ਭਾਵੇਂ ਕਿ ਮਿਲਖਾ ਸਿੰਘ ਉੱਥੇ ਨਹੀਂ ਜਾਣਾ ਚਾਹੁੰਦਾ ਸੀ, ਉਸ ਦੇ ਦਿਲ ਵਿਚ ਪਾਕਿਸਤਾਨ ਪ੍ਰਤੀ ਨਫ਼ਰਤ ਸੀ, ਕਿਉਂਕਿ ਬਚਪਨ ਵਿਚ ਹੀ ਇਥੇ ਉਸ ਦੇ ਸਾਹਮਣੇ ਉਸ ਦਾ ਪਰਵਾਰ ਕਤਲ ਹੋਇਆ ਸੀ।

ਪਰ ਆਰ ਐੱਸ ਐੱਸ ਦੇ ਕੇਡਰ ਤੋਂ ਤਿਆਰ ਭਾਰਤੀਯ ਜਨਸੰਘ ਜੋ ਕਿ ਸਾਡੀ ਸੰਸਦ ਵਿਚ ਅਮਰੀਕਨ ਲਾਬੀ ਦੇ ਤੌਰ ’ਤੇ ਕੰਮ ਕਰ ਰਿਹਾ ਸੀ। ਉਹ ਗੁੱਟਨਿਰਪੇਖਤਾ ਦੇ ਵਿਰੁੱਧ ਸੀ, ਕਿਉਂਕਿ ਅਮਰੀਕਾ ਦੀ ਸ਼ੁਰੂ ਤੋਂ ਹੀ ਨੀਤੀ ਰਹੀ ਹੈ ਕਿ ਉਹ ਆਪਣੀ ਧੌਂਸ ਜਮਾਉਣ ਲਈ ਜਾਂ ਆਪਣੇ ਜੰਗੀ ਹਥਿਆਰਾਂ ਦੀ ਵਿਕਰੀ ਲਈ ਚਾਹੁੰਦਾ ਸੀ ਕਿ ਕਿਤੇ ਨਾ ਕਿਤੇ ਜੰਗ ਲੱਗੀ ਰਹੇ। ਜਦੋਂ ਭਾਰਤ ਅਤੇ ਚੀਨ ਵਿਚਕਾਰ ਸਰਹੱਦ ਦਾ ਤਕਰਾਰ ਹੋਇਆ, ਉਦੋਂ ਚੂ ਐੱਨ ਲਈ ਨੇ ਨਹਿਰੂ ਨੂੰ ਕਿਹਾ, ਸਾਡੀ ਤੁਹਾਡੇ ਨਾਲ ਕੋਈ ਲੜਾਈ ਨਹੀਂ, ਬਾਰਡਰ ਭਾਵੇਂ ਅਨਿਸ਼ਚਿਤ ਹੈ, ਪਰ ਇਹ ਅਹਿਮ ਮਸਲਾ ਨਹੀਂ ਹੈ ਅਤੇ ਮਿਲ ਬੈਠ ਕੇ ਇਹ ਵੀ ਨਿਸ਼ਚਿਤ ਹੋ ਜਾਏਗਾ। ਅਮਰੀਕਾ ਨੇ ਗਿਲਗਿਤ ਵਿਚ ਆਪਣਾ ਹਵਾਈ ਅੱਡਾ ਬਣਾ ਕੇ ਸਾਡੇ ਲਈ ਖਤਰਾ ਪੈਦਾ ਕਰ ਦਿੱਤਾ ਹੈ ਅਤੇ ਅਸੀਂ ਉਸ ਖਤਰੇ ਤੋਂ ਬਚਣ ਲਈ ਗਿਲਗਿਤ ਤੋਂ ਸਿਕਿਆਂਗ ਤੱਕ ਸੜਕ ਬਣਾ ਰਹੇ ਹਾਂ, ਜਿਹੜੀ ਕਿ ਸਾਡੀ ਸੁਰੱਖਿਆ ਲਈ ਬਹੁਤ ਅਹਿਮ ਹੈ। ਇਹ ਸੜਕ ਜਿਸ ਇਲਾਕੇ ਵਿਚ ਬਣ ਰਹੀ ਹੈ, ਉਹ ਇਲਾਕਾ ਅਨਿਸ਼ਚਿਤ ਬਾਰਡਰ ਵਿਚ ਹੈ ਅਤੇ ਉਪਜਾਊ ਨਹੀਂ ਹੈ, ਉਥੇ ਕੇਵਲ ਬਰਫ ਅਤੇ ਕੰਕਰ ਪੱਥਰ ਹਨ। ਅਸੀਂ ਤੁਹਾਨੂੰ ਇਸ ਦੇ ਬਦਲੇ ਉਪਜਾਊ ਜਗ੍ਹਾ ਦੇਣ ਨੂੰ ਤਿਆਰ ਹਾਂ। ਨਹਿਰੂ ਨੇ ਜਦੋਂ ਇਹ ਤਜਵੀਜ਼ ਸੰਸਦ ਵਿਚ ਰੱਖੀ ਤਾਂ ਜਨਸੰਘ ਦਾ ਇੱਕ ਮੈਂਬਰ ਪਾਰਲੀਮੈਂਟ ਭੜਕ ਉੱਠਿਆ। ਕਹਿੰਦਾ, ‘ਇਹ ਵੇਖੋ ਭਾਰਤ ਮਾਤਾ ਦਾ ਸਪੂਤ, ਜਿਹੜਾ ਭਾਰਤ ਮਾਤਾ ਨੂੰ ਕੰਕਰ ਪੱਥਰ ਦੱਸ ਰਿਹਾ ਹੈ।’ ਉਸ ਜਨਸੰਘ ਸਾਂਸਦ ਦੇ ਸਿਰ ’ਤੇ ਕੋਈ ਵਾਲ ਨਹੀਂ ਸੀ ਇਸਲਈ ਬੋਲਿਆ, ਜੇਕਰ ਮੇਰੇ ਸਿਰ ਤੇ ਕੋਈ ਵਾਲ ਨਹੀਂ ਤਾਂ ਕੀ ਮੈਂ ਸਿਰ ਕਟਾ ਦਿਆਂ? ਜਨਸੰਘ, ਮਤਲਬ ਕਿ ਅਮਰੀਕਨ ਲਾਬੀ ਦੀ ਪੂਰੀ ਕੋਸ਼ਿਸ਼ ਸੀ ਕਿ ਸਰਹੱਦ ਦੇ ਮਸਲੇ ਤੇ ਭਾਰਤ ਅਤੇ ਚੀਨ ਵਿਚ ਯੁੱਧ ਹੋ ਜਾਵੇ। ਇਸ ਨਾਲ ਅਮਰੀਕਾ ਨੂੰ ਇੱਕ ਇਹ ਲਾਭ ਸੀ ਬਿਨਾਂ ਜੰਗ ਲੜੇ ਚੀਨ ਦੀ ਜੰਗੀ ਤਾਕਤ ਦਾ ਪਤਾ ਲੱਗ ਜਾਵੇਗਾ ਅਤੇ ਦੂਜਾ ਇਸ ਜੰਗ ਨਾਲ ਸੰਸਾਰ ਵਿੱਚ ਚੀਨ ਦੀ ਕਮਿਊਨਿਸਟ ਪਾਰਟੀ ਨੂੰ ਬਦਨਾਮ ਕਰਨ ਦਾ ਮੌਕਾ ਮਿਲੇਗਾ ਅਤੇ ਭਾਰਤ ਵਿਚ ਵੀ ਕਮਿਊਨਿਸਟ ਬਦਨਾਮ ਹੋਣਗੇ। ਅਖੀਰ ਜੰਗ ਹੋਈ, ਜਿਸ ਵਿਚ ਸਾਡੇ ਕਾਫੀ ਸਾਰੇ ਜਵਾਨ ਸ਼ਹੀਦ ਹੋਏ ਅਤੇ ਕਾਫੀ ਮਾਲੀ ਨੁਕਸਾਨ ਹੋਣ ਦੇ ਨਾਲ-ਨਾਲ ਅਸੀਂ ਕਿੰਨਾ ਸਾਰਾ ਰਕਬਾ ਗੁਆ ਬੈਠੇ।



ਵਿਸ਼ਵਾ ਮਿੱਤਰ

ਇਹ ਲਾਬੀ ਅਜੇ ਵੀ ਬਾਦਸਤੂਰ ਕੰਮ ਕਰ ਰਹੀ ਹੈ। ਇਸ ਵਕਤ ਤਾਂ ਇਹ ਲਾਬੀ ਭਾਜਪਾ ਦੇ ਰੂਪ ਵਿਚ ਸੰਸਦ ਵਿਚ ਬਹੁ-ਗਿਣਤੀ ਵਿਚ ਹੈ। ਰੂਸ ਅਤੇ ਯੂਕਰੇਨ ਵਿੱਚ ਜੰਗ ਸ਼ੁਰੂ ਹੋਈ, ਜਿਹੜੀ ਅਜੇ ਵੀ ਚੱਲ ਰਹੀ ਹੈ। ਜੰਗ ਦਾ ਕਾਰਨ ਸਭ ਨੂੰ ਪਤਾ ਹੈ ਕਿ ਅਮਰੀਕਾ ਨਾਟੋ ਸੰਗਠਨ ਨਾਲ ਰੂਸ ਨੂੰ ਘੇਰਨਾ ਚਾਹੁੰਦਾ ਹੈ। ਇਸ ਲਈ ਅਮਰੀਕਾ ਨੇ ਯੂਕਰੇਨ ਨੂੰ ਕੁੱਝ ਲਾਲਚਾਂ ਨਾਲ ਤੁੱਖਣਾ ਦਿੱਤੀ ਕਿ ਉਹ ਨਾਟੋ ਸੰਗਠਨ ਦਾ ਮੈਂਬਰ ਬਣੇ, ਜਿਸ ’ਤੇ ਉਹ ਰਾਜ਼ੀ ਹੋ ਗਿਆ। ਰੂਸ ਨੇ ਯੂਕਰੇਨ ਦੇ ਰਾਸ਼ਟਰਪਤੀ ਨੂੰ ਨਾਟੋ ਦਾ ਮੈਂਬਰ ਬਣਨ ਤੋਂ ਵਰਜਿਆ, ਪਰ ਜਦੋਂ ਉਹ ਨਾ ਟਲਿਆ ਤਾਂ ਰੂਸ ਨੇ ਸਾਰੇ ਪਾਸਿਓਂ ਘੇਰੇ ਜਾਣ ਤੋਂ ਬਚਣ ਲਈ ਉਸ ’ਤੇ ਹਮਲਾ ਕਰ ਦਿੱਤਾ। ਹੁਣ ਭਾਰਤ ਦੀ ਮੋਦੀ ਸਰਕਾਰ ਸੰਸਾਰ ਵਿਚ ਸੱਚੇ ਬਣਨ ਲਈ ਇਹ ਤਾਂ ਕਹਿ ਰਹੀ ਹੈ ਕਿ ਮਸਲੇ ਜੰਗ ਨਾਲ ਹੱਲ ਨਹੀਂ ਹੁੰਦੇ, ਬਲਕਿ ਗੱਲਬਾਤ ਦੀ ਮੇਜ਼ ’ਤੇ ਹਲ ਹੁੰਦੇ ਹਨ, ਪਰ ਇਹ ਬਿਲਕੁਲ ਨਹੀਂ ਕਹਿੰਦੀ ਕਿ ਜੰਗ ਖਤਮ ਕਰਨ ਲਈ ਰੂਸ ਦੀ ਨਾਟੋ ਵੱਲੋਂ ਘੇਰਾਬੰਦੀ ਨਹੀਂ ਹੋਣ ਦਿੱਤੀ ਜਾਣੀ ਚਾਹੀਦੀ। ਇਹੋ ਰਵੱਈਆ ਮੋਦੀ ਸਰਕਾਰ ਨੇ ਇਜ਼ਰਾਈਲ ਅਤੇ ਫਲਸਤੀਨ ਦੀ ਜੰਗ ਦੇ ਮਸਲੇ ’ਤੇ ਰੱਖਿਆ ਹੋਇਆ ਹੈ। ਇਹ ਹਰ ਪੜ੍ਹਿਆ-ਲਿਖਿਆ ਜਾਣਦਾ ਹੈ ਇੰਗਲੈਂਡ ਨੇ ਮੁਸਲਿਮ ਇਲਾਕੇ ਫਲਸਤੀਨ ਵਿਚ ਯਹੂਦੀਆਂ ਦਾ ਇੱਕ ਦੇਸ਼ ਇਜ਼ਰਾਈਲ ਇਸ ਲਈ ਬਣਾਇਆ ਤਾਂ ਕਿ ਮੁਸਲਿਮ ਦੇਸ਼ਾਂ ਦੇ ਤੇਲ ਦੇ ਖੂਹਾਂ ’ਤੇ ਕਬਜ਼ਾ ਕੀਤਾ ਜਾਵੇ ਜਾਂ ਮੁਸਲਿਮ ਦੇਸ਼ਾਂ ਨੂੰ ਤੇਲ ਦੇ ਰੇਟ ਇੰਗਲੈਂਡ ਦੀ ਮਰਜ਼ੀ ਅਨੁਸਾਰ ਤਹਿ ਕਰਨ ਲਈ ਮਜ਼ਬੂਰ ਕੀਤਾ ਜਾ ਸਕੇ। ਹੁਣ ਇਹ ਕੰਮ ਅਮਰੀਕਾ ਨੇ ਸੰਭਾਲ ਲਿਆ ਹੈ। ਅਮਰੀਕਾ ਜਦੋਂ ਦਿਲ ਕਰਦਾ ਹੈ, ਇਜ਼ਰਾਈਲ ਨੂੰ ਸ਼ਿਸ਼ਕਾਰ ਦੇਂਦਾ ਹੈ ਅਤੇ ਉਹ ਫਲਸਤੀਨ ਜਾਂ ਹੋਰ ਮੁਸਲਿਮ ਮੁਲਕਾਂ ’ਤੇ ਹਮਲਾ ਕਰ ਦੇਂਦਾ ਹੈ। ਇਜ਼ਰਾਈਲ ਅਮਰੀਕੀ ਡਾਲਰਾਂ ਅਤੇ ਹਥਿਆਰਾਂ ਦੀ ਮਦਦ ਨਾਲ ਫਲਸਤੀਨ ਵਿਚ ਨਸਲਕੁਸ਼ੀ ਕਰ ਰਿਹਾ ਹੈ। ਭਾਰਤ ਨੇ ਇਜ਼ਰਾਈਲ-ਫਲਸਤੀਨ ਜੰਗ ਵਿੱਚ ਵੀ ਉਹੋ ਪੁਰਾਣਾ ਰਵੱਈਆ ਰੱਖਦੇ ਹੋਏ ਕਿਹਾ ਹੈ ਕਿ ਜੰਗ ਨਹੀਂ ਹੋਣੀ ਚਾਹੀਦੀ, ਸ਼ਾਂਤੀ ਹੋਣੀ ਚਾਹੀਦੀ ਹੈ, ਪਰ ਇਹ ਕਦੇ ਭੁੱਲ ਕੇ ਵੀ ਨਹੀਂ ਕਿਹਾ ਕਿ ਅਮਰੀਕਾ ਜੰਗਬਾਜ਼ ਇਜ਼ਰਾਈਲ ਦੀ ਮਾਇਕ ਅਤੇ ਜੰਗੀ ਸਾਜ਼ੋ-ਸਾਮਾਨ ਦੀ ਮਦਦ ਨਾ ਕਰੇ। ਮੋਦੀ ਸਰਕਾਰ ਨੇ ਇਹ ਵੀ ਨਹੀਂ ਕਿਹਾ ਕਿ ਜਦੋਂ ਜੰਗਬੰਦੀ ਦਾ ਪ੍ਰਸਤਾਵ ਪੇਸ਼ ਹੁੰਦਾ ਹੈ ਤਾਂ ਅਮਰੀਕਾ ਨੂੰ ਵੀਟੋ ਨਹੀਂ ਕਰਨਾ ਚਾਹੀਦਾ। ਇੱਥੇ ਮੋਦੀ ਜੀ ਨੂੰ ਇਸ ਤੱਥ ਦਾ ਪਤਾ ਹੋਣਾ ਚਾਹੀਦਾ ਹੈ ਕਿ ਅਮਰੀਕਾ ਕਦੇ ਵੀ ਕਿਸੇ ਦਾ ਪੱਕਾ ਜਾਂ ਵਿਸ਼ਵਾਸ ਕਰਨ ਯੋਗ ਦੋਸਤ ਨਹੀਂ ਰਿਹਾ। ਸੰਸਾਰ ਵਿੱਚ ਭਾਵੇਂ ਕੁਝ ਵੀ ਹੋ ਜਾਵੇ, ਪਰ ਅਮਰੀਕਾ ਹਰ ਵਕਤ ਪਹਿਲਾਂ ਆਪਣੇ ਹਿੱਤ ਬਾਰੇ ਸੋਚਦਾ ਹੈ। ਪਹਿਲੀ ਸੰਸਾਰ ਜੰਗ ਵੇਲੇ ਅਮਰੀਕਾ ਨੇ ਯੂਰਪੀ ਦੇਸ਼ਾਂ ਨੂੰ ਜੰਗੀ ਹਥਿਆਰ ਵੇਚੇ ਅਤੇ ਕਰੋੜਾਂ ਡਾਲਰ ਕਮਾਏ ਜਿਹੜੇ ਕਿ ਉਦੋਂ ਦੇ ਖਰੀਦ ਮੁੱਲ ਅਨੁਸਾਰ ਅੱਜ ਦੇ ਅਰਬਾਂ-ਡਾਲਰਾਂ ਦੇ ਬਰਾਬਰ ਹਨ। ਅਮਰੀਕਾ ਦੇ ਮਿੱਤਰ ਯੂਰਪੀ ਦੇਸ਼ ਜੰਗ ਦੀ ਭੱਠੀ ਵਿਚ ਸੜ ਰਹੇ ਸਨ, ਪਰ ਅਮਰੀਕਾ ਨੇ ਜੰਗ ਵਿੱਚ ਪਹਿਲਾਂ ਹਿੱਸਾ ਨਹੀਂ ਲਿਆ ਅਤੇ ਨਿਰਪੱਖ ਰਹਿਣ ਦਾ ਫੈਸਲਾ ਲਿਆ। ਰਾਸ਼ਟਰਪਤੀ ਵੁਡਰੋ ਵਿਲਸਨ ਨੇ ਸੰਸਾਰ ਜੰਗ ਸ਼ੁਰੂ ਹੋਣ ਤੋਂ ਪਹਿਲਾਂ ਕਿਸੇ ਪਾਸਿਓਂ ਵੀ ਜੰਗ ਵਿਚ ਸ਼ਾਮਲ ਨਾ ਹੋਣ ਲਈ ਕਿਹਾ ਸੀ ‘ਅਮਰੀਕੀ ਪਹਿਲਾਂ’ ਮਤਲਬ ਕਿ ਅਮਰੀਕਾ ਦੇ ਲੋਕਾਂ ਦੇ ਹਿੱਤ ਪਹਿਲੇ ਨੰਬਰ ’ਤੇ ਅਤੇ ਬਾਕੀ ਸਭ ਕੁਝ ਬਾਅਦ ਵਿਚ। ਪਰ ਜਦੋਂ 1917 ਵਿਚ ਜਰਮਨੀ ਨੇ ਅਮਰੀਕੀ ਵਪਾਰਕ ਜਹਾਜ਼ਾਂ ’ਤੇ ਹਮਲੇ ਕੀਤੇ ਤਾਂ ਅਮਰੀਕਾ ਵੀ ਪਹਿਲੀ ਸੰਸਾਰ ਜੰਗ ਵਿੱਚ ਸ਼ਾਮਲ ਹੋ ਗਿਆ। ਅਮਰੀਕੀ ਲੋਕਾਂ ਦੇ ਹਿੱਤ ਪਹਿਲੇ ਨੰਬਰ ’ਤੇ ਰੱਖਦੇ ਹੋਏ ਦੂਜੀ ਸੰਸਾਰ ਜੰਗ ਵਿੱਚ ਵੀ ਅਮਰੀਕਾ ਯੂਰਪ ਨੂੰ ਜੰਗੀ ਸਾਜ਼ੋ ਸਾਮਾਨ ਵੇਚਦਾ ਰਿਹਾ, ਪਰ ਜੰਗ ਵਿਚ ਓਨੀ ਦੇਰ ਹਿੱਸਾ ਨਹੀਂ ਲਿਆ ਜਦ ਤੱਕ ਜਾਪਾਨ ਨੇ ਉਸ ਦੇ ਪਰਲ ਹਾਰਬਰ ’ਤੇ ਹਵਾਈ ਹਮਲਾ ਕਰਕੇ ਤਬਾਹੀ ਨਹੀਂ ਕੀਤੀ। ਦੂਜੀ ਸੰਸਾਰ ਜੰਗ ਵਿੱਚ ਅਮਰੀਕਾ ਦਾ ਆਰਥਿਕ ਨੁਕਸਾਨ ਘੱਟ ਅਤੇ ਹਥਿਆਰਾਂ ਦੀ ਵਿਕਰੀ ਤੋਂ ਆਮਦਨ ਵੱਧ ਹੋਈ।

ਭਾਰਤ ਅਤੇ ਚੀਨ ਵਿਚ ਲੜਾਈ ਭਾਵੇਂ ਆਪਣੇ ਹਿੱਤਾਂ ਲਈ ਅਮਰੀਕਾ ਨੇ ਆਪਣੀ ਭਾਰਤੀ ਲਾਬੀ ਰਾਹੀਂ ਲਗਵਾਈ, ਪਰ ਜੰਗ ਵਿਚ ਆਪ ਹਿੱਸਾ ਨਹੀਂ ਲਿਆ। ਅਮਰੀਕਾ ਯੂਕਰੇਨ ਅਤੇ ਇਜ਼ਰਾਈਲ ਨੂੰ ਹਥਿਆਰ ਸਪਲਾਈ ਕਰ ਰਿਹਾ ਹੈ ਜਾਂ ਵੇਚ ਰਿਹਾ ਹੈ, ਤਾਂ ਕਿ ਉਸ ਦੀ ਯੁੱਧ ਇੰਡਸਟਰੀ ਨੂੰ ਕਮਾਈ ਹੁੰਦੀ ਰਹੇ, ਪਰ ਆਪਣੇ ਲੋਕਾਂ ਦੇ ਹਿੱਤਾਂ ਨੂੰ ਪਹਿਲ ਦੇਂਦੇ ਹੋਏ ਆਪ ਜੰਗ ਵਿਚ ਹਿੱਸਾ ਨਹੀਂ ਲਿਆ। ਇੱਥੇ ਤੱਕ ਕਿ ਆਪ ਲੜਾਈ ਤੋਂ ਇੱਕ ਪਾਸੇ ਰਹਿਣ ਲਈ ਅਮਰੀਕਾ ਨੇ ਜਿਹੜੇ ਮਾਰੂ ਹਥਿਆਰ ਯੂਕਰੇਨ ਨੂੰ ਦਿੱਤੇ ਹਨ, ਉਹ ਕੇਵਲ ਯੂਕਰੇਨ ਆਪਣੀ ਸੁਰੱਖਿਆ ਲਈ ਵਰਤ ਸਕਦਾ ਹੈ, ਪਰ ਉਹਨਾਂ ਨਾਲ ਰੂਸ ’ਤੇ ਹਮਲਾ ਨਹੀਂ ਕਰ ਸਕਦਾ। ਯੂਕਰੇਨ ਨੂੰ ਅਮਰੀਕੀ ਹਥਿਆਰਾਂ ਨਾਲ ਰੂਸ ’ਤੇ ਹਮਲਾ ਕਰਨ ਤੋਂ ਇਸ ਲਈ ਵਰਜਿਆ, ਕਿਉਂਕਿ ਇਸ ਨਾਲ ਰੂਸ ਅਮਰੀਕਾ ਵਿਚ ਜੰਗ ਲੱਗਣ ਦਾ ਖਤਰਾ ਹੈ। ਜਦੋਂ ਹੂਤੀ ਸਹਾਇਤਾ ਨਾਲ ਸੋਮਾਲੀਆ ਦੇ ਸਮੁੰਦਰੀ ਲੁਟੇਰਿਆਂ ਨੇ ਅਮਰੀਕਾ ਦੇ ਵਪਾਰਕ ਜਹਾਜ਼ਾਂ ’ਤੇ ਹਮਲਾ ਕੀਤਾ, ਉਦੋਂ ਅਮਰੀਕਾ ਨੇ ਲੁਟੇਰਿਆਂ ’ਤੇ ਹਵਾਈ ਹਮਲੇ ਕੀਤੇ। ਇੱਕ ਅਜਿਹਾ ਦੇਸ਼ ਜਿਹੜਾ ਕੇਵਲ ਆਪਣੇ ਹਿੱਤਾਂ ਬਾਰੇ ਹੀ ਸੋਚਦਾ ਹੈ। ਕੀ ਕਦੇ ਭਾਰਤ ’ਤੇ ਜੰਗੀ ਹਮਲਾ ਹੋਣ ’ਤੇ ਸਾਡੀ ਸਹਾਇਤਾ ਲਈ ਅੱਗੇ ਆਵੇਗਾ, ਇਸ ਬਾਰੇ ਮੋਦੀ ਜੀ ਨੂੰ ਜ਼ਰੂਰ ਵਿਚਾਰ ਲੈਣਾ ਚਾਹੀਦਾ ਹੈ। ਇਹ ਨਾ ਹੋਵੇ ਕਿ ਅਮਰੀਕਾ ਤੋਂ ਕਿਸੇ ਵੀ ਮੁਸੀਬਤ ਵਿਚ ਸਹਾਇਤਾ ਦੇ ਸੁਪਨੇ ਲੈਂਦੇ ਹੋਏ ਅਸੀਂ ਰੂਸ ਅਤੇ ਅਰਬ ਦੇਸ਼ਾਂ ਨਾਲ ਆਪਣੇ ਸੰਬੰਧ ਵਿਗਾੜ ਲਈਏ।

# ਸੰਪਰਕ : 94176-32228

**ਸ਼ਰਧਾਂਜਲੀ ਸਮਾਗਮ ’ਤੇ ਵਿਸ਼ੇਸ਼**

# ਮੇਲਾ ਸਿੰਘ ਨੂੰ ਯਾਦ ਰੱਖਣਗੇ ਲੋਕ ਹੱਕਾਂ ਦੇ ਮੇਲੇ

**ਅਮੋਲਕ ਸਿੰਘ**

ਲੋਕਾਂ ਦੀ ਜ਼ਿੰਦਗੀ ਮੂਲੋਂ ਬਦਲਣ ਤੁਰੇ ਕਾਫ਼ਲੇ ਦੇ ਅੱਧੀ ਸਦੀ ਤੋਂ ਸੰਗੀ ਸਾਥੀ ਰਹੇ ਮੇਲਾ ਸਿੰਘ ਕੰਗਣਵਾਲ ਆਪਣੇ ਪਿੱਛੇ ਸੰਗਰਾਮੀ ਪੈੜਾਂ ਛੱਡ ਗਏ।

ਅੱਜ-ਕੱਲ੍ਹ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵਿਚ ਕੰਮ ਕਰਦੇ ਸਨ, ਮੇਲਾ ਸਿੰਘ ਕੰਗਣਵਾਲ (ਨੇੜੇ ਅਹਿਮਦਗੜ੍ਹ)। 1972 ਦੇ ਮੋਗਾ ਗੋਲੀ ਕਾਂਡ ਦੇ ਸਮਿਆਂ ਦਾ ਸੰਗਰਾਮੀ ਹਾਣੀ ਜ਼ਿੰਦਗੀ ਦੇ ਆਖ਼ਰੀ ਦਮ ਤੱਕ ਸਿਦਕਦਿਲੀ ਨਾਲ ਸਦਾ ਸਫ਼ਰ ’ਤੇ ਰਿਹਾ।1975 ਐਮਰਜੈਂਸੀ ਦਾ ਦੌਰ ਸੀ। ਉਸ ਵੇਲੇ ਗੁਰਸ਼ਰਨ ਭਾਅ ਜੀ ਦੇ ਨਾਟਕ ਕਰਵਾਏ। ਉਹ ਚੱਲ ਸੋ ਚੱਲ ਲੋਕ-ਪੱਖੀ ਲਹਿਰ ਦੇ ਨਾਲ਼ ਜੁੜੇ ਰਹੇ। ਉਹ ਪਿੰਡ ਪੱਧਰ ਦੀਆਂ ਸਰਗਰਮੀਆਂ ਤੋਂ ਲੈ ਕੇ ਸਮੇਂ-ਸਮੇਂ ਦੀਆਂ ਲੋਕ-ਪੱਖੀ, ਜਮਹੂਰੀ, ਇਨਕਲਾਬੀ ਅਤੇ ਕਮਿਊਨਿਸਟ ਇਨਕਲਾਬੀ ਲਹਿਰ ਦੇ ਸੱਚੇ ਸਿਪਾਹੀ ਅਤੇ ਕਾਮੇ ਬਣ ਕੇ ਲੋਕਾਂ ਦੀ ਮੁਕਤੀ ਲਹਿਰ ਨੂੰ ਸਮਰਪਿਤ ਰਹੇ। ਉਹ ਪੰਜਾਬ ਕਿਸਾਨ ਯੂਨੀਅਨ, ਬੱਸ ਕਿਰਾਇਆ ਘੋਲ਼, ਪੰਜਾਬ ਅੰਦਰ ਦੋਮੂੰਹੀ ਦਹਿਸ਼ਤਗਰਦੀ ਮੌਕੇ ਅਗਨ ਪ੍ਰੀਖਿਆ ਦੇ ਦੌਰ ’ਚ ਸਰਗਰਮ ਜਬਰ ਤੇ ਫਿਰਕਾਪ੍ਰਸਤੀ ਵਿਰੋਧੀ ਫਰੰਟ ਪੰਜਾਬ, ਪੱਲੇਦਾਰ ਕਾਮਿਆਂ ਦੇ ਜਾਨ ਹੂਲਵੇਂ ਲੰਮੇ ਘੋਲਾਂ, ਪੰਜਾਬ ਲੋਕ ਸੱਭਿਆਚਾਰਕ ਮੰਚ (ਪਲਸ ਮੰਚ), ਮਾਲੇਰਕੋਟਲਾ ਵਿਖੇ ਨਾਗਰਿਕਤਾ ਸੰਬੰਧੀ ਕਾਲੇ ਕਾਨੂੰਨਾਂ ਖਿਲਾਫ਼ ਵਿਸ਼ਾਲ ਰੈਲੀ, ਗੁਰਸ਼ਰਨ ਭਾਅ ਜੀ ਦੀ ਯਾਦ ’ਚ ਇਨਕਲਾਬੀ ਰੰਗ-ਮੰਚ ਦਿਹਾੜਾ ਬਰਨਾਲਾ, ਪੰਜਾਬੀ ਭਵਨ ਲੁਧਿਆਣਾ, ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਮੇਲਾ ਗ਼ਦਰੀ ਬਾਬਿਆਂ ਦਾ ਤੋਂ ਇਲਾਵਾ ਮਜ਼ਦੂਰਾਂ, ਕਿਸਾਨਾਂ ਅਤੇ ਮਿਹਨਤਕਸ਼ ਲੋਕਾਂ ਦੇ ਘੋਲਾਂ ਵਿੱਚ ਯੋਗਦਾਨ ਪਾਉਂਦੇ ਰਹੇ।

ਸ਼ਹੀਦ ਨਿਧਾਨ ਸਿੰਘ ਘੁਡਾਣੀ ਕਲਾਂ ਅਤੇ ਲੇਖਕ ਦੀ ਅਗਵਾਈ ਵਿੱਚ 1975 ਦੀ ਐਮਰਜੈਂਸੀ ਉਪਰੰਤ ਜਦੋਂ ਪੰਜਾਬ ਕਿਸਾਨ ਯੂਨੀਅਨ ਬਣਾਈ ਗਈ, ਉਸ ਮੌਕੇ ਅਹਿਮਦਗੜ੍ਹ ਖੇਤਰ ਦੇ ਪਿੰਡਾਂ ਵਿਚ ਮੇਲਾ ਸਿੰਘ ਕੰਗਣਵਾਲ ਨੇ ਲੋਕਾਂ ਨੂੰ ਆਪਣੇ ਹੱਕਾਂ ਪ੍ਰਤੀ ਜਾਗਰੂਕ ਅਤੇ ਲਾਮਬੰਦ ਹੋ ਕੇ ਸੰਘਰਸ਼ ਕਰਨ ਲਈ ਪ੍ਰੇਰਿਤ ਕੀਤਾ।

ਕੰਗਣਵਾਲ ਵਿਚ ਅਨੇਕਾਂ ਸਾਥੀਆਂ ਨਾਲ ਮਿਲ ਕੇ ਤਪਦੇ ਦਿਨਾਂ ਵਿਚ ਪੰਜਾਬ ਨਾਟਕ ਕਲਾ ਕੇਂਦਰ ਅਤੇ ਪਲਸ ਮੰਚ ਦੇ ਨਾਟਕ ਸਮਾਗਮਾਂ ਦੀ ਨਿਰੰਤਰਤਾ ਬਰਕਰਾਰ ਰੱਖੀ। ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਦੇ ਬਲਾਕ ਅਹਿਮਦਗੜ੍ਹ ਦੇ ਖਜ਼ਾਨਚੀ ਮੇਲਾ ਸਿੰਘ ਨੂੰ ਅੰਤਿਮ ਵਿਦਾਇਗੀ ਦੇਣ ਮੌਕੇ ਸਨਅਤੀ ਕਾਮਿਆਂ, ਕਿਸਾਨਾਂ ਦੇ ਝੰਡਿਆਂ ਨਾਲ਼ ਸਲਾਮੀ ਦੇ ਕੇ ਵਿਦਾ ਕਰਨਾ ਦਰਸਾਉਂਦਾ ਹੈ ਕਿ ਉਹ ਕਿਸਾਨ ਜੱਥੇਬੰਦੀ ਵਿਚ ਕੰਮ ਕਰਦੇ ਹੋਏ ਭਲੀ-ਭਾਂਤ ਜਾਣੂੰ ਸੀ ਕਿ ਦੇਸੀ ਵਿਦੇਸ਼ੀ ਕਾਰਪੋਰੇਟ ਘਰਾਣਿਆਂ ਦੇ ਜਕੜ ਪੰਜੇ ਵਿਚ ਆਏ ਲੋਕਾਂ ਦੀ ਮੁਕੰਮਲ ਮੁਕਤੀ ਸਮੂਹ ਮਿਹਨਤਕਸ਼ ਲੋਕਾਂ ਦੀ ਇੱਕਜੁੱਟ ਜੱਦੋਜਹਿਦ ਨਾਲ਼ ਹੀ ਸੰਭਵ ਹੈ।



ਮੇਲਾ ਸਿੰਘ ਨੇ ਖੇਤੀ ਕਿੱਤੇ ਦੇ ਨਾਲ-ਨਾਲ ਵੀਹ ਸਾਲ ਸ਼ਰੇਆਂਸ਼ ਪੇਪਰ ਮਿੱਲ ’ਚ ਬਤੌਰ ਸੁਪਰਵਾਈਜ਼ਰ ਕੰਮ ਕੀਤਾ। ਪਿਛਲੇ 50 ਸਾਲਾਂ ਤੋਂ ਇਨਕਲਾਬੀ ਜਮਹੂਰੀ ਲਹਿਰ ਦੇ ਸਰਗਰਮ ਕਾਰਕੁੰਨ ਹੁੰਦੇ ਹੋਏ ਹਰ ਤਰ੍ਹਾਂ ਦੀ ਲੁੱਟ, ਜਬਰ, ਅਨਿਆਂ, ਜਾਤੀ ਦਾਬੇ, ਧੌਂਸ, ਫਿਰਕਾਪ੍ਰਸਤੀ, ਗੈਰ-ਬਰਾਬਰੀ ਖਿਲਾਫ ਕਿਸਾਨਾਂ-ਮਜ਼ਦੂਰਾਂ ਨੂੰ ਜਥੇਬੰਦ ਕਰਨ ਅਤੇ ਸੰਘਰਸ਼ ਦੇ ਮੈਦਾਨ ਵਿੱਚ ਲਿਆਉਣ ਲਈ ਜੂਝਦੇ ਰਹੇ।

ਸਾਥੀ ਮੇਲਾ ਸਿੰਘ ਆਪਣੇ ਪਿੱਛੇ ਆਪਣੀ ਜੀਵਨ ਸਾਥਣ ਪਰਮਜੀਤ ਕੌਰ, ਪੁੱਤਰ ਅਰਸ਼ਦੀਪ ਸਿੰਘ, ਬੇਟੀ ਗੁਰਜੀਤ ਕੌਰ ਸਮੁੱਚੇ ਪਰਵਾਰ, ਇਨਕਲਾਬੀ ਲਹਿਰ ਦੇ ਸੰਗੀ-ਸਾਥੀਆਂ ਤੇ ਜਥੇਬੰਦੀ ਨੂੰ ਵਿਛੋੜਾ ਦੇ ਗਏ। ਜਿਸ ਸਮੇਂ ਅਨੇਕਾਂ ਮੇਲਾ ਸਿੰਘ ਲੋੜੀਂਦੇ ਨੇ, ਉਸ ਮੌਕੇ ਉਹਨਾਂ ਦਾ ਵਿਛੋੜਾ ਗਹਿਰੇ ਸੱਲ ਕਰ ਗਿਆ ਹੈ। ਲੋਕਾਂ ਦੀ ਜ਼ਿੰਦਗੀ ਨਾਲ ਜੁੜੇ ਹਕੀਕੀ ਮੁੱਦਿਆਂ ’ਤੇ ਸੰਗਰਾਮ ਅੱਗੇ ਤੋਰਨ ਅਤੇ ਫਿਰਕੂ ਫਾਸ਼ੀ ਹੱਲੇ ਨੂੰ ਪਛਾੜਨ ਦੀ ਜੱਦੋ-ਜਹਿਦ ਦੇ ਰਾਹਾਂ ’ਤੇ ਤੁਰਦਿਆਂ ਮੇਲਾ ਸਿੰਘ ਦੀ ਯਾਦ ਹਰ ਪਲ ਆਏਗੀ। ਪਿੰਡ ਕੰਗਣਵਾਲ ਵਿਖੇ ਮੇਲਾ ਸਿੰਘ ਦੀ ਯਾਦ ’ਚ 15 ਫਰਵਰੀ ਦਿਨ ਵੀਰਵਾਰ 12 ਵਜੇ ਵੱਡਾ ਗੁਰਦੁਆਰਾ ਸਾਹਿਬ ਕੰਗਣਵਾਲ (ਨੇੜੇ ਅਹਿਮਦਗੜ੍ਹ) ਵਿਖੇ ਸ਼ਰਧਾਂਜਲੀ ਸਮਾਗਮ ਮੌਕੇ ਮੇਲਾ ਸਿੰਘ ਦੇ ਮਾਣਮੱਤੇ ਜੀਵਨ ਸਫ਼ਰ ਦੀਆਂ ਪ੍ਰੇਰਨਾਦਾਇਕ ਯਾਦਾਂ ਸਾਂਝੀਆਂ ਕਰਦਿਆਂ ਉਹਨਾਂ ਦੇ ਅਧੂਰੇ ਕਾਜ਼ ਨੂੰ ਨੇਪਰੇ ਚਾੜ੍ਹਨ ਲਈ ਅਹਿਦ ਕੀਤਾ ਜਾਏਗਾ।

ਸੰਪਰਕ: 98778-68710

# ਖੇਤੀ ਖੇਤਰ ਵਿਚਲੀਆਂ ਨਵੀਆਂ ਤਕਨੀਕਾਂ ਬਾਰੇ ਖਦਸ਼ੇ ਅਤੇ ਹਕੀਕਤਾਂ

**ਕਰਮ ਬਰਸਟ**

ਖੇਤੀ ਜਿਣਸਾਂ ਅਤੇ ਇਸ ਨਾਲ ਜੁੜੀ ਖੁਰਾਕ ਸਨਅਤ ਵਿਚ ਸਮੇਂ-ਸਮੇਂ ਸੁਧਾਰ ਕਰ ਕੇ ਵਿਕਾਸ ਹੁੰਦਾ ਆਇਆ ਹੈ। ਹਰੇ ਇਨਕਲਾਬ ਦੀ ਤਕਨੀਕ ਤੋਂ ਪਹਿਲਾਂ ਦੀ ਖੇਤੀ ਵੱਲ ਨਜ਼ਰ ਮਾਰੀ ਜਾਵੇ ਤਾਂ ਮੰਡੀ ਲਈ ਵੇਚਣ ਲਈ ਤਾਂ ਕੀ ਬਚਣਾ ਸੀ, ਪਰਵਾਰ ਦਾ ਪੇਟ ਭਰਨਾ ਵੀ ਮੁਸ਼ਕਿਲ ਹੁੰਦਾ ਸੀ। ਸਰਦੇ-ਪੁੱਜਦੇ ਘਰਾਂ ਵਿਚ ਕਣਕ ਦਾ ਆਟਾ ਮਹਿਮਾਨਾਂ ਲਈ ਹੀ ਵਰਤਿਆ ਜਾਂਦਾ ਸੀ; ਨਹੀਂ ਤਾਂ ਟੱਬਰ ਦੇ ਜੀਆਂ ਲਈ ਬਾਜਰਾ, ਜੌਂਅ ਅਤੇ ਜਵਾਰ ਹੀ ਵਰਤੀ ਜਾਂਦੀ ਸੀ। ਹਰੇ ਇਨਕਲਾਬ ਤੋਂ ਬਾਅਦ ਕਣਕ ਅਤੇ ਝੋਨੇ ਦੀਆਂ ਵੱਧ ਝਾੜ ਦੇਣ ਵਾਲੀਆਂ ਕਿਸਮਾਂ ਆਈਆਂ। ਪੰਜਾਬ, ਹਰਿਆਣਾ, ਪੱਛਮੀ ਉੱਤਰ ਪ੍ਰਦੇਸ਼ ਅਤੇ ਦੱਖਣੀ ਰਾਜਾਂ ਦੇ ਉਪਜਾਊ ਤੇ ਮਿੱਠੇ ਪਾਣੀ ਵਾਲੇ ਚੋਣਵੇਂ ਖਿੱਤੇ ਚੁਣ ਕੇ ਜਿਹੜੀ ਤਕਨੀਕ ਵਰਤੀ ਗਈ, ਉਸ ਨਾਲ ਨਾ ਕੇਵਲ ਭਾਰਤ ਅਨਾਜ ਵਿਚ ਆਤਮ-ਨਿਰਭਰ ਬਣਿਆ, ਸਗੋਂ ਕਣਕ ਤੇ ਚੌਲ਼ਾਂ ਦੀ ਬਰਾਮਦ ਕਰਨ ਵਾਲਾ ਮੁਲਕ ਵੀ ਬਣ ਗਿਆ।

ਭਾਰਤ ਦੀ ਖੇਤੀ ਦਾ ਵਿਕਾਸ ਰਵਾਇਤੀ ਫਸਲਾਂ ਤੋਂ ਵੱਧ ਝਾੜ ਦੇਣ ਵਾਲੀਆਂ ਕਿਸਮਾਂ ਨਾਲ ਜੁੜਿਆ ਹੋਇਆ ਹੈ। ਨਵੀਆਂ ਕਿਸਮਾਂ ਨਾਲ ਜੁੜ ਕੇ ਪਾਣੀ ਦੀ ਕਿੱਲਤ, ਜ਼ਮੀਨ ਤੇ ਹਵਾ ਪ੍ਰਦੂਸ਼ਣ, ਜ਼ਮੀਨੀ ਸਿਹਤ ਵਿੱਚ ਨਿਘਾਰ ਤੋਂ ਇਲਾਵਾ ਖੇਤੀ ਖੇਤਰ ਵਿੱਚੋਂ ਕਾਸ਼ਤਕਾਰਾਂ ਅਤੇ ਮਜ਼ਦੂਰਾਂ ਦਾ ਨਿਕਾਸ ਵੀ ਹੋਇਆ। ਬੇਰੁਜ਼ਗਾਰੀ ਵਿਚ ਅਥਾਹ ਵਾਧਾ ਹੋਇਆ, ਕੰਮ ਦੇ ਮੌਕਿਆਂ ਅੰਦਰ ਬੇਹਿਸਾਬੀ ਕਟੌਤੀ ਹੋਈ ਅਤੇ ਵਿਹਲੜਪੁਣੇ ਦਾ ਰੁਝਾਨ ਵੀ ਵਧਿਆ। ਖੇਤੀ ਅੰਦਰ ਹੋਏ ਤੇਜ਼ ਵਿਕਾਸ ਦੇ ਮੁੱਢਲੇ ਦਹਾਕਿਆਂ ਅੰਦਰ ਪੇਂਡੂ ਖੇਤਰ ਵਿਚ ਗਿਣਨਯੋਗ ਖ਼ੁਸ਼ਹਾਲੀ ਆਈ। ਸਿਹਤ ਤੇ ਸਿੱਖਿਆ ਦਾ ਫੈਲਾਅ ਹੋਇਆ। ਇਸ ਦੇ ਨਾਲ ਹੀ ਪੰਜਾਬ ਅੰਦਰ ਸਰਕਾਰੀ ਸੇਵਾਵਾਂ ਖਾਸ ਕਰ ਕੇ ਸਿੱਖਿਆ, ਬਿਜਲੀ ਮਹਿਕਮਾ, ਪੁਲਸ ਆਦਿ ਅੰਦਰ ਰੁਜ਼ਗਾਰ ਦੇ ਮੌਕੇ ਵੱਡੀ ਪੱਧਰ ’ਤੇ ਪੈਦਾ ਹੋਣ ਨਾਲ ਚੰਗਾ ਚੋਖਾ ਮੱਧ ਵਰਗ ਹੋਂਦ ਵਿਚ ਆਇਆ ਹੈ।

ਹਰ ਨਵੀਂ ਤਕਨੀਕ ਅੱਗੇ ਹੋਰ ਤਕਨੀਕ ਨੂੰ ਜਨਮ ਦਿੰਦੀ ਹੈ। ਵਧੇਰੇ ਝਾੜ ਵਾਲੀਆਂ ਫਸਲਾਂ ਜੋ ਅਕਸਰ ਦੋ ਜਾਂ ਬਹੁਤੀਆਂ ਫਸਲਾਂ ਦਾ ਮੇਲਜੋਲ ਕਰਵਾ ਕੇ ਕੀਤੀਆਂ ਜਾਂਦੀਆਂ ਸਨ, ਉਸ ਦੀ ਜਗ੍ਹਾ ਜੀਨ ਸੋਧੀਆਂ ਕਿਸਮਾਂ ਦਾ ਪਸਾਰਾ ਹੋਣ ਲੱਗ ਪਿਆ। ਜੀਨ ਸੋਧੇ ਬੀਜ, ਭਾਵ ਜੈਨੇਟਿਕਲੀ ਮੋਡੀਫਾਈਡ (ਜੀ ਐੱਮ) ਬੀਜ ਖੇਤੀਬਾੜੀ ਫਸਲਾਂ ਦੇ ਉਤਪਾਦਨ ਵਿਚ ਅਗਲਾ ਅਹਿਮ ਕਦਮ ਹੈ। ਜੀਨ ਯੁਕਤ ਉਹ ਬੀਜ ਹੁੰਦੇ ਹਨ, ਜਿਨ੍ਹਾਂ ਨੂੰ ਕੁਝ ਵੱਖਰੀਆਂ ਵਿਸ਼ੇਸ਼ਤਾਵਾਂ ਨੂੰ ਸ਼ਾਮਲ ਕਰਨ ਲਈ ਸੋਧਿਆ ਜਾਂਦਾ ਹੈ ਪਰ ਜੀਨ ਯੁਕਤ ਬੀਜ ਤਿਆਰ ਕਰਨ ਲਈ ਵਰਤਿਆ ਜਾਂਦਾ ਤਰੀਕਾ ਪਰੰਪਰਾ ਵਾਲੀ ਵਿਧੀ ਤੋਂ ਵੱਖਰਾ ਹੈ। ਹੁਣ ਜੀਨਾਂ ਨੂੰ ਕਰਾਸ-ਫਰਟੀਲਾਈਜ਼ੇਸ਼ਨ ਦੇ ਤਰੀਕਿਆਂ ਨਾਲ ਨਹੀਂ ਸੋਧਿਆ ਜਾਂਦਾ, ਬਲਕਿ ਕਿਸੇ ਹੋਰ ਬੀਜ ਦਾ ਜੀਨ ਸੋਧੇ ਜਾਣ ਵਾਲੇ ਬੀਜ ਦੇ ਡੀ ਐੱਨ ਏ ਵਿਚ ਪਾਇਆ ਜਾਂਦਾ ਹੈ। ਕਿਹਾ ਜਾਂਦਾ ਹੈ ਕਿ ਪੈਦਾਵਾਰ ਦੀ ਇਹ ਵਿਧੀ ਵਧੇਰੇ ਕੁਸ਼ਲ, ਘੱਟ ਖਰਚੀਲੀ ਅਤੇ ਕਈ ਗੁਣਾ ਵੱਧ ਝਾੜ ਦੇਣ ਵਾਲੀ ਹੈ। ਇਸ ਤਕਨੀਕ ਦੇ ਆਲੋਚਕਾਂ ਦਾ ਤਰਕ ਹੈ ਕਿ ਇਹ ਮਨੁੱਖੀ ਸਿਹਤ, ਬਾਕੀ ਜੈਵਿਕ ਪ੍ਰਕਿਰਤੀ ਅਤੇ ਵਾਤਾਵਰਨ ਉਪਰ ਘਾਤਕ ਪ੍ਰਭਾਵ ਪਾਉਂਦੀ ਹੈ। ਸਿੱਟੇ ਵਜੋਂ ਇਹ ਤਕਨਾਲੋਜੀ ਵਿਵਾਦਾਂ ਵਿਚ ਘਿਰ ਗਈ ਹੈ।

ਪੰਜਾਬ ਅੰਦਰ ਜੀਨ ਯੁਕਤ ਸਰ੍ਹੋਂ ਦੀ ਪ੍ਰੀਖਿਆ ਲਈ ਕੀਤੀ ਜਾਣ ਵਾਲੀ ਖੋਜ ਨੂੰ ਲੈ ਕੇ ਕਿਸਾਨ ਜਥੇਬੰਦੀਆਂ ਅਤੇ ਜੈਵਿਕ ਖੇਤੀ ਤਕਨੀਕ ਨਾਲ ਜੁੜੇ ਖੋਜੀਆਂ ਤੇ ਮਾਹਿਰਾਂ ਨੇ ਕਾਫ਼ੀ ਇਤਰਾਜ਼ ਪ੍ਰਗਟ ਕੀਤੇ ਸਨ। ਸਿੱਟੇ ਵਜੋਂ ਪੰਜਾਬ ਵਿਧਾਨ ਸਭਾ ਦੇ ਸਪੀਕਰ ਨੇ ਪਿਛਲੇ ਸਾਲ 16 ਜਨਵਰੀ 2023 ਨੂੰ ਜੀਨ ਸੋਧਕ ਸਰ੍ਹੋਂ ਵਿਚ ਦਿਲਚਸਪੀ ਰੱਖਣ ਵਾਲੀਆਂ ਵੱਖ-ਵੱਖ ਧਿਰਾਂ ਦੀ ਸਾਂਝੀ ਬੈਠਕ ਬੁਲਾ ਕੇ ਇਸ ਮਸਲੇ ਨੂੰ ਨਿਤਾਰਨ ਦੀ ਕੋਸ਼ਿਸ਼ ਕੀਤੀ ਸੀ, ਪਰ ਇਸ ਬੈਠਕ ਵਿਚ ਹੋਈ ਚਰਚਾ ਦਾ ਕੋਈ ਗਿਣਨਯੋਗ ਨਤੀਜਾ ਨਹੀਂ ਨਿਕਲ ਸਕਿਆ, ਪਰ ਕਿਸੇ ਮਸਲੇ ਨਾਲ ਵਾਹ-ਵਾਸਤਾ ਰੱਖਦੀਆਂ ਧਿਰਾਂ ਨੂੰ ਮੰਚ ਮੁਹੱਈਆ ਕਰਵਾਉਣਾ ਜਮਹੂਰੀ ਵਿਵਸਥਾ ਨੂੰ ਤਕੜਾ ਕਰਨ ਲਈ ਸ਼ੁੱਭ ਸ਼ੁਰੂਆਤ ਸੀ।

ਸੰਸਾਰ ਪੱਧਰ ’ਤੇ ਇਸ ਨਵੀਂ ਜੀਨ ਯੁਕਤ ਤਕਨੀਕ ਨੂੰ ਲੈ ਕੇ ਕਿਸਾਨਾਂ ਨੇ ਰਲਵਾਂ-ਮਿਲਵਾਂ ਹੁੰਗਾਰਾ ਭਰਿਆ ਹੈ। ਯੂਰਪ ਦੇ ਅਨੇਕਾਂ ਦੇਸ਼ਾਂ ਨੇ ਇਸ ਤਕਨੀਕ ਨੂੰ ਉੱਕਾ-ਪੁੱਕਾ ਰੱਦ ਕਰਨ ਦਾ ਫੈਸਲਾ ਕੀਤਾ ਹੈ। ਇਸ ਦਾ ਇਕ ਕਾਰਨ ਇਸ ਤਕਨੀਕ ਦਾ ਪੇਟੈਂਟ ਅਮਰੀਕਾ ਦੀਆਂ ਮੌਨਸੈਂਟੋ ਵਰਗੀਆਂ ਵਿਸ਼ਾਲ ਕਾਰਪੋਰੇਸ਼ਨਾਂ ਦੇ ਹੱਥਾਂ ਵਿਚ ਹੈ। ਸੁਭਾਵਿਕ ਹੈ ਕਿ ਯੂਰਪੀਅਨ ਯੂਨੀਅਨ ਦੀ ਸਾਮਰਾਜੀ ਸਰਮਾਏਦਾਰੀ ਉਦੋਂ ਤੱਕ ਇਸ ਦੀ ਇਜਾਜ਼ਤ ਨਹੀਂ ਦੇਵੇਗੀ, ਜਦੋਂ ਤੱਕ ਉਹ ਬਦਲਵੀਂ ਤਕਨੀਕ ਵਿਕਸਤ ਨਹੀਂ ਕਰ ਲੈਂਦੀ ਜਾਂ ਮੁਨਾਫ਼ੇ ਦੀ ਵੰਡ ਨੂੰ ਲੈ ਕੇ ਅਮਰੀਕਨ ਕੰਪਨੀਆਂ ਨਾਲ ਉਸ ਦਾ ਸਮਝੌਤਾ ਨਹੀਂ ਹੋ ਜਾਂਦਾ। ਉੱਤਰੀ ਅਮਰੀਕਾ ਅਤੇ ਭਾਰਤ ਸਮੇਤ ਤੀਜੀ ਦੁਨੀਆ ਦੀਆਂ ਬਹੁਤ ਸਾਰੀਆਂ ਸਰਕਾਰਾਂ ਨੇ ਤਾਂ ਇਸ ਤਕਨੀਕ ਨੂੰ ਅਪਣਾ ਲਿਆ ਹੈ। ਜੀਨ ਯੁਕਤ ਫਸਲਾਂ ਦੁਆਲੇ ਜੁੜੇ ਵਿਵਾਦਾਂ ਸਦਕਾ ਬਾਕੀ ਮੁਲਕ ਅਤੇ ਖੇਤੀ ਮਾਹਿਰ ਖੇਤੀਬਾੜੀ ਕਾਰਜਾਂ ਵਾਸਤੇ ਇਹਨਾਂ ਬੀਜਾਂ ਦੀ ਵਰਤੋਂ ਕਰਨ ਤੋਂ ਝਿਜਕ ਰਹੇ ਹਨ।

ਅਸਲ ਵਿਚ ਵਿਗਿਆਨਕ ਤਰੱਕੀ ਨੂੰ ਦੋ ਪੱਖਾਂ ਤੋਂ ਦੇਖਣ ਦੀ ਲੋੜ ਹੁੰਦੀ ਹੈ। ਪਹਿਲਾ, ਕੀ ਇਹ ਸੱਚੀਂ-ਮੁੱਚੀਂ ਵਿਕਾਸ ਨੂੰ ਅੱਗੇ ਲਿਆਉਣ ਵਾਲੀ ਹੈ ਜਾਂ ਨਹੀਂ? ਆਮ ਨਿਯਮ ਵਜੋਂ (ਜੰਗੀ ਹਥਿਆਰਾਂ ਨੂੰ ਛੱਡ ਕੇ) ਹਰ ਨਵੀਂ ਖੋਜ ਅਗਾਂਹਵਧੂ ਹੀ ਸਮਝੀ ਜਾਂਦੀ ਹੈ। ਅਗਲੀ ਗੱਲ ਇਹ ਹੈ ਕਿ ਨਵੀਂ ਤਕਨੀਕ ਸਮੁੱਚੀ ਮਨੁੱਖਤਾ ਦੇ ਭਲੇ ਲਈ ਵਰਤੀ ਜਾ ਰਹੀ ਹੈ ਜਾਂ ਮੁੱਠੀ ਭਰ ਸਰਮਾਏਦਾਰ ਤੇ ਵਿਕਸਤ ਮੁਲਕ ਆਪਣੇ ਮੁਨਾਫ਼ੇ ਵਧਾਉਣ ਲਈ ਵਰਤ ਰਹੇ ਹਨ। ਜਦੋਂ ਨਵੀਂ ਤਕਨੀਕ ਵਿਚ ਮੁਨਾਫ਼ਾ ਪ੍ਰਧਾਨ ਹੋਵੇਗਾ ਤਾਂ ਲਾਲਚੀ ਸ਼ਕਤੀਆਂ ਦੀ ਮੁਨਾਫ਼ੇ ਦੀ ਹਵਸ ਕਾਰਨ ਮਨੁੱਖ, ਸਮਾਜ ਅਤੇ ਕੁਦਰਤ ਨਾਲ ਖਿਲਵਾੜ ਹੋਣਾ ਲਾਜ਼ਮੀ ਸ਼ਰਤ ਹੈ। ਨਵੀਆਂ ਫਸਲਾਂ ਬੀਜੀਆਂ ਜਾਣਗੀਆਂ, ਕਾਰਖਾਨੇ ਲੱਗਣਗੇ, ਹਵਾ ਤੇ ਪਾਣੀ ਵੀ ਦੂਸ਼ਿਤ ਹੋਣਗੇ। ਕੀ ਇਹਦੇ ਲਈ ਨਵੀਂ ਤਕਨੀਕ ਜਾਂ ਖੋਜ ਜ਼ਿੰਮੇਵਾਰ ਹੈ ਜਾਂ ਇਹਨਾਂ ਦੀ ਵਰਤੋਂ ਲਈ ਸੁਰੱਖਿਆ ਪ੍ਰਬੰਧਾਂ ਦੀ ਜਾਮਨੀ ਕਰਨ ਵਾਲੀਆਂ ਸਰਕਾਰਾਂ ਅਤੇ ਨਿਗਰਾਨ ਅਦਾਰੇ?

ਖੇਤੀ ਮਾਹਿਰਾਂ, ਵਾਤਾਵਰਨ ਪ੍ਰੇਮੀਆਂ ਅਤੇ ਕਿਸਾਨਾਂ ਨੂੰ ਜੀ ਐੱਮ ਬੀਜਾਂ ਦੀ ਵਰਤੋਂ ਦੇ ਫਾਇਦਿਆਂ ਅਤੇ ਨੁਕਸਾਨਾਂ ਦੋਵਾਂ ਦਾ ਹੀ ਮੁਲੰਕਣ ਕਰਨਾ ਹੋਵੇਗਾ। ਕਿਸੇ ਵੀ ਨਵੀਂ ਤਕਨੀਕ ’ਤੇ ਅੰਨ੍ਹੇਵਾਹ ਪਾਬੰਦੀ ਹੋਰ ਖੋਜਾਂ ਨੂੰ ਨਿਰਉਤਸ਼ਾਹਿਤ ਕਰੇਗੀ। ਜੀਨ ਯੁਕਤ ਤਕਨੀਕ ਦੇ ਲਾਭਾਂ ਵਿਚ ਫਸਲਾਂ ਦੀ ਪੈਦਾਵਾਰ ਵਿਚ ਬੇਸ਼ੁਮਾਰ ਵਾਧਾ, ਕੀਟਨਾਸ਼ਕਾਂ ਅਤੇ ਨਦੀਨ-ਨਾਸ਼ਕਾਂ ਦੀ ਵਰਤੋਂ ਵਿਚ ਕਮੀ ਅਤੇ ਵਧੀ ਹੋਈ ਪੈਦਾਵਾਰ ਕਾਰਨ ਵਾਧੂ ਮੁਨਾਫੇ ਸ਼ਾਮਲ ਹਨ। ਇਹ ਤਕਨਾਲੋਜੀ ਅਪਨਾਉਣ ਤੋਂ ਪਹਿਲਾਂ ਕਿਸਾਨਾਂ ਨੂੰ ਜਿਨ੍ਹਾਂ ਚਿੰਤਾਵਾਂ ਦਾ ਹੱਲ ਕਰਨਾ ਚਾਹੀਦਾ ਹੈ, ਉਨ੍ਹਾਂ ਵਿਚ ਕਿਸਾਨਾਂ ਅਤੇ ਬੀਜ ਕੰਪਨੀਆਂ ਵਿਚਕਾਰ ਨਿੱਜੀ ਇਕਰਾਰਨਾਮੇ, ਨਵੇਂ ਬੀਜਾਂ ਨਾਲ ਗਵਾਂਢੀ ਖੇਤ ਨੂੰ ਲੱਗਣ ਵਾਲੀ ਲਾਗ, ਤਕਨਾਲੋਜੀ ਦਾ ਵਾਤਾਵਰਨ ਉੱਤੇ ਪ੍ਰਭਾਵ ਅਤੇ ਜੀਨ ਸੋਧਕ ਫਸਲਾਂ ਲਈ ਮਾਰਕੀਟ ਤੱਕ ਰਸਾਈ ਤੇ ਖਪਤਕਾਰਾਂ ਦੀ ਫਿਕਰਮੰਦੀ ਸ਼ਾਮਲ ਹੈ।

ਇਸ ਗੱਲ ਵਿਚ ਕੋਈ ਰੱਟਾ ਨਹੀਂ ਹੈ ਕਿ ਜੀਨ ਯੁਕਤ ਬੀਜਾਂ ਨਾਲ ਫਸਲ ਦੀ ਪੈਦਾਵਾਰ ਵਿਚ ਅਥਾਹ ਵਾਧਾ ਹੁੰਦਾ ਹੈ। ਇਹ ਵੀ ਸੱਚ ਹੈ ਕਿ ਜੀਨ ਯੁਕਤ ਫਸਲਾਂ ਦੀ ਪੈਦਾਵਾਰ ਅਤੇ ਉਪਜ ਉਪਰ ਬਾਇਓਟੈਕਨਾਲੋਜੀ ਦੇ ਮਾੜੇ ਅਸਰਾਂ ਦੀ ਅਜੇ ਤੱਕ ਵਿਆਪਕ ਖੋਜ ਵੀ ਨਹੀਂ ਕੀਤੀ ਗਈ ਹੈ, ਪਰ ਜੋ ਵੀ ਖੋਜ ਆਧਾਰਤ ਅੰਕੜੇ ਪ੍ਰਾਪਤ ਹਨ, ਉਹਨਾਂ ਵਿੱਚ ਆਰਥਿਕ ਖੋਜ ਸੇਵਾ (ਈ ਆਰ ਐੱਸ) ਦੇ ਅਧਿਐਨ ਵਿਚ ਫਸਲ ਦੀ ਵਧੀ ਹੋਈ ਪੈਦਾਵਾਰ ਨੂੰ ਸਵੀਕਾਰ ਕੀਤਾ ਗਿਆ ਹੈ। ਜੀਨ ਯੁਕਤ (ਜੀ ਐੱਮ) ਬੀਜਾਂ ਨੂੰ ਨਦੀਨਾਂ ਅਤੇ ਕੀਟਨਾਸ਼ਕਾਂ ਲਈ ਲਾਭਕਾਰੀ ਪਾਇਆ ਗਿਆ ਹੈ। ਕਪਾਹ ਅਤੇ ਸੋਇਆਬੀਨ ਦੀਆਂ ਬੀਟੀ ਫਸਲਾਂ ਦੀ ਪੈਦਾਵਾਰ ਵਿਚ ਅਹਿਮ ਵਾਧਾ ਹੁੰਦਾ ਹੈ। ਆਇਓਵਾ ਸਟੇਟ ਯੂਨੀਵਰਸਿਟੀ (ਅਮਰੀਕਾ) ਦੇ ਇੱਕ ਹੋਰ ਅਧਿਐਨ ਵਿਚ ਪਾਇਆ ਗਿਆ ਹੈ ਕਿ ਬੀਟੀ ਫਸਲਾਂ ਗੈਰ-ਬੀਟੀ ਫਸਲਾਂ ਨਾਲੋਂ ਵੱਧ ਝਾੜ ਦਿੰਦੀਆਂ ਹਨ। ਯੂਨੀਵਰਸਿਟੀ ਨੇ 377 ਖੇਤਾਂ ਦਾ ਅਧਿਐਨ ਕਰਨ ਉਪਰੰਤ ਨੋਟ ਕੀਤਾ ਹੈ ਕਿ ਜੀ ਐੱਮ ਬੀਜਾਂ ਨਾਲ ਉਗਾਈ ਗਈ ਮੱਕੀ ਦੀਆਂ ਫਸਲਾਂ ਪ੍ਰਤੀ ਏਕੜ ਵਿਚ 56 ਕੁਇੰਟਲ ਦੀ ਉਪਜ ਦਿੰਦੀਆਂ ਹਨ; ਗੈਰ-ਜੀ ਐੱਮ ਬੀਜਾਂ ਨਾਲ ਉਗਾਈਆਂ ਗਈਆਂ ਫਸਲਾਂ ਨੇ 51 ਕੁਇੰਟਲ ਪੈਦਾਵਾਰ ਦਿੱਤੀ ਸੀ।

ਈ ਆਰ ਐੱਸ ਦੇ ਅਧਿਐਨ ਵਿਚ ਪਾਇਆ ਗਿਆ ਹੈ ਕਿ ਜਦੋਂ ਕਿਸਾਨਾਂ ਨੇ ਜੀ ਐੱਮ ਬੀਜ ਅਪਨਾਏ ਤਾਂ ਨਦੀਨ ਨਾਸ਼ਕਾਂ ਦੀ ਵਰਤੋਂ ਕਾਫ਼ੀ ਘਟ ਗਈ। ਕੀਟਨਾਸ਼ਕਾਂ ਦੀ ਵਰਤੋਂ ਵਿਚ ਤਾਂ ਇਹ ਕਮੀ ਹੋਰ ਵੀ ਮਹੱਤਵਪੂਰਨ ਸੀ। ਜੜੀ-ਬੂਟੀਆਂ ਦੇ ਗਲਾਈਫੋਸੇਟ ਨੂੰ ਛੱਡ ਕੇ ਜਿਸ ਲਈ ਖੋਜ ਵਿਚ ਮਹੱਤਵਪੂਰਨ ਵਾਧਾ ਹੋਇਆ ਹੈ, ਜੜੀ-ਬੂਟੀਆਂ ਦੀ ਵਰਤੋਂ ਵਿਚ ਇਹ ਕਮੀ ਵੀ ਅਹਿਮ ਸੀ। ਕਈ ਅਧਿਐਨਾਂ ਵਿਚ ਪੈਦਾਵਾਰ ਬਨਾਮ ਨਦੀਨ ਤੇ ਕੀਟਨਾਸ਼ਕਾਂ ਵਿਚ ਗਹਿਰਾ ਸੰਬੰਧ ਨਹੀਂ ਪਾਇਆ ਗਿਆ, ਪਰ ਆਇਓਵਾ ਸਟੇਟ ਯੂਨੀਵਰਸਿਟੀ ਦੇ ਅਧਿਐਨ ਵਿਚ ਦਾਅਵਾ ਕੀਤਾ ਗਿਆ ਕਿ ਜੀ ਐੱਮ ਫਸਲਾਂ ਕਿਸਾਨਾਂ ਨੇ ਗੈਰ-ਜੀ ਐੱਮ ਫਸਲਾਂ ਤੇ 18% ਅਤੇ ਜੀ ਐੱਮ ਫਸਲਾਂ ’ਤੇ 12% ਕੀਟਨਾਸ਼ਕਾਂ ਦੀ ਵਰਤੋਂ ਕੀਤੀ ਹੈ। ਪੱਛਮੀ ਯੂਨੀਵਰਸਿਟੀਆਂ ਦੇ ਅਧਿਐਨ ਦਰਸਾਉਂਦੇ ਹਨ ਕਿ ਜਿਹਨਾਂ ਕਿਸਾਨਾਂ ਨੇ ਜੀਐੱਮ ਬੀਜ ਅਪਨਾਏ, ਉਹਨਾਂ ਨੇ ਸੋਇਆਬੀਨ ਦੀ ਫਸਲ ਦਾ ਪ੍ਰਤੀ ਏਕੜ ਔਸਤਨ 208.42 ਡਾਲਰ (ਕਰੀਬ 17056 ਰੁਪਏ) ਦਾ ਸ਼ੁੱਧ ਮੁੱਲ ਪੈਦਾ ਕੀਤਾ; ਹੋਰ ਫਸਲਾਂ ਨੇ 191.56 ਡਾਲਰ (15708 ਰੁਪਏ) ਪ੍ਰਤੀ ਏਕੜ ਸ਼ੁੱਧ ਮੁੱਲ ਪੈਦਾ ਕੀਤਾ। ਉੱਤਰੀ ਕੈਰੋਲੀਨਾ ਦੇ ਅਧਿਐਨ ਨੇ ਸੰਕੇਤ ਦਿੱਤਾ ਕਿ ਜੀਐੱਮ ਸੋਇਆਬੀਨ ਨੇ ਰਵਾਇਤੀ ਕਿਸਮਾਂ ਨਾਲੋਂ ਪ੍ਰਤੀ ਏਕੜ ਛੇ ਡਾਲਰ ਕੀਮਤ ਤੋਂ ਵੱਧ ਝਾੜ ਦਿੱਤਾ ਹੈ।

ਜੀਐੱਮ ਬੀਜਾਂ ਦਾ ਵਿਰੋਧ ਕਰਨ ਵਾਲੇ ਖੋਜੀਆਂ ਤੇ ਖੇਤੀ ਮਾਹਿਰਾਂ ਦੀ ਚਿੰਤਾ ਹੈ ਕਿ ਜੀ ਐੱਮ ਬੀਜਾਂ ਦੀ ਵਰਤੋਂ ਨਾਲ ਮਹਾਂ ਨਦੀਨ ਜਾਂ ਮਹਾਂ ਕੀਟ ਪੈਦਾ ਹੋਣਗੇ, ਜੋ ਸਮੇਂ ਦੇ ਨਾਲ-ਨਾਲ ਜੀ ਐੱਮ ਬੀਜਾਂ ਅਤੇ ਫਸਲਾਂ ਅਤੇ ਹੋਰ ਜੜੀ-ਬੂਟੀਆਂ ਅਤੇ ਕੀਟਨਾਸ਼ਕਾਂ ਪ੍ਰਤੀਰੋਧਕ (ਸਹਿਣਸ਼ੀਲ) ਬਣ ਜਾਂਦੇ ਹਨ। ਜੀ ਐੱਮ ਬੀਜਾਂ ਦੇ ਆਲੋਚਕਾਂ ਦਾ ਇਲਜ਼ਾਮ ਹੈ ਕਿ ਬੀਜ ਪੈਦਾ ਕਰਨ ਵਾਲੀਆਂ ਕਾਰਪੋਰੇਸ਼ਨਾਂ ਜੀ ਐੱਮ ਉਤਪਾਦਾਂ ਦਾ ਮਨੁੱਖੀ ਸਿਹਤ ’ਤੇ ਪੈਣ ਵਾਲੇ ਉਪਰ ਪਰਦਾ ਪਾਉਂਦੀਆਂ ਹਨ। ਉਹਨਾਂ ਦਾ ਤਰਕ ਹੈ ਕਿ ਸਿਹਤ ਲਈ ਸਭ ਤੋਂ ਵੱਡਾ ਖਤਰਾ ਜੀ ਐੱਮ ਭੋਜਨ ਸਪਲਾਈ ਵਿਚ ਅਣਜਾਣ ਐਲਰਜੀਨਾਂ ਦੀ ਮੌਜੂਦਗੀ ਹੈ। ਇਸ ਗੱਲ ਦੇ ਸਬੂਤ ਮਿਲਦੇ ਹਨ ਕਿ ਐਲਰਜੀਨ ਨਾਲ ਪ੍ਰਤੀਕਿਰਿਆ ਕਰਨ ਵਾਲੇ ਮਨੁੱਖ ਉਸ ਐਲਰਜੀਨ ਪ੍ਰਤੀ ਵੀ ਉਸੇ ਤਰ੍ਹਾਂ ਦੀ ਪ੍ਰਤੀਕਿਰਿਆ ਕਰਨਗੇ, ਜਦੋਂ ਇਹ ਕਿਸੇ ਹੋਰ ਜੀਵ ਨਾਲ ਤਬਦੀਲ ਕੀਤਾ ਜਾਂਦਾ ਹੈ।

ਮੋਟੇ ਤੌਰ ’ਤੇ ਸਿੱਟਾ ਇਹ ਨਿਕਲਦਾ ਹੈ ਕਿ ਜੀਨ ਯੁਕਤ ਤਕਨੀਕ ਨੂੰ ਨਾ ਤਾਂ ਪੂਰੇ ਪੈਮਾਨੇ ’ਤੇ ਅਪਨਾਉਣਾ ਅਤੇ ਨਾ ਹੀ ਪੂਰੀ ਤਰ੍ਹਾਂ ਰੱਦ ਕਰਨਾ ਚਾਹੀਦਾ ਹੈ। ਇਹ ਤਕਨੀਕ ਉਹਨਾਂ ਕਿਸਾਨਾਂ ਲਈ ਵਧੇਰੇ ਢੁਕਵੀਂ ਹੋ ਸਕਦੀ ਹੈ, ਜਿਨ੍ਹਾਂ ਨੂੰ ਕੀਟ-ਨਾਸ਼ਕਾਂ ਅਤੇ ਜੜੀ-ਬੂਟੀਆਂ ਦੇ ਛਿੜਕਾਅ ਕਰਨ ਵਿਚ ਮੁਸ਼ਕਲ ਆਉਂਦੀ ਹੈ। ਇਹ ਬੀਜ ਉਪਜਾਊ ਖੇਤੀ ਵਾਲੀਆਂ ਵੱਡੀਆਂ ਜੋਤਾਂ ਵਿਚ ਵਧੀਆ ਕੰਮ ਕਰ ਸਕਦੇ ਹਨ, ਜਿੱਥੇ ਲਾਗ ਦਾ ਘੱਟ ਖਤਰਾ ਹੈ। ਇਹ ਉਹਨਾਂ ਖੇਤਾਂ ਲਈ ਵੀ ਸਹਾਈ ਹੋ ਸਕਦੇ ਹਨ ਜੋ ਟਰੈਕਟਰਾਂ ਦੀ ਪਹੁੰਚ ਤੋਂ ਬਾਹਰ ਹਨ ਜਾਂ ਜਲ ਸਰੋਤਾਂ ਦੇ ਨੇੜੇ ਹਨ ਜਾਂ ਉਹਨਾਂ ਥਾਵਾਂ ’ਤੇ ਹਨ, ਜਿੱਥੇ ਹਵਾ ਹੌਲੀ ਵਗਦੀ ਹੈ। ਇਸ ਦੇ ਉਲਟ, ਜੀ ਐੱਮ ਬੀਜ ਉਹਨਾਂ ਕਿਸਾਨਾਂ ਲਈ ਘੱਟ ਢੁਕਵੇਂ ਹੋ ਸਕਦੇ ਹਨ ਜੋ ਖਾਸ ਤੌਰ ’ਤੇ ਪੱਕੀ ਮੰਡੀ ਜਾਂ ਆੜ੍ਹਤੀਏ ’ਤੇ ਭਰੋਸਾ ਕਰਦੇ ਹਨ। ਵੱਡੀਆਂ ਜਾਂ ਵਿਦੇਸ਼ੀ ਮੰਡੀਆਂ ਵੱਡਾ ਜੋਖਮ ਹਨ, ਜੋ ਭਾਰਤ ਵਰਗੇ ਛੋਟੇ ਕਿਸਾਨਾਂ ਲਈ ਕਿਸੇ ਤਰ੍ਹਾਂ ਵੀ ਮੁਆਫ਼ਕ ਨਹੀਂ ਹੋ ਸਕਦੀਆਂ। ਫਿਰ ਵੀ ਜੀਨ ਯੁਕਤ ਸਰ੍ਹੋਂ ਜਾਂ ਹੋਰ ਫਸਲਾਂ ਦੀ ਅਜ਼ਮਾਇਸ਼ ਦੀ ਇਜਾਜ਼ਤ ਦੇਣ ਤੋਂ ਪਹਿਲਾਂ ਇਹਨਾਂ ਬੀਜਾਂ ਦੇ ਚੰਗੇ ਜਾਂ ਮੰਦੇ ਅਸਰਾਂ ਦਾ ਵਿਆਪਕ ਮੁਲੰਕਣ ਕਰਵਾ ਲੈਣਾ ਚਾਹੀਦਾ ਹੈ। ਕਿਸਾਨਾਂ ਨੂੰ ਵਾਜਬ ਤਰੀਕੇ ਨਾਲ ਭਰੋਸੇ ਵਿਚ ਲੈ ਕੇ ਹੀ ਜੀ ਐੱਮ ਬੀਜਾਂ ਬਾਰੇ ਕਾਹਲ਼ੀ ਨਾਲ ਕੋਈ ਫੈਸਲਾ ਕਰਨ ਦੀ ਬਜਾਇ ਸਾਰੀਆਂ ਸਬੰਧਤ ਧਿਰਾਂ ਦੇ ਖ਼ਦਸ਼ੇ ਦੂਰ ਕਰਨ ਦੀ ਲੋੜ ਹੈ।

# ਸੰਪਰਕ : 94170-73831

15-FEB-PAGE-5.qxd 2/14/2024 10:27 PM Page 1



# ਕਿਸਾਨਾਂ ਪ੍ਰਧਾਨ ਮੰਤਰੀ ਤੇ ਮੁੱਖ ਮੰਤਰੀ ਖੱਟੜ ਦਾ ਫੂਕਿਆ ਪੁਤਲਾ



ਨਾਭਾ (ਵਰਿੰਦਰ ਵਰਮਾ, ਤੇਜਾ ਸਿੰਘ)-ਅਕਾਲੀ ਦਲ ਸੁਤੰਤਰ ਦੇ ਕੌਮੀ ਪ੍ਰਧਾਨ ਪਰਮਜੀਤ ਸਿੰਘ ਸਹੋਲੀ ਦੀ ਅਗਵਾਈ ਹੇਠ ਵਰਕਰਾਂ ਨੇ ਵੱਡੇ ਪੱਧਰ 'ਤੇ ਕੇਂਦਰ ਸਰਕਾਰ ਖਿਲਾਫ ਪਟਿਆਲਾ ਗੇਟ ਵਿਖੇ ਕਾਲੀਆਂ ਝੰਡੀਆਂ ਲੈ ਕੇ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ ਤੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਸੂਬਾ ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਖੱਟੜ ਦਾ ਪੁਤਲਾ ਸਾੜਿਆ ਗਿਆ।ਇਸ ਮੌਕੇ ਕੌਮੀ ਪ੍ਰਧਾਨ ਪਰਮਜੀਤ ਸਿੰਘ ਸਹੋਲੀ ਨੇ ਸੰਬੋਧਨ ਕਰਦਿਆਂ ਕਿਹਾ ਕਿ 2020 ਦਿੱਲੀ ਕਿਸਾਨੀ ਅੰਦੋਲਨ ਦੌਰਾਨ ਕੇਂਦਰ ਸਰਕਾਰ ਵੱਲੋਂ ਕਿਸਾਨਾਂ ਨਾਲ ਲਿਖਤੀ ਤੌਰ 'ਤੇ ਕੁੱਝ ਮੰਗਾਂ ਸਬੰਧੀ ਸਮਝੌਤਾ ਕੀਤਾ ਸੀ।ਕੇਂਦਰ ਸਰਕਾਰ ਵੱਲੋਂ ਕਿਸਾਨਾਂ ਦੀਆਂ ਹੱਕੀ ਮੰਗਾਂ ਮੰਨਣ ਦੀ ਬਜਾਏ ਮੰਗਾਂ ਨੂੰ ਅਣਗੌਲਿਆ ਕਰਕੇ ਮੋਦੀ ਸਰਕਾਰ ਨੇ ਕਿਸਾਨਾਂ ਨਾਲ ਵਿਸ਼ਵਾਸਘਾਤ ਕੀਤਾ ਹੈ, ਜਿਸ ਦੇ ਵਿਰੋਧ ਵਿੱਚ ਕਿਸਾਨਾਂ ਨੂੰ ਫਿਰ ਮਜਬੂਰਨ ਸੜਕਾਂ 'ਤੇ ਉੱਤਰਨ ਲਈ ਦਿੱਲੀ ਕੂਚ ਕਰਨਾ ਪੈ ਰਿਹਾ ਹੈ।ਉਨ੍ਹਾ ਕਿਹਾ ਕਿ ਕਿਸਾਨਾਂ ਦੀਆਂ ਮੁੱਖ ਮੰਗਾਂ ਐੱਮ.ਐੱਸ.ਪੀ. ਦੀ ਗਰੰਟੀ ਕਾਨੂੰਨ ਬਣਾਉਣਾ, ਡਾ. ਸਵਾਮੀਨਾਥਨ ਦੀ ਰਿਪੋਰਟ ਨੂੰ ਲਾਗੂ ਕਰਨਾ, ਕਿਸਾਨਾਂ ਮਜ਼ਦੂਰਾਂ ਦਾ ਸਮੁੱਚਾ ਕਰਜ਼ਾ ਖਤਮ ਕਰਨਾ, ਬਿਜਲੀ ਸੋਧ ਬਿੱਲ 2020 ਨੂੰ ਰੱਦ ਕਰਨਾ, ਦਿੱਲੀ ਅੰਦੋਲਨ ਦੌਰਾਨ ਕਿਸਾਨਾਂ, ਮਜ਼ਦੂਰਾਂ 'ਤੇ ਪੂਰੇ ਭਾਰਤ ਅੰਦਰ ਪਾਏ ਪਰਚੇ ਸਰਕਾਰ ਵੱਲੋਂ ਰੱਦ ਕਰਨਾ, ਲਖੀਮਪੁਰ ਖੀਰੀ ਦੇ ਸ਼ਹੀਦਾਂ ਨੂੰ ਇਨਸਾਫ ਦਿਵਾਉਣਾ ਆਦਿ ਮੰਗਾਂ ਨੂੰ ਮੰਨ ਕੇ ਸਰਕਾਰ ਯਕੀਨੀ ਬਣਾਵੇ।ਉਨ੍ਹਾ ਕਿਹਾ ਕਿ ਅਨੇਕਾਂ ਕਿਸਾਨਾਂ ਦੀਆਂ ਮੰਗਾਂ ਨੂੰ ਕੇਂਦਰ ਸਰਕਾਰ ਵੱਲੋਂ ਗੰਭੀਰਤਾ ਨਾਲ ਨਹੀਂ ਲਿਆ ਗਿਆ, ਜਿਸ ਕਰਕੇ ਕਿਸਾਨਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾ ਕਿਹਾ ਕਿ ਕਿਸਾਨ ਜਥੇਬੰਦੀਆਂ ਆਪਣੇ ਹੱਕ ਲੈ ਕੇ ਦਿੱਲੀ ਦੀਆਂ ਬਰੂਹਾਂ ਤੋਂ ਮੁੜਾਂਗੇ।ਉਨ੍ਹਾ ਕਿਹਾ ਕਿ ਜੋ ਅੱਜ ਦੇਸ਼ ਦੇ ਜੋ ਹਾਲਾਤ ਬਣ ਰਹੇ ਹਨ, ਉਹ ਬਹੁਤ ਹੀ ਚਿੰਤਾਜਨਕ ਹਨ।ਇਨ੍ਹਾਂ ਹਾਲਾਤਾਂ ਨੂੰ ਲੈ ਕੇ ਮਾਨਯੋਗ ਸੁਪਰੀਮ ਕੋਰਟ ਨੂੰ ਦਖਲਅੰਦਾਜ਼ੀ ਕਰਨੀ ਚਾਹੀਦੀ ਹੈ, ਤਾਂ ਹੀ ਦੇਸ਼ ਦੇ ਹਾਲਾਤ ਸੁਧਰ ਸਕਦੇ ਹਨ।ਇਸ ਮੌਕੇ ਸਰਜੀਤ ਸਿੰਘ ਬਾਬਰਪੁਰ, ਹਰਬੰਸ ਸਿੰਘ ਖੱਟੜਾ, ਹੈਪੀ ਸੁਖੇਵਾਲ, ਮੁਖਤਿਆਰ ਸਿੰਘ ਖੇੜੀ, ਨਿਰਭੈ ਸਿੰਘ ਰਹਿਲ, ਗੁਰਸੇਵਕ ਸਿੰਘ ਪੇਦਨੀ, ਜੈਬਾ ਰਾਮ ਨਾਭਾ, ਜੱਗੀ ਠਰੂਆ, ਜਰਨੈਲ ਸਿੰਘ ਹਿਆਣਾ ਕਲਾਂ, ਡਿੰਪਲ ਸਿੰਘ ਨਾਭਾ, ਰਣਜੀਤ ਸਿੰਘ ਬਿੱਲੂ, ਦੀਪ ਸਿੰਘ ਮਹਿਰਾ, ਰਮਜਾਨ ਖਾਨ, ਖੁਸ਼ੀ ਖਾਨ, ਬਗੀਚਾ ਸਿੰਘ ਸਹੌਲੀ ਆਦਿ ਮੌਜੂਦ ਸਨ।

# ਐੱਸ ਕੇ ਐੱਮ ਤੇ ਟਰੇਡ ਯੂਨੀਅਨਾਂ ਦੇ ਸਾਂਝੇ ਮੰਚ ਵੱਲੋਂ ਕਿਸਾਨਾਂ 'ਤੇ ਅੱਤਿਆਚਾਰ ਦੀ ਨਿੰਦਾ

## 16 ਦੀ ਹੜਤਾਲ ਤੇ ਬੰਦ ਦੀ ਤਿਆਰੀ ਜ਼ੋਰਾਂ 'ਤੇ, ਹੱਥ ਪਰਚੇ ਵੰਡੇ



ਲੁਧਿਆਣਾ (ਐੱਮ. ਐੱਸ. ਭਾਟੀਆ)-ਕੇਂਦਰੀ ਟਰੇਡ ਯੂਨੀਅਨਾਂ, ਸੈਕਟੋਰਲ ਫੈਡਰੇਸ਼ਨਾਂ, ਐਸੋਸੀਏਸ਼ਨਾਂ ਤੇ ਸੰਯੁਕਤ ਕਿਸਾਨ ਮੋਰਚਾ ਦੇ ਕੌਮੀ ਸੱਦੇ 'ਤੇ ਹੜਤਾਲ ਅਤੇ ਭਾਰਤ ਬੰਦ 16 ਫਰਵਰੀ ਨੂੰ ਕੀਤਾ ਜਾ ਰਿਹਾ ਹੈ।ਇਸ ਦੀ ਤਿਆਰੀ ਤਹਿਤ ਇੱਥੇ ਕਈ ਦਿਨਾਂ ਤੋਂ ਪ੍ਰਚਾਰ ਮੁਹਿੰਮ ਚਲਾਈ ਜਾ ਰਹੀ ਹੈ। ਅੱਜ ਇੱਥੇ ਏਟਕ, ਸੀਟੂ ਤੇ ਸੀਟੀਯੂ ਪੰਜਾਬ ਦੇ ਆਗੂਆਂ ਵੱਲੋਂ ਮਿੰਨੀ ਸਕੱਤਰੇਤ ਜਗਰਾਓਂ ਪੁਲ ਅਤੇ ਘੰਟਾਘਰ ਚੌਕ ਵਿੱਚ ਜਥੇ ਬਣਾ ਕੇ ਲੋਕਾਂ ਨੂੰ ਇਸ ਬੰਦ ਵਿੱਚ ਸ਼ਾਮਲ ਹੋਣ ਦੀ ਅਪੀਲ ਕਰਦਿਆਂ ਹੱਥ ਪਰਚੇ ਵੰਡੇ ਗਏ।ਇਸ ਵਿੱਚ ਸ਼ਾਮਲ ਸਾਥੀਆਂ ਨੇ ਹੱਥਾਂ ਵਿੱਚ ਬੈਨਰ ਤੇ ਤਖਤੀਆਂ ਫੜੀਆਂ ਹੋਈਆਂ ਸਨ। ਅਨੇਕਾਂ ਲੋਕਾਂ ਨੇ ਇਸ ਬਾਰੇ ਗੱਲਬਾਤ ਵੀ ਕੀਤੀ ਤੇ ਸਾਥੀਆਂ ਨੇ 16 ਫਰਵਰੀ ਦੇ ਇਸ ਐਕਸ਼ਨ ਦਾ ਮੰਤਵ ਲੋਕਾਂ ਨੂੰ ਸਮਝਾਇਆ, ਜਿਸ ਦਾ ਕਿ ਲੋਕਾਂ ਨੇ ਹਾਂ-ਪੱਖੀ ਹੁੰਗਾਰਾ ਦਿੱਤਾ।ਗੱਲਬਾਤ ਕਰਦਿਆਂ ਸਾਥੀਆਂ ਨੇ ਕਿਸਾਨਾਂ ਉੱਪਰ ਮੋਦੀ ਸਰਕਾਰ ਵੱਲੋਂ ਨਾਦਰਸ਼ਾਹੀ ਤਸ਼ੱਦਦ ਦੀ ਪੁਰਜ਼ੋਰ ਨਿਖੇਧੀ ਕੀਤੀ।ਹਰ ਪਾਸਿਓਂ ਫੇਲ੍ਹ ਹੋ ਕੇ ਸਰਕਾਰ ਹੁਣ ਦਮਨ 'ਤੇ ਉੱਤਰ ਆਈ ਹੈ ਅਤੇ ਇਸ ਦਾ ਕਾਰਪੋਰੇਟ ਪੱਖੀ ਤੇ ਮਜ਼ਦੂਰ, ਮੁਲਾਜ਼ਮ, ਕਿਸਾਨ ਛੋਟੇ ਕਾਰੋਬਾਰੀਆਂ ਅਤੇ ਆਮ ਲੋਕਾਂ ਖਿਲਾਫ ਚਿਹਰਾ ਮੋਹਰਾ ਸਾਹਮਣੇ ਆ ਗਿਆ ਹੈ। ਉਸ ਨੂੰ ਛੁਪਾਉਣ ਲਈ ਹੁਣ ਸਮਾਜ ਵਿੱਚ ਧਰਮ, ਜਾਤ ਦੇ ਨਾਮ 'ਤੇ ਵੰਡੀਆਂ ਪਾਈਆਂ ਜਾ ਰਹੀਆਂ ਹਨ।16 ਫਰਵਰੀ ਨੂੰ ਸਰਕਾਰ ਦੀਆਂ ਦਮਨਕਾਰੀ ਨੀਤੀਆਂ ਦਾ ਸਾਰੇ ਦੇਸ਼ ਵਿੱਚ ਅੰਦੋਲਨ ਕਰਕੇ ਮੂੰਹ ਤੋੜ ਜਵਾਬ ਦਿੱਤਾ ਜਾਏਗਾ।ਇਸ ਪ੍ਰਚਾਰ ਮੁਹਿੰਮ ਵਿੱਚ ਹਿੱਸਾ ਲੈਣ ਵਾਲੇ ਆਗੂਆਂ ਵਿੱਚ ਡੀ ਪੀ ਮੌੜ, ਚਮਕੌਰ ਸਿੰਘ, ਐੱਮ ਐੱਸ ਭਾਟੀਆ, ਜੋਗਿੰਦਰ ਰਾਮ, ਜਗਦੀਸ਼ ਚੰਦ ਤੇ ਬਲਰਾਮ ਸ਼ਾਮਲ ਸਨ।ਇਨ੍ਹਾਂ ਤੋਂ ਇਲਾਵਾ ਕੇਵਲ ਸਿੰਘ ਬਨਵੈਤ, ਚਰਨ ਸਰਾਭਾ, ਅਵਤਾਰ ਛਿੱਬੜ, ਕਾਮਰੇਡ ਵਿਨੋਦ ਕੁਮਾਰ, ਮਾਸਟਰ ਜਗਮੇਲ ਸਿੰਘ, ਜੋਗਿੰਦਰ ਰਾਮ, ਸੰਜੇ ਕੁਮਾਰ, ਜੋਗਿੰਦਰ ਪਾਲ, ਦਾਨ ਸਿੰਘ, ਕਰਮਾਲ ਸਿੰਘ, ਐੱਸ ਕੇ ਨਗੇਸ਼, ਅਨੋਦ ਕੁਮਾਰ ਤੇ ਰਾਮ ਚੰਦ ਸ਼ਾਮਲ ਸਨ।

## ਸ਼ਰਧਾਂਜਲੀ ਸਮਾਗਮ 'ਤੇ ਵਿਸ਼ੇਸ਼

# ਇਕ ਐਸਾ ਕਮਿਊਨਿਸਟ, ਜੋ ਬਿਨਾਂ ਹਿਚਕ ਕਿਸੇ ਦੂਜੇ ਦੀ ਜਗ੍ਹਾ ਵੀ ਜੇਲ੍ਹ ਜਾ ਸਕਦਾ ਸੀ



ਕੈਂਸਰ ਰੋਗ ਕਾਰਨ 6 ਫਰਵਰੀ 2024 ਨੂੰ ਸਦਾ ਲਈ ਵਿੱਛੜ ਗਏ ਕਾਮਰੇਡ ਹਰਦੇਵ ਸਿੰਘ ਦਾ ਜਨਮ ਜਨਵਰੀ 1953 ਵਿੱਚ ਮਾਨਸਾ ਜ਼ਿਲ੍ਹੇ ਦੇ ਇੱਕ ਵੱਡੇ ਪਿੰਡ ਖਿਆਲਾ ਕਲਾਂ ਦੇ ਇਕ ਬੇਜ਼ਮੀਨੇ ਮਜ਼ਦੂਰ ਪਰਿਵਾਰ ਵਿੱਚ ਹੋਇਆ। ਉਨ੍ਹਾਂ ਦੇ ਪਿਤਾ ਕਾਮਰੇਡ ਲਾਲ ਸਿੰਘ ਇਕ ਸਰਗਰਮ ਕਮਿਊਨਿਸਟ ਕਾਰਕੁਨ ਸਨ, ਜਿਨ੍ਹਾਂ ਦਾ ਘਰ ਪਿੰਡ ਦੇ ਮਜ਼ਦੂਰ ਵਿਹੜੇ ਦੇ ਚੌਕ ਵਿੱਚ ਸਥਿਤ ਸੀ। ਜਿਸ ਕਰਕੇ ਪਿੰਡ ਆਉਣ ਵਾਲੇ ਕਮਿਊਨਿਸਟ ਆਗੂ ਉਨ੍ਹਾਂ ਦੇ ਘਰ ਅਕਸਰ ਆਉਂਦੇ ਰਹਿੰਦੇ ਸਨ। ਪਰਿਵਾਰ ਦੇ ਅਜਿਹੇ ਸਿਆਸੀ ਮਾਹੌਲ ਕਾਰਨ ਹਰਦੇਵ ਸਿੰਘ ਬਚਪਨ ਤੋਂ ਹੀ ਕਮਿਊਨਿਸਟ ਵਿਚਾਰਾਂ ਵੱਲ ਖਿੱਚੇ ਗਏ। ਜਵਾਨੀ ਵਿੱਚ ਪੈਰ ਧਰਦਿਆਂ ਹੀ 1975-76 ਵਿੱਚ ਉਹ ਕਮਿਊਨਿਸਟ ਪਾਰਟੀ ਦੇ ਮੈਂਬਰ ਬਣ ਗਏ। ਮਾਨਸਾ ਤਹਿਸੀਲ ਪੈਪਸੂ ਮੁਜ਼ਾਰਾ ਅੰਦੋਲਨ ਦਾ ਮੁੱਖ ਕੇਂਦਰ ਰਹੀ ਹੋਣ ਕਾਰਨ ਉਦੋਂ ਕਮਿਊਨਿਸਟ ਲਹਿਰ ਦਾ ਗੜ੍ਹ ਸੀ। ਉਸ ਦੌਰ ਵਿੱਚ ਇਸ ਖੇਤਰ ਵਿੱਚੋਂ ਕਈ ਕਮਿਊਨਿਸਟ ਆਗੂ ਵਿਧਾਇਕ ਤੇ ਸੰਸਦ ਮੈਂਬਰ ਜਿੱਤਦੇ ਰਹੇ। ਸੀਪੀਆਈ 'ਚ ਰਹਿੰਦਿਆਂ ਜਨਤਕ ਅੰਦੋਲਨਾਂ ਵਿੱਚ ਗ੍ਰਿਫਤਾਰੀ ਦੇ ਕੇ ਉਨ੍ਹਾਂ ਦੋ-ਤਿੰਨ ਵਾਰ ਜੇਲ੍ਹ ਯਾਤਰਾ ਵੀ ਕੀਤੀ।

ਪਰ 1986-95 ਵਿੱਚ ਇਸ ਖੇਤਰ ਵਿੱਚ ਦਹਿਸ਼ਤੀ ਧੜਿਆਂ ਦੀ ਵਧੀ ਸਰਗਰਮੀ ਕਾਰਨ ਪੇਂਡੂ ਖੇਤਰ ਵਿੱਚ ਕਮਿਊਨਿਸਟਾਂ ਦੀ ਸਰਗਰਮੀ ਵੱਡੀ ਹੱਦ ਤੀਕ ਘੱਟ ਗਈ ਸੀ। ਉਦੋਂ ਰੁਜ਼ਗਾਰ ਵਜੋਂ ਕਾਮਰੇਡ ਹਰਦੇਵ ਸਿਹਤ ਵਿਭਾਗ ਵੱਲੋਂ ਮਲੇਰੀਏ ਦੀ ਰੋਕਥਾਮ ਲਈ ਘਰਾਂ ਵਿੱਚ ਮੱਛਰ ਮਾਰਨ ਦਵਾਈ ਦੀ ਸਪਰੇਅ ਕਰਨ ਦੀ ਸਕੀਮ ਵਿੱਚ ਦਿਹਾੜੀਦਾਰ ਵਰਕਰ ਵਜੋਂ ਕੰਮ ਕਰਦੇ ਸਨ। ਇਸ ਮੁਹਿੰਮ ਵਿੱਚ ਕੰਮ ਕਰਦੇ ਸੈਂਕੜੇ ਗੈਰ-ਜਥੇਬੰਦ ਵਰਕਰਾਂ ਦੀ ਉਸ ਵਕਤ ਵਿਭਾਗ ਦੇ ਅਧਿਕਾਰੀਆਂ ਵੱਲੋਂ ਮਨਮਾਨੀ ਲੁੱਟ ਕੀਤੀ ਜਾਂਦੀ ਸੀ। ਇਸ ਲੁੱਟ ਤੇ ਮਨਮਾਨੀ ਦੇ ਟਾਕਰੇ ਲਈ 1990-91 ਵਿੱਚ ਜਦੋਂ ਲਿਬਰੇਸ਼ਨ ਆਗੂ ਕਾਮਰੇਡ ਰਾਜਵਿੰਦਰ ਸਿੰਘ ਰਾਣਾ ਦੀ ਅਗਵਾਈ ਵਿੱਚ 'ਐਂਟੀ ਮਲੇਰੀਆ ਫੀਲਡ ਵਰਕਰਜ਼ ਯੂਨੀਅਨ ਪੰਜਾਬ' ਜਥੇਬੰਦ ਕੀਤੀ ਗਈ, ਤਾਂ ਕਾਮਰੇਡ ਹਰਦੇਵ ਸਾਥੀਆਂ ਸਮੇਤ ਇਸ ਜਥੇਬੰਦੀ ਵਿੱਚ ਸਰਗਰਮ ਹੋ ਗਏ। ਇੰਝ ਹੌਲੀ ਹੌਲੀ ਉਹ ਸੀਪੀਆਈ (ਐੱਮ ਐੱਲ) ਲਿਬਰੇਸ਼ਨ ਦੇ ਕਰੀਬ ਆ ਗਏ।

ਮਈ 2009 ਵਿੱਚ ਸੀਪੀਆਈ (ਐੱਮ ਐੱਲ) ਲਿਬਰੇਸ਼ਨ ਤੇ ਮਜ਼ਦੂਰ ਮੁਕਤੀ ਮੋਰਚਾ ਦੀ ਅਗਵਾਈ ਵਿੱਚ ਮਾਨਸਾ ਜ਼ਿਲ੍ਹੇ ਦੇ ਬੇਜ਼ਮੀਨੇ ਪੇਂਡੂ ਗਰੀਬਾਂ ਦਾ ਰਿਹਾਇਸ਼ੀ ਪਲਾਟਾਂ ਖਾਤਰ ਦਲਿਤ ਵਰਗ ਲਈ ਰਾਖਵੀਆਂ ਪੰਚਾਇਤੀ ਜ਼ਮੀਨਾਂ ਉੱਪਰ ਘਰ ਬਣਾਉਣ ਲਈ ਕਬਜ਼ੇ ਦਾ ਇਕ ਵੱਡਾ ਅੰਦੋਲਨ ਉੱਭਰਿਆ। ਕਾਮਰੇਡ ਹਰਦੇਵ ਤੇ ਹੋਰ ਸਰਗਰਮ ਮਜ਼ਦੂਰ ਦੀ ਅਗਵਾਈ ਹੇਠ ਪਿੰਡ ਖਿਆਲਾ ਇਸ ਅੰਦੋਲਨ ਦਾ ਇਕ ਅਹਿਮ ਕੇਂਦਰ ਬਣਿਆ। ਉਸ ਵਕਤ ਹੋਈਆਂ ਗ੍ਰਿਫਤਾਰੀਆਂ ਵਿੱਚ ਪਿੰਡ ਦੇ 156 ਮਜ਼ਦੂਰ ਮਰਦ, ਔਰਤਾਂ ਤੇ ਨੌਜਵਾਨ ਗੁਰਦਾਸਪੁਰ, ਸੰਗਰੂਰ, ਜਲੰਧਰ ਤੇ ਫਰੀਦਕੋਟ ਦੀਆਂ ਦੂਰ ਦੁਰੇਡੀਆਂ ਜੇਲ੍ਹਾਂ ਵਿੱਚ ਬੰਦ ਰਹੇ। ਕਾਮਰੇਡ ਹਰਦੇਵ ਸਿੰਘ ਹੁਰੀਂ ਵੀ ਉਦੋਂ ਦੋ ਹਫਤੇ ਸੰਗਰੂਰ ਸੈਂਟਰਲ ਜੇਲ੍ਹ 'ਚ ਬੰਦ ਰਹੇ।

ਇਕ ਬੜਾ ਦਿਲਚਸਪ ਕਿੱਸਾ ਉਨ੍ਹਾਂ ਵੱਲੋਂ ਕਿਸਾਨ ਅੰਦੋਲਨ ਵਿੱਚ ਕਿਸੇ ਹੋਰ ਦੀ ਥਾਂ 'ਤੇ ਜੇਲ੍ਹ ਜਾਣ ਦਾ ਵੀ ਹੈ। ਹੋਇਆ ਇਹ ਕਿ ਬਾਦਲ ਸਰਕਾਰ ਵੱਲੋਂ ਮਾਨਸਾ ਜ਼ਿਲ੍ਹੇ ਦੇ ਪਿੰਡ ਗੋਬਿੰਦਪੁਰਾ ਥਰਮਲ ਲਈ ਜ਼ਮੀਨ ਐਕੁਆਇਰ ਕਰਨ ਖਿਲਾਫ ਅਕਤੂਬਰ 2011 ਵਿੱਚ ਉੱਠੇ ਕਿਸਾਨ ਅੰਦੋਲਨ ਦੌਰਾਨ ਕਿਸਾਨ ਜਥੇਬੰਦੀਆਂ ਵੱਲੋਂ ਰੇਲ ਲਾਈਨਾਂ ਜਾਮ ਕਰਨ ਦਾ ਸੱਦਾ ਸੀ, ਪਰ ਸਰਕਾਰ ਵੱਲੋਂ ਪੁਲਸ ਪ੍ਰਸ਼ਾਸਨ ਨੂੰ ਸਖਤ ਹਦਾਇਤ ਸੀ ਕਿ ਕਿਸੇ ਵੀ ਹਾਲਤ ਵਿੱਚ ਰੇਲਾਂ ਰੁਕਣ ਨਹੀਂ ਦੇਣੀਆਂ। ਪੰਜਾਬ ਕਿਸਾਨ ਯੂਨੀਅਨ ਦੇ ਵਰਕਰ ਪੁਲਸ ਦੇ ਅੱਖੀਂ ਘੱਟਾ ਪਾ ਕੇ ਮਾਨਸਾ ਸ਼ਹਿਰ ਦੀਆਂ ਤੰਗ ਗਲੀਆਂ ਰਾਹੀਂ ਰੇਲ ਲਾਈਨਾਂ ਤੱਕ ਅਪੜਨ ਵਿੱਚ ਕਾਮਯਾਬ ਰਹੇ। ਇਹ ਵੇਖ ਕੇ ਬੁਖਲਾਈ ਪੁਲਸ ਉਨ੍ਹਾਂ ਅੰਦੋਲਨਕਾਰੀ ਕਿਸਾਨਾਂ ਉਤੇ ਟੁੱਟ ਪਈ। ਲਾਠੀਚਾਰਜ ਦੇ ਨਾਲ ਉਨ੍ਹਾਂ ਗ੍ਰਿਫਤਾਰੀਆਂ ਵੀ ਕੀਤੀਆਂ। ਕਾਮਰੇਡ ਰਾਣੇ ਸਮੇਤ ਗ੍ਰਿਫਤਾਰ ਕੀਤੇ ਦਰਜਨਾਂ ਅੰਦੋਲਨਕਾਰੀਆਂ ਨੂੰ ਮਾਨਸਾ ਸਿਟੀ ਥਾਣੇ ਵਿੱਚ ਡੱਕਿਆ ਗਿਆ। ਨਾਂ, ਪਤੇ ਸਹਿਤ ਉਨ੍ਹਾਂ ਦੀ ਸੂਚੀ ਬਣਾ ਕੇ ਜੇਲ੍ਹ ਭੇਜਣ ਲਈ ਮੈਜਿਸਟਰੇਟ ਤੋਂ ਵਾਰੰਟ ਵੀ ਬਣਵਾ ਲਏ, ਪਰ ਜੇਲ੍ਹ ਭੇਜਣ ਦੀ ਤਿਆਰੀ ਵੇਖ ਕੇ ਇੱਕ ਡਰੂ ਕਿਸਾਨ ਮੌਕਾ ਤਾੜ ਕੇ ਥਾਣੇ ਵਿੱਚੋਂ ਖਿਸਕ ਗਿਆ। ਇਸ ਦਾ ਪਤਾ ਪੁਲਸ ਮੁਲਾਜ਼ਮਾਂ ਨੂੰ ਕਾਫੀ ਸਮੇਂ ਬਾਅਦ ਉਦੋਂ ਲੱਗਿਆ, ਜਦੋਂ ਜੇਲ੍ਹ ਲਈ ਰਵਾਨਾ ਕਰਨ ਤੋਂ ਪਹਿਲਾਂ ਉਨ੍ਹਾਂ ਨੇ ਹਿਰਾਸਤ ਵਿਚਲੇ ਅੰਦੋਲਨਕਾਰੀਆਂ ਦੀ ਮੁੜ ਹਾਜ਼ਰੀ ਲਾਈ। ਇਕ ਬੰਦਾ ਘਟਿਆ ਵੇਖ ਕੇ ਸਬੰਧਤ ਹੇਠਲੇ ਪੁਲਸ ਮੁਲਾਜ਼ਮਾਂ ਦੇ ਭਾਅ ਦੀ ਬਣ ਗਈ ਕਿ ਹੁਣ ਅਸੀਂ ਟੰਗੇ ਜਾਵਾਂਗੇ। ਕੋਈ ਹੋਰ ਚਾਰਾ ਨਾ ਵੇਖ ਕੇ ਉਨ੍ਹਾਂ ਇਸ ਬਾਰੇ ਕਾਮਰੇਡ ਰਾਣਾ ਨੂੰ ਦੱਸਿਆ। ਬਾਜ਼ਾਰ ਵਿਚ ਘੁੰਮਦਿਆਂ ਸਾਥੀ ਰਾਣਾ ਨੂੰ ਅਚਾਨਕ ਘਰ ਦਾ ਸੌਦਾ ਪੱਤਾ ਲੈਣ ਸ਼ਹਿਰ ਆਇਆ ਕਾਮਰੇਡ ਹਰਦੇਵ ਸਿੰਘ ਮਿਲ ਪਿਆ। ਲਾਲ ਸਲਾਮ ਬੁਲਾ ਕੇ ਕਾਮਰੇਡ ਹਰਦੇਵ ਨੇ ਸਾਥੀ ਰਾਣਾ ਨੂੰ ਪੁੱਛਿਆ, 'ਕਾਮਰੇਡ ਜੀ, ਤੁਸੀਂ ਕਿਧਰ ?' ਤਾਂ ਸਾਥੀ ਰਾਣਾ ਨੇ ਉਨ੍ਹਾਂ ਨੂੰ ਸਾਰੀ ਸਮੱਸਿਆ ਦੱਸੀ। ਸੁਣ ਕੇ ਕਾਮਰੇਡ ਹਰਦੇਵ ਨੇ ਅਪਣੇ ਸੁਭਾਅ ਮੁਤਾਬਿਕ ਸਰਸਰੀ ਕਿਹਾ, 'ਫੇਰ ਇਹ ਕਿੱਡਾ ਕੁ ਕੰਮ ਐਂ! ਮੈਂ ਚੱਲਦਾ ਥੋਡੇ ਨਾਲ, ਪੁਲਸ ਜਿੱਥੇ ਮਰਜ਼ੀ ਭੇਜ ਦੇਵੇ।' ਉਨ੍ਹਾਂ ਨੇ ਅਪਣਾ ਘਰੇਲੂ ਸੌਦੇ ਪੱਤੇ ਵਾਲਾ ਥੈਲਾ ਨਾਲ ਆਏ ਬੰਦੇ ਨੂੰ ਘਰ ਲਈ ਫੜਾਉਂਦਿਆਂ ਕਿਹਾ, 'ਇਹ ਸਾਡੇ ਘਰੇ ਫੜਾ ਦੇਵੀਂ ਤੇ ਨਾਲ ਦੱਸ ਦੇਈਂ ਕਿ ਮੈਂ ਜਥੇਬੰਦੀ ਦੇ ਕੰਮ ਜਾ ਰਿਹਾ ਹਾਂ, ਮੁੜਨ ਨੂੰ ਕਈ ਦਿਨ ਲੱਗ ਜਾਣਗੇ।' ਜਦੋਂ ਉਹ ਤੇ ਕਾਮਰੇਡ ਰਾਣਾ ਵਾਪਸ ਥਾਣੇ ਆਏ, ਤਾਂ ਪੁਲਸ ਵਾਲਿਆਂ ਦੇ ਸਾਹ 'ਚ ਸਾਹ ਆਏ। ਇੰਝ ਹਰਦੇਵ ਸਿੰਘ ਕਿਸੇ ਹੋਰ ਦੀ ਥਾਂ 'ਤੇ ਤਾਮਕੋਟ ਜੇਲ੍ਹ ਜਾ ਪਹੁੰਚੇ ਤੇ ਸਰਕਾਰ ਵੱਲੋਂ ਸਾਰੇ ਅੰਦੋਲਨਕਾਰੀਆਂ ਨੂੰ ਰਿਹਾਅ ਕਰਨ ਤੱਕ ਕਿਸਾਨਾਂ ਨਾਲ ਜੇਲ੍ਹ ਕੱਟੀ।

ਉਨ੍ਹਾਂ ਦੇ ਦੋ ਬੇਟੇ ਤੇ ਇੱਕ ਬੇਟੀ ਹੈ, ਤਿੰਨੇ ਸ਼ਾਦੀਸ਼ੁਦਾ ਹਨ। ਇਹ ਸਾਹਮਣੇ ਆਉਣ ਤੋਂ ਬਾਅਦ ਕਿ ਕਾਮਰੇਡ ਕੈਂਸਰ ਦੀ ਨਾ-ਮੁਰਾਦ ਬੀਮਾਰੀ ਦੀ ਪਕੜ ਵਿੱਚ ਆ ਗਏ ਹਨ, ਪਰਿਵਾਰ, ਪਾਰਟੀ ਤੇ ਪਿੰਡ ਦੇ ਸਾਥੀਆਂ ਨੇ ਉਨ੍ਹਾਂ ਦੇ ਇਲਾਜ ਲਈ ਹਰ ਸੰਭਵ ਯਤਨ ਕੀਤਾ। ਕਾਮਰੇਡ ਖੁਦ ਵੀ ਅੰਤ ਤੱਕ ਪੂਰੇ ਹੌਸਲੇ ਵਿੱਚ ਰਿਹਾ। ਬੀਮਾਰੀ ਦੇ ਬਾਵਜੂਦ ਅਪਣੀ ਮਜ਼ਬੂਤ ਮਾਨਸਿਕਤਾ ਦਾ ਸਬੂਤ ਦਿੰਦਿਆਂ ਉਹ 28 ਅਗਸਤ 2023 ਨੂੰ ਮਾਨਸਾ ਵਿਖੇ ਹੋਈ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੀ ਇੱਕ ਵਿਸ਼ਾਲ ਰੈਲੀ ਵਿੱਚ ਸ਼ਾਮਲ ਹੋਏ। ਰੈਲੀ ਨੂੰ ਸੰਬੋਧਨ ਵੀ ਕੀਤਾ ਤੇ ਇਨਕਲਾਬੀ ਗੀਤ ਵੀ ਸੁਣਾਏ।

ਅਪਣੇ ਅਜਿਹੇ ਸੂਝਵਾਨ ਜਥੇਬੰਦਕ ਤੇ ਅਡੋਲ ਇਨਕਲਾਬੀ ਮਜ਼ਦੂਰ ਆਗੂ ਤੋਂ ਮਜ਼ਦੂਰ ਜਮਾਤ ਤੇ ਸੀਪੀਆਈ (ਐੱਮ ਐੱਲ) ਸਦਾ ਪ੍ਰੇਰਣਾ ਲੈਂਦੇ ਰਹਿਣਗੇ।

-ਸੁਖਦਰਸ਼ਨ ਸਿੰਘ ਨੱਤ

## ਕਾਤਰਾਂ

### ਮੱਝਾਂ ਚੋਰੀ ਕਰਨ ਦੇ ਮਾਮਲੇ 'ਚ ਪਰਚਾ ਦਰਜ

ਜਲਾਲਾਬਾਦ, (ਜੀਤ ਕੁਮਾਰ)-ਥਾਣਾ ਅਮੀਰ ਖਾਸ ਦੀ ਪੁਲਸ ਵੱਲੋਂ ਪਿੰਡ ਅਮੀਰ ਖਾਸ ਵਿਖੇ ਮੱਝਾਂ ਚੋਰੀ ਕਰਨ ਵਾਲੇ ਅਣਪਛਾਤੇ ਵਿਅਕਤੀਆਂ ਖਿਲਾਫ ਪਰਚਾ ਦਰਜ ਕੀਤਾ ਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਮੁਦੱਈ ਖੁਸ਼ਹਾਲ ਸਿੰਘ ਪੁੱਤਰ ਸੁਰੈਣ ਸਿੰਘ ਵਾਸੀ ਅਮੀਰ ਖਾਸ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਗਏ ਹਨ ਕਿ 11 ਤੇ 12 ਫਰਵਰੀ 2024 ਦੀ ਦਰਮਿਆਨੀ ਰਾਤ ਨੂੰ ਹਵੇਲੀ ਵਿੱਚੋਂ 2 ਮੱਝਾਂ ਅਣਪਛਾਤੇ ਵਿਅਕਤੀ ਚੋਰੀ ਕਰਕੇ ਪਿੱਕਅੱਪ ਗੱਡੀ ਵਿੱਚ ਲੱਦ ਕੇ ਜਲਾਲਾਬਾਦ ਵਾਲੀ ਸਾਈਡ ਨੂੰ ਗਏ ਹਨ, ਜਿਨ੍ਹਾਂ ਦੀ ਮੁਦੱਈ ਨੇ ਆਪਣੇ ਤੌਰ 'ਤੇ ਭਾਲ ਕੀਤੀ, ਪਰ ਕੋਈ ਸੁਰਾਗ ਨਹੀਂ ਮਿਲਿਆ। ਪੁਲਸ ਨੇ ਅਣਪਛਾਤੇ ਵਿਅਕਤੀ ਖਿਲਾਫ ਮੁੱਕਦਮਾ ਦਰਜ ਕੀਤਾ ਹੈ।

### ਪੈਟਰੋਲੀਅਮ ਡੀਲਰਜ਼ ਐਸੋਸੀਏਸ਼ਨ ਵੱਲੋਂ ਕੋਈ ਬੰਦ ਨਹੀਂ

ਬਠਿੰਡਾ (ਪਰਵਿੰਦਰ ਜੀਤ ਸਿੰਘ)-ਪੰਜਾਬ ਪੈਟਰੋਲੀਅਮ ਡੀਲਰਜ਼ ਐਸੋਸੀਏਸ਼ਨ ਨੇ ਕੋਈ ਅੰਦੋਲਨ/ਹੜਤਾਲ ਦਾ ਸੱਦਾ ਨਹੀਂ ਦਿੱਤਾ ਹੈ।ਮੀਡੀਆ ਵਿੱਚ ਕੁਝ ਖਬਰਾਂ ਆਈਆਂ ਸਨ ਕਿ ਪੰਜਾਬ ਪੈਟਰੋਲੀਅਮ ਡੀਲਰਜ਼ ਐਸੋਸੀਏਸ਼ਨ ਨੇ 15 ਫਰਵਰੀ ਤੋਂ 22 ਫਰਵਰੀ 2024 ਤੱਕ ਹੜਤਾਲ ਦਾ ਸੱਦਾ ਦਿੱਤਾ ਹੈ। ਡੀਲਰਾਂ ਦੇ ਮਾਰਜਿਨ ਨੂੰ ਲੈ ਕੇ ਤੇਲ ਮਾਰਕੀਟਿੰਗ ਕੰਪਨੀਆਂ ਨਾਲ ਮੀਟਿੰਗਾਂ ਦੇ ਕੁਝ ਦੌਰ ਪਹਿਲਾਂ ਹੀ ਹੋ ਚੁੱਕੇ ਹਨ। ਅਗਲੀ ਮੀਟਿੰਗ 22 ਫਰਵਰੀ 2024 ਨੂੰ ਮੁੰਬਈ ਵਿਖੇ ਹੋਣੀ ਹੈ।ਸਾਨੂੰ ਪੂਰੀ ਉਮੀਦ ਹੈ ਕਿ ਸਾਡੀਆਂ ਮੰਗਾਂ ਨੂੰ ਜਲਦੀ ਪੂਰਾ ਕੀਤਾ ਜਾਵੇਗਾ।ਅਸੀਂ ਇਹ ਵੀ ਸਪੱਸ਼ਟ ਕਰਨਾ ਚਾਹੁੰਦੇ ਹਾਂ ਕਿ ਕੁਝ ਲੋਕ ਪੰਜਾਬ ਪੈਟਰੋਲੀਅਮ ਡੀਲਰਜ਼ ਐਸੋਸੀਏਸ਼ਨ ਦੇ ਨਾਮ ਤੇ ਸਿਰਲੇਖ ਦੀ ਦੁਰਵਰਤੋਂ ਕਰ ਰਹੇ ਹਨ।

### ਹਜਾਰਾ ਸਿੰਘ ਵਾਲਾ 'ਚ ਕੈਂਪ ਭਲਕੇ

ਮਮਦੋਟ (ਜਸਬੀਰ ਸਿੰਘ ਕੰਬੋਜ)-ਆਪ ਦੀ ਸਰਕਾਰ ਆਪਦੇ ਦੁਆਰ ਤਹਿਤ ਲਗਾਏ ਜਾ ਰਹੇ ਕੈਂਪਾਂ ਦੀ ਲੜੀ ਵਜੋਂ ਵਿਧਾਨ ਸਭਾ ਹਲਕਾ ਫਿਰੋਜ਼ਪੁਰ ਦਿਹਾਤੀ ਦੇ ਵਿਧਾਇਕ ਐਡਵੋਕੇਟ ਰਜਨੀਸ਼ ਦਹੀਆ ਦੀ ਰਹਿਨੁਮਾਈ ਹੇਠ ਬਲਾਕ ਮਮਦੋਟ ਅਧੀਨ ਆਉਂਦੇ ਪਿੰਡ ਹਜਾਰਾ ਸਿੰਘ ਵਾਲਾ ਵਿਖੇ 16 ਫਰਵਰੀ ਨੂੰ ਵਿਸ਼ੇਸ਼ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਬਲਰਾਜ ਸਿੰਘ ਸੰਧੂ ਨੇ ਦੱਸਿਆ ਕਿ ਇਸ ਕੈਂਪ ਵਿੱਚ ਬਲਾਕ ਮਮਦੋਟ ਨਾਲ ਸਬੰਧਤ ਸਾਰੇ ਦਫਤਰਾਂ ਦੇ ਅਧਿਕਾਰੀ, ਕਰਮਚਾਰੀ, ਮੁਲਾਜ਼ਮ ਤੇ ਅਫਸਰ ਸਾਹਿਬਾਨ ਮੌਜੂਦ ਰਹਿਣਗੇ।

### ਪੰਜਾਬ ਪੁਲਸ ਤੇ ਬੀ ਐੱਸ ਐੱਫ ਵੱਲੋਂ ਸਾਂਝਾ ਸਰਚ ਅਭਿਆਨ

ਫਾਜ਼ਿਲਕਾ (ਨਿਸ਼ਾ ਸ਼ਰਮਾ)-ਸ੍ਰੀ ਗੌਰਵ ਯਾਦਵ ਆਈਪੀਐਸ ਡੀਜੀਪੀ ਪੰਜਾਬ ਦੀਆਂ ਹਦਾਇਤਾਂ ਮੁਤਾਬਕ ਸ੍ਰੀ ਵਰਿੰਦਰ ਸਿੰਘ ਬਰਾੜ ਸੀਨੀਅਰ ਕਪਤਾਨ ਪੁਲਸ ਫਾਜ਼ਿਲਕਾ ਦੇ ਨਿਰਦੇਸ਼ਾਂ ਤਹਿਤ ਸ੍ਰੀ ਸੁਬੇਗ ਸਿੰਘ ਉੱਪ ਕਪਤਾਨ ਪੁਲਸ ਸਬ ਡਵੀਜ਼ਨ ਫਾਜ਼ਿਲਕਾ ਵੱਲੋਂ ਬੀ ਐੱਸ ਐੱਫ ਨਾਲ ਮਿਲ ਕੇ ਸਰਹੱਦੀ ਪਿੰਡ ਗੁਲਾਬਾਂ ਭੈਣੀ ਤੇ ਇਸ ਦੇ ਆਸ-ਪਾਸ ਦੇ ਇਲਾਕੇ ਵਿੱਚ ਅੱਜ ਸਵੇਰੇ ਸਾਂਝਾ ਸਰਚ ਆਪ੍ਰੇਸ਼ਨ ਕਾਸੋ ਚਲਾਇਆ ਗਿਆ।ਇਸ ਤਹਿਤ ਬੀਐੱਸਐੱਫ ਦੇ ਜਵਾਨਾਂ ਤੇ ਪੁਲਸ ਜਵਾਨਾਂ ਵੱਲੋਂ ਸਾਂਝੇ ਤੌਰ 'ਤੇ ਟੀਮਾਂ ਬਣਾ ਕੇ ਡੂੰਘਾਈ ਨਾਲ ਇਲਾਕੇ ਦੀ ਜਾਂਚ ਕੀਤੀ ਗਈ ਤਾਂ ਜੋ ਅਪਰਾਧੀ ਬਿਰਤੀ ਰੱਖਣ ਵਾਲੇ ਤੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕੀਤੀ ਜਾ ਸਕੇ।

# ਮਗਨਰੇਗਾ ਮੁਲਾਜ਼ਮਾਂ ਦਾ ਧਰਨਾ ਚੌਥੇ ਦਿਨ 'ਚ ਦਾਖਲ

## ਮਗਨਰੇਗਾ ਮੁਲਾਜ਼ਮਾਂ ਵੱਲੋਂ ਕੱਲ੍ਹ ਜ਼ਿਲ੍ਹਾ ਪੱਧਰੀ ਸੱਦੀ ਹੰਗਾਮੀ ਮੀਟਿੰਗ




ਜਲਾਲਾਬਾਦ (ਜੀਤ ਕੁਮਾਰ)-ਨਰੇਗਾ ਸਕੀਮ ਅਧੀਨ ਸੇਵਾਵਾਂ ਦੇ ਰਹੇ 2 ਮੁਲਾਜ਼ਮਾਂ ਨੂੰ ਨੌਕਰੀ ਤੋਂ ਫਾਰਗ ਕਰਨ ਖਿਲਾਫ ਨਰੇਗਾ ਕਰਮਚਾਰੀ ਯੂਨੀਅਨ ਜ਼ਿਲ੍ਹਾ ਫਾਜ਼ਿਲਕਾ ਵੱਲੋਂ ਸ਼ੁਰੂ ਕੀਤੀ ਗਈ ਕਲਮ ਛੋੜ ਹੜਤਾਲ ਅੱਜ ਚੌਥੇ ਦਿਨ ਵਿੱਚ ਸ਼ਾਮਲ ਹੋ ਗਈ ਹੈ। ਅੱਜ ਫਿਰ ਸਥਾਨਕ ਬੀ.ਡੀ.ਪੀ.ਓ. ਦਫਤਰ 'ਚ ਨਰੇਗਾ ਮੁਲਾਜ਼ਮਾਂ ਨੇ ਧਰਨਾ ਦਿੱਤਾ ਤੇ ਕੱਢੇ ਗਏ ਨਰੇਗਾ ਕਰਮਚਾਰੀਆਂ ਨੂੰ ਬਹਾਲ ਕਰਨ ਦੀ ਮੰਗ ਕੀਤੀ ਗਈ। ਇਥੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਸੂਬਾ ਜਨਰਲ ਸਕੱਤਰ ਅਮ੍ਰਿਤਪਾਲ ਸਿੰਘ ਤੇ ਬਲਾਕ ਪ੍ਰਧਾਨ ਗੁਰਮੀਤ ਸਿੰਘ ਨੇ ਦੱਸਿਆ ਕਿ ਮਗਨਰੇਗਾ ਮੁਲਾਜ਼ਮਾਂ ਦਾ ਧਰਨਾ ਚੌਥੇ ਦਿਨ ਵਿੱਚ ਦਾਖਲ ਹੋ ਗਿਆ ਹੈ, ਕਿਉਂਕਿ ਜ਼ਿਲ੍ਹੇ ਦੇ ਉੱਚ ਅਧਿਕਾਰੀਆਂ ਵੱਲੋਂ ਬਿਨਾਂ ਕਿਸੇ ਕਾਰਨ ਕਿਸੇ ਨੋਟਿਸ ਤੋਂ ਦੋ ਨਰੇਗਾ ਮੁਲਾਜ਼ਮਾਂ ਦਾ ਕੰਟਰੈਕਟ ਵਿੱਚ ਵਾਧਾ ਕਰਨ ਤੋਂ ਰੋਕ ਲਗਾ ਦਿੱਤੀ ਗਈ ਹੈ, ਜਿਸ ਸਬੰਧੀ ਨਰੇਗਾ ਕਰਮਚਾਰੀ ਯੂਨੀਅਨ ਫਾਜ਼ਿਲਕਾ ਵੱਲੋਂ 25 ਜਨਵਰੀ 2024 ਨੂੰ ਮਾਨਯੋਗ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਨੂੰ ਮੰਗ ਪੱਤਰ ਵੀ ਦੇ ਕੇ ਵੀ ਜਾਣੂ ਕਰਵਾਇਆ ਗਿਆ ਸੀ ਤੇ ਇਸਦੇ ਬਾਅਦ ਡਿਪਟੀ ਕਮਿਸ਼ਨਰ ਫਾਜ਼ਿਲਕਾ ਨੂੰ ਵੀ ਮੰਗ ਪੱਤਰ ਦੇ ਕੇ ਜਾਣੂ ਕਰਵਾਇਆ ਗਿਆ, ਪਰ ਦੋਨੋਂ ਮਗਨਰੇਗਾ ਮੁਲਾਜ਼ਮਾਂ ਨੂੰ ਬਹਾਲ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਕੰਟਰੈਕਟ ਦੇ ਰੂਲਾਂ ਤੋਂ ਬਾਹਰ ਜਾ ਕੇ ਮੁਲਾਜ਼ਮਾਂ ਦਾ ਕੰਟਰੈਕਟ ਰੋਕਣਾ, ਮੁਲਾਜ਼ਮਾਂ ਨਾਲ ਸਿੱਧੇ ਤੌਰ 'ਤੇ ਧੱਕੇਸ਼ਾਹੀ ਹੈ, ਜਿਸ ਦੇ ਕਾਰਨ ਪੂਰੇ ਜ਼ਿਲ੍ਹੇ ਫਾਜ਼ਿਲਕਾ ਦੇ ਨਰੇਗਾ ਸਕੀਮ ਤਹਿਤ ਚੱਲ ਰਹੇ ਕੰਮ ਪ੍ਰਭਾਵਿਤ ਹੋ ਰਹੇ ਹਨ। ਆਗੂਆਂ ਨੇ ਕਿਹਾ ਕਿ ਜੇ ਮੁਲਾਜ਼ਮਾਂ ਨੂੰ ਬਹਾਲ ਨਾ ਕੀਤਾ, ਤਾਂ ਆਉਣ ਵਾਲੇ ਦਿਨਾਂ 'ਚ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਨਰੇਗਾ ਕਰਮਚਾਰੀ ਯੂਨੀਅਨ ਵੱਲੋਂ 15 ਫਰਵਰੀ ਨੂੰ ਮੀਟਿੰਗ ਫਾਜ਼ਿਲਕਾ 'ਚ ਬੁਲਾਈ ਗਈ ਹੈ, ਜਿਸ ਵਿੱਚ ਚੱਲ ਰਹੇ ਸੰਘਰਸ਼ 'ਤੇ ਵਿਚਾਰ ਚਰਚਾ ਕੀਤੀ ਜਾਵੇਗੀ। ਇਸ ਮੌਕੇ ਬਲਾਕ ਪ੍ਰਧਾਨ ਗੁਰਮੀਤ ਜਲਾਲਾਬਾਦ, ਕੁਲਵਿੰਦਰ ਸਿੰਘ, ਮੰਗਤ ਸਿੰਘ, ਜਸਵੀਰ ਸੀ ਏ, ਰਾਜ ਰਾਣੀ ਸੀ ਏ, ਰਿੰਪੀ ਕੁਮਾਰੀ, ਸੀਤਲ ਕੰਬੋਜ, ਭੁਪਿੰਦਰ ਕੌਰ, ਗੁਰਮੀਤ ਸਿੰਘ, ਜਸਵੀਰ ਸਿੰਘ, ਬਗੀਚਾ ਸਿੰਘ, ਵਿਕਰਮ ਟੀ ਏ, ਪ੍ਰਦੀਪ ਟੀ ਏ, ਸੰਦੀਪ ਸਿੰਘ ਆਦਿ ਹਾਜ਼ਰ ਹੋਏ।

# ਆਸ਼ਾ ਵਰਕਰਾਂ ਵੱਲੋਂ 16 ਨੂੰ ਦੇਸ਼ ਵਿਆਪੀ ਹੜਤਾਲ 'ਚ ਸ਼ਾਮਲ ਹੋਣ ਦਾ ਫੈਸਲਾ

ਕੋਟਕਪੂਰਾ (ਰਛਪਾਲ ਭੁੱਲਰ)-ਆਲ ਇੰਡੀਆ ਆਸ਼ਾ ਵਰਕਰਜ਼ ਯੂਨੀਅਨ ਪੰਜਾਬ ਸਬੰਧਤ ਏਟਕ ਦੀ ਸੂਬਾ ਪੱਧਰੀ ਆਨਲਾਈਨ ਮੀਟਿੰਗ ਸੂਬਾ ਪ੍ਰਧਾਨ ਅਮਰਜੀਤ ਕੌਰ ਰਣ ਸਿੰਘ ਵਾਲਾ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਬਲਵੀਰ ਕੌਰ ਗਿੱਲ ਸੂਬਾਈ ਜਨਰਲ ਸਕੱਤਰ, ਦੁਰਗੋ ਬਾਈ ਫਾਜ਼ਿਲਕਾ ਸੂਬਾਈ ਸੀਨੀਅਰ ਮੀਤ ਪ੍ਰਧਾਨ, ਸੀਮਾ ਸੋਹਲ ਤਰਨਤਾਰਨ ਸੂਬਾਈ ਵਿੱਤ ਸਕੱਤਰ, ਸੁਖਵਿੰਦਰ ਕੌਰ ਸੁੱਖੀ ਜ਼ਿਲ੍ਹਾ ਪ੍ਰਧਾਨ ਮਾਨਸਾ, ਸਵਰਨਜੀਤ ਕੌਰ ਹਰਾਜ਼ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹਾ ਚੇਅਰਮੈਨ, ਅਮਨਦੀਪ ਕੌਰ ਮੋਗਾ, ਸੰਦੀਪ ਕੌਰ ਤਪਾ ਜ਼ਿਲ੍ਹਾ ਪ੍ਰਧਾਨ ਬਰਨਾਲਾ ਤੇ ਰਾਜਵੰਤ ਕੌਰ ਜ਼ਿਲ੍ਹਾ ਪ੍ਰਧਾਨ ਅੰਮ੍ਰਿਤਸਰ ਨੇ ਕਿਹਾ ਕਿ ਕੇਂਦਰੀ ਟਰੇਡ ਯੂਨੀਅਨਾਂ ਵੱਲੋਂ ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਖਿਲਾਫ 16 ਫਰਵਰੀ ਨੂੰ ਦੇਸ਼ ਵਿਆਪੀ ਹੜਤਾਲ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਕੌਮੀ ਹੜਤਾਲ ਕੇਂਦਰ ਸਰਕਾਰ ਦੀਆਂ ਆਮ ਲੋਕਾਂ, ਮੁਲਾਜ਼ਮਾਂ, ਮਜ਼ਦੂਰਾਂ, ਕਿਰਤੀ ਲੋਕਾਂ ਦੀ ਲੁੱਟ ਕਰਨ ਵਾਲੀਆਂ ਨੀਤੀਆਂ, ਨਿੱਜੀਕਰਨ ਤੇ ਕਾਰਪੋਰੇਟ ਘਰਾਣਿਆਂ ਨੂੰ ਬੇਸ਼ਕੀਮਤੀ ਲਾਭ ਦੇਣ ਦੀਆਂ ਨੀਤੀਆਂ ਤੇ ਪਬਲਿਕ ਅਦਾਰਿਆਂ ਨੂੰ ਲਗਾਤਾਰ ਪ੍ਰਾਈਵੇਟ ਹੱਥਾਂ ਵਿੱਚ ਵੇਚਣ ਵਿਰੁੱਧ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਇਸ ਕੌਮੀ ਹੜਤਾਲ ਨੂੰ ਸਫਲ ਬਣਾਉਣ ਲਈ ਪੂਰੇ ਪੰਜਾਬ ਵਿੱਚ ਆਸ਼ਾ ਵਰਕਰਾਂ ਵੱਲੋਂ ਲਾਮਬੰਦੀ ਕੀਤੀ ਜਾ ਰਹੀ ਹੈ ਤੇ 16 ਫਰਵਰੀ ਨੂੰ ਪੰਜਾਬ ਵਿੱਚ ਵੱਖ ਵੱਖ ਥਾਵਾਂ 'ਤੇ ਹੋ ਰਹੀਆਂ ਰੈਲੀਆਂ ਵਿੱਚ ਆਸ਼ਾ ਵਰਕਰਾਂ ਨੂੰ ਵੱਧ ਚੜ੍ਹ ਕੇ ਸ਼ਾਮਲ ਹੋਣ ਲਈ ਪ੍ਰੇਰਿਤ ਕਰਕੇ ਸਾਰੀਆਂ ਤਿਆਰੀਆਂ ਨੂੰ ਅੰਤਿਮ ਰੂਪ ਦਿੱਤਾ ਜਾ ਰਿਹਾ ਹੈ।

# ਚੌਥਾ ਦਰਜਾ ਮੁਲਾਜ਼ਮ ਯੂਨੀਅਨ ਦੀ ਵਣ ਮੰਤਰੀ ਨਾਲ ਮੀਟਿੰਗ 'ਚ ਮੰਗਾਂ 'ਤੇ ਸਹਿਮਤੀ : ਦਰਸ਼ਨ ਲੁਬਾਣਾ



ਪਟਿਆਲਾ (ਨ ਜ਼ ਸ)-ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ (1680) ਵੱਲੋਂ ਵਣ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨਾਲ ਜੰਗਲਾਤ, ਜੰਗਲੀ ਜੀਵ ਤੇ ਜੰਗਲਾਤ ਨਿਗਮ ਵਿਚਲੇ ਲੰਮੇ ਸਮੇਂ ਤੋਂ ਕੰਮ ਕਰ ਰਹੇ ਡੇਲੀਵੇਜਿਜ਼, ਕੰਟਰੈਕਟ ਤੇ ਆਊਟ ਸੋਰਸ ਕਰਮਚਾਰੀਆਂ ਦੀਆਂ ਮੰਗਾਂ ਨੂੰ ਲੈ ਕੇ ਵਣ ਭਵਨ ਮੋਹਾਲੀ ਵਿਖੇ ਲੰਮਾ ਸਮਾਂ ਚੱਲੀ ਮੀਟਿੰਗ ਵਿੱਚ ਵਿੱਤੀ ਕਮਿਸ਼ਨਰ ਜੰਗਲਾਤ, ਜੰਗਲੀ ਜੀਵ ਵਿਸਥਾਰ ਪੰਜਾਬ ਸਰਕਾਰ ਸ੍ਰੀ ਵਿਕਾਸ ਗਰਗ ਆਈ.ਏ.ਐੱਸ. ਪ੍ਰਧਾਨ ਮੁੱਖ ਵਣਪਾਲ ਸ੍ਰੀ ਰਮਨ ਕੁਮਾਰ ਮਿਸ਼ਰਾ ਆਈ.ਐੱਫ.ਐੱਸ., ਮੈਨੇਜਿੰਗ ਡਾਇਰੈਕਟਰ ਪੰਜਾਬ ਰਾਜ ਵਣ ਵਿਕਾਸ ਨਿਗਮ ਸ੍ਰੀ ਧਰਮਿੰਦਰ ਸ਼ਰਮਾ ਆਈ.ਐੱਫ.ਐੱਸ. ਸੁਪਰਡੈਂਟ ਸ੍ਰੀ ਇੰਦਰਜੀਤ ਸਿੰਘ ਸਮੇਤ ਦਫਤਰੀ ਅਮਲਾ ਸ਼ਾਮਲ ਹੋਇਆ।ਯੂਨੀਅਨ ਵੱਲੋਂ ਦਰਸ਼ਨ ਸਿੰਘ ਲੁਬਾਣਾ, ਜਗਮੋਹਨ ਨੋਲੱਖਾ, ਮੰਗਾ ਸਿੰਘ ਆਦਿ ਦੋ ਦਰਜਨ ਆਗੂ ਵੀ ਸ਼ਾਮਲ ਸਨ।

ਆਗੂਆਂ ਨੇ ਮੰਤਰੀ ਨੂੰ ਜ਼ੋਰ ਦੇ ਕੇ ਕਿਹਾ ਕਿ ਵਣ ਵਿਭਾਗ ਦੇ ਕਰਮੀਆਂ ਲਈ ਉਮਰ, ਵਿੱਦਿਅਕ ਯੋਗਤਾ ਵਿੱਚ ਵਿਸ਼ੇਸ਼ ਛੋਟ ਦਿੱਤੀ ਜਾਵੇ ਤੇ ਤਨਖਾਹ ਸਕੇਲ 18000/- ਰੁਪਏ ਸਮੇਤ ਭੱਤਿਆਂ ਦੇ ਦਿੱਤਾ ਜਾਵੇ।ਵਣ ਮੰਤਰੀ ਨੇ ਭਰੋਸਾ ਦਿੱਤਾ ਕਿ ਉਹ ਇਸ ਮਾਮਲੇ ਨੂੰ ਪੰਜਾਬ ਕੈਬਨਿਟ ਸਬ ਕਮੇਟੀ ਪਾਸ ਉਠਾਉਣਗੇ।ਆਗੂਆਂ ਨੇ ਮੰਤਰੀ ਦੇ ਧਿਆਨ ਵਿੱਚ ਇਹ ਵੀ ਲਿਆਂਦਾ ਕਿ ਵਿਭਾਗ ਦੇ ਖੇਤਰੀ ਅਧਿਕਾਰੀ 60 ਸਾਲ ਦੀ ਉਮਰ ਪੁੱਗਾ ਚੁੱਕੇ ਕਾਮਿਆਂ ਨੂੰ ਖਾਲੀ ਹੱਥ ਘਰਾਂ ਨੂੰ ਤੋਰ ਰਹੇ ਹਨ, ਇਸ 'ਤੇ ਮੰਤਰੀ ਨੇ ਹਾਜ਼ਰ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਜਦੋਂ ਤੱਕ ਕਾਮਾ ਕੰਮ ਕਰਨਯੋਗ ਹੈ, ਉਨ੍ਹਾਂ ਨੂੰ ਕੰਮ 'ਤੇ ਜਾਰੀ ਰੱਖਿਆ ਜਾਵੇ।ਇਸ ਮੌਕੇ ਦਰਸ਼ਨ ਲੁਬਾਣਾ ਨੇ ਵਣਮੰਤਰੀ ਨੂੰ ਇਕ ਮੈਮੋਰੰਡਮ ਲਿਖਤੀ ਪੇਸ਼ ਕੀਤਾ, ਜਿਸ ਨਾਲ ਮਾਨਯੋਗ ਸੁਪਰੀਮ ਕੋਰਟ ਦੀ 50 ਪੇਜਾਂ ਦੀ ਜੱਜਮੈਂਟ ਵੀ ਨੱਥੀ ਸੀ। ਜਾਰੀ ਪ੍ਰੈੱਸ ਨੋਟ ਵਿੱਚ ਆਗੂਆਂ ਨੇ 16 ਫਰਵਰੀ ਨੂੰ ਭਾਰਤ ਬੰਦ ਦੀ ਹਮਾਇਤ ਕੀਤੀ ਤੇ ਕੇਂਦਰ ਦੀਆਂ ਨੀਤੀਆਂ ਦੀ ਨਿੰਦਾ ਕੀਤੀ। ਯੂਨੀਅਨ ਦੇ ਜੋ ਹੋਰ ਪ੍ਰਮੁੱਖ ਆਗੂ ਤੇ ਮੈਂਬਰ ਸ਼ਾਮਲ ਸਨ, ਉਨ੍ਹਾਂ ਵਿੱਚ ਕੁਲਵਿੰਦਰ ਸਿੰਘ, ਤਰਲੋਚਨ ਗਿਰ, ਮੰਗਾ ਸਿੰਘ, ਦਰਸ਼ਨ ਮੁਲੇਵਾਲ, ਸੱਤਪਾਲ ਲੰਗ, ਚੰਦਨ ਭਾਨ, ਬਲਜੀਤ ਸਿੰਘ, ਤਰਲੋਚਨ ਮੰਡੋਲੀ, ਗੁਰਮੇਲ ਸਿੰਘ, ਨਿਸ਼ਾਨ ਸਿੰਘ, ਬਲਵਿੰਦਰ ਸਿੰਘ, ਹਰਜੀਤ, ਹਰਪਾਲ ਸਿੰਘ, ਸਿੰਦਰ ਸਿੰਘ, ਨਿਰਮਲ ਸਿੰਘ ਚਾਸਵਾਲ, ਮੁਖਤਿਆਰ ਸਿੰਘ, ਨਛੱਤਰ ਸਿੰਘ, ਪਾਲਾ ਸਿੰਘ, ਹਰਮੇਲ ਸਿੰਘ, ਗੁਰਜੀਤ ਸਿੰਘ ਆਦਿ ਹਾਜ਼ਰ ਸਨ।


# ATAM VALVES LIMITED

Registered Office : 1051, Industrial Area, Jalandhar, Punjab-144004
CIN: L27109PB1985PLC006476,Website: www.atamvalves.in
Tel:+91 181 5001111, Email : cs@atamfebi.com

## 31 ਦਸੰਬਰ 2023 ਨੂੰ ਖਤਮ ਹੋਈ ਤਿਮਾਹੀ ਅਤੇ ਨੌਮਾਹੀ ਦੇ ਅਣ-ਪੜਤਾਲੇ ਵਿੱਤੀ ਨਤੀਜੇ

(ਰੁਪਏ ਲੱਖਾਂ 'ਚ ਸਿਵਾਏ ਪ੍ਰਤੀ ਸ਼ੇਅਰ ਡਾਟਾ)

| ਵੇਰਵੇ | ਤਿਮਾਹੀ ਖਤਮ 31.12.2023 | ਤਿਮਾਹੀ ਖਤਮ 30.09.2023 | ਤਿਮਾਹੀ ਖਤਮ 31.12.2022 | ਨੌਮਾਹੀ ਖਤਮ 31.12.2023 | ਨੌਮਾਹੀ ਖਤਮ 31.12.2022 | ਸਾਲ ਖਤਮ 31.03.2023 |
|---|---|---|---|---|---|---|
| | ਅਣ-ਪੜਤਾਲੇ | ਅਣ-ਪੜਤਾਲੇ | ਅਣ-ਪੜਤਾਲੇ | ਅਣ-ਪੜਤਾਲੇ | ਅਣ-ਪੜਤਾਲੇ | ਪੜਤਾਲੇ |
| ਕਾਰੋਬਾਰ ਤੋਂ ਕੁੱਲ ਆਮਦਨ (ਸ਼ੁੱਧ) | 1,218.65 | 1,276.19 | 1,097.32 | 3,535.24 | 2,920.57 | 4900.89 |
| ਕੁੱਲ ਲਾਭ/(ਹਾਨੀ) ਮਿਆਦ ਲਈ (ਟੈਕਸ ਅਤੇ ਖਾਸ ਵਸਤੂਆਂ ਤੋਂ ਪਹਿਲਾਂ) | 144.98 | 184.45 | 270.18 | 442.52 | 583.33 | 1003.53 |
| ਕੁੱਲ ਲਾਭ/(ਹਾਨੀ) ਮਿਆਦ ਲਈ ਟੈਕਸ ਤੋਂ ਪਹਿਲਾਂ (ਖਾਸ ਵਸਤੂਆਂ ਤੋਂ ਬਾਅਦ) | 144.98 | 184.45 | 270.18 | 442.52 | 583.33 | 1003.53 |
| ਕੁੱਲ ਲਾਭ/(ਹਾਨੀ) ਮਿਆਦ ਲਈ ਟੈਕਸ ਤੋਂ ਬਾਅਦ (ਖਾਸ ਵਸਤੂਆਂ ਤੋਂ ਬਾਅਦ) | 98.75 | 131.93 | 201.82 | 314.75 | 436.82 | 766.76 |
| ਕੁੱਲ ਵਿਆਪਕ ਆਮਦਨ/(ਹਾਨੀ) ਮਿਆਦ ਲਈ | 98.75 | 131.93 | 201.82 | 314.75 | 436.82 | 770.73 |
| ਇਕੁਇਟੀ ਸ਼ੇਅਰ ਕੈਪੀਟਲ | 1,294.80 | 1,054.80 | 1,054.80 | 1,294.80 | 1,054.80 | 1054.80 |
| ਹੋਰ ਇਕੁਇਟੀ (ਰੀਵੈਲਿਊਏਸ਼ਨ ਰਿਜ਼ਰਵ ਤੋਂ ਬਗੈਰ) | – | – | – | – | – | 1444.50 |
| ਕਮਾਈ ਪ੍ਰਤੀ ਸ਼ੇਅਰ (ਰੁ: 10/- ਹਰੇਕ ਦੀ ਫੇਸ ਵੈਲਿਊ) | | | | | | |
| (ਏ) ਬੇਸਿਕ | 0.89 | 1.25 | 1.91 | 2.85 | 4.45 | 7.67 |
| (ਬੀ) ਡੀਲਿਊਟਿਡ | 0.89 | 1.12 | 1.72 | 2.85 | 3.83 | 6.93 |

ਟਿੱਪਣੀ 1 : ਕੰਪਨੀ ਦੇ 31 ਦਸੰਬਰ 2023 ਨੂੰ ਖਤਮ ਹੋਈ ਤਿਮਾਹੀ ਅਤੇ ਨੌਮਾਹੀ ਦੇ ਵਿੱਤੀ ਨਤੀਜੇ ਆਡਿਟ ਕੰਪਨੀ ਵੱਲੋਂ ਨਜ਼ਰਸਾਨੀ ਤੇ ਸਿਫਾਰਸ਼ ਕੀਤੇ ਜਾ ਚੁੱਕੇ ਹਨ ਅਤੇ ਕੰਪਨੀ ਦੇ ਡਾਇਰੈਕਟਰਾਂ ਦੇ ਬੋਰਡ ਵੱਲੋਂ 13.2.2024 ਨੂੰ ਕੀਤੀ ਗਈ ਮੀਟਿੰਗ 'ਚ ਮਨਜ਼ੂਰ ਕੀਤੇ ਗਏ ਹਨ।
ਟਿੱਪਣੀ 2 :ਉਪਰੋਕਤ, ਸੇਬੀ (ਲਿਸਟਿੰਗ ਐਂਡ ਅਦਰ ਡਿਸਕਲੋਜ਼ਰ ਰਿਕੁਆਇਰਮੈਂਟਸ) ਰੈਗੂਲੇਸ਼ਨਜ਼, 2015 ਦੇ ਰੈਗੂਲੇਸ਼ਨ 33 ਅਧੀਨ ਸਟਾਕ ਐਕਸਚੇਂਜਿਜ਼ ਕੋਲ ਦਾਇਰ ਕੀਤੇ 31 ਦਸੰਬਰ 2023 ਦੀ ਤਿਮਾਹੀ ਅਤੇ ਨੌਮਾਹੀ ਦੇ ਅਣ-ਪੜਤਾਲੇ ਵਿੱਤੀ ਨਤੀਜਿਆਂ ਦੇ ਵਿਸਥਾਰਤ ਫਾਰਮੈਟ ਦਾ ਸਾਰ ਹੈ। 31 ਦਸੰਬਰ 2023 ਨੂੰ ਖਤਮ ਹੋਈ ਤਿਮਾਹੀ ਅਤੇ ਨੌਮਾਹੀ ਦੇ ਅਣ-ਪੜਤਾਲੇ ਵਿੱਤੀ ਨਤੀਜਿਆਂ ਦਾ ਮੁਕੰਮਲ ਫਾਰਮੈਟ ਸਟਾਕ ਐਕਸਚੇਂਜ ਦੀ ਵੈੱਬਸਾਈਟ www.bseindia.com & www.nseindia.com ਅਤੇ ਕੰਪਨੀ ਦੀ ਵੈੱਬਸਾਈਟ https://www.atamvalves.in/ 'ਤੇ ਉਪਲੱਬਧ ਹੈ।
ਟਿੱਪਣੀ : 3: ਪਿਛਲੀ ਮਿਆਦ/ਸਾਲ ਦੇ ਅੰਕੜੇ ਚਾਲੂ ਮਿਆਦ ਦੇ ਅੰਕੜਿਆਂ ਨਾਲ ਤੁਲਨਾ ਕਰਨ ਲਈ, ਜਿੱਥੇ ਜ਼ਰੂਰਤ ਪਈ ਰੀਗਰੁੱਪਡ/ਰੀਅਰੇਂਜਡ ਕੀਤੇ ਜਾ ਚੁੱਕੇ ਹਨ।

ਵਾਸਤੇ ਅਤੇ ਤਰਫੋਂ ਬੋਰਡ ਆਫ ਡਾਇਰੈਕਟਰਜ਼
ਆਤਮ ਵਾਲਵਜ਼ ਲਿਮਟਿਡ
ਅਮਿਤ ਜੈਨ
ਮੈਨੇਜਿੰਗ ਡਾਇਰੈਕਟਰ
(ਡੀ ਆਈ ਐੱਨ -01063087)

ਸਥਾਨ : ਜਲੰਧਰ
ਮਿਤੀ : 13/2/2024


# ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਭਲਕੇ ਭਾਰਤ ਬੰਦ ਦੀਆਂ ਤਿਆਰੀਆਂ ਮੁਕੰਮਲ



ਸਮਰਾਲਾ (ਸੁਰਜੀਤ ਸਿੰਘ)-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ 16 ਫਰਵਰੀ ਦੇ 'ਗ੍ਰਾਮੀਣ ਭਾਰਤ ਬੰਦ' ਦੀਆਂ ਤਿਆਰੀਆਂ ਸਬੰਧੀ ਸਮਰਾਲਾ ਇਲਾਕੇ ਦੀਆਂ ਵੱਖ ਵੱਖ ਕਿਸਾਨ ਜਥੇਬੰਦੀਆਂ ਤੇ ਹੋਰ ਜਥੇਬੰਦੀਆਂ ਦੀ ਇੱਕ ਭਰਵੀਂ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਸ਼ਾਮਲ ਬੀ. ਕੇ. ਯੂ. (ਰਾਜੇਵਾਲ), ਬੀ. ਕੇ. ਯੂ. (ਲੱਖੋਵਾਲ), ਬੀ. ਕੇ. ਯੂ. (ਕਾਦੀਆਂ), ਸਮਾਜਸੇਵੀ ਜਥੇਬੰਦੀਆਂ, ਟਰੇਡ ਯੂਨੀਅਨਾਂ ਤੇ ਸਹਿਯੋਗੀ ਪਾਰਟੀਆਂ ਵੱਲੋਂ ਸਮਰਾਲਾ ਸ਼ਹਿਰ ਦੇ ਸਮੂਹ ਦੁਕਾਨਦਾਰਾਂ ਤੇ ਹੋਰ ਕਾਰੋਬਾਰੀਆਂ ਨੂੰ ਬੇਨਤੀ ਕੀਤੀ ਕਿ ਉਹ 16 ਫਰਵਰੀ ਦੇ ਬੰਦ ਵਿੱਚ ਪੂਰਨ ਰੂਪ ਵਿੱਚ ਆਪਣੇ ਕਾਰੋਬਾਰ ਬੰਦ ਰੱਖ ਕੇ ਸੰਯੁਕਤ ਕਿਸਾਨ ਮੋਰਚੇ ਦਾ ਸਾਥ ਦੇਣ ਤਾਂ ਜੋ ਕੇਂਦਰ ਦੁਆਰਾ ਫੈਲਾਈ ਜਾ ਰਹੀ ਅਰਾਜਕਤਾ ਨੂੰ ਠੱਲ੍ਹ ਪਾਈ ਜਾ ਸਕੇ। ਅਹੁਦੇਦਾਰਾਂ ਨੇ ਦੱਸਿਆ ਕਿ 16 ਫਰਵਰੀ ਨੂੰ ਘੁਲਾਲ ਟੋਲ ਪਲਾਜੇ 'ਤੇ ਵੱਡਾ ਇਕੱਠ ਕਰਕੇ ਵਿਸ਼ਾਲ ਰੋਸ ਧਰਨਾ ਲਗਾਇਆ ਜਾਵੇਗਾ। ਸਮੂਹ ਪਿੰਡਾਂ ਦੇ ਵਸਨੀਕਾਂ ਨੂੰ ਅਪੀਲ ਕੀਤੀ ਕਿ ਉਹ ਪਿੰਡ ਦੇ ਗੁਰਦੁਆਰਾ ਰਾਹੀਂ ਅਨਾਊਂਸਮੈਂਟ ਕਰਵਾ ਭਾਰਤ ਬੰਦ ਦਾ ਸੱਦਾ ਦੇ ਕੇ ਰੋਸ ਧਰਨੇ ਵਿੱਚ ਪੁੱਜਣ ਦੀ ਅਪੀਲ ਕਰਨ। ਅਹੁਦੇਦਾਰਾਂ ਨੇ ਸਮਰਾਲਾ ਇਲਾਕੇ ਦੇ ਟ੍ਰਾਂਸਪੋਰਟ ਯੂਨੀਅਨਾਂ, ਬਾਰ ਐਸੋਸੀਏਸ਼ਨ, ਆੜ੍ਹਤੀ ਐਸੋ:, ਰੋਡਵੇਜ਼ ਯੂਨੀਅਨ, ਮਜ਼ਦੂਰ ਯੂਨੀਅਨ ਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸੰਯੁਕਤ ਮੋਰਚੇ ਵੱਲੋਂ ਬੰਦ ਦੇ ਸੱਦੇ ਨੂੰ ਕਾਮਯਾਬ ਕਰਨ ਲਈ ਸਹਿਯੋਗ ਦੇਣ। ਮੀਟਿੰਗ ਵਿੱਚ ਮਨਜੀਤ ਸਿੰਘ ਜ਼ਿਲ੍ਹਾ ਪ੍ਰਧਾਨ ਭਾਕਿਯੂ (ਲੱਖੋਵਾਲ), ਸੁਖਵਿੰਦਰ ਸਿੰਘ ਭੱਟੀਆਂ ਮੀਤ ਪ੍ਰਧਾਨ ਪੰਜਾਬ ਬੀ. ਕੇ. ਯੂ. (ਰਾਜੇਵਾਲ), ਮੋਹਣ ਸਿੰਘ ਬਾਲਿਓਂ ਬਲਾਕ ਪ੍ਰਧਾਲ ਭਾਕਿਯੂ (ਕਾਦੀਆਂ), ਗੁਰਸੇਵਕ ਸਿੰਘ ਬਲਾਕ ਪ੍ਰਧਾਨ (ਲੱਖੋਵਾਲ), ਰਵਿੰਦਰ ਸਿੰਘ ਅਕਾਲਗੜ੍ਹ ਪ੍ਰਧਾਨ ਮਾਛੀਵਾੜਾ ਸਾਹਿਬ, ਅਮਰਜੀਤ ਸਿੰਘ ਬਾਲਿਓਂ ਪ੍ਰਧਾਨ ਭ੍ਰਿਸ਼ਟਾਚਾਰ ਵਿਰੋਧੀ ਫਰੰਟ ਸਮਰਾਲਾ, ਬਹਾਦਰ ਸਿੰਘ ਰੋਹਲੇ (ਕਾਦੀਆਂ), ਦਰਸ਼ਨ ਸਿੰਘ (ਕਾਦੀਆਂ), ਕੁਲਵਿੰਦਰ ਸਿੰਘ ਪੂਰਬਾ ਬਲਾਕ ਪ੍ਰਧਾਨ (ਰਾਜੇਵਾਲ), ਮੁਖਤਿਆਰ ਸਿੰਘ ਸਰਵਰਪੁਰ ਜ਼ਿਲ੍ਹਾ ਮੀਤ ਪ੍ਰਧਾਨ (ਰਾਜੇਵਾਲ), ਕਸ਼ਮੀਰਾਹ ਸਿੰਘ ਸੁੱਖਾ ਬਾਬਾ ਮੀਤ ਪ੍ਰਧਾਨ ਬਲਾਕ, ਗੋਨਾ ਮੁਤਿਓਂ, ਕਾਮਰੇਡ ਭਜਨ ਸਿੰਘ ਆਦਿ ਤੋਂ ਇਲਾਵਾ ਵੱਖ ਵੱਖ ਕਿਸਾਨ ਯੂਨੀਅਨਾਂ ਤੇ ਸਮਾਜਸੇਵੀ ਜਥੇਬੰਦੀਆਂ ਦੇ ਵਰਕਰ ਅਤੇ ਹੋਰ ਅਹੁਦੇਦਾਰ ਹਾਜ਼ਰ ਸਨ।

# 16 ਨੂੰ ਭਾਰਤ ਬੰਦ ਤੇ ਮੁਕੰਮਲ ਹੜਤਾਲ ਕਰਾਂਗੇ : ਪਿਲਖਣੀ



ਰਾਜਪੁਰਾ (ਰਮੇਸ਼ ਕਟਾਰੀਆ)-16 ਫਰਵਰੀ ਨੂੰ ਸਮੁੱਚੇ ਭਾਰਤ ਵਿੱਚ ਕਿਸਾਨ ਜਥੇਬੰਦੀਆਂ ਅਤੇ ਸਾਰੀਆਂ ਟ੍ਰੇਡ ਯੂਨੀਅਨਾਂ ਵਲੋਂ ਮਿਲ ਕੇ ਕੇਂਦਰ ਸਰਕਾਰ ਦੀਆਂ ਮੁਲਾਜ਼ਮ, ਮਜ਼ਦੂਰ, ਵਿਦਿਆਰਥੀਆਂ ਅਤੇ ਕਿਸਾਨ ਵਿਰੋਧੀ ਨੀਤੀਆਂ ਖ਼ਿਲਾਫ਼ ਮੁਕੰਮਲ ਹੜਤਾਲ ਅਤੇ ਭਾਰਤ ਬੰਦ ਕਰਨ ਦਾ ਫੈਸਲਾ ਕੀਤਾ ਹੈ। ਇਹ ਜਾਣਕਾਰੀ ਦੇਂਦਿਆਂ ਸੂਬਾ ਪ੍ਰਧਾਨ ਹਰਭਜਨ ਸਿੰਘ ਨੇ ਕਿਹਾ ਕਿ ਕਿਸਾਨ ਜਥੇਬੰਦੀਆਂ ਅਤੇ ਟ੍ਰੇਡ ਯੂਨੀਅਨਾਂ ਪਿਛਲੇ ਕਾਫੀ ਲੰਮੇ ਸਮੇਂ ਤੋਂ ਸਰਕਾਰ ਨੂੰ ਮਸਲੇ ਹੱਲ ਕਰਨ ਲਈ ਕਹਿ ਰਹੀਆਂ ਹਨ ਪਰ ਮੋਦੀ ਸਰਕਾਰ ਨੇ ਮੁਲਾਜ਼ਮਾਂ ਕਿਸਾਨਾਂ ਦੀਆਂ ਮੰਗਾਂ ਦੀ ਕੋਈ ਸਾਰ ਨਹੀਂ ਲਈ। ਇਸ ਲਈ ਮਜਬੂਰ ਹੋ ਕੇ ਹੁਣ ਕਿਸਾਨਾਂ ਅਤੇ ਟਰੇਡ ਉਨ੍ਹਾਂ ਨੇ ਮਿਲ ਕੇ 16 ਫਰਵਰੀ ਦੀ ਮੁਕੰਮਲ ਹੜਤਾਲ ਤੇ ਭਾਰਤ ਬੰਦ ਕਰਨ ਵਿੱਚ ਪੀ ਐਸ ਈ ਬੀ ਪੈਨਸ਼ਨਰ ਯੂਨੀਅਨ ਏਟਕ ਪੰਜਾਬ ਵਧ ਚੜ੍ਹ ਕੇ ਸ਼ਮੂਲੀਅਤ ਕਰੇਗੀ। ਪੰਜਾਬ ਸਰਕਾਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਹੱਲ ਕਰਨ ਦੀ ਬਜਾਏ ਲਾਰੇ ਲੱਪੇ ਲਾ ਕੇ ਡੰਗ ਸਾਰ ਰਹੀ ਹੈ। ਜੇਕਰ ਸਰਕਾਰ ਨੇ ਸਾਰਥਕ ਗੱਲਬਾਤ ਕਰਕੇ ਮੰਗਾਂ ਨਾ ਮੰਨੀਆਂ ਤਾਂ ਜਲਦੀ ਹੀ ਅਣਮਿਥੇ ਸਮੇ ਲਈ ਧਰਨੇ ਹੜਤਾਲਾਂ ਕੀਤੀਆਂ ਜਾਣਗੀਆਂ। ਇਹ ਜਾਣਕਾਰੀ ਪੀ ਐਸ ਈ ਬੀ ਪੈਨਸ਼ਨਰ ਯੂਨੀਅਨ ਏਟਕ ਪੰਜਾਬ ਦੇ ਜਰਨਲ ਸਕੱਤਰ ਸਾਥੀ ਰਾਜਵੰਤ ਸਿੰਘ ਨੇ ਲਿਖਤੀ ਬਿਆਨ ਵਿੱਚ ਜਾਰੀ ਕੀਤੀ।

# ਬੀ ਕੇ ਯੂ ਉਗਰਾਹਾਂ ਵੱਲੋਂ ਚੰਡੀਗੜ੍ਹ ਮੋਰਚੇ ਦੀਆਂ ਤਿਆਰੀਆਂ ਜ਼ੋਰਾਂ 'ਤੇ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਤਲਵੰਡੀ ਸਾਬੋ ਦੀ ਮੀਟਿੰਗ ਜ਼ਿਲ੍ਹਾ ਬਠਿੰਡਾ ਦੇ ਜਰਨਲ ਸਕੱਤਰ ਹਰਜਿੰਦਰ ਸਿੰਘ ਬੱਗੀ ਤੇ ਜ਼ਿਲ੍ਹਾ ਆਗੂ ਜਗਦੇਵ ਸਿੰਘ ਜੋਗੇਵਾਲਾ ਦੀ ਪ੍ਰਧਾਨਗੀ ਹੇਠ ਲੇਲੇਵਾਲਾ ਗੈਸ ਪਾਈਪ ਲਾਈਨ ਮੋਰਚਾ ਵਿਖੇ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਆਗੂਆਂ ਨੇ ਕਿਹਾ ਕਿ ਸਰਕਾਰ ਨਾਲ ਸੰਬੰਧਤ ਮੰਗਾਂ ਕਿਸਾਨ ਪੱਖੀ ਖੇਤੀ ਨੀਤੀ ਬਣਾਈ ਜਾਵੇ, ਬੇਜ਼ਮੀਨੇ, ਗਰੀਬ ਕਿਸਾਨਾਂ ਤੇ ਖੇਤ ਮਜ਼ਦੂਰਾਂ ਦੀ ਜ਼ਮੀਨ ਦੀ ਤੋਟ ਪੂਰੀ ਕੀਤੀ ਜਾਵੇ, ਕਿਸਾਨਾਂ ਤ ਖੇਤ ਮਜ਼ਦੂਰਾਂ ਲਈ ਸਸਤੇ ਸਰਕਾਰੀ ਖੇਤੀ ਕਰਜ਼ਿਆਂ ਦਾ ਪ੍ਰਬੰਧ ਕੀਤਾ ਜਾਵੇ, ਕਿਸਾਨ ਪੱਖੀ ਕਰਜ਼ਾ ਕਾਨੂੰਨ ਬਣਾਇਆ ਜਾਵੇ, ਸੂਦਖੋਰੀ ਦਾ ਖਾਤਮਾ ਹੋਵੇ, ਕਿਸਾਨਾਂ, ਮਜ਼ਦੂਰਾਂ ਦੇ ਕਰਜ਼ਿਆਂ ਉਪਰ ਲੀਕ ਮਾਰੀ ਜਾਵੇ, ਨਹਿਰੀ ਪਾਣੀ ਹਰ ਖੇਤ ਤੱਕ ਪਹੁੰਚਦਾ ਕੀਤਾ ਜਾਵੇ, ਪਾਣੀ ਨੂੰ ਪਲੀਤ ਕਰਨ ਤੇ ਸੰਸਾਰ ਬੈਂਕ ਨੂੰ ਸੌਂਪਣ ਦੀ ਨੀਤੀ ਦਾ ਖਾਤਮਾ ਕੀਤਾ ਜਾਵੇ ਆਦਿ ਮੰਗਾਂ ਬਾਰੇ ਚਰਚਾ ਕੀਤੀ ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਚੰਡੀਗੜ੍ਹ ਵਿਖੇ 24 ਫਰਵਰੀ ਨੂੰ ਲੱਗਣ ਵਾਲੇ ਧਰਨੇ ਦੀ ਤਿਆਰੀ ਸੰਬੰਧੀ ਚਰਚਾ ਕੀਤੀ।

ਜਥੇਬੰਦੀ ਵੱਲੋਂ 15 ਫਰਵਰੀ ਨੂੰ ਬਲਾਕ ਰਾਮਪੁਰਾ ਦੇ ਪਿੰਡ ਭੂੰਦੜ ਵਿਖੇ ਜ਼ਿਲ੍ਹਾ ਪੱਧਰੀ ਕਾਨਫਰੰਸ ਵਿੱਚ ਕਿਸਾਨ, ਮਜ਼ਦੂਰ ਤੇ ਮਾਵਾਂ ਭੈਣਾਂ ਦੀ ਹਾਜ਼ਰੀ ਵੱਡੀ ਗਿਣਤੀ 'ਚ ਲੈ ਕੇ ਆਉਣ ਦਾ ਸੱਦਾ ਦਿੱਤਾ। ਸੰਯੁਕਤ ਕਿਸਾਨ ਮੋਰਚੇ ਤੇ ਟਰੇਡ ਯੂਨੀਅਨ ਵੱਲੋਂ 16 ਫਰਵਰੀ ਨੂੰ ਭਾਰਤ ਬੰਦ ਕਰਨ ਦਾ ਸੱਦਾ ਲਾਗੂ ਕਰਨ ਦਾ ਸੁਨੇਹਾ ਦਿੱਤਾ। ਕੁਲਵਿੰਦਰ ਸਿੰਘ ਗਿਆਨਾ ਨੇ ਲੇਲੇਵਾਲਾ ਗੈਸ ਪਾਈਪ ਲਾਈਨ ਮੋਰਚੇ ਸੰਬੰਧੀ ਡੀ ਸੀ ਬਠਿੰਡਾ ਨਾਲ ਹੋਏ ਮੀਟਿੰਗ ਬਾਰੇ ਦੱਸਿਆ ਕਿ ਡੀ ਸੀ ਵੱਲੋਂ 15 ਦਿਨਾਂ ਵਿੱਚ ਮੁਆਵਜ਼ਾ ਜਾਰੀ ਕਰਨ ਦਾ ਭਰੋਸਾ ਦਿੱਤਾ ਗਿਆ ਹੈ। ਮੀਟਿੰਗ ਵਿੱਚ ਰਾਜਵਿੰਦਰ ਸਿੰਘ ਰਾਮਨਗਰ, ਕਾਲਾ ਚੱਠੇਵਾਲਾ, ਰਣਜੋਧ ਸਿੰਘ ਮਾਹੀ ਨੰਗਲ, ਗੁਰਜੀਤ ਬੰਗੇਹਰ, ਕਲਕੱਤਾ ਸਿੰਘ, ਭੋਲਾ ਸਿੰਘ ਮਾੜੀ, ਲੱਖਾ ਜੋਗੇਵਾਲਾ, ਕਲੱਤਰ ਕਲਾਲਵਾਲਾ ਹਾਜ਼ਰ ਸਨ।

# ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝੇ ਫਰੰਟ ਵੱਲੋਂ 18 ਨੂੰ ਜੈਤੋ 'ਚ ਵਿਧਾਇਕ ਦੀ ਕੋਠੀ ਅੱਗੇ ਰੋਸ ਰੈਲੀ

**ਕੋਟਕਪੂਰਾ (ਰਛਪਾਲ ਭੁੱਲਰ)**-ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਜ਼ਿਲ੍ਹਾ ਫਰੀਦਕੋਟ ਦੀ ਮੀਟਿੰਗ ਪੈਨਸ਼ਨਰ ਆਗੂ ਗੁਰਮੀਤ ਸਿੰਘ ਜੈਤੋ ਦੀ ਪ੍ਰਧਾਨਗੀ ਹੇਠ ਇੱਥੇ ਪੈਨਸ਼ਨਰ ਭਵਨ ਵਿਖੇ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਮੁਲਾਜ਼ਮ ਤੇ ਪੈਨਸ਼ਨਰ ਆਗੂ ਦਰਸ਼ਨ ਸਿੰਘ ਬਰਾੜ ਮੁੱਖ ਅਧਿਆਪਕ, ਇੰਦਰਜੀਤ ਸਿੰਘ ਖੀਵਾ, ਕੁਲਵੰਤ ਸਿੰਘ ਚਾਨੀ, ਇਕਬਾਲ ਸਿੰਘ ਰਣ ਸਿੰਘ ਵਾਲਾ, ਸੂਬਾ ਸਿੰਘ ਰਾਮਿਆਣਾ, ਪ੍ਰਕਾਸ ਸਿੰਘ, ਰਾਜ ਸਿੰਘ ਕਾਸਿਮ ਭੱਟੀ, ਜਗਦੀਸ਼ ਰਾਏ ਅਰੋੜਾ ਖਜ਼ਾਨਾ ਅਫਸਰ, ਵੀਰ ਸਿੰਘ, ਗੁਰਦੀਪ ਸਿੰਘ ਸਿਹਤ ਵਿਭਾਗ, ਕੀਰਤਨ ਸਿੰਘ, ਸੱਤਪਾਲ ਮੰਗਲਾ ਨੇ ਦੱਸਿਆ ਕਿ ਸਾਂਝਾ ਫਰੰਟ ਦੀ ਸੂਬਾ ਕਾਰਜਕਾਰਨੀ ਦੇ ਫੈਸਲੇ ਨੂੰ ਅਮਲੀ ਜਾਮਾ ਪਹਿਨਾਉਂਦੇ ਹੋਏ ਆਮ ਆਦਮੀ ਪਾਰਟੀ ਦੇ ਐੱਮ ਐੱਲ ਏ ਦੇ ਘਰਾਂ ਸਾਹਮਣੇ ਰੋਸ ਧਰਨੇ ਦੇਣ ਦੇ ਐਕਸ਼ਨ ਪ੍ਰੋਗਰਾਮ ਉਲੀਕੇ ਗਏ ਹਨ, ਜਿਸ ਤਹਿਤ ਫਰੀਦਕੋਟ ਤੇ ਕੋਟਕਪੂਰਾ 'ਚ ਐਕਸ਼ਨ ਕਰਨ ਤੋਂ ਬਾਅਦ ਹੁਣ ਫਰੀਦਕੋਟ ਜ਼ਿਲ੍ਹੇ ਦਾ ਤੀਜਾ ਐਕਸ਼ਨ 18 ਫਰਵਰੀ ਨੂੰ ਸਵੇਰੇ ਠੀਕ 11 ਵਜੇ ਵਿਧਾਨ ਸਭਾ ਜੈਤੋ ਦੇ ਹਲਕਾ ਵਿਧਾਇਕ ਅਮੋਲਕ ਸਿੰਘ ਦੇ ਬਾਜਾਖਾਨਾ ਸੜਕ 'ਤੇ ਹਿੰਮਤ ਪੈਲੇਸ ਨੇੜੇ ਜੈਤੋ ਵਿਖੇ ਕੋਠੀ ਸਾਹਮਣੇ ਪੰਜਾਬ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਮੀਟਿੰਗ ਦੌਰਾਨ ਇਸ ਐਕਸ਼ਨ ਨੂੰ ਸਫਲ ਬਣਾਉਣ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ ਤੇ ਸਾਰੇ ਪ੍ਰੋਗਰਾਮ ਦੀ ਰੂਪ ਰੇਖਾ ਨੂੰ ਅੰਤਿਮ ਰੂਪ ਦਿੱਤਾ ਗਿਆ ਤੇ ਫਰੰਟ ਵਿੱਚ ਸ਼ਾਮਲ ਸਾਰੀਆਂ ਜਥੇਬੰਦੀਆਂ ਦੇ ਆਗੂਆਂ ਨੂੰ ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਦੀ ਅਪੀਲ ਕੀਤੀ ਗਈ। ਮੀਟਿੰਗ ਵਿੱਚ ਭਗਵੰਤ ਮਾਨ ਸਰਕਾਰ ਵੱਲੋਂ ਮੁਲਾਜ਼ਮ ਤੇ ਪੈਨਸ਼ਨਰ ਮੰਗਾਂ ਪ੍ਰਤੀ ਅਪਣਾਈ ਜਾ ਰਹੀ ਬੇਰੁਖੀ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ ਤੇ ਸਾਰੇ ਸ਼ਾਮਲ ਸਾਥੀਆਂ ਨੇ ਪੰਜਾਬ ਸਰਕਾਰ ਖਿਲਾਫ ਕੀਤੇ ਜਾ ਰਹੇ ਇਸ ਐਕਸ਼ਨ ਵਿੱਚ ਵੱਡੀ ਗਿਣਤੀ 'ਚ ਸ਼ਾਮਲ ਹੋਣ ਦਾ ਐਲਾਨ ਕੀਤਾ। ਸਮੂਹ ਆਗੂਆਂ ਨੇ ਲਟਕਦੀਆਂ ਮੰਗਾਂ ਦੀ ਪੂਰਤੀ ਤੱਕ ਸਾਂਝੇ ਫਰੰਟ ਦੇ ਝੰਡੇ ਹੇਠ ਸੰਘਰਸ਼ ਜਾਰੀ ਰੱਖਣ ਤੇ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਦੀ ਰੂਪ ਰੇਖਾ ਹੋਰ ਤਿੱਖੀ ਕਰਨ ਤੇ ਆਮ ਆਦਮੀ ਪਾਰਟੀ ਨੂੰ ਸਬਕ ਸਿਖਾਉਣ ਦੇ ਨਾਲ ਨਾਲ 16 ਫਰਵਰੀ ਨੂੰ ਕੇਂਦਰੀ ਹੁਕਮਰਾਨ ਮੋਦੀ ਸਰਕਾਰ ਦੀਆਂ ਕਿਸਾਨ, ਮਜ਼ਦੂਰ, ਮੁਲਾਜ਼ਮ, ਪੈਨਸ਼ਨਰ ਤੇ ਲੋਕ ਵਿਰੋਧੀ ਨੀਤੀਆਂ ਖਿਲਾਫ ਹੋ ਰਹੀ ਦੇਸ਼ ਵਿਆਪੀ ਹੜਤਾਲ ਨੂੰ ਸਫਲ ਬਣਾਉਣ ਦਾ ਐਲਾਨ ਕੀਤਾ ਗਿਆ।



# ਅਧਿਆਪਕ ਮੋਰਚਾ ਵੱਲੋਂ ਮੁਲਾਜ਼ਮ ਮੰਗਾਂ ਸੰਬੰਧੀ ਸਿੱਖਿਆ ਅਧਿਕਾਰੀਆਂ ਨੂੰ ਮੰਗ ਪੱਤਰ



**ਮੋਗਾ (ਭੁਪਿੰਦਰ ਸਿੰਘ ਬੱਬਲੂ)** : 16 ਫਰਵਰੀ ਦੀ ਦੇਸ਼ ਵਿਆਪੀ ਹੜਤਾਲ ਸੰਬੰਧੀ ਗਠਿਤ ਅਧਿਆਪਕ ਮੋਰਚਾ ਪੰਜਾਬ ਦੀ ਮੋਗਾ ਇਕਾਈ ਵਿੱਚ ਸ਼ਾਮਲ ਸਮੂਹ ਅਧਿਆਪਕ ਜਥੇਬੰਦੀਆਂ ਵੱਲੋਂ ਪੰਜਾਬ ਸਰਕਾਰ ਦੇ ਨਾਂਅ ਨੋਟਿਸ ਦੋਵੇਂ ਜ਼ਿਲ੍ਹਾ ਸਿੱਖਿਆ ਅਧਿਕਾਰੀਆਂ (ਐਲੀਮੈਂਟਰੀ ਤੇ ਸੈਕੰਡਰੀ) ਦੇ ਰਾਹੀਂ ਮੁੱਖ ਸਕੱਤਰ ਪੰਜਾਬ ਨੂੰ ਭੇਜਿਆ ਗਿਆ।

ਜਥੇਬੰਦੀਆਂ ਦੇ ਆਗੂਆਂ ਸੁਖਪਾਲਜੀਤ ਸਿੰਘ ਜ਼ਿਲ੍ਹਾ ਪ੍ਰਧਾਨ ਡੀ.ਟੀ.ਐੱਫ. ਤੇ ਜਜਪਾਲ ਸਿੰਘ ਜ਼ਿਲ੍ਹਾ ਪ੍ਰਧਾਨ ਜੀ. ਟੀ. ਯੂ. ਦੱਸਿਆ ਕਿ 16 ਫਰਵਰੀ ਨੂੰ ਸੰਯੁਕਤ ਕਿਸਾਨ ਮੋਰਚਾ ਤੇ ਕੇਂਦਰੀ ਟਰੇਡ ਯੂਨੀਅਨਾਂ, ਮੁਲਾਜ਼ਮ ਫੈਡਰੇਸ਼ਨਾਂ ਵੱਲੋਂ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਦੀਆਂ ਮੁਲਾਜ਼ਮ, ਮਜ਼ਦੂਰ ਤੇ ਕਿਸਾਨ ਵਿਰੋਧੀ ਨੀਤੀਆਂ ਖਿਲਾਫ ਅਤੇ ਆਪਣੀਆਂ ਮੰਗਾਂ ਦੀ ਪ੍ਰਾਪਤੀ ਲਈ ਦੇਸ਼ ਵਿਆਪੀ ਹੜਤਾਲ ਦਾ ਸੱਦਾ ਦਿੱਤਾ ਗਿਆ ਹੈ, ਜਿਸ ਸਬੰਧੀ ਪੰਜਾਬ ਸਰਕਾਰ ਨਾਲ ਸੰਬੰਧਤ ਮੰਗਾਂ ਦੀ ਪੂਰਤੀ ਲਈ ਮੰਗ ਪੱਤਰ ਦਿੱਤਾ ਗਿਆ ਹੈ। ਐਲੀਮੈਂਟਰੀ ਟੀਚਰਜ਼ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੁਰਜੀਤ ਸਮਰਾਟ ਤੇ ਅਧਿਆਪਕ ਦਲ ਪੰਜਾਬ ਦੇ ਜਤਿੰਦਰਪਾਲ ਭੋਲਾ ਨੇ ਦੱਸਿਆ ਕਿ ਪੰਜਾਬ ਦੀ ਆਪ ਸਰਕਾਰ ਵੱਲੋਂ ਮੁਲਾਜ਼ਮਾਂ ਨਾਲ ਕੀਤੇ ਵਾਅਦੇ ਅਜੇ ਤੱਕ ਪੂਰੇ ਨਹੀਂ ਕੀਤੇ ਗਏ ਤਾਂ ਪੁਰਾਣੀ ਪੈਨਸ਼ਨ ਹੀ ਬਹਾਲ ਕੀਤੀ ਗਈ ਹੈ ਅਤੇ ਨਾ ਹੀ ਮੁਲਾਜ਼ਮਾਂ ਨੂੰ ਛੇਵੇਂ ਪੇ ਕਮਿਸ਼ਨ ਦਾ ਬਕਾਇਆ ਦਿੱਤਾ ਗਿਆ ਹੈ। ਡੀ.ਏ. ਦੀਆਂ ਕਿਸ਼ਤਾਂ ਵੀ ਸਰਕਾਰ ਵੱਲ ਪੈਂਡਿੰਗ ਹਨ, ਪਿਛਲੀ ਕਾਂਗਰਸ ਸਰਕਾਰ ਵੱਲੋਂ ਕੱਟੇ ਗਏ ਭੱਤੇ ਵੀ ਬਹਾਲ ਨਹੀਂ ਕੀਤੇ ਗਏ, ਜਜ਼ੀਆ ਟੈਕਸ ਵਿਕਾਸ ਫੰਡ ਬੰਦ ਤਾਂ ਕੀ ਕਰਨਾ ਸੀ, ਸਗੋਂ ਪੈਨਸ਼ਨਰਾਂ 'ਤੇ ਵੀ ਲਾਗੂ ਕਰ ਦਿੱਤਾ ਗਿਆ ਹੈ। ਆਗੂਆਂ ਨੇ ਕਿਹਾ ਕਿ ਪੰਜਾਬ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ 16 ਫਰਵਰੀ ਦੇਸ਼ ਵਿਆਪੀ ਹੜਤਾਲ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੀਆਂ। ਇਸ ਸਮੇਂ ਗੁਰਪ੍ਰੀਤ ਅੰਮੀਵਾਲ, ਕੁਲਦੀਪ ਸਿੰਘ, ਸੁਰਿੰਦਰ ਸ਼ਰਮਾ, ਜਗਜੀਤ ਸਿੰਘ ਰਣੀਆਂ ਰਿਆਜ਼ ਮੁਹੰਮਦ, ਹਰਸ਼ਰਨ ਸਿੰਘ, ਸੁਖਜਿੰਦਰ ਜੋਸ਼ਨ, ਹਰਪ੍ਰੀਤ ਬਾਬਾ ਆਦਿ ਅਧਿਆਪਕ ਆਗੂ ਹਾਜ਼ਰ ਸਨ।

## ਕਾਤਰਾਂ

### ਐਕਸਪਰਟ ਨੇ ਹਫਤੇ 'ਚ ਲਵਾਇਆ ਕੈਨੇਡਾ ਦਾ ਵਿਜ਼ਟਰ ਵੀਜ਼ਾ

**ਬਾਘਾ ਪੁਰਾਣਾ (ਮਨੀ ਸਿੰਗਲਾ)**-ਐਕਸਪਰਟ ਇਮੀਗ੍ਰੇਸ਼ਨ ਐਂਡ ਐਜੂਕੇਸ਼ਨ ਸਰਵਿਸ ਵੱਲੋਂ ਸਰਬਜੀਤ ਕੌਰ ਪਤਨੀ ਕੁਲਜਿੰਦਰ ਸਿੰਘ ਨਿਵਾਸੀ ਰਾਜਿਆਣਾ ਦਾ ਵਿਜ਼ਟਰ ਵੀਜ਼ਾ ਸਿਰਫ ਇੱਕ ਹਫਤੇ ਵਿੱਚ ਲਗਵਾ ਕੇ ਦਿੱਤਾ ਹੈ ।ਇਸ ਮੌਕੇ ਸੰਸਥਾ ਦੇ ਹੈਡ ਦੇਵਾਸ਼ ਗੋਇਲ ਨੇ ਦੱਸਿਆ ਕਿ ਪਾਰਦਰਸ਼ੀ ਤੇ ਆਧੁਨਿਕ ਢੰਗ ਨਾਲ ਇਨ੍ਹਾਂ ਦੀ ਫਾਈਲ ਤਿਆਰ ਕੀਤੀ। ਇਸ ਮੌਕੇ ਸਰਬਜੀਤ ਕੌਰ ਤੇ ਕੁਲਜਿੰਦਰ ਸਿੰਘ ਨੇ ਦੇਵਾਸ਼ ਗੋਇਲ ਅਤੇ ਉਨ੍ਹਾਂ ਦੀ ਟੀਮ ਦਾ ਧੰਨਵਾਦ ਕੀਤਾ।

### ਸੰਗਰਾਂਦ ਦਾ ਦਿਹਾੜਾ ਮਨਾਇਆ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਫੱਗਣ ਮਹੀਨੇ ਦੀ ਸੰਗਰਾਂਦ ਦਾ ਦਿਹਾੜਾ ਪ੍ਰਬੰਧਕਾਂ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਗੁਰਦੁਆਰਾ ਸਾਹਿਬ ਦੇ ਮੈਨੇਜਰ ਭਾਈ ਗੁਰਬਖ਼ਸ਼ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਉਪਰੰਤ ਹਜ਼ੂਰੀ ਰਾਗੀ ਭਾਈ ਭੁਪਿੰਦਰ ਸਿੰਘ, ਨਿਰਮਲ ਸਿੰਘ ਤੇ ਹਰਵਿੰਦਰ ਸਿੰਘ ਵੱਲੋਂ ਰਸਭਿੰਨਾ ਕੀਰਤਨ ਕੀਤਾ ਗਿਆ। ਢਾਡੀ ਜਥਿਆਂ ਵੱਲੋਂ ਇਤਿਹਾਸਕ ਪ੍ਰਸੰਗ ਸੁਣਾਏ ਗਏ। ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਮਨਜੀਤ ਸਿੰਘ ਵੱਲੋਂ ਫੱਗਣ ਮਹੀਨੇ ਦੀ ਮਹੱਤਤਾ ਬਾਰੇ ਚਾਨਣ ਪਾਇਆ ਗਿਆ। ਭਾਰੀ ਗਿਣਤੀ 'ਚ ਪੁੱਜੀ ਸੰਗਤ ਨੇ ਇਤਿਹਾਸਕ ਖੂਹ ਤੇ ਜੰਡ ਦੇ ਵੀ ਦਰਸ਼ਨ ਕੀਤੇ।

### ਪਟਾਕੇ ਵਜਾਉਣ ਵਾਲਿਆਂ ਦੇ ਬੁਲਟ ਬਾਉਂਡ

**ਨਾਭਾ, (ਵਰਿੰਦਰ ਵਰਮਾ)**-ਪਟਿਆਲਾ ਗੇਟ ਨਜ਼ਦੀਕ ਟ੍ਰੈਫਿਕ ਪੁਲਸ ਵੱਲੋਂ ਬੁਲਟ ਮੋਟਰਸਾਈਕਲਾਂ ਦੇ ਪਟਾਕੇ ਵਜਾਉਣ ਵਾਲੇ ਨੌਜਵਾਨਾਂ ਨੂੰ ਫੜ ਕੇ ਚਲਾਨ ਕਰਕੇ ਮੋਟਰਸਾਈਕਲਾਂ ਨੂੰ ਬਾਉਂਡ ਕਰ ਦਿੱਤਾ ਤੇ ਹੁਲੜਬਾਜ਼ ਨੌਜਵਾਨਾਂ ਦੇ ਹੱਥ ਵਿੱਚ ਚਲਾਨ ਦੇ ਕੇ ਉਨ੍ਹਾਂ ਨੂੰ ਸਨਮਾਨਤ ਵੀ ਕੀਤਾ, ਤਾਂ ਕਿ ਭਵਿੱਖ ਵਿੱਚ ਅਜਿਹਾ ਕੁਝ ਨਾ ਕਰਨ। ਪੁਲਸ ਦੇ ਇਸ ਉਪਰਾਲੇ ਤੋਂ ਸ਼ਹਿਰ ਨਿਵਾਸੀ ਕਾਫੀ ਖੁਸ਼ ਨਜ਼ਰ ਆਏ। ਇਸ ਮੌਕੇ ਨਾਭਾ ਟ੍ਰੈਫਿਕ ਪੁਲਸ ਦੇ ਇੰਚਾਰਜ ਕਰਨੈਲ ਸਿੰਘ ਨੇ ਕਿਹਾ ਕਿ ਬੁਲਟ ਮੋਟਰਸਾਈਕਲ ਸਵਾਰ ਨੌਜਵਾਨਾਂ ਵੱਲੋਂ ਪਟਾਕੇ ਵਜਾਉਣ ਦੀਆਂ ਲਗਾਤਾਰ ਸ਼ਿਕਾਇਤਾਂ ਮਿਲ ਰਹੀਆਂ ਸਨ ਤੇ ਅਸੀਂ ਚਲਾਨ ਕਰਕੇ ਬੁਲਟ ਮੋਟਰਸਾਈਕਲਾਂ ਨੂੰ ਬਾਉਂਡ ਕਰ ਦਿੱਤਾ, ਤਾਂ ਜੋ ਨੌਜਵਾਨ ਇਸ ਮਾੜੀਆਂ ਹਰਕਤਾਂ ਤੋਂ ਬਾਜ ਆ ਸਕਣ। ਇਸ ਮੌਕੇ ਏਐੱਸਆਈ ਹਰਦੀਪ ਸਿੰਘ, ਐੱਚ ਸੀ ਸਤਿਗੁਰ ਸਿੰਘ, ਐੱਚ ਸੀ ਜੰਗ ਸਿੰਘ ਆਦਿ ਮੌਜੂਦ ਸਨ।

### ਜੀ ਹੋਲੀ ਹਾਰਟ ਸੰਸਥਾ ਵੱਲੋਂ ਮੁਫਤ ਮੈਡੀਕਲ ਕੈਂਪ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਗੁਰਪ੍ਰੀਤ ਹੋਲੀ ਹਾਰਟ ਪਬਲਿਕ ਸਕੂਲ ਮਹਿਲ ਕਲਾਂ ਵੱਲੋਂ ਲੋਕਾਂ ਦੀਆਂ ਵਿਸ਼ੇਸ਼ ਸਿਹਤ ਸਬੰਧੀ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਫਰੀ ਮੈਡੀਕਲ ਕੈਂਪ ਲਾਇਆ ਗਿਆ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸ੍ਰੀ ਸੁਸ਼ੀਲ ਗੋਇਲ, ਐਗਜ਼ੀਕਿਊਟਿਵ ਡਾਇਰੈਕਟਰ ਸ੍ਰੀ ਰਾਕੇਸ਼ ਬਾਂਸਲ, ਪ੍ਰਿੰਸੀਪਲ ਮੈਡਮ, ਵਾਈਸ ਪ੍ਰਿੰਸੀਪਲ ਮੈਡਮ ਤੇ ਸਮੁੱਚੇ ਸਟਾਫ ਦੀ ਹਮੇਸ਼ਾ ਤੋਂ ਹੀ ਇਹ ਕੋਸ਼ਿਸ਼ ਰਹੀ ਹੈ ਕਿ ਲੋਕ ਭਲਾਈ ਦੇ ਕੰਮ ਹਮੇਸ਼ਾ ਕੀਤੇ ਜਾਣ ਤਾਂ ਜੋ ਸਮੁੱਚੀ ਮਾਨਵਤਾ ਇਸ ਦਾ ਲਾਭ ਲੈ ਸਕੇ। ਮੈਡੀਕਲ ਕੈਂਪ ਵਿੱਚ ਡਾਕਟਰ ਰੋਹਿਤ ਗਰਗ ਚਮੜੀ ਰੋਗਾਂ ਦੇ ਮਾਹਰ, ਡਾਕਟਰ ਨੇਹਾ ਚੱਢਾ ਰੈਡੀਓਲੋਜਿਸਟ ਤੇ ਡਾਕਟਰ ਰੀਜ਼ੁਅਲ ਗਰਗ ਫਿਜ਼ੀਓਥੈਰੇਪਿਸਟ ਸ਼ਾਮਲ ਹੋਏ ਅਤੇ ਕੈਂਪ ਵਿੱਚ ਮਰੀਜ਼ਾਂ ਦੇ ਚੈੱਕਅਪ ਦੇ ਨਾਲ ਨਾਲ ਦਵਾਈਆਂ ਦਾ ਪ੍ਰਬੰਧ ਵੀ ਕੀਤਾ ਗਿਆ। ਸਕੂਲ ਦੇ ਹਰ ਇੱਕ ਮੈਂਬਰ ਨੇ ਆਪਣੀ ਜ਼ਿੰਮੇਵਾਰੀ ਅਨੁਸਾਰ ਵਧ ਚੜ੍ਹ ਕੇ ਇਸ ਵਿੱਚ ਹਿੱਸਾ ਲਿਆ।



### ਸਮਾਜ ਸੇਵਾ ਸੁਸਾਇਟੀ ਦੀ ਅਹਿਮ ਮੀਟਿੰਗ

**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**-ਸਮਾਜ ਸੇਵਾ ਸੁਸਾਇਟੀ ਦੀ ਇੱਕ ਅਹਿਮ ਮੀਟਿੰਗ ਬੂਟਾ ਰਾਮ ਧਰਮਸ਼ਾਲਾ ਵਿਖੇ ਹੋਈ। ਇਸ ਮੀਟਿੰਗ ਵਿੱਚ ਸੁਸਾਇਟੀ ਦੇ ਪ੍ਰਧਾਨ ਮਦਨ ਮੋਹਨ, ਸੈਕਟਰੀ ਬੁੜ ਚੰਦ ਬਿੰਦਰਾ, ਆਦਰਸ਼ ਧਵਨ ਖਜ਼ਾਨਚੀ, ਚੇਅਰਮੈਨ ਵਿਜੈ ਮੋਂਗਾ, ਸਰਪ੍ਰਸਤ ਸਤਵਿੰਦਰ ਭੰਡਾਰੀ, ਸੀਨੀਅਰ ਉੱਪ ਪ੍ਰਧਾਨ ਮਨੋਜ ਛਾਬੜਾ, ਉੱਪ ਪ੍ਰਧਾਨ ਅਸ਼ੋਕ ਮੋਂਗਾ ਤੇ ਹਰਪ੍ਰੀਤ ਸੋਢੀ, ਪਵਨ ਗੁਪਤਾ, ਬੌਬੀ ਗਲੋਹਤਰਾ, ਅਨਿਲ ਕੁੱਕੜ, ਰਮਨ ਕੁਮਾਰ, ਲਾਲ ਚੰਦ ਨਰੂਲਾ, ਵਿਜੈ ਸ਼ਰਮਾ, ਵਿਪਨ ਲੋਟਾ, ਸੰਦੀਪ ਮਦਾਨ, ਰਾਕੇਸ਼ ਬਜਾਜ, ਪਵਨ ਕੁਮਾਰ ਮੋਂਗਾ ਆਦਿ ਹਾਜ਼ਰ ਹੋਏ। ਇਸ ਮੌਕੇ ਸਮੂਹ ਮੈਂਬਰਾਂ ਵੱਲੋਂ ਮੀਟਿੰਗ ਕਰਕੇ ਲੋਕ ਭਲਾਈ ਦੇ ਕੰਮ ਕਰਨ ਲਈ ਮਤੇ ਪਾਸ ਕੀਤੇ ਗਏ। ਇਸ ਮੌਕੇ ਆਗੂਆਂ ਨੇ ਦੱਸਿਆ ਕਿ ਆਉਣ ਵਾਲੇ ਕੁਝ ਹੀ ਦਿਨਾਂ ਵਿੱਚ ਮੁਫ਼ਤ ਮੈਡੀਕਲ ਚੈੱਕਅਪ ਕੈਂਪ ਲਗਾਇਆ ਜਾਵੇਗਾ, ਜਿਸ ਸਬੰਧੀ ਜਲਦ ਹੀ ਲੋਕਾਂ ਨੂੰ ਜਾਣਕਾਰੀ ਦਿੱਤੀ ਜਾਵੇਗੀ

# ਬਾਰ੍ਹਵੀਂ ਦੇ ਵਿਦਿਆਰਥੀਆਂ ਨੂੰ ਦਿੱਤੀ ਵਿਦਾਇਗੀ ਪਾਰਟੀ



**ਸਮਰਾਲਾ (ਸੁਰਜੀਤ ਸਿੰਘ)**-ਸਥਾਨਕ ਵਿੱਦਿਅਕ ਸੰਸਥਾ ਮੈਕਸ ਆਰਥਰ ਮੈਕਾਲਿਫ ਪਬਲਿਕ ਸਕੂਲ ਵਿਖੇ 11ਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ 12ਵੀਂ ਜਮਾਤ ਦੇ ਵਿਦਿਆਰਥੀਆਂ ਦਾ ਵਿਦਾਇਗੀ ਸਮਾਗਮ ਕਰਵਾਇਆ ਗਿਆ। ਸਮਾਗਮ ਦੌਰਾਨ 12ਵੀਂ ਦੇ ਵਿਦਿਆਰਥੀਆਂ ਦਾ 11ਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਸਵਾਗਤੀ ਭਾਸ਼ਣ ਨਾਲ ਸਵਾਗਤ ਕੀਤਾ ਗਿਆ। 11ਵੀਂ ਦੇ ਵਿਦਿਆਰਥੀਆਂ ਵੱਲੋਂ ਡਾਂਸ, ਕਵਿਤਾ ਤੇ ਸੰਗੀਤਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਮਜ਼ੇਦਾਰ ਖੇਡਾਂ ਵੀ ਕਰਵਾਈਆਂ ਗਈਆਂ। 11ਵੀਂ ਦੇ ਵਿਦਿਆਰਥੀਆਂ ਨੇ 12ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਅਤੇ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਨੇ ਅਧਿਆਪਕਾਂ ਨੂੰ ਵੱਖ-ਵੱਖ ਖਿਤਾਬ ਦੇ ਕੇ ਸਨਮਾਨਤ ਕੀਤਾ। ਬਾਰਵੀਂ ਜਮਾਤ ਦੇ ਵਿਦਿਆਰਥੀਆਂ ਨੇ ਪ੍ਰਿੰਸੀਪਲ ਤੇ ਸਮੂਹ ਸਟਾਫ ਨਾਲ ਮਿਲ ਕੇ ਕੇਕ ਕੱਟ ਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ। ਵਿਦਿਆਰਥੀਆਂ ਨੇ ਵੱਖ-ਵੱਖ ਗਤੀਵਿਧੀਆਂ ਵਿੱਚ ਭਾਗ ਲੈ ਕੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਇਸ ਦੌਰਾਨ ਵਿਦਿਆਰਥੀਆਂ ਨੇ ਆਪਣੀਆਂ ਸਕੂਲੀ ਯਾਦਾਂ ਨੂੰ ਕਵਿਤਾਵਾਂ ਰਾਹੀਂ ਸਾਰਿਆਂ ਨਾਲ ਸਾਂਝਾ ਕੀਤਾ। ਮਾਡਲਿੰਗ ਵਿੱਚ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਕੇ ਸਾਰਿਆਂ ਦਾ ਮਨ ਮੋਹ ਲਿਆ। ਇਸ ਦੌਰਾਨ ਸਵਾਲ ਜਵਾਬ ਸੈਸ਼ਨ ਵੀ ਕਰਵਾਇਆ ਗਿਆ। ਵਿਦਿਆਰਥੀਆਂ ਦੀ ਚੋਣ ਉਨ੍ਹਾਂ ਦੇ ਆਤਮ ਵਿਸ਼ਵਾਸ ਤੇ ਪਹਿਰਾਵੇ ਨੂੰ ਦੇਖਦਿਆਂ ਇੱਕ ਜਿਊਰੀ ਦੁਆਰਾ ਕੀਤੀ ਗਈ। ਸਾਰੇ ਮਾਪਦੰਡਾਂ ਨੂੰ ਪੂਰਾ ਕਰਨ 'ਤੇ ਰਾਜਦੀਪ ਕੌਰ ਨੂੰ ਮਿਸ ਫੇਅਰਵੈੱਲ, ਸੂਵੀਰ ਖੁੱਲਰ ਨੂੰ ਮਿਸਟਰ ਫੇਅਰਵੈੱਲ ਤੇ ਸਹਿਜਪ੍ਰੀਤ ਕੌਰ ਨੂੰ ਮਿਸ ਪਾਪੂਲਰ ਘੋਸ਼ਿਤ ਕੀਤਾ ਗਿਆ। ਅਮਨ ਥਾਪਰ ਨੂੰ ਮਿਸਟਰ ਪਾਪੂਲਰ ਦਾ ਤੇ ਗੁਰਿੰਦਰ ਸਿੰਘ ਟਿਵਾਣਾ ਨੂੰ ਮਿਸਟਰ ਜੀਨੀਅਸ ਮੈਕਸੀਅਨ ਦਾ ਖਿਤਾਬ ਦਿੱਤਾ ਗਿਆ।

ਅੰਤ ਵਿੱਚ ਸਕੂਲ ਦੇ ਪ੍ਰਿੰਸੀਪਲ ਮਿਸ ਮੋਨਿਕਾ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਲਗਾਤਾਰ ਮਿਹਨਤ ਤੇ ਅਨੁਸ਼ਾਸਨ ਨਾਲ ਹੀ ਸਫ਼ਲਤਾ ਪ੍ਰਾਪਤ ਕੀਤੀ ਜਾ ਸਕਦੀ ਹੈ, ਇਸ ਲਈ ਸਖਤ ਮਿਹਨਤ ਕਰੋ ਤੇ ਆਪਣੀ ਪ੍ਰੀਖਿਆ ਨੂੰ ਚੰਗੇ ਤਰੀਕੇ ਨਾਲ ਦਿਓ ਅਤੇ ਚੰਗੇ ਅੰਕਾਂ ਨਾਲ ਇਮਤਿਹਾਨ ਪਾਸ ਕਰੋ।

# ਰਿਸ਼ਵਤ ਲੈਂਦਾ ਏ ਐੱਸ ਆਈ ਵਿਜੀਲੈਂਸ ਵੱਲੋਂ ਰੰਗੇ ਹੱਥੀਂ ਕਾਬੂ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਆਪਣੀ ਮੁਹਿੰਮ ਦੌਰਾਨ ਫਾਜ਼ਿਲਕਾ ਜ਼ਿਲ੍ਹੇ ਦੇ ਥਾਣਾ ਜਲਾਲਾਬਾਦ ਸਿਟੀ ਵਿਖੇ ਤਾਇਨਾਤ ਸਹਾਇਕ ਸਬ ਇੰਸਪੈਕਟਰ (ਏ.ਐੱਸ.ਆਈ.) ਸਰੂਪ ਸਿੰਘ ਨੂੰ 4,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਟੇਟ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਸੁਰਜੀਤ ਸਿੰਘ ਵਾਸੀ ਜੰਮੂ ਬਸਤੀ ਜਲਾਲਾਬਾਦ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫਤਾਰ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਕਿ ਉਕਤ ਪੁਲਸ ਮੁਲਾਜ਼ਮ ਨੇ ਉਸ ਦੇ ਖਿਲਾਫ ਦਰਜ ਕੇਸ ਵਿੱਚ ਅਦਾਲਤ 'ਚ ਚਾਰਜਸ਼ੀਟ ਦਾਖ਼ਲ ਕਰਨ ਬਦਲੇ ਉਸ ਤੋਂ 20,000 ਰੁਪਏ ਰਿਸ਼ਵਤ ਮੰਗੀ ਹੈ ਤੇ ਸੌਦਾ 17,000 ਰੁਪਏ ਵਿੱਚ ਤੈਅ ਹੋਇਆ ਹੈ।ਸ਼ਿਕਾਇਤਕਰਤਾ ਨੇ ਦੱਸਿਆ ਕਿ ਉਕਤ ਪੁਲਸ ਮੁਲਾਜ਼ਮ ਉਸ ਤੋਂ ਪਹਿਲਾਂ ਵੀ ਤਿੰਨ ਕਿਸ਼ਤਾਂ 'ਚ 10000, 2000 ਤੇ 1000 ਰੁਪਏ ਲੈ ਚੁੱਕਾ ਹੈ ਅਤੇ ਰਿਸ਼ਵਤ ਦੇ ਬਾਕੀ 4000 ਰੁਪਏ ਮੰਗ ਰਿਹਾ ਹੈ। ਸ਼ਿਕਾਇਤਕਰਤਾ ਨੇ ਸਬੂਤ ਵਜੋਂ ਉਕਤ ਮੁਲਜ਼ਮ ਵੱਲੋਂ ਰਿਸ਼ਵਤ ਮੰਗਣ ਦੀ ਕਾਲ ਰਿਕਾਰਡ ਵੀ ਵਿਜੀਲੈਂਸ ਨੂੰ ਸੌਂਪੀ।ਬੁਲਾਰੇ ਨੇ ਦੱਸਿਆ ਕਿ ਵਿਜੀਲੈਂਸ ਬਿਊਰੋ ਫਿਰੋਜ਼ਪੁਰ ਰੇਂਜ ਨੇ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਜਾਲ ਵਿਛਾਇਆ ਤੇ ਉਕਤ ਮੁਲਾਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 4000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ।ਵਿਜੀਲੈਂਸ ਟੀਮ ਨੇ ਮੌਕੇ 'ਤੇ ਹੀ ਮੁਲਜ਼ਮ ਕੋਲੋਂ ਰਿਸ਼ਵਤ ਦੀ ਰਕਮ ਬਰਾਮਦ ਕਰ ਮੁਲਜ਼ਮ ਖ਼ਿਲਾਫ਼ ਕੇਸ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਗਈ ਹੈ।


**TRUCAP FINANCE LIMITED**
(Formerly known as Dhanvarsha Finvest Ltd)
Registered Office: 3rd Floor, A Wing, D.J. House, Old Nagardas Road, Andheri (East), Mumbai – 400069, Maharashtra,
GST No: 27AAACD9887D1ZC
Corporate Identity Number: L24231MH1994PLC334457

**ਜਨਤਕ ਨੋਟਿਸ**

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰਹਿਣ ਕੀਤੇ ਸੋਨੇ ਦੇ ਗਹਿਣਿਆਂ ਦੀ ਨਿਲਾਮੀ ਟਰੂਕੈਪ ਫਾਇਨਾਂਸ ਲਿਮਟਿਡ (ਪਹਿਲਾਂ ਧਨਵਰਸ਼ਾ ਫਿਨਵੈਂਸਟ ਲਿਮਟਿਡ) ਵੱਲੋਂ 20 ਫਰਵਰੀ 2024 ਨੂੰ ਲੁਧਿਆਣਾ ਵਿਖੇ ਸਵੇਰੇ 11.00 ਵਜੇ ਕੀਤੀ ਜਾਵੇਗੀ। ਸ਼ਾਖਾ ਦਾ ਪਤਾ : ਟਰੂਕੈਪ ਫਾਇਨਾਂਸ ਲਿਮਟਿਡ (ਪਹਿਲਾਂ ਧਨਵਰਸ਼ਾ ਫਿਨਵੈਂਸਟ ਲਿਮਟਿਡ) ਆਰ ਕੇ ਟਾਵਰ ਹੈਬੋਵਾਲ ਰੋਡ ਬੀ-1461/1, ਰਾਮ ਸ਼ਰਨਮ ਚੌਕ, ਹੰਬੜਾਂ ਰੋਡ, ਲੁਧਿਆਣਾ, ਪੰਜਾਬ-141001

ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜੋ ਆਪਣੇ ਬਕਾਏ ਅਦਾ ਕਰਨ 'ਚ ਅਸਫਲ ਰਹੇ। ਸਾਡੇ ਨਿਲਾਮੀ ਦੇ ਨੋਟਿਸ ਬਕਾਇਦਾ ਇਨ੍ਹਾਂ ਕਰਜ਼ਦਾਰਾਂ ਨੂੰ ਜਾਰੀ ਕੀਤੇ ਜਾ ਚੁੱਕੇ ਹਨ।

ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਹੇਠਾਂ ਦਰਸਾਏ ਬਹੁਤ ਸਾਰੇ ਗਾਹਕਾਂ ਦੇ ਕਰਜ਼ਾ ਖਾਤਿਆਂ ਨਾਲ ਸ਼ਾਖਾ ਦੇ ਨਾਂਅ ਨਾਲ ਸੰਬੰਧਤ ਹਨ।

ਬਠਿੰਡਾ ਬਰਾਂਚ : GL0000000128206, GL0000000121989, GI0000000126319.
ਫਿਰੋਜ਼ਪੁਰ ਬਰਾਂਚ : GL0000000090076,GL0000000119865,GI0000000122277, GL0000000123746,GL0000000128739,GL0000000133212,GI0000000135884.
ਹੁਸ਼ਿਆਰਪੁਰ ਬਰਾਂਚ : GI0000000124178.
ਜਲੰਧਰ ਬਰਾਂਚ : GI0000000125077.
ਖਮਾਣੋਂ ਬਰਾਂਚ : GI0000000120327.
ਲੁਧਿਆਣਾ ਬਰਾਂਚ : GL0000000091469,GL0000000094581,GI0000000129331, GL0000000136674,GL0000000102339,GL0000000116427,GI0000000086200, GI0000000150742.
ਪਠਾਨਕੋਟ ਬਰਾਂਚ : GL0000000128821, GI0000000125288.
ਸਰਹਿੰਦ ਬਰਾਂਚ : GL0000000097144,GL0000000125019,GI0000000129135, GL0000000134851,GL0000000135388,GI0000000148046.
ਜ਼ੀਰਾ ਬਰਾਂਚ : GI0000000129151.

ਹੋਰ ਵੇਰਵਿਆਂ ਲਈ ਕ੍ਰਿਪਾ ਕਰਕੇ ਟਰੂਕੈਪ ਫਾਇਨਾਂਸ ਲਿਮਟਿਡ (ਪਹਿਲਾਂ ਧਨਵਰਸ਼ਾ ਫਿਨਵੈਂਸਟ ਲਿਮਟਿਡ) ਨਾਲ ਸੰਪਰਕ ਕੀਤਾ ਜਾਵੇ।
ਸੰਪਰਕ ਵਿਅਕਤੀ : ਸਤੀਸ਼ ਕੁਮਾਰ
ਸੰਪਰਕ ਨੰ. 9560735444
ਟਰੂਕੈਪ ਫਾਇਨਾਂਸ ਲਿਮਟਿਡ (ਪਹਿਲਾਂ ਧਨਵਰਸ਼ਾ ਫਿਨਵੈਂਸਟ ਲਿਮਟਿਡ) ਨੂੰ ਨਿਲਾਮੀ ਕੀਤੇ ਜਾ ਰਹੇ ਖਾਤਿਆਂ ਦੇ ਨੰਬਰ 'ਚ ਤਬਦੀਲੀ ਅਤੇ ਮੁਲਤਵੀ/ਬਿਨਾਂ ਅਗਾਊਂ ਨੋਟਿਸ ਨਿਲਾਮੀ ਰੱਦ ਕਰਨ ਦਾ ਅਧਿਕਾਰ ਹੈ।

ਟਰੂਕੈਪ ਫਾਇਨਾਂਸ ਲਿਮਟਿਡ
(ਪਹਿਲਾਂ ਧਨਵਰਸ਼ਾ ਫਿਨਵੈਂਸਟ ਲਿਮਟਿਡ)


# ਗੁਰਪ੍ਰੀਤ ਸਿੰਘ ਲਖਮੀਰਵਾਲਾ ਸ਼੍ਰੋਮਣੀ ਅਕਾਲੀ ਦਲ (ਅ) 'ਚ ਸ਼ਾਮਲ



**ਸੰਗਰੂਰ (ਪ੍ਰਵੀਨ ਸਿੰਘ)**-ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੂੰ ਜ਼ਿਲ੍ਹਾ ਸੰਗਰੂਰ ਵਿੱਚ ਉਸ ਸਮੇਂ ਭਾਰੀ ਬਲ ਅਤੇ ਅਕਾਲੀ ਦਲ (ਬ) ਨੂੰ ਵੱਡਾ ਝਟਕਾ ਲੱਗਿਆ, ਜਦੋਂ ਅਕਾਲੀ ਦਲ (ਬਾਦਲ) ਦੇ ਸੀਨੀਅਰ ਆਗੂ ਗੁਰਪ੍ਰੀਤ ਸਿੰਘ ਲਖਮੀਰਵਾਲਾ ਵਰਕਿੰਗ ਕਮੇਟੀ ਮੈਂਬਰ ਨੇ ਐੱਮ.ਪੀ. ਸਿਮਰਨਜੀਤ ਸਿੰਘ ਮਾਨ ਦੀ ਪੰਜਾਬ ਅਤੇ ਸਿੱਖ ਕੌਮ ਪੱਖੀ ਸ਼ਾਨਦਾਰ ਕਾਰਗੁਜ਼ਾਰੀ ਤੋਂ ਪ੍ਰਭਾਵਿਤ ਹੋ ਕੇ ਅਕਾਲੀ ਦਲ (ਬਾਦਲ) ਨੂੰ ਛੱਡ ਕੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵਿੱਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ, ਜਿਨ੍ਹਾਂ ਨੂੰ ਪਾਰਟੀ ਪ੍ਰਧਾਨ ਮਾਨ ਵੱਲੋਂ ਸਨਮਾਨਤ ਕਰਕੇ ਪਾਰਟੀ ਵਿੱਚ ਸ਼ਾਮਲ ਕੀਤਾ ਗਿਆ। ਮਾਨ ਨੇ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਗੁਰਪ੍ਰੀਤ ਸਿੰਘ ਲਖਮੀਰਵਾਲਾ ਦਾ ਸਵਾਗਤ ਕਰਦਿਆਂ ਕਿਹਾ ਕਿ ਪੰਜਾਬ ਪੱਖੀ ਸੋਚ ਦੇ ਮਾਲਕ ਹਰ ਆਗੂ ਅਤੇ ਵਰਕਰ ਦਾ ਅਸੀਂ ਆਪਣੀ ਪਾਰਟੀ ਵਿੱਚ ਤਹਿ ਦਿਲੋਂ ਸਵਾਗਤ ਕਰਦੇ ਹਾਂ। ਸਾਡੀ ਪਾਰਟੀ ਦਾ ਉਦੇਸ਼ ਸਿਰਫ ਅਤੇ ਸਿਰਫ ਪੰਜਾਬ ਦੀ ਖੁਸ਼ਹਾਲੀ ਅਤੇ ਸਾਰਿਆਂ ਲਈ ਬਰਾਬਰਤਾ ਵਾਲੇ ਰਾਜ ਦੀ ਸਥਾਪਨਾ ਕਰਨਾ ਹੈ। ਲਖਮੀਰਵਾਲਾ ਨੇ ਪਾਰਟੀ ਪ੍ਰਧਾਨ ਸਮੇਤ ਸਮੁੱਚੀ ਸੀਨੀਅਰ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਲੋਕ ਹਿੱਤਾਂ ਲਈ ਪਾਰਟੀ ਵੱਲੋਂ ਸੌਂਪੀ ਗਈ ਹਰ ਜ਼ਿੰਮੇਵਾਰੀ ਨੂੰ ਉਹ ਪੂਰੀ ਤਨਦੇਹੀ ਨਾਲ ਨਿਭਾਉਣਗੇ।

# ਸ਼ਾਨਦਾਰ ਸੇਵਾਵਾਂ ਬਦਲੇ ਡਾ. ਜਸਵਿੰਦਰ ਬਰਾੜ ਸਨਮਾਨਤ



**ਅਜੀਤਵਾਲ (ਨਛੱਤਰ ਸੰਧੂ)**-ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਿੱਚ 59ਵੀਂ ਅਲੂਮਨੀ ਮੀਟ 'ਚ ਕਿਸਾਨ ਹਿੱਤ ਵਿੱਚ ਮਿਹਨਤ, ਦਲੇਰੀ ਤੇ ਇਮਾਨਦਾਰੀ ਨਾਲ ਵਧੀਆ ਸੇਵਾਵਾਂ ਨਿਭਾਉਣ ਉੱਤੇ ਰਾਜਪੁਰਸਕਾਰ ਜੇਤੂ ਤੇ ਖੇਤੀਬਾੜੀ ਅਫਸਰ ਡਾ. ਜਸਵਿੰਦਰ ਸਿੰਘ ਬਰਾੜ ਨੂੰ ਸਨਮਾਨਤ ਕੀਤਾ ਗਿਆ। ਸ਼ਾਨਦਾਰ ਸੇਵਾਵਾਂ ਦੇਣ ਕਰਕੇ ਪੰਜਾਬ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਉਨ੍ਹਾਂ ਦਾ ਨਾਮ ਸਮਾਗਮ 'ਚ ਸਨਮਾਨਤ ਕਰਨ ਲਈ ਭੇਜਿਆ ਗਿਆ ਸੀ। ਇਸ ਮੌਕੇ ਪੀਏਯੂ ਦੇ ਵਾਈਸ ਚਾਂਸਲਰ ਡਾ. ਸਤਬੀਰ ਸਿੰਘ ਗੋਸਲ, ਸਾਬਕਾ ਵਾਈਸ ਚਾਂਸਲਰ ਡਾ. ਬਲਦੇਵ ਸਿੰਘ ਢਿੱਲੋਂ ਤੇ ਪੀਏਯੂ ਖੇਤੀਬਾੜੀ ਕਾਲਜ ਦੇ ਡੀਨ ਡਾ. ਚਰਨਜੀਤ ਸਿੰਘ ਔਲਖ ਨੇ ਕਿਹਾ ਕਿ ਪੰਜਾਬ ਖੇਤੀਬਾੜੀ ਵਿਭਾਗ 'ਚ ਡਾ. ਜਸਵਿੰਦਰ ਸਿੰਘ ਬਰਾੜ ਵਿਲੱਖਣ ਨਾਮ ਹੈ, ਜਿਨ੍ਹਾਂ ਨਿਰੰਤਰ ਕਿਸਾਨੀ ਸੇਵਾ ਕਾਰਨ ਕਿਸਾਨ ਉਨ੍ਹਾਂ ਦੀ ਪ੍ਰਸ਼ੰਸਾ ਕਰਦੇ ਹਨ। ਉਹ ਆਪਣੀਆਂ ਜ਼ਿੰਮੇਦਾਰੀਆਂ ਦੇ ਨਾਲ ਨਿਰਸਵਾਰਥ ਭਾਵਨਾ ਨਾਲ ਵਿਭਾਗੀ ਕੰਮ ਕਰਨੇ ਆਪਣੇ ਆਪ ਵਿੱਚ ਇੱਕ ਬਹੁਤ ਵੱਡੀ ਗੱਲ ਹੈ। ਅਸੀਂ ਉਮੀਦ ਕਰਦੇ ਹਾਂ ਕਿ ਉਹ ਭਵਿੱਖ ਦੌਰਾਨ ਆਪਣੇ ਕਾਰਜਾਂ ਵਿੱਚ ਹੋਰ ਨਿਖਾਰ ਲਿਆਉਣਗੇ।

# ਚਾਰਲਿਸ ਡਾਰਵਿਨ ਦਾ ਜਨਮ ਦਿਵਸ ਮਨਾਇਆ

**ਮਾਨਸਾ (ਆਤਮਾ ਸਿੰਘ ਪਮਾਰ)**- ਸਰਕਾਰੀ ਪ੍ਰਾਇਮਰੀ ਸਕੂਲ ਰਾਮਦਿੱਤੇ ਵਾਲਾ ਵਿਖੇ ਜੀਵ ਵਿਕਾਸ ਸਿਧਾਂਤ ਦੇ ਖੋਜਕਾਰ ਪ੍ਰਸਿੱਧ ਵਿਗਿਆਨੀ ਚਾਰਲਸ ਡਾਰਵਿਨ ਦਾ ਜਨਮ ਦਿਵਸ ਮਨਾਇਆ ਗਿਆ। ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਅਧਿਆਪਕ ਇਕਬਾਲ ਸੰਧੂ ਉਭਾ ਨੇ ਦੱਸਿਆ ਕਿ ਚਾਰਲਸ ਨੂੰ ਬਚਪਨ ਤੋਂ ਹੀ ਜੀਵ ਜੰਤੂਆਂ ਨਾਲ ਪ੍ਰੇਮ ਸੀ । ਚਾਰਲਸ ਵੱਖ ਵੱਖ ਤਰ੍ਹਾਂ ਦੇ ਮ੍ਰਿਤਕ ਜੀਵ ਜੰਤੂਆਂ ਨੂੰ ਇਕੱਠਾ ਕਰਦਾ ਰਹਿੰਦਾ ਸੀ। ਉਸ ਦੇ ਡਾਕਟਰ ਮਾਪੇ ਉਸ ਨੂੰ ਵੀ ਇਸੇ ਕਿੱਤੇ ਵਿੱਚ ਪਾਉਣਾ ਚਾਹੁੰਦੇ ਸਨ ਪ੍ਰੰਤੂ ਚਾਰਲਸ ਦੀ ਰੁਚੀ ਹਮੇਸ਼ਾ ਹੀ ਜੀਵ ਜੰਤੂਆਂ ਬਾਰੇ ਅਧਿਐਨ ਕਰਨ ਵੱਲ ਹੀ ਸੀ ।ਉਨ੍ਹਾ ਲਗਭਗ ਪੰਜ ਸਾਲ ਸਮੁੰਦਰੀ ਜੀਵ ਜੰਤੂਆਂ ਦੀਆਂ ਵੱਖ ਵੱਖ ਜਾਤੀਆਂ ਦਾ ਅਧਿਐਨ ਵੱਖ ਵੱਖ ਟਾਪੂਆਂ 'ਤੇ ਜਾ ਕੇ ਕੀਤਾ ਅਤੇ ਕਈ ਕਿਤਾਬਾਂ ਵੀ ਲਿਖੀਆਂ । ਅਜਿਹੇ ਵਿਅਕਤੀਆਂ ਦਾ ਜਨਮ ਦਿਨ ਮਨਾਉਣਾ ਵਿਦਿਆਰਥੀਆਂ ਵਿੱਚ ਵਿਗਿਆਨਕ ਨਜ਼ਰੀਆ ਅਤੇ ਤਰਕਸ਼ੀਲ ਸੋਚ ਪੈਦਾ ਕਰਨਾ ਹੈ । ਇਸ ਸਮੇਂ ਜਗਦੀਪ ਸਿੰਘ, ਜੋਨੀ ਕੁਮਾਰ, ਵੀਰਪਾਲ ਕੌਰ, ਸਿਮਰਜੀਤ ਕੌਰ, ਸਰਨਜੀਤ ਕੌਰ, ਰਿੰਕੂ ਰਾਣੀ ਅਤੇ ਵਿਦਿਆਰਥੀ ਵੀ ਹਾਜ਼ਰ ਸਨ ।



# ਲੋਕ ਸਭਾ ਚੋਣਾਂ 'ਚ ਮਸੀਹ ਭਾਈਚਾਰੇ ਵੱਲੋਂ ਅਹਿਮ ਰੋਲ ਨਿਭਾਇਆ ਜਾਵੇਗਾ : ਬਲਵੀਰ ਲਹਿਰਾ



**ਮੱਖੂ (ਰਛਪਾਲ ਸਿੰਘ ਸੰਧੂ)** : ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਮਸੀਹ ਭਾਈਚਾਰੇ ਵੱਲੋਂ ਅਹਿਮ ਰੋਲ ਨਿਭਾਇਆ ਜਾਵੇਗਾ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਦੀਆਂ ਨੀਤੀਆਂ ਘਰ-ਘਰ ਪਹੁੰਚਾਈਆਂ ਜਾਣਗੀਆਂ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਮਸੀਹ ਆਗੂ ਬਲਵੀਰ ਲਹਿਰਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਵਾਸੀਆਂ ਨੂੰ ਬਗੈਰ ਕਿਸੇ ਭੇਦਭਾਵ ਹਰ ਵਰਗ ਦੇ ਲੋਕਾਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ, ਜਿਸ ਦੀ ਤਾਜ਼ਾ ਮਿਸਾਲ ਪੰਜਾਬ ਦੇ ਲੋਕਾਂ ਨੂੰ ਘਰ ਬੈਠੇ ਮੁਫਤ ਰਾਸ਼ਨ, ਜ਼ਰੂਰੀ ਲੋੜੀਂਦੇ ਸਰਟੀਫਿਕੇਟ, ਬਿਜਲੀ ਮੁਫਤ ਆਦਿ ਦਿੱਤੀਆਂ ਜਾ ਰਹੀਆਂ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਘਰ-ਘਰ ਮੁਫ਼ਤ ਰਾਸ਼ਨ ਪਹੁੰਚਾਉਣ ਦੀ ਸ਼ੁਰੂਆਤ ਕਰਨ ਨਾਲ ਗਰੀਬ ਲੋਕਾਂ ਨੂੰ ਇਸ ਦਾ ਫਾਇਦਾ ਮਿਲੇਗਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੇਰੋਂ ਵਿਖੇ ਹੋਈ ਰੈਲੀ 'ਚ ਵਿਧਾਨ ਸਭਾ ਹਲਕਾ ਜ਼ੀਰਾ ਦੇ ਸ਼ਹਿਰਾਂ ਤੇ ਪਿੰਡਾਂ ਦੇ ਲੋਕਾਂ ਦੇ ਰਿਕਾਰਡਤੋੜ ਇਕੱਠ ਨੇ ਵਿਧਾਇਕ ਨਰੇਸ਼ ਕਟਾਰੀਆ ਤੇ ਯੂਥ ਆਗੂ ਸੰਕਰ ਕਟਾਰੀਆ ਦਾ ਸਿਆਸੀ ਕੱਦ ਹੋਰ ਉੱਚਾ ਕਰ ਦਿੱਤਾ ਹੈ। ਇਸ ਮੌਕੇ ਬਲਵੀਰ ਲਹਿਰਾ ਨਾਲ ਜਸਪਾਲ ਤਲਵੰਡੀ, ਜੁਗਰਾਜ ਸਿੰਘ, ਜੈਮਸ ਮਸੀਹ, ਕਰਨ ਮਸੀਹ, ਸੁੱਖਾ ਮਸੀਹ, ਪ੍ਰਗਟ ਸਿੰਘ ਪਿੰਕਾ, ਗੁਰਪ੍ਰੀਤ ਸਿੰਘ, ਪ੍ਰਗਟ ਸਿੰਘ ਝਾਮਕੇ, ਸੁਖਦੇਵ ਸਿੰਘ, ਰੂਪ ਮਸੀਹ, ਮੇਜਰ ਸਿੰਘ, ਪਤਰਸ ਮਸੀਹ, ਫਰਿਆਦ ਮਸੀਹ, ਸੋਨੂੰ ਮਸੀਹ ਆਦਿ ਹਾਜ਼ਰ ਸਨ।


**SMFG INDIA CREDIT COMPANY LIMITED**
**(formerly Fullerton India Credit Company Limited)**
ਕਾਰਪੋਰੇਟ ਦਫਤਰ : 10ਵੀਂ ਮੰਜ਼ਲ, ਦਫਤਰ ਨੰ. 101, 102 ਅਤੇ 103, 2 ਉੱਤਰੀ ਐਵੇਨਿਊ, ਮੇਕਰ ਮੈਕਸਿਟੀ, ਬਾਂਦਰਾ ਕੁਰਲਾ ਕੰਪਲੈਕਸ, ਬਾਂਦਰਾ (ਈ), ਮੁੰਬਈ-400051

**ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**
**(ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ ) ਰੂਲਜ਼ 2002 ਦੇ ਰੂਲ 8 (1) ਤਹਿਤ)**

ਜਦੋਂ ਕਿ ਨਿਮਨਹਸਤਾਖਰੀ ਨੇ ਐੱਸ ਐੱਮ ਐੱਫ ਜੀ ਇੰਡੀਆ ਕ੍ਰੈਡਿਟ ਕੰ. ਲਿਮਟਿਡ (ਪਹਿਲਾਂ ਫੁਲਰਟੋਨ ਇੰਡੀਆ ਕ੍ਰੈਡਿਟ ਕੰ. ਲਿਮਟਿਡ), ਜਿਸ ਦਾ ਰਜਿਸਟਰਡ ਦਫਤਰ ਮੇਘ ਟਾਵਰਜ਼, ਤੀਜੀ ਮੰਜ਼ਲ, ਪੁਰਾਣਾ ਨੰ. 307, ਨਵਾਂ ਨੰਬਰ 165, ਪੂਨਾਮਾਲੀ ਹਾਈ ਰੋਡ, ਮਦੁਰਾਵੋਇਲ, ਚੇਨਈ, ਤਾਮਿਲਨਾਡੂ-600095 ਅਤੇ ਕਾਰਪੋਰੇਟ ਦਫਤਰ 10ਵੀਂ ਮੰਜ਼ਲ, ਦਫਤਰ ਨੰ. 101, 102 ਅਤੇ 103, 2 ਉੱਤਰੀ ਐਵੇਨਿਊ, ਮੇਕਰ ਮੈਕਸਿਟੀ, ਬਾਂਦਰਾ ਕੁਰਲਾ ਕੰਪਲੈਕਸ, ਬਾਂਦਰਾ (ਈਸਟ), ਮੰਬਈ-400051 ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ, 2002 (2002 ਦਾ 54) ਤਹਿਤ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਕਰਜ਼ਦਾਰਾਂ (1) ਸੋਨੀਕਾ ਵਰਮਾ, ਪ੍ਰਦੀਪ ਕੁਮਾਰ ਕਰਜ਼ਾ ਖਾਤਾ ਨੰ. 213720911153650 ਤਹਿਤ ਨੋਟਿਸ 'ਚ ਦਰਸਾਈ 12 ਜੁਲਾਈ 2023 ਨੂੰ ਰਕਮ ਰੁਪਏ 37,41,361/- (ਸੈਂਤੀ ਲੱਖ ਇਕਤਾਲੀ ਹਜ਼ਾਰ ਤਿੰਨ ਸੌ ਇਕਾਹਠ ਰੁਪਏ ਕੇਵਲ) ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਕੀਤੇ ਜਾਣ ਲਈ ਡਿਮਾਂਡ ਨੋਟਿਸ 21.07.2023 ਨੂੰ ਜਾਰੀ ਕੀਤਾ ਸੀ।

ਕਰਜ਼ਦਾਰ ਰਕਮ ਮੋੜਨ 'ਚ ਨਾਕਾਮ ਰਹੇ ਹਨ, ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ 13 ਫਰਵਰੀ 2024 ਨੂੰ ਕਬਜ਼ਾ ਲੈ ਲਿਆ ਹੈ। ਕਰਜ਼ਦਾਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਇਸ ਜਾਇਦਾਦ ਸੰਬੰਧੀ ਕੋਈ ਸੌਦੇਬਾਜ਼ੀ ਨਾ ਕਰਨ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਫੁਲਰਟੋਨ ਇੰਡੀਆ ਕ੍ਰੈਡਿਟ ਕੰਪਨੀ ਲਿਮਟਿਡ ਦੀ 12 ਜੁਲਾਈ 2023 ਨੂੰ ਰਕਮ ਰੁਪਏ 37,41,361/- (ਸੈਂਤੀ ਲੱਖ ਇਕਤਾਲੀ ਹਜ਼ਾਰ ਤਿੰਨ ਸੌ ਇਕਾਹਠ ਰੁਪਏ ਕੇਵਲ) ਅਤੇ ਇਸ ਉਪਰ ਵਿਆਜ ਦੀ ਅਦਾਇਗੀਯੋਗ ਹੋਵੇਗੀ।

ਕਰਜ਼ਦਾਰਾਂ ਦਾ ਧਿਆਨ ਉਪਲੱਬਧ ਸਮੇਂ ਅੰਦਰ ਸਕਿਉਰਡ ਐੱਸਟਸ ਦੇ ਪੁਨਰ-ਗ੍ਰਹਿਣ ਲਈ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

**ਅਚੱਲ ਜਾਇਦਾਦ ਦਾ ਵੇਰਵਾ** : ਜਾਇਦਾਦ ਮਕਾਨ ਨੰ. ਬੀ 29, 1917/24/ਰਕਬਾ 100 ਵਰਗ ਗਜ਼, ਖਸਰਾ ਨੰ. 568/2-570, ਖੱਤਾ ਨੰ. 335/418 ਤੋਂ 420-336/421, ਜਮ੍ਹਾਂਬੰਦੀ ਸਾਲ 2003-2004, ਪਿੰਡ ਡਾਬਾ, ਹੱਦਬਸਤ ਨੰ. 262, ਅਬਾਦੀ ਸਤਿਗੁਰੂ ਨਗਰ, ਗਲੀ ਨੰ. 8, ਨਿਊ ਸ਼ਿਮਲਾਪੁਰੀ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ, ਮਕਾਨ 70 ਵਰਗ ਗਜ਼, ਖਸਰਾ ਨੰ. 568/2, ਖੱਤਾ ਨੰ. 335/430-432, ਜਮ੍ਹਾਂਬੰਦੀ ਸਾਲ 2008-2009, ਪਿੰਡ ਡਾਬਾ, ਹਦਬਸਤ ਨੰ. 262, ਅਬਾਦੀ ਸਤਿਗੁਰੂ ਨਗਰ, ਗਲੀ ਨੰ. 9, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ।

ਸਥਾਨ : ਲੁਧਿਆਣਾ ਮਿਤੀ : 15.02.2024 ਸਹੀ/- ਅਧਿਕਾਰਤ ਅਫਸਰ
ਐੱਸ ਐੱਮ ਐੱਫ ਜੀ ਇੰਡੀਆ ਕ੍ਰੈਡਿਟ ਕੰਪਨੀ ਲਿਮਟਿਡ (ਪਹਿਲਾਂ ਫੁਲਰਟੋਨ ਇੰਡੀਆ ਕ੍ਰੈਡਿਟ ਕੰਪਨੀ ਲਿਮਟਿਡ)


# ਅਨੰਦ ਈਸ਼ਰ ਸਕੂਲ 'ਚ ਸਾਲਾਨਾ ਇਨਾਮ ਵੰਡ ਸਮਾਰੋਹ



**ਜਗਰਾਉਂ (ਸੰਜੀਵ ਅਰੋੜਾ)**-ਪਿੰਡ ਕੋਠੇ ਪੋਨਾ ਦੇ ਅਨੰਦ ਈਸ਼ਰ ਪਬਲਿਕ ਸਕੂਲ ਵਿਖੇ ਮਾਘ ਦੇ ਪਵਿੱਤਰ ਮਹੀਨੇ ਨੂੰ ਮੁੱਖ ਰੱਖਦਿਆਂ ਵਿਦਿਆਰਥੀਆਂ ਤੇ ਅਧਿਆਪਕਾਂ ਵੱਲੋਂ ਸ੍ਰੀ ਸਹਿਜ ਪਾਠ ਦਾ ਭੋਗ ਪਾਇਆ ਗਿਆ। ਉਪਰੰਤ ਸਕੂਲ ਦੇ ਵਿਦਿਆਰਥੀਆਂ ਵੱਲੋਂ ਰਸਭਿੰਨਾ ਕੀਰਤਨ ਕੀਤਾ ਗਿਆ ਤੇ ਗੁਰੂ ਦੇ ਲੰਗਰ ਅਟੁੱਟ ਵਰਤਾਏ ਗਏ। ਪਾਠ ਦੇ ਭੋਗ ਉਪਰੰਤ ਸਕੂਲ ਦਾ 27ਵਾਂ ਸਾਲਾਨਾ ਇਨਾਮ ਵੰਡ ਸਮਾਰੋਹ ਪ੍ਰਿੰਸੀਪਲ ਜਸਵਿੰਦਰਪਾਲ ਕੌਰ ਦੀ ਅਗਵਾਈ 'ਚ ਕਰਵਾਇਆ ਗਿਆ, ਜਿਸ 'ਚ ਸੈਸ਼ਨ 2022-23 ਵਿੱਚ ਅਵੱਲ ਆਉਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਸਮਾਗਮ ਦੌਰਾਨ ਪ੍ਰਿੰਸੀਪਲ ਜਸਵਿੰਦਰਪਾਲ ਕੌਰ ਵੱਲੋਂ ਸਕੂਲ ਦੀ ਸਾਲਾਨਾ ਰਿਪੋਰਟ ਪੜ੍ਹੀ ਗਈ। ਸਟੇਜ ਸੈਕਟਰੀ ਦੀ ਭੂਮਿਕਾ ਵਾਇਸ ਪ੍ਰਿੰਸੀਪਲ ਮੈਡਮ ਕੰਵਲਦੀਪ ਕੌਰ ਵੱਲੋਂ ਨਿਭਾਈ ਗਈ। ਇਸ ਮੌਕੇ ਪ੍ਰਿੰਸੀਪਲ ਮੈਡਮ ਜਸਵਿੰਦਰਪਾਲ ਕੌਰ, ਪ੍ਰਧਾਨ ਲਛਮਣ ਸਿੰਘ, ਅਮਰਜੀਤ ਸਿੰਘ ਮਾਲਵਾ ਕਾਰਜਕਾਰੀ ਪ੍ਰਧਾਨ, ਚਰਨਜੀਤ ਸਿੰਘ ਸਰਨਾ ਬਿਊਰੋ ਚੀਫ, ਹਰਦੀਪ ਸਿੰਘ ਸੁਪਰਵਾਈਜ਼ਰ ਸਤਿਨਾਮ ਸਰਬ ਕਲਿਆਣ ਟਰੱਸਟ, ਸੁਖਜਿੰਦਰ ਸਿੰਘ, ਗੁਰਜੰਟ ਸਿੰਘ ਤੇ ਗੁਰਪ੍ਰੀਤ ਸਿੰਘ ਮੈਂਬਰ ਸਕੂਲ ਕਮੇਟੀ ਨੇ ਵੱਖ-ਵੱਖ ਖੇਤਰਾਂ 'ਚ ਮੱਲਾਂ ਮਾਰਨ ਵਾਲੇ 110 ਵਿਦਿਆਰਥੀਆਂ ਨੂੰ ਇਨਾਮ ਤੇ ਟਰਾਫੀਆਂ ਦੇ ਕੇ ਉਨ੍ਹਾਂ ਦਾ ਉਤਸ਼ਾਹ ਵਧਾਇਆ। ਇਸ ਮੌਕੇ ਸੁਖਜਿੰਦਰ ਸਿੰਘ ਵੱਲੋਂ ਤਨਵੀਰ ਕੌਰ ਛੱਜਾਵਾਲ ਨੂੰ ਅਜਮੇਰ ਸਿੰਘ ਮੈਮੋਰੀਅ ਸਕਾਲਰਸ਼ਿਪ ਦਾ ਮੋਮੈਂਟੋ ਤੇ ਨਕਦ ਰਾਸ਼ੀ ਦਿੱਤੀ ਗਈ। ਇਸ ਮੌਕੇ ਵਾਇਸ ਪ੍ਰਿੰਸੀਪਲ ਕੰਵਲਦੀਪ ਕੌਰ ਨੇ ਆਏ ਸਾਰੇ ਮਹਿਮਾਨਾਂ ਤੇ ਮਾਪਿਆਂ ਦਾ ਧੰਨਵਾਦ ਕੀਤਾ।

# ਸ਼ਹੀਦ ਭਗਤ ਸਿੰਘ ਸਟੇਟ 'ਵਰਸਿਟੀ 'ਚ ਬਸੰਤ ਮੇਲੇ ਮੌਕੇ ਖ਼ੂਨਦਾਨ ਕੈਂਪ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਪੰਜਾਬ ਸਰਕਾਰ ਵੱਲੋਂ ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਫਿਰੋਜ਼ਪੁਰ ਵਿਖੇ ਸਟੇਟ ਲੈਵਲ ਦਾ ਬਸੰਤ ਪਤੰਗ ਮੇਲਾ ਬੜੀ ਧੂਮ ਧਾਮ ਨਾਲ ਮਨਾਇਆ ਗਿਆ। ਇਸ ਮੇਲੇ ਦੌਰਾਨ ਜ਼ਿਲ੍ਹਾ ਯੂਥ ਸਰਵਿਸਜ਼ ਵਿਭਾਗ ਦੇ ਅਧੀਨ ਐੱਸ ਬੀ ਐੱਸ ਸਟੇਟ ਯੂਨੀਵਰਸਿਟੀ ਫ਼ਿਰੋਜ਼ਪੁਰ ਚੱਲ ਰਹੇ ਰੈੱਡ ਰਿਬਨ ਕਲੱਬਾਂ ਤੇ ਸਿਵਲ ਹਸਪਤਾਲ ਫ਼ਿਰੋਜ਼ਪੁਰ ਦੇ ਸਹਿਯੋਗ ਨਾਲ ਇਕ ਖ਼ੂਨਦਾਨ ਕੈਂਪ ਲਾਇਆ ਗਿਆ। ਇਸ ਨੇਕ ਕੰਮ ਲਈ ਕੈਂਪਸ ਤੇ ਬਾਹਰ ਤੋਂ ਆਏ ਲੋਕਾਂ ਨੇ ਲਗਭਗ 40 ਯੂਨਿਟ ਦੇ ਕਰੀਬ ਖ਼ੂਨ ਦਾਨ ਕੀਤਾ।ਇਸ ਦੌਰਾਨ ਬੀਟੀਓ ਡਾ. ਦਿਸਵਣ ਬਾਜਵਾ, ਰੈੱਡ ਰਿਬਨ ਕਲੱਬਾਂ ਦੇ ਨੋਡਲ ਅਫ਼ਸਰ, ਗੁਰਪ੍ਰੀਤ ਸਿੰਘ, ਪ੍ਰੋ. ਨਵਦੀਪ ਕੌਰ, ਪ੍ਰੋ. ਗੁਰਜੀਵਨ ਸਿੰਘ, ਪੀਆਰਓ ਤੇ ਨੋਡਲ ਅਫ਼ਸਰ ਯਸ਼ਪਾਲ, ਨਰਸ ਕਮਲ ਭੱਟੀ, ਫਾਰਮਾਸਿਸਟ ਮਾਧਵ ਗੋਪਾਲ ਨੇ ਵਿਸ਼ੇਸ਼ ਭੂਮਿਕਾ ਨਿਭਾਈ। ਕੈਂਪਸ ਰਜਿਸਟ੍ਰਾਰ ਡਾ. ਗਜ਼ਲਪ੍ਰੀਤ ਸਿੰਘ ਨੇ ਇਸ ਨੇਕ ਕੰਮ ਲਈ ਸਾਰੀ ਟੀਮ ਨੂੰ ਮੁਬਾਰਕਬਾਦ ਦਿੱਤੀ।

# ਕੀ ਕੇਂਦਰ ਸਰਕਾਰ ਕਿਸਾਨ ਰੋਕੋ ਅੰਦੋਲਨ ਚਲਾ ਰਹੀ ਹੈ : ਰਾਏ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪਿਛਲੇ ਕੁਝ ਦਿਨਾਂ ਤੋਂ ਹਰਿਆਣਾ ਦੇ ਬਾਰਡਰ ਉੱਤੇ ਕੀਤੀ ਜਾ ਰਹੀ ਵੈਰੀਗੇਟਿੰਗ ਤੋਂ ਇੰਜ ਜਾਪਦਾ ਹੈ ਕਿ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਕਿਸਾਨ ਰੋਕੋ ਅੰਦੋਲਨ ਚਲਾ ਰਹੀ ਹੈ, ਜਦਕਿ ਚਾਹੀਦਾ ਇਹ ਸੀ ਕਿ ਕਿਸਾਨਾਂ ਦੀਆਂ ਮੰਗਾਂ ਨੂੰ ਧਿਆਨ ਵਿੱਚ ਰੱਖ ਕੇ ਉਨ੍ਹਾਂ ਨਾਲ ਗੱਲਬਾਤ ਕੀਤੀ ਜਾਂਦੀ ਤੇ ਉਨ੍ਹਾਂ ਦੀਆਂ ਮੰਗਾਂ ਨੂੰ ਮੰਨਿਆ ਜਾਂਦਾ।ਇਹ ਪ੍ਰਗਟਾਵਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾ ਕਿਹਾ ਕਿ ਜਦੋਂ ਕਿਸਾਨਾਂ ਵੱਲੋਂ ਦਿੱਲੀ ਤੋਂ ਧਰਨਾ ਚੁੱਕਿਆ ਗਿਆ ਸੀ, ਉਦੋਂ ਕੇਂਦਰ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਨੂੰ ਪੂਰਾ ਕਰਨ ਦਾ ਭਰੋਸਾ ਦਿੱਤਾ ਸੀ, ਸਮਾਂ ਲੰਘਦਾ ਗਿਆ ਕੇਂਦਰ ਸਰਕਾਰ ਕਿਸਾਨਾਂ ਨਾਲ ਕੀਤੇ ਵਾਅਦੇ ਭੁੱਲ ਗਈ, ਪ੍ਰੰਤੂ ਕਿਸਾਨ ਨਹੀਂ ਭੁੱਲੇ।ਉਨ੍ਹਾਂ ਮੰਗ ਪੱਤਰ ਦੇ ਕੇ ਸਰਕਾਰ ਨੂੰ ਜਗਾਉਣ ਦੀ ਕੋਸ਼ਿਸ਼ ਕੀਤੀ, ਪ੍ਰੰਤੂ ਕੇਂਦਰ ਸਰਕਾਰ ਦੇ ਕੰਨੀਂ ਜੂੰ ਨਾ ਸਰਕੀ।ਹੁਣ ਜਦੋਂ ਕਿਸਾਨਾਂ ਨੇ ਦਿੱਲੀ ਕੂਚ ਕਰਨ ਦਾ ਫੈਸਲਾ ਲੈ ਲਿਆ ਤਾਂ ਕੇਂਦਰ ਸਰਕਾਰ ਵੱਲੋਂ ਉਨ੍ਹਾਂ ਨੂੰ ਰੋਕਨ ਲਈ ਯਤਨ ਕੀਤੇ ਜਾ ਰਹੇ ਹਨ।ਇੱਥੇ ਇਹ ਸੋਚਣ ਵਾਲੀ ਗੱਲ ਹੈ ਕਿ ਕੇਂਦਰ ਸਰਕਾਰ ਕਿਸਾਨ ਰੋਕੋ ਅੰਦੋਲਨ ਚਲਾ ਰਹੀ ਹੈ? ਉਨ੍ਹਾ ਕਿਹਾ ਕਿ ਇਸ ਵਾਰ ਵੀ ਇਹ ਸਾਫ ਲੱਗ ਰਿਹਾ ਹੈ ਕਿ ਕੇਂਦਰ ਵੱਲੋਂ ਕਿਸਾਨਾਂ ਨੂੰ ਰੋਕਣ ਲਈ ਅੰਦੋਲਨ ਚਲਾਇਆ ਜਾ ਰਿਹਾ ਹੈ।ਸੜਕ 'ਤੇ ਕਿੱਲ੍ਹਾਂ ਗੱਡੀਆਂ ਜਾ ਰਹੀਆਂ ਹਨ ਤੇ ਲੈਂਟਰ ਪਾ ਕੇ ਬੈਰੀਗੇਟਿੰਗ ਕੀਤੀ ਜਾ ਰਹੀ ਹੈ ਤਾਂ ਜੋ ਕਿਸਾਨਾਂ ਨੂੰ ਹਰਿਆਣੇ ਦੀ ਹਦੂਦ ਤੱਕ ਵੀ ਨਾ ਪਹੁੰਚਣ ਦਿੱਤਾ ਜਾਵੇ।ਅੱਥਰੂ ਗੈਸ ਦੇ ਗੋਲੇ ਪਹਿਲਾਂ ਹੀ ਦਾਗਣੇ ਸ਼ੁਰੂ ਕਰ ਦਿੱਤੇ ਹਨ ਤਾਂ ਜੋ ਦਹਿਸ਼ਤ ਦਾ ਮਾਹੌਲ ਬਣਾਇਆ ਜਾ ਸਕੇ।ਕਿਸਾਨ ਦੇਸ਼ ਦਾ ਅੰਨਦਾਤਾ ਹੈ ਸਰਕਾਰ ਨੂੰ ਚਾਹੀਦਾ ਹੈ ਕਿ ਉਨ੍ਹਾਂ ਦੀਆਂ ਮੰਗਾਂ ਵੱਲ ਧਿਆਨ ਦਿੱਤਾ ਜਾਵੇ ਤਾਂ ਜੋ ਦੇਸ਼ ਦੇ ਮਾਹੌਲ ਨੂੰ ਸ਼ਾਂਤੀਪੂਰਵਕ ਬਣਾਇਆ ਜਾ ਸਕੇ।ਉਨ੍ਹਾਂ ਕਿਹਾ ਕਿ ਭਾਰਤ ਭਰ ਤੋਂ ਕਿਸਾਨ ਆਗੂ ਇਸ ਅੰਦੋਲਨ ਦਾ ਹਿੱਸਾ ਬਣ ਰਹੇ ਹਨ, ਕੇਂਦਰ ਸਰਕਾਰ ਨੂੰ ਇਨ੍ਹਾਂ ਦੀਆਂ ਮੰਗਾਂ 'ਤੇ ਵਿਚਾਰ ਕਰਨਾ ਚਾਹੀਦਾ ਹੈ।ਉਨ੍ਹਾ ਕਿਹਾ ਕਿ ਕੇਂਦਰ ਸਰਕਾਰ ਨੂੰ ਵਿਤਕਰੇਬਾਜ਼ੀ ਛੱਡ ਕੇ ਸੂਬਿਆਂ ਨਾਲ ਇਨਸਾਫ ਕਰਨਾ ਚਾਹੀਦਾ ਹੈ।ਉਨ੍ਹਾ ਕਿਹਾ ਕਿ ਪੰਜਾਬ ਦੇ ਲੋਕ 2024 ਦੀਆਂ ਚੋਣਾਂ ਵਿੱਚ ਤੁਹਾਡੇ ਤੋਂ ਇਨ੍ਹਾਂ ਸਵਾਲਾਂ ਦੇ ਜਵਾਬ ਮੰਗਣਗੇ।


**SMFG INDIA CREDIT COMPANY LIMITED**
**(formerly Fullerton India Credit Company Limited)**
ਕਾਰਪੋਰੇਟ ਦਫਤਰ : 10ਵੀਂ ਮੰਜ਼ਲ, ਦਫਤਰ ਨੰ. 101, 102 ਅਤੇ 103, 2 ਉੱਤਰੀ ਐਵੇਨਿਊ, ਮੇਕਰ ਮੈਕਸਿਟੀ, ਬਾਂਦਰਾ ਕੁਰਲਾ ਕੰਪਲੈਕਸ, ਬਾਂਦਰਾ (ਈ), ਮੁੰਬਈ-400051

**ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**
**(ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ ) ਰੂਲਜ਼ 2002 ਦੇ ਰੂਲ 8 (1) ਤਹਿਤ)**

ਜਦੋਂ ਕਿ ਨਿਮਨਹਸਤਾਖਰੀ ਨੇ ਐੱਸ ਐੱਮ ਐੱਫ ਜੀ ਇੰਡੀਆ ਕ੍ਰੈਡਿਟ ਕੰ. ਲਿਮਟਿਡ (ਪਹਿਲਾਂ ਫੁਲਰਟੋਨ ਇੰਡੀਆ ਕ੍ਰੈਡਿਟ ਕੰ. ਲਿਮਟਿਡ), ਜਿਸ ਦਾ ਰਜਿਸਟਰਡ ਦਫਤਰ ਮੇਘ ਟਾਵਰਜ਼, ਤੀਜੀ ਮੰਜ਼ਲ, ਪੁਰਾਣਾ ਨੰ. 307, ਨਵਾਂ ਨੰਬਰ 165, ਪੂਨਾਮਾਲੀ ਹਾਈ ਰੋਡ, ਮਦੁਰਾਵੋਇਲ, ਚੇਨਈ, ਤਾਮਿਲਨਾਡੂ-600095 ਅਤੇ ਕਾਰਪੋਰੇਟ ਦਫਤਰ 10ਵੀਂ ਮੰਜ਼ਲ, ਦਫਤਰ ਨੰ. 101, 102 ਅਤੇ 103, 2 ਉੱਤਰੀ ਐਵੇਨਿਊ, ਮੇਕਰ ਮੈਕਸਿਟੀ, ਬਾਂਦਰਾ ਕੁਰਲਾ ਕੰਪਲੈਕਸ, ਬਾਂਦਰਾ (ਈਸਟ), ਮੰਬਈ-400051 ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ, 2002 (2002 ਦਾ 54) ਤਹਿਤ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਕਰਜ਼ਦਾਰਾਂ (1) ਤਜਿੰਦਰ ਸਿੰਘ (2) ਸਤਵੀਰ ਕੌਰ ਕਰਜ਼ਾ ਖਾਤਾ ਨੰ. # 174825600000120 ਤਹਿਤ ਨੋਟਿਸ 'ਚ ਦਰਸਾਈ ਰਕਮ ਰੁਪਏ 32,70,857.75/- (ਬੱਤੀ ਲੱਖ ਸੱਤਰ ਹਜ਼ਾਰ ਅੱਠ ਸੌ ਸਤਵੰਜਾ ਰੁਪਏ ਪਝੱਤਰ ਪੈਸੇ ਕੇਵਲ) ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਕੀਤੇ ਜਾਣ ਲਈ ਡਿਮਾਂਡ ਨੋਟਿਸ 25 ਨਵੰਬਰ 2023 ਨੂੰ ਜਾਰੀ ਕੀਤਾ ਸੀ।

ਕਰਜ਼ਦਾਰ ਰਕਮ ਮੋੜਨ 'ਚ ਨਾਕਾਮ ਰਹੇ ਹਨ, ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ 13 ਫਰਵਰੀ 2024 ਨੂੰ ਕਬਜ਼ਾ ਲੈ ਲਿਆ ਹੈ। ਕਰਜ਼ਦਾਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਇਸ ਜਾਇਦਾਦ ਸੰਬੰਧੀ ਕੋਈ ਸੌਦੇਬਾਜ਼ੀ ਨਾ ਕਰਨ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਐੱਸ ਐੱਮ ਐੱਫ ਜੀ ਇੰਡੀਆ ਕ੍ਰੈਡਿਟ ਕੰਪਨੀ ਲਿਮਟਿਡ ਨੂੰ ਰੁਪਏ 32,70,857.75/- (ਬੱਤੀ ਲੱਖ ਸੱਤਰ ਹਜ਼ਾਰ ਅੱਠ ਸੌ ਸਤਵੰਜਾ ਰੁਪਏ ਪਝੱਤਰ ਪੈਸੇ ਕੇਵਲ) ਅਤੇ ਇਸ ਉਪਰ ਵਿਆਜ ਦੀ ਅਦਾਇਗੀਯੋਗ ਹੋਵੇਗੀ।

ਕਰਜ਼ਦਾਰਾਂ ਦਾ ਧਿਆਨ ਉਪਲੱਬਧ ਸਮੇਂ ਅੰਦਰ ਸਕਿਉਰਡ ਐੱਸਟਸ ਦੇ ਪੁਨਰ-ਗ੍ਰਹਿਣ ਲਈ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

**ਅਚੱਲ ਜਾਇਦਾਦ ਦਾ ਵੇਰਵਾ** : ਜਾਇਦਾਦ ਬੀ-XXVIII-186/34/S-7,ਪਲਾਟ ਨੰ. 34-ਏ , ਜਾਇਦਾਦ ਰਕਬਾ 117 ਵਰਗ ਗਜ਼, ਖਸਰਾ ਨੰ. 378, 380, ਖੱਤਾ ਨੰ. 159/201, 160/202, ਪਿੰਡ ਜਵੱਦੀ ਵਿਖੇ ਸਥਿਤ, ਹੱਦਬਸਤ ਨੰ. 160, ਅਬਾਦੀ ਗੁਰੂ ਗਿਆਨ ਵਿਹਾਰ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਗਲੀ 20' ਚੌੜੀ, ਪੱਛਮ : ਗੁਆਂਢੀ, ਉੱਤਰ : ਪਲਾਟ ਨੰ. 33, ਦੱਖਣ : ਗੁਆਂਢੀ, ਜ਼ਿਲ੍ਹਾ ਲੁਧਿਆਣਾ ਅਤੇ ਸਬ-ਰਜਿਸਟ੍ਰੇਸ਼ਨ ਦਫਤਰ ਲੁਧਿਆਣਾ ਕੋਲ ਦਰਜ।

ਸਥਾਨ : ਲੁਧਿਆਣਾ, ਮਿਤੀ : 15.02.2024 ਸਹੀ/- ਅਧਿਕਾਰਤ ਅਫਸਰ
ਐੱਸ ਐੱਮ ਐੱਫ ਜੀ ਇੰਡੀਆ ਕ੍ਰੈਡਿਟ ਕੰਪਨੀ ਲਿਮਟਿਡ (ਪਹਿਲਾਂ ਫੁਲਰਟੋਨ ਇੰਡੀਆ ਕ੍ਰੈਡਿਟ ਕੰਪਨੀ ਲਿਮਟਿਡ)

# ਭਾਰਤ ਬੰਦ ਦੇ ਸੱਦੇ ਨੂੰ ਕਾਮਯਾਬ ਕਰਨ ਲਈ ਇਲਾਕੇ ਦੇ ਮਿਹਨਤਕਸ਼ ਲੋਕਾਂ ਵੱਲੋਂ ਭਰਵਾਂ ਹੁੰਗਾਰਾ




**ਮਾਹਿਲਪੁਰ (ਸਫ਼ਰੀ)**- ਕਿਸਾਨ ਅੰਦੋਲਨ ਦੌਰਾਨ ਕੀਤੇ ਵਾਅਦਿਆਂ ਤੋਂ ਮੁੱਕਰਨ ਵਾਲੀ ਧੋਖੇਬਾਜ਼ ਕੇਂਦਰ ਸਰਕਾਰ ਵਿਰੁੱਧ ਸੰਯੁਕਤ ਕਿਸਾਨ ਮੋਰਚੇ ਤੇ ਸਮੂਹ ਜਨਤਕ ਜਥੇਬੰਦੀਆਂ ਵਲੋਂ ਦਿੱਤੇ 16 ਫਰਵਰੀ ਭਾਰਤ ਬੰਦ ਦੇ ਸੱਦੇ ਨੂੰ ਸਮੂਹ ਮਿਹਨਤਕਸ਼ ਲੋਕਾਂ ਵਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਇਲਾਕਾ ਮਾਹਿਲਪੁਰ ਚੱਬੇਵਾਲ ਦੇ ਕਿਸਾਨ ਮਜ਼ਦੂਰ ਮੁਲਾਜ਼ਮ ਆਗੂਆਂ ਨੇ ਟਰੱਕ ਯੂਨੀਅਨ ਮਾਹਿਲਪੁਰ ਵਿਖੇ ਮੀਟਿੰਗ ਕੀਤੀ।ਉਨ੍ਹਾਂ ਟਰੱਕ ਯੂਨੀਅਨ ਵਲੋਂ ਅੱਜ ਤੱਕ ਸੰਯੁਕਤ ਕਿਸਾਨ ਮੋਰਚੇ ਵਲੋਂ ਦਿੱਤੇ ਸਾਰੇ ਪ੍ਰੋਗਰਾਮਾਂ ਨੂੰ ਸਫ਼ਲ ਬਣਾਉਣ ਲਈ ਧੰਨਵਾਦ ਕਰਦਿਆਂ 16 ਫਰਵਰੀ ਦੇ ਭਾਰਤ ਬੰਦ ਨੂੰ ਪੂਰਨ ਤੌਰ 'ਤੇ ਕਾਮਯਾਬ ਕਰਨ ਲਈ ਸਹਿਯੋਗ ਦੇਣ ਲਈ ਬੇਨਤੀ ਕੀਤੀ।ਟਰੱਕ ਯੂਨੀਅਨ ਮਾਹਿਲਪੁਰ ਦੇ ਪ੍ਰਧਾਨ ਬਲਜੀਤ ਸਿੰਘ ਕੁੱਕੀ ਤੇ ਗੁਰਦੀਪ ਸਿੰਘ ਸੰਘਾ ਨੇ ਤਨ ਮਨ ਧਨ ਨਾਲ ਯੋਗਦਾਨ ਪਾਉਣ ਤੇ ਭਾਰਤ ਬੰਦ ਨੂੰ ਸਫ਼ਲ ਬਣਾਉਣ ਦਾ ਭਰੋਸਾ ਦਿਵਾਇਆ।ਉਨ੍ਹਾਂ ਕਿਹਾ ਕਿ ਸੂਬੇ ਦੇ ਟਰੱਕ ਅਪਰੇਟਰਾਂ ਵਲੋਂ ਵੀ ਸਰਕਾਰ ਦੀਆਂ ਟਰਾਂਸਪੋਰਟਰਾਂ ਨੂੰ ਉਜਾੜਨ ਵਾਲੀਆਂ ਨੀਤੀਆਂ ਵਿਰੁੱਧ 14 ਫਰਵਰੀ ਨੂੰ ਫਿਲੌਰ ਵਿਖੇ ਚੱਕਾ ਜ਼ਾਮ ਕੀਤਾ ਜਾਵੇਗਾ ਤੇ ਉਨ੍ਹਾਂ ਦੀਆਂ ਮੰਗਾਂ ਮੰਨਣ ਲਈ ਮਜਬੂਰ ਕੀਤਾ ਜਾਵੇਗਾ।ਕਿਸਾਨ ਆਗੂ ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ ਤੇ ਮੁਲਾਜ਼ਮ ਆਗੂ ਮਲਕੀਤ ਸਿੰਘ ਬਾਹੋਵਾਲ ਨੇ ਵੀ ਟਰੱਕ ਅਪਰੇਟਰਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜਨ ਤੇ ਉਨ੍ਹਾਂ ਦੀਆਂ ਮੰਗਾਂ ਮੰਨਣ ਤੱਕ ਸਾਥ ਨਿਭਾਉਣ ਦਾ ਭਰੋਸਾ ਦਿਵਾਇਆ।ਇਸ ਦੇ ਨਾਲ ਹੀ ਉਨ੍ਹਾਂ ਟਰੱਕ ਯੂਨੀਅਨ ਦੇ ਅਹੁਦੇਦਾਰਾਂ ਤੇ ਡਰਾਈਵਰ ਭਾਈਚਾਰੇ ਨੂੰ ਆਪੋ ਆਪਣੇ ਪਿੰਡਾਂ ਵਿੱਚ 16 ਦੇ ਭਾਰਤ ਬੰਦ ਨੂੰ ਕਾਮਯਾਬ ਕਰਨ ਲਈ ਲੋਕਾਂ ਨੂੰ ਜਾਗਰੂਕ ਕਰਨ ਲਈ ਅਨਾਊਂਸਮੈਂਟਾਂ ਕਰਵਾਉਣ ਲਈ ਵੀ ਬੇਨਤੀ ਕੀਤੀ ਤੇ ਪਿੰਡਾਂ ਵਿੱਚੋਂ ਲੋਕਾਂ ਨੂੰ ਵੱਧ ਤੋਂ ਵੱਧ ਸਾਥੀਆਂ ਸਮੇਤ ਪਹੁੰਚਣ ਦੀ ਅਪੀਲ ਕਰਦਿਆਂ ਕਿਹਾ ਸਰਕਾਰ ਤੋਂ ਜਲਦ ਤੋਂ ਜਲਦ ਮੰਗਾਂ ਮਨਵਾਉਣ ਲਈ ਬੀਬੀਆਂ ਇਸ ਧਰਨੇ ਵਿੱਚ ਜ਼ਰੂਰ ਪਹੁੰਚਣ ਦੀ ਕ੍ਰਿਪਾਲਤਾ ਕਰਨ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਤੋਂ ਮੰਗਾਂ ਮਨਵਾਉਣ ਦੇ ਨਾਲ ਨਾਲ ਸੂਬੇ ਦੀ ਸਰਕਾਰ ਨੂੰ ਬੁਰੀ ਤਰ੍ਹਾਂ ਵਿਗੜ ਹੋਈ ਅਮਨ ਕਾਨੂੰਨ ਦੀ ਹਾਲਤ ਨੂੰ ਸੁਧਾਰਨ ਤੇ ਕਾਰੋਬਾਰੀਆਂ ਦੇ ਜਾਨ ਮਾਲ ਦੀ ਹਿਫ਼ਾਜ਼ਤ ਯਕੀਨੀ ਬਣਾਉਣ ਦੀ ਮੰਗ ਨੂੰ ਵੀ ਪੂਰੇ ਜ਼ੋਰ ਨਾਲ ਉਠਾਇਆ ਜਾਵੇਗਾ।ਇਸ ਮੌਕੇ 'ਤੇ ਬਲਜੀਤ ਸਿੰਘ ਕੁੱਕੀ,ਗੁਰਦੀਪ ਸਿੰਘ ਸੰਘਾ, ਗੁਰਮਿੰਦਰ ਕੈਂਡੋਵਾਲ,ਸ਼ੇਰ ਜੰਗ ਬਹਾਦਰ ਸਿੰਘ,ਸਤਪਾਲ ਲੱਠ, ਮੱਖਣ ਸਿੰਘ ਕੋਠੀ, ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ, ਗੁਰਚਰਨ ਸਿੰਘ ਸਰਹਾਲਾ ਖੁਰਦ,ਮਲਕੀਤ ਸਿੰਘ ਬਾਹੋਵਾਲ, ਜਸਵੀਰ ਸਿੰਘ ਲੰਗੇਰੀ, ਸਤਨਾਮ ਸਿੰਘ ਢਿੱਲੋਂ, ਹਰਨੇਕ ਸਿੰਘ ਰਾਮਪੁਰ, ਸੁਖਦੇਵ ਸਿੰਘ ਸੰਘਾ,ਅਵਤਾਰ ਲੰਗੇਰੀ, ਜਗਤਾਰ ਬਾਹੋਵਾਲ, ਪਰਮਿੰਦਰ ਪਿੰਦਾ,ਖੁਸ਼ਵੰਤ ਬੈਂਸ,ਸੱਤਾ ਹਵੇਲੀ, ਅਮਨਦੀਪ ਸਿੰਘ ਕੰਮੋਵਾਲ,ਯੋਧਵੀਰ ਸਿੰਘ,ਮੋਨਾ ਬੱਢੋਆਣ, ਜੁਝਾਰ ਸਿੰਘ ਮਹਿਨਾ,ਮਨੀ ਬਿਹਾਲਾ,ਇਕਬਾਲ ਸਿੰਘ ਪਾਲੀ ਢੱਕੋਂ,ਪਵਿੱਤਰ ਸਿੰਘ,ਤਾਰੀ ਬੂੜੋ ਬਾੜੀਆ ਸਮੇਤ ਵੱਡੀ ਗਿਣਤੀ ਵਿੱਚ ਸੰਯੁਕਤ ਕਿਸਾਨ ਮੋਰਚੇ ਦੇ ਸਮਰਥਕ ਹਾਜ਼ਰ ਸਨ।

# ਪ ਸ ਸ ਫ ਵੱਲੋਂ ਭਲਕ ਦੀ ਕੌਮੀ ਹੜਤਾਲ ਦੀ ਤਿਆਰੀ ਮੁਕੰਮਲ



**ਜਲੰਧਰ, ( ਇੰਦਰਜੀਤ ਵਿਰਦੀ )** ਸੂਬੇ ਦੇ ਮੁਲਾਜ਼ਮਾਂ ਦੀ ਸੰਘਰਸ਼ਸ਼ੀਲ ਜੱਥੇਬੰਦੀ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (ਪ.ਸ.ਸ.ਫ) ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ, ਜਨਰਲ ਸਕੱਤਰ ਤੀਰਥ ਸਿੰਘ ਬਾਸੀ ਅਤੇ ਵਿੱਤ ਸਕੱਤਰ ਗੁਰਦੀਪ ਸਿੰਘ ਬਾਜਵਾ ਨੇ ਇੱਕ ਸਾਂਝੇ ਪ੍ਰੈਸ ਬਿਆਨ ਰਾਹੀਂ ਕਿਹਾ ਹੈ ਕਿ ਦੇਸ਼ ਦੀਆਂ ਵੱਖ-ਵੱਖ ਟਰੇਡ ਯੂਨੀਅਨਾਂ ਅਤੇ ਮੁਲਾਜ਼ਮ ਫੈਡਰੇਸ਼ਨਾਂ ਵਲੋਂ ਕੇਂਦਰ ਸਰਕਾਰ ਅਤੇ ਸੂਬਿਆਂ ਦੀਆਂ ਸਰਕਾਰਾਂ ਵਲੋਂ ਅਪਣਾਈਆਂ ਜਾ ਰਹੀਆਂ ਲੋਕ, ਮਜ਼ਦੂਰ, ਕਿਸਾਨ, ਮੁਲਾਜ਼ਮ ਵਿਰੋਧੀ ਨੀਤੀਆਂ ਦੇ ਖਿਲਾਫ ਮਿਤੀ 16 ਫਰਵਰੀ ਨੂੰ ਦੇਸ਼ ਵਿਆਪੀ ਹੜਤਾਲ ਦਾ ਜੋ ਸੱਦਾ ਦਿੱਤਾ ਗਿਆ ਹੈ, ਜੱਥੇਬੰਦੀ ਵਲੋਂ ਹੜਤਾਲ ਕਰਕੇ ਵੱਖ-ਵੱਖ ਸਥਾਨਾਂ ਤੇ ਕੀਤੇ ਜਾ ਰਹੇ ਪ੍ਰਦਰਸ਼ਨਾਂ ਵਿੱਚ ਸ਼ਮੂਲੀਅਤ ਕਰਨ ਸਬੰਧੀ ਤਿਆਰੀ ਮੁਕੰਮਲ ਕਰ ਲਈ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜੱਥੇਬੰਦੀ ਦੇ ਸੂਬਾ ਪ੍ਰੈਸ ਸਕੱਤਰ ਇੰਦਰਜੀਤ ਵਿਰਦੀ ਨੇ ਕਿਹਾ ਕਿ ਪ.ਸ.ਸ.ਫ. ਦੀ ਸੂਬਾ ਪੱਧਰੀ ਮੀਟਿੰਗ ਕਰਨ ਉਪਰੰਤ ਵੱਖ-ਵੱਖ ਜੱਥੇਬੰਦੀਆਂ ਗੌਰਮਿੰਟ ਟੀਚਰਜ਼ ਯੂਨੀਅਨ, ਜਲ ਸਰੋਤ ਯੂਨੀਅਨ, ਪੀ.ਡਬਯੂ.ਡੀ.ਫੀਲਡ ਤੇ ਵਰਕਸ਼ਾਪ ਵਰਕਰਜ਼ ਯੂਨੀਅਨ, ਪੈਰਾ-ਮੈਡੀਕਲ ਯੂਨੀਅਨ, ਜੰਗਲਾਤ ਵਰਕਰਜ਼ ਯੂਨੀਅਨ, ਲਘੂ-ਉਦਯੋਗ ਯੂਨੀਅਨ, ਮੰਡੀ ਬੋਰਡ ਯੂਨੀਅਨ, ਆਸ਼ਾ ਵਰਲਰਜ਼ ਅਤੇ ਫੈਸਿਲੀਟੇਟਰ ਯੂਨੀਅਨ, ਮਿਡ ਡੇ ਮੀਲ ਵਰਕਰਜ਼ ਯੂਨੀਅਨ, ਆਗਣਵਾੜੀ ਮੁਲਾਜ਼ਮ ਯੂਨੀਅਨ, ਸੀਵਰੇਜ ਬੋਰਡ ਯੂਨੀਅਨ, ਆਈ.ਟੀ.ਆਈ. ਇੰਪਲਾਈਜ਼ ਯੂਨੀਅਨ, ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ, ਨਗਰ ਕੌਂਸਲ ਯੂਨੀਅਨ, ਪਸ਼ੂ ਪਾਲਣ ਯੂਨੀਅਨ, ਡਿਪਲੋਮਾ ਇੰਜੀਨੀਅਰ ਐਸੋਸੀਏਸ਼ਨ ਸਹਿਤ ਬਾਕੀ ਜੱਥੇਬੰਦੀਆਂ ਦੇ ਆਗੂਆਂ ਵਲੋਂ ਵੀ ਪੂਰਣ ਤੌਰ ਤੇ ਹੜਤਾਲ ਕਰਨ ਅਤੇ ਰੋਸ ਰੈਲੀਆਂ ਵਿੱਚ ਭਰਵੀਂ ਸ਼ਮੂਲੀਅਤ ਕਾ ਐਲਾਨ ਕੀਤਾ ਹੈ। ਜੱਥੇਬੰਦੀ ਦੇ ਆਗੂਆਂ ਕਰਮਜੀਤ ਸਿੰਘ ਬੀਹਲਾ, ਸੁਖਵਿੰਦਰ ਸਿੰਘ ਚਾਹਲ, ਮੱਖਣ ਸਿੰਘ ਵਾਹਿਦਪੁਰੀ, ਹਰਮਨਪ੍ਰੀਤ ਕੌਰ ਗਿਲ ਨੇ ਕਿਹਾ ਹੈ ਕਿ 16 ਫਰਵਰੀ ਦੀ ਕੌਮੀ ਹੜਤਾਲ ਕੇਂਦਰ ਸਰਕਾਰ ਦੀਆਂ ਆਮ ਲੋਕਾਂ, ਮੁਲਾਜ਼ਮਾਂ, ਮਜ਼ਦੂਰਾਂ, ਕਿਰਤੀ ਲੋਕਾਂ ਦੀ ਲੁੱਟ ਕਰਨ ਵਾਲੀਆਂ ਨੀਤੀਆਂ, ਨਿੱਜੀਕਰਨ ਅਤੇ ਕਾਰਪੋਰੇਟ ਘਰਾਣਿਆਂ ਨੂੰ ਬੇਸ਼ਕੀਮਤੀ ਲਾਭ ਦੇਣ ਦੀਆਂ ਨੀਤੀਆਂ ਅਤੇ ਪਬਲਿਕ ਅਦਾਰਿਆਂ ਨੂੰ ਲਗਾਤਾਰ ਪ੍ਰਾਈਵੇਟ ਹੱਥਾਂ ਵਿੱਚ ਵੇਚਣ ਦੇ ਵਿਰੁੱਧ ਕੀਤੀ ਜਾ ਰਹੀ ਹੈ। ਕੌਮੀ ਹੜਤਾਲ ਦੇ ਮੁੱਦਿਆਂ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਪੀ ਐੱਫ ਆਰ ਡੀ ਏ ਬਿੱਲ ਰੱਦ ਕਰਵਾਉਣ, ਪਬਲਿਕ ਅਦਾਰਿਆਂ ਨੂੰ ਵੇਚਣ ਤੋਂ ਰੋਕਣ ਲਈ, ਨਵੀਂ ਪੈਨਸ਼ਨ ਸਕੀਮ ਰੱਦ ਕਰਵਾ ਕੇ ਪੁਰਾਣੀ ਪੈਨਸ਼ਨ ਬਹਾਲ ਕਰਵਾਉਣ, ਠੇਕੇਦਾਰੀ ਸਿਸਟਮ ਅਤੇ ਨਿੱਜੀਕਰਨ ਨੂੰ ਬੰਦ ਕਰਵਾਉਣ, ਅੱਠਵੇਂ ਵੇਤਨ ਅਯੋਗ ਦੀ ਸਥਾਪਨਾ ਕਰਵਾਉਣ, ਰੈਗੂਲਰ ਨਿਯੁਕਤੀਆਂ ਪੂਰੇ ਪੂਰੇ ਗਰੇਡਾਂ ਵਿੱਚ ਚਾਲੂ ਕਰਵਾਉਣ, ਸਿੱਖਿਆ ਨੀਤੀਆਂ 2020 ਨੂੰ ਰੱਦ ਕਰਵਾਉਣ, ਹਿੱਟ ਐਂਡ ਰਨ-ਕਾਲਾ ਕਾਨੂੰਨ ਰੱਦ ਕਰਵਾਉਣ, ਟਰੇਡ ਯੂਨੀਅਨ ਅਧਿਕਾਰਾਂ ਨੂੰ ਬਹਾਲ ਕਰਵਾਉਣ ਆਦਿ ਮੁੱਦਿਆਂ ਲਈ ਕੀਤੀ ਜਾ ਰਹੀ ਹੈ। ਆਗੂਆਂ ਨੇ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਵਲੋਂ ਵੀ ਇਸ ਹੜਤਾਲ ਦਾ ਸਮਰਥਨ ਕਰਦਿਆਂ ਭਰਤ ਬੰਦ ਦਾ ਐਲਾਨ ਕਰ ਦਿੱਤਾ ਗਿਆ ਹੈ। ਆਗੂਆਂ ਵਲੋਂ ਇਸ ਕੌਮੀ ਹੜਤਾਲ ਨੂੰ ਸਫਲ ਬਣਾਉਣ ਲਈ ਪੂਰੀ ਤਰ੍ਹਾਂ ਮੁਹਿੰਮ ਚਲਾਉਣ ਅਤੇ 16 ਫਰਵਰੀ ਨੂੰ ਜਾਮ ਲਗਾ ਕੇ ਕੀਤੀਆਂ ਜਾਣ ਵਾਲੀਆਂ ਰੈਲੀਆਂ ਵਿੱਚ ਵੱਧ ਚੜ੍ਹ ਕੇ ਸ਼ਾਮਲ ਹੋਣ ਦੀ ਅਪੀਲ ਵੀ ਕੀਤੀ ।

## ਸਵਿਫਟ ਕਾਰ ਸਵਾਰ ਚੋਰਾਂ ਨੇ ਸਵਿਫਟ ਕੀਤੀ ਚੋਰੀ

**ਫਿਲੌਰ (ਨਿਰਮਲ)**- ਸਵਿਫਟ ਕਾਰ ਵਿੱਚ ਸਵਾਰ ਹੋ ਕੇ ਆਏ ਕੁਝ ਸ਼ਾਤਰ ਚੋਰਾਂ ਨੇ ਸੋਮਵਾਰ ਰਾਤ ਨੂੰ ਕਿਲ੍ਹਾ ਰੋਡ 'ਤੇ ਖੜ੍ਹੀ ਇੱਕ ਸਵਿਫਟ ਕਾਰ ਨੂੰ ਚੋਰੀ ਕਰ ਲਿਆ। ਚੋਰਾਂ ਨੇ ਬਿਨਾਂ ਕਿਸੇ ਖੌਫ ਤੋਂ ਚੋਰੀ ਨੂੰ ਅੰਜਾਮ ਦਿੱਤਾ। ਚੋਰ ਪਹਿਲਾਂ ਸਵਿਫਟ ਕਾਰ ਦੇ ਨਜ਼ਦੀਕ ਆਏ ਅਤੇ ਕਾਰ ਦੇ ਅਗਲੇ ਹਿੱਸੇ ਕੋਲ ਕੁਝ ਹਰਕਤ ਕਰਨੀ ਸ਼ੁਰੂ ਕਰ ਦਿੱਤੀ। ਕੁਝ ਹੀ ਮਿੰਟਾਂ ਵਿੱਚ ਉਹ ਕਾਰ ਦਾ ਦਰਵਾਜ਼ਾ ਖੋਲ੍ਹ ਕੇ ਕਾਰ ਚੋਰੀ ਕਰਕੇ ਫਰਾਰ ਹੋ ਗਏ ਅਤੇ ਚੋਰਾਂ ਦੇ ਹੋਰ ਸਾਥੀ ਵੀ ਪਿੱਛੇ ਆਪਣੀ ਸਵਿਫਟ ਕਾਰ ਵਿੱਚ ਸਵਾਰ ਹੋ ਕੇ ਮੌਕੇ ਤੋਂ ਫ਼ਰਾਰ ਹੋ ਗਏ। ਚੋਰੀ ਦੀ ਵਾਰਦਾਤ ਉੱਥੇ ਦੁਕਾਨ ਦੇ ਬਾਹਰ ਲੱਗੇ ਸੀ ਸੀ ਟੀ ਵੀ ਕੈਮਰਿਆਂ ਵਿੱਚ ਕੈਦ ਹੋ ਗਈ।ਘਟਨਾ ਦੀ ਖ਼ਬਰ ਮਿਲਦਿਆਂ ਹੀ ਥਾਣਾ ਫਿਲੌਰ ਤੋਂ ਏ.ਐਸ.ਆਈ.ਵਿਜੇ ਕੁਮਾਰ ਨੇ ਕਾਰ ਦੇ ਮਾਲਕ ਅਜੇ ਕੁਮਾਰ ਪੁੱਤਰ ਮਹਿੰਦਰ ਪਾਲ ਦੇ ਬਿਆਨ ਕਲਮਬੰਦ ਕਰਦਿਆਂ ਕਿਹਾ ਕਿ ਸੀ ਸੀ ਟੀ ਵੀ ਕੈਮਰਿਆਂ ਦੀ ਫੁਟੇਜ ਖੰਗਾਲ ਕੇ ਜਾਂਚ ਸ਼ੁਰੂ ਕਰ ਦਿੱਤੀ।

## ਪੰਜਾਬ ਵਿਧਾਨ ਸਭਾ ਸਪੀਕਰ ਵੱਲੋਂ ਸ੍ਰੀਮਦ ਭਗਵਤ ਕਥਾ ਦਾ ਸ਼ੁੱਭ ਆਰੰਭ

**ਜਲੰਧਰ, (ਸੁਰਿੰਦਰ ਕੁਮਾਰ)**— ਸਥਾਨਕ ਜਲੰਧਰ 'ਚ ਪੁਹੰਚੇ ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅੱਜ ਇੱਥੇ ਸਾਈਂਦਾਸ ਸਕੂਲ ਦੇ ਗਰਾਊਂਡ ਵਿਖੇ ਸ੍ਰੀਮਦ ਭਗਵਤ ਕਥਾ ਦਾ ਸ਼ੁੱਭ ਆਰੰਭ ਕਰਵਾਇਆ, ਜਿਸ ਦੌਰਾਨ ਉਨ੍ਹਾ ਲੋਕਾਂ ਖਾਸ ਕਰਕੇ ਨੌਜਵਾਨਾਂ ਨੂੰ ਜੀਵਨ ਵਿੱਚ ਉੱਚੇ ਟੀਚੇ ਹਾਸਲ ਕਰਨ ਲਈ ਆਪਣੀਆਂ ਜੜ੍ਹਾਂ ਨਾਲ ਜੁੜਨ ਦੀ ਅਪੀਲ ਕੀਤੀ। ਉਨ੍ਹਾ ਇਸ ਨੇਕ ਕਾਰਜ ਨੂੰ ਹੋਰ ਅੱਗੇ ਵਧਾਉਣ ਲਈ ਪ੍ਰਬੰਧਕੀ ਕਮੇਟੀ ਨੂੰ 2.50 ਲੱਖ ਰੁਪਏ ਦੀ ਗ੍ਰਾਂਟ ਦੇਣ ਦਾ ਐਲਾਨ ਵੀ ਕੀਤਾ। ਸੰਧਵਾਂ ਨੇ ਕਿਹਾ ਕਿ ਸਾਡੇ ਧਾਰਮਿਕ ਗ੍ਰੰਥ ਸਾਡੀ ਅਮੀਰ ਸੱਭਿਆਚਾਰਕ ਵਿਰਾਸਤ ਦਾ ਪ੍ਰਤੀਕ ਹਨ ਅਤੇ ਜਿਹੜਾ ਵੀ ਵਿਅਕਤੀ ਇਨ੍ਹਾਂ ਪਵਿੱਤਰ ਗ੍ਰੰਥਾਂ ਦਾ ਆਸਰਾ ਲੈਂਦਾ ਹੈ, ਉਸ ਨੂੰ ਜੀਵਨ ਵਿੱਚ ਸ਼ਾਂਤੀ ਅਤੇ ਖੁਸ਼ਹਾਲੀ ਮਿਲਦੀ ਹੈ।ਉਨ੍ਹਾਂ ਸੱਤ ਦਿਨਾ ਸ੍ਰੀਮਦ ਭਗਵਤ ਕਥਾ ਲਈ ਪ੍ਰਸਿੱਧ ਕਥਾਵਾਚਕ ਜੈ ਕਿਸ਼ੋਰੀ ਨੂੰ ਸੱਦ ਕੇ ਜਲੰਧਰ ਦੀ ਪਵਿੱਤਰ ਧਰਤੀ 'ਤੇ ਇਹ ਵਿਸ਼ਾਲ ਸਮਾਗਮ ਕਰਵਾਉਣ ਲਈ ਜਲੰਧਰ ਕੇਂਦਰੀ ਤੋਂ ਵਿਧਾਇਕ ਰਮਨ ਅਰੋੜਾ ਦੇ ਯਤਨਾਂ ਦੀ ਸ਼ਲਾਘਾ ਵੀ ਕੀਤੀ। ਸਮਾਗਮ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਦੇ ਭੈਣ ਜੀ ਮਨਪ੍ਰੀਤ ਕੌਰ ਨੇ ਕਿਹਾ ਕਿ ਗੀਤਾ ਕੇਵਲ ਇੱਕ ਪਵਿੱਤਰ ਗ੍ਰੰਥ ਹੀ ਨਹੀਂ ਸਗੋਂ ਜੀਵਨ ਜਿਉਣ ਦਾ ਤਰੀਕਾ ਵੀ ਹੈ।ਇਸ ਮੌਕੇ ਆਪ ਆਗੂ ਦੀਪਕ ਬਾਲੀ ਵੀ ਮੌਜੂਦ ਸਨ।

## ਚਾਈਨਾ ਡੋਰ ਵੇਚਣ ਵਾਲਾ ਗ੍ਰਿਫਤਾਰ 30 ਚਾਈਨੀਜ਼ ਡੋਰ (ਗੱਟੂ) ਬਰਾਮਦ



**ਜਲੰਧਰ( ਸ਼ੈਲੀ ਐਲਬਰਟ)**-ਬਸੰਤ ਪੰਚਮੀ ਤੋਂ ਪਹਿਲਾਂ ਗੈਰ-ਕਾਨੂੰਨੀ ਚਾਈਨੀਜ਼ ਡੋਰ ਵੇਚਣ ਵਾਲਿਆਂ 'ਤੇ ਸ਼ਿਕੰਜਾ ਕੱਸਦਿਆਂ ਪੁਲਸ ਕਮਿਸ਼ਨਰ ਸਵਪਨ ਸ਼ਰਮਾ ਦੀ ਅਗਵਾਈ ਹੇਠ ਜਲੰਧਰ ਕਮਿਸ਼ਨਰੇਟ ਪੁਲਸ ਨੇ ਗੈਰ ਕਾਨੂੰਨੀ ਚਾਈਨੀਜ਼ ਡੋਰ ਵੇਚਣ ਦੇ ਦੋਸ਼ 'ਚ ਇਕ ਵਿਅਕਤੀ ਨੂੰ ਗ੍ਰਿਫਤਾਰ ਕਰਕੇ 30 ਚਾਈਨੀਜ਼ ਡੋਰ ਬਰਾਮਦ ਕੀਤੀਆਂ।ਪੁਲਸ ਕਮਿਸ਼ਨਰ ਨੇ ਦੱਸਿਆ ਕਿ ਚਾਈਨੀਜ਼ ਡੋਰ ਮਨੁੱਖੀ ਜੀਵਨ ਲਈ ਬਹੁਤ ਵੱਡਾ ਖਤਰਾ ਹੈ, ਜਿਸ ਕਾਰਨ ਇਸ 'ਤੇ ਲੰਬੇ ਸਮੇਂ ਤੋਂ ਪਾਬੰਦੀ ਲਗਾਈ ਹੋਈ ਹੈ। ਉਨ੍ਹਾਂ ਕਿਹਾ ਕਿ ਪੁਲਸ ਨੂੰ ਇੱਕ ਲੀਡ ਮਿਲੀ ਸੀ ਕਿ ਬਸੰਤ ਤਿਉਹਾਰ ਤੋਂ ਪਹਿਲਾਂ, ਜਿਸ ਦੌਰਾਨ ਵੱਡੀ ਗਿਣਤੀ ਵਿੱਚ ਪਤੰਗ ਉਡਾਏ ਜਾਂਦੇ ਹਨ, ਕੁਝ ਸ਼ਰਾਰਤੀ ਅਨਸਰ ਪਾਬੰਦੀਸ਼ੁਦਾ ਚਾਈਨੀਜ਼ ਡੋਰ ਨੂੰ ਵੇਚ ਰਹੇ ਹਨ। ਸਵਪਨ ਸ਼ਰਮਾ ਨੇ ਦੱਸਿਆ ਕਿ ਪੁਲਸ ਵੱਲੋਂ ਅਜਿਹੇ ਅਨਸਰਾਂ ਵਿਰੁੱਧ ਵੱਡੀ ਕਾਰਵਾਈ ਕਰਦਿਆਂ ਵੱਖ-ਵੱਖ ਥਾਵਾਂ 'ਤੇ ਛਾਪੇਮਾਰੀ ਕੀਤੀ ਗਈ। ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਪੁਲਸ ਨੂੰ ਇੱਕ ਵੱਡੀ ਸਫਲਤਾ ਮਿਲੀ ਜਦੋਂ ਉਨ੍ਹਾਂ ਨੇ ਅਜੀਤ ਨਗਰ ਵਿਖੇ ਇੱਕ ਦੁਕਾਨ "ਦੁੱਗਲ ਬੇਕਰੀ" ਵਿੱਚ ਛਾਪਾ ਮਾਰਿਆ। ਉਨ੍ਹਾਂ ਕਿਹਾ ਕਿ ਦੁਕਾਨ ਦਾ ਮਾਲਕ ਡੀ ਸੀ ਪੀ ਜਲੰਧਰ (ਯੂ/ਐਸ 144 ਸੀ ਆਰ ਪੀ ਸੀ) ਦੁਆਰਾ ਨਿਰਧਾਰਤ ਨਿਯਮਾਂ ਦੀ ਪਾਲਣਾ ਨਾ ਕਰਦੇ ਹੋਏ ਗੈਰ-ਕਾਨੂੰਨੀ ਚਾਈਨੀਜ਼ ਡੋਰ ਵੇਚ ਰਿਹਾ ਸੀ। ਸ਼ਰਮਾ ਨੇ ਦੱਸਿਆ ਕਿ ਛਾਪੇਮਾਰੀ ਦੌਰਾਨ ਦੁਕਾਨ ਦੇ ਅੰਦਰੋਂ 30 ਚਾਈਨੀਜ਼ ਡੋਰ (ਗੱਟੂ) ਬਰਾਮਦ ਕੀਤੀਆਂ ਗਈਆਂ, ਜੋ ਕਿ ਕਾਨੂੰਨ ਦੀ ਘੋਰ ਉਲੰਘਣਾ ਹੈ।ਪੁਲਸ ਕਮਿਸ਼ਨਰ ਨੇ ਦੱਸਿਆ ਕਿ ਪੁਲਸ ਨੇ ਤੁਰੰਤ ਕਾਰਵਾਈ ਕਰਦੇ ਹੋਏ ਸ਼ਿਵ ਕੁਮਾਰ ਪੁੱਤਰ ਨੰਦ ਕਿਸ਼ੋਰ ਵਾਸੀ 82/10 ਅਜੀਤ ਨਗਰ ਜਲੰਧਰ ਨੂੰ ਕਾਬੂ ਕਰ ਲਿਆ ਹੈ। ਮੁਲਜ਼ਮਾਂ ਖਿਲਾਫ ਥਾਣਾ ਰਾਮਾ ਮੰਡੀ ਜਲੰਧਰ ਵਿਖੇ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

## ਜਨਤਾ ਦਲ (ਯੂ) ਤੇ ਭਾਜਪਾ ਦਾ ਗੱਠਜੋੜ ਦੇਸ਼ ਦੀ ਰਾਜਨੀਤੀ ਲਈ ਸ਼ੁੱਭ : ਖੇਮਕਰਨੀ

**ਜਲੰਧਰ,** –ਜਨਤਾ ਦਲ (ਯੂਨਾਈਟਿਡ) ਪੰਜਾਬ ਦੇ ਉਪ ਪ੍ਰਧਾਨ ਅਤੇ ਬੁਲਾਰੇ ਓਮ ਪ੍ਰਕਾਸ਼ ਖੇਮਕਰਨੀ ਨੇ ਇੱਕ ਲਿਖਤੀ ਬਿਆਨ ਵਿਚ ਪਾਰਟੀ ਦੇ ਕੌਮੀ ਪ੍ਰਧਾਨ ਨਿਤੀਸ਼ ਕੁਮਾਰ ਵੱਲੋਂ ਭਾਰਤੀ ਜਨਤਾ ਪਾਰਟੀ ਨਾਲ ਗਠਜੋੜ ਕਰਨ ਦਾ ਭਰਪੂਰ ਸਵਾਗਤ ਕੀਤਾ ਹੈ। ਖੇਮਕਰਨੀ ਨੇ ਕਿਹਾ ਕਿ ਨਿਤੀਸ਼ ਕੁਮਾਰ ਵੱਲੋਂ ਚੁੱਕਿਆ ਗਿਆ ਇਹ ਕਦਮ ਦੇਸ਼ ਦੀ ਰਾਜਨੀਤੀ ਲਈ ਸ਼ੁੱਭ ਹੈ ਅਤੇ ਉਹਨਾਂ ਦਾ ਇਹ ਫੈਸਲਾ ਨਾ ਕੇਵਲ ਬਿਹਾਰ ਬਲਕਿ ਦੇਸ਼ ਦੀ ਸਾਰੀ ਰਾਜਨੀਤੀ ਨੂੰ ਪ੍ਰਭਾਵਿਤ ਕਰਨ ਵਾਲਾ ਹੈ। ਖੇਮਕਰਨੀ ਨੇ ਕਿਹਾ ਕਿ ਨਿਤੀਸ਼ ਕੁਮਾਰ ਅਤੇ ਜਨਤਾ ਦਲ (ਯੂਨਾਈਟਿਡ) ਦਾ ਆਪਣਾ ਇੱਕ ਵਿਸ਼ਵਾਸ ਯੋਗ ਰਾਸ਼ਟਰੀ ਜਨ ਆਧਾਰ ਹੈ ਅਤੇ ਬਿਹਾਰ ਵਿਧਾਨ ਸਭਾ 'ਚ ਹੋਏ ਸ਼ਕਤੀ ਪ੍ਰੀਖਣ ਵਿਚ ਨਿਤੀਸ਼ ਕੁਮਾਰ ਨੇ ਭਰੋਸੇ ਦਾ ਵੋਟ ਜਿੱਤ ਕੇ ਵਿਰੋਧੀਆਂ ਦੇ ਇਰਾਦਿਆਂ ਨੂੰ ਚਕਨਾਚੂਰ ਕਰ ਦਿੱਤਾ ਹੈ ਅਤੇ ਜਨਤਾ ਦਲ (ਯੂਨਾਈਟਿਡ) ਅਤੇ ਭਾਜਪਾ ਦੇ ਗਠਜੋੜ ਤੇ ਆਪਣੀ ਮੋਹਰ ਲਗਾ ਦਿੱਤੀ ਹੈ। ਖੇਮਕਰਨੀ ਨੇ ਕਿਹਾ ਕਿ ਦੇਸ਼ ਦੇ ਸਾਹਮਣੇ ਜਿਹੜੀਆਂ ਬਾਹਰੀ ਅਤੇ ਅੰਦਰੂਨੀ ਗੰਭੀਰ ਚੁਣੌਤੀਆਂ ਹਾਲੇ ਮੌਜੂਦ ਹਨ, ਉਹਨਾਂ 'ਤੇ ਕਾਬੂ ਪਾਉਣ ਲਈ ਸਭ ਨੂੰ ਮਿਲ ਜੁਲ ਕੇ ਯਤਨ ਕਰਨ ਦੀ ਲੋੜ ਹੈ ਅਤੇ ਵਿਰੋਧੀ ਧਿਰ ਨੂੰ ਕੌਮੀ ਹਿਤਾਂ ਦੇ ਮੁੱਦਿਆਂ ਤੇ ਕੇਂਦਰੀ ਸ਼ਾਸਨ ਨਾਲ ਸਹਿਯੋਗ ਕਰਨਾ ਚਾਹੀਦਾ ਹੈ।

ਖੇਮਕਰਨੀ ਨੇ ਕਿਹਾ ਕਿ ਨਿਤੀਸ਼ ਕੁਮਾਰ ਇੱਕ ਚੰਗੀ ਸਾਫ ਸੁਥਰੀ ਦਿੱਖ ਵਾਲੇ ਰਾਸ਼ਟਰੀ ਨੇਤਾ ਹਨ ਅਤੇ ਸਮੁੱਚੀ ਵਿਰੋਧੀ ਧਿਰ ਵਿਚੋਂ ਉਹ ਇੱਕ ਚੋਟੀ ਦੇ ਨੇਤਾ ਹਨ। ਰਾਸ਼ਟਰ ਨਿਰਮਾਣ ਦੇ ਕੰਮ ਵਿਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਨਿਤੀਸ਼ ਕੁਮਾਰ ਦਾ ਸਹਿਯੋਗ ਲੈ ਕੇ ਇੱਕ ਚੰਗੀ ਸ਼ੁਰੂਆਤ ਕੀਤੀ ਹੈ ਜਿਸ ਦਾ ਸਾਰੇ ਦੇਸ਼ ਨੂੰ ਲਾਭ ਹੋਵੇਗਾ।

# ਦੇਸ਼ ਦਾ ਅੰਨਦਾਤਾ ਆਪਣੇ ਹੱਕ ਲੈ ਕੇ ਰਹੇਗਾ : ਰਾੜਾ



**ਟਾਂਡਾ ਉੜਮੁੜ, ( ਜਸਵਿੰਦਰ ਸੰਧੂ ਉਂਕਾਰ ਸਿੰਘ )**-ਕਿਸਾਨਾਂ ਵੱਲੋਂ ਆਪਣੀਆਂ ਮੰਗਾਂ ਦੇ ਹੱਕ ਵਿੱਚ ਦਿੱਲੀ ਵਿੱਚ ਕੀਤੇ ਜਾ ਰਹੇ ਸੰਘਰਸ਼ ਵਿੱਚ ਭਾਗ ਲੈਣ ਲਈ ਭਾਰਤੀ ਕਿਸਾਨ ਯੂਨੀਅਨ (ਬੀ.ਕੇ.ਯੂ) ਆਜ਼ਾਦ ਨਾਲ ਜੁੜੇ ਕਿਸਾਨਾਂ ਨੇ ਵੱਡੀ ਗਿਣਤੀ ਵਿੱਚ ਦਾਣਾ ਮੰਡੀ ਟਾਂਡਾ ਤੋਂ ਦਿੱਲੀ ਸੰਘਰਸ਼ ਲਈ ਕੂਚ ਕੀਤਾ। ਸੂਬਾ ਪ੍ਰਧਾਨ ਅਮਰਜੀਤ ਸਿੰਘ ਰਾੜਾ ਤੇ ਮੀਤ ਪ੍ਰਧਾਨ ਪੰਜਾਬ ਹਰਪ੍ਰੀਤ ਸਿੰਘ ਸੰਧੂ ਦੀ ਅਗਵਾਈ ਇਕੱਤਰ ਹੋਏ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਦਿੱਲੀ ਰਵਾਨਾ ਹੋਣ ਤੋਂ ਪਹਿਲਾ ਕੇਂਦਰ ਸਰਕਾਰ ਖਿਲਾਫ ਰੋਸ ਵਿਖਾਵਾ ਕੀਤਾ।ਸੂਬਾ ਪ੍ਰਧਾਨ ਅਮਰਜੀਤ ਸਿੰਘ ਰਾੜਾ ਨੇ ਕਿਹਾ ਦੇਸ਼ ਦਾ ਅੰਨਦਾਤਾ ਕਹਾਉਣ ਵਾਲਾ ਕਿਸਾਨ ਆਪਣੇ ਹੱਕ ਲੈ ਕੇ ਰਹੇਗਾ ਅਤੇ ਇਸ ਨੂੰ ਇਸ ਸੰਘਰਸ਼ ਤੋਂ ਦੂਰ ਰੱਖਣ ਸਰਕਾਰ ਦੀਆਂ ਹਰ ਚਾਲਾਂ ਅਸਫਲ 'ਤੇ ਨਾਕਾਮ ਰਹਿਣਗੀਆਂ। ਇਸ ਮੌਕੇ ਉਨਾਂ ਦਿੱਲੀ ਜਾਣ ਤੋਂ ਰੋਕਣ ਵਾਸਤੇ ਹਰਿਆਣਾ ਦੀ ਸਰਕਾਰ ਵੱਲੋਂ ਲਾਈਆਂ ਗਈਆਂ ਰੋਕਾਂ ਦੀ ਸਖਤ ਸ਼ਬਦਾਂ ਵਿੱਚ ਨਿਖੇਦੀ ਕਰਦਿਆਂ ਕਿਹਾ ਕਿ ਕਿਸਾਨਾਂ ਨੂੰ ਰੋਕਣਾ ਸਰਕਾਰਾਂ ਦੇ ਵਸ ਦੀ ਗੱਲ ਨਹੀਂ ਹੈ ਅਤੇ ਪੰਜਾਬ ਦੇ ਕਿਸਾਨ ਹਰ ਹਾਲਤ ਦਿੱਲੀ ਪਹੁੰਚ ਕਰਕੇ ਰਹਿਣਗੇ। ਇਸ ਮੌਕੇ ਉਨਾਂ ਕਿਸਾਨਾਂ ਦੀਆਂ ਹੱਕੀ ਮੰਗਾਂ ਮੰਨਣ ਦੀ ਕੇਂਦਰ ਸਰਕਾਰ ਨੂੰ ਚੇਤਾਵਨੀ ਦਿੱਤੀ। ਹੱਕੀ ਮੰਗਾਂ ਲਈ ਜੂਝ ਰਹੇ ਕਿਸਾਨਾਂ ਦੇ ਨਾਲ ਦੇਸ਼ ਦਾ ਹਰ ਵਰਗ ਮੋਢੇ ਨਾਲ ਮੋਢਾ ਲਾ ਕੇ ਖੜਾ ਹੈ ਅਤੇ ਭਾਰਤੀ ਕਿਸਾਨ ਯੂਨੀਅਨ ਆਜ਼ਾਦ ਵੱਲੋਂ ਸਰਕਾਰ ਖਿਲਾਫ ਵਿੱਢੇ ਜਾ ਰਹੇ ਇਸ ਸੰਘਰਸ਼ ਵਿੱਚ ਬਣਦਾ ਆਪਣਾ ਯੋਗਦਾਨ ਪਾਇਆ ਜਾਵੇਗਾ। ਇਸ ਮੌਕੇ ਬਲਜੀਤ ਸਿੰਘ ਤੱਗੜ ਸੂਬਾ ਜਨਰਲ ਸਕੱਤਰ ,ਹਰਪ੍ਰੀਤ ਸਿੰਘ ਸੰਧੂ ਸੂਬਾ ਮੀਤ ਪ੍ਰਧਾਨ, ਹਰਨੇਕ ਸਿੰਘ ਸੂਬਾ ਕੈਸ਼ੀਅਰ,ਸੁਖਦੇਵ ਸਿੰਘ ਚੀਮਾ ਸਕੱਤਰ ,ਮਨਮੋਹਨ ਸਿੰਘ ਜੌਨ ਪ੍ਰਧਾਨ, ਹਰਦਿਆਲ ਸਿੰਘ ਜੌਨ ਪ੍ਰਧਾਨ,ਰਮਨੀਕ ਸਿੰਘ ਟਾਂਡਾ ਸੂਬਾ ਪ੍ਰਧਾਨ ਯੂਥ ਵਿੰਗ, ਦਮਨਜੀਤ ਸਿੰਘ ਸੂਬਾ ਜਨਰਲ ਸਕੱਤਰ,ਗੁਰਪ੍ਰਤਾਪ ਸਿੰਘ, ਮਲਕੀਤ ਸਿੰਘ ਢੱਟ, ਓਂਕਾਰ ਸਿੰਘ ਇਕਾਈ ਪ੍ਰਧਾਨ ,ਹਰਮੀਤ ਸਿੰਘ ਇਕਾਈ ਪ੍ਰਧਾਨ,ਦਸਵੰਧ ਸਿੰਘ ਇਕਾਈ ਪ੍ਰਧਾਨ, ਅਮੋਲਕ ਸਿੰਘ ਮੌਲਾ, ਮਨਪ੍ਰੀਤ ਸਿੰਘ ਲੰਬੜਦਾਰ, ਮਨਪ੍ਰੀਤ ਸਿੰਘ ਯੂਥ ਵਿੰਗ ਪ੍ਰਧਾਨ ਖੁੱਡਾ ਆਦਿ ਵੀ ਹਾਜਰ ਸਨ।

## ਚੀਮਾ ਖੁਰਦ ਦਾ ਸਾਲਾਨਾ ਛਿੰਝ ਮੇਲਾ 27 ਨੂੰ



**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )** -ਇਥੋਂ ਦੇ ਪਿੰਡ ਚੀਮਾ ਕਲਾਂ ਅਤੇ ਚੀਮਾ ਖੁਰਦ ਦਾ ਸਾਲਾਨਾ ਛਿੰਝ ਮੇਲਾ 27 ਫਰਵਰੀ ਨੂੰ ਲੱਖਾਂ ਦੇ ਦਾਤੇ ਦੀਂ ਯਾਦ ਵਿੱਚ ਕਰਵਾਏ ਜਾ ਰਹੇ ਛਿੰਝ ਮੇਲੇ ਦੀਂ ਤਿਆਰੀ ਸੰਬੰਧੀ ਮੀਟਿੰਗ ਹੋਈ। ਬੁਲਾਰੇ ਖੁਸ਼ਪਾਲ ਸਿੰਘ ਨਾਂਨਾ ਨੇ ਦੱਸਿਆ ਕਿ ਇਸ ਛਿੰਝ ਮੇਲੇ ਵਿੱਚ ਪਟਕੇ ਦੀਂ ਕੁਸ਼ਤੀ ਦਾ ਪਹਿਲਾ ਇਨਾਮ ਆਲਟੋ ਕਾਰ ਹਰਨੈਬ ਸਿੰਘ ਕਨੈਡਾ ਵਲੋਂ ਦਿੱਤਾ ਜਾਵੇਗਾ ਅਤੇ ਇਹ ਕੁਸ਼ਤੀ ਪ੍ਰਿਤ ਪਾਲ ਫਗਵਾੜਾ ਤੇ ਮਹਿੰਦਰ ਗਾਇਕਵਾਡ ਵਿਚਕਾਰ ਹੋਵੇਗੀ। ਪਟਕੇ ਦੀ ਦੂਸਰੀ ਕੁਸ਼ਤੀ ਦਾ ਦੂਸਰਾ ਇਨਾਮ ਮੋਟਰ ਸਾਈਕਲ ਸੁਰਜੀਤ ਸਿੰਘ ਬੈਂਸ ਯੂ ਕੇ ਵਲੋਂ ਦਿੱਤਾ ਜਾਵੇਗਾ। ਉੱਚ ਕੋਟੀ ਦੇ ਹੋਰ ਵੀ ਇਨਾਮ ਦਿੱਤੇ ਜਾਣਗੇ ਅਤੇ ਰਾਜੂ ਰਈਏ ਵਾਲ, ਤਾਲਿਬ ਬਾਬਾ ਫਲਾਹੀ ਕੀਰਤੀ ਬਾਹੜੋ ਵਾਲ, ਸੁਖਚੈਨ ਹਰਿਆਣਾ, ਸੋਨੂ ਰਾਈਐ ਵਾਲ ਅਤੇ ਭਾਰਤ ਭਰ ਤੋਂ ਪਹਿਲਵਾਨ ਕੁਸ਼ਤੀਆਂ ਲੜਨਗੇ। ਮੁੱਖ ਮਹਿਮਾਨ ਹਲਕਾ ਐਮ ਐਲ ਏ ਨਕੋਦਰ ਬੀਬੀ ਇੰਦਰਜੀਤ ਕੌਰ ਮਾਨ ਸਾਬਕਾ ਐਮ ਐਲ ਏ ਗੁਰਪ੍ਰਤਾਪ ਸਿੰਘ ਵਡਾਲਾ ਅਤੇ ਕਾਂਗਰਸ ਦੇ ਹਲਕਾ ਨਕੋਦਰ ਦੇ ਇੰਚਾਰਜ ਡਾਕਟਰ ਨਵਜੋਤ ਸਿੰਘ ਦਾਹੀਆ ਹੋਣਗੇ। ਮੀਟਿੰਗ ਵਿੱਚ ਨੰਬਰਦਾਰ ਬੂਟਾ ਰਾਮ, ਖੁਸ਼ਪਾਲ ਨਾਨਾ, ਜਗਦੀਸ਼ ਸਿੰਘ ਸਰਪੰਚ, ਹਰਨੇਕ ਸਿੰਘ, ਗੁਰਮੇਲ ਸਿੰਘ, ਬਹਾਦਰ ਸਿੰਘ, ਇਕਬਾਲ ਸਿੰਘ, ਸਰਵਨ ਸਿੰਘ , ਕੁਲਦੀਪ ਸਿੰਘ ਸਾਬਕਾ ਸਰਪੰਚ, ਗੁਰਦਿਆਲ ਸਿੰਘ, ਪਿਆਰਾ ਸਿੰਘ ਵਲੈਤੀਆ, ਮੱਖਣ ਸਿੰਘ ਪ੍ਰਧਾਨ, ਪਵਿੱਤਰ ਚੀਮਾ, ਗੁਰਦੀਪ ਸਿੰਘ ਹਾਜ਼ਰ ਸਨ।

# ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਵੱਲੋਂ ਹੜਤਾਲ ਦੀਆਂ ਤਿਆਰੀਆਂ ਲਈ ਮੀਟਿੰਗ



**ਖਰੜ : ( ਹਰਨਾਮ ਸਿੰਘ ਡੱਲਾ)** ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਉੱਤੇ 16 ਫਰਵਰੀ ਨੂੰ ਕੀਤੀ ਜਾ ਰਹੀ ਦੇਸ਼ ਵਿਆਪੀ ਹੜਤਾਲ ਦੀ ਹਮਾਇਤ ਵਿੱਚ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਮੋਹਾਲੀ ਯੂਨਿਟ ਵਲੋਂ ਇੱਕ ਮੀਟਿੰਗ ਗੁਰਦੁਆਰਾ ਚੱਪੜਚਿੜੀ ਵਿਖੇ ਕੀਤੀ ਗਈ। ਇਸ ਮੀਟਿੰਗ ਦੀ ਅਗਵਾਈ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਦਵਿੰਦਰ ਸਿੰਘ ਦੇਹ ਕਲਾਂ,ਜਨਰਲ ਸਕੱਤਰ ਜਸਪਾਲ ਸਿੰਘ ਨਿਆਮੀਆਂ, ਨਛੱਤਰ ਸਿੰਘ ਬੈਦਵਾਨ,ਗੁਰਨਾਮ ਸਿੰਘ ਦੱਪਰ ਆਦਿ ਵਲੋਂ ਕੀਤੀ ਗਈ। ਜਿਸ ਵਿੱਚ ਜ਼ਿਲ੍ਹਾ ਮੁਹਾਲੀ ਦੇ ਬਲਾਕ ਅਤੇ ਇਲਾਕਾਈ ਆਹੁਦੇਦਾਰਾਂ ਨੇ ਭਾਗ ਲਿਆ। ਮੀਟਿੰਗ ਵਿੱਚ ਬੋਲਦਿਆਂ ਦਵਿੰਦਰ ਸਿੰਘ ਦੇਹਕਲਾ ਅਤੇ ਜਸਪਾਲ ਸਿੰਘ ਨਿਆਮੀਆਂ ਨੇ ਕਿਹਾ ਕਿ ਸਾਰੇ ਹੀ ਜ਼ਿਲ੍ਹੇ ਦੇ ਪਿੰਡਾਂ ਦੇ ਕਿਸਾਨਾਂ ਨੇ ਕਿਹਾ ਕਿ ਲੋਕਾਂ ਨੂੰ ਇਸ ਹੜਤਾਲ ਵਿੱਚ ਸ਼ਾਮਲ ਕਰਨ ਲਈ ਪਿੰਡਾਂ ਵਿੱਚ ਪਰਚਾਰ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਮਜ਼ਦੂਰਾਂ ਅਤੇ ਮੁਲਾਜਮਾਂ ਦੀਆਂ ਟਰੇਡ ਯੂਨੀਅਨਾਂ ਵੀ ਇਸ ਹੜਤਾਲ ਵਿੱਚ ਸ਼ਾਮਲ ਹੋ ਰਹੀਆਂ ਹਨ। ਮਿਤੀ 15 ਫਰਵਰੀ 2024 ਨੂੰ ਖਰੜ ਅਤੇ ਇਲਾਕੇ ਦੇ ਸ਼ਹਿਰਾਂ ਵਿੱਚ ਜਾ ਕੇ ਦੁਕਾਨਦਾਰ ਭਰਾਵਾਂ ਨੂੰ ਵੀ ਇਸ ਹੜਤਾਲ ਵਿੱਚ ਸ਼ਾਮਲ ਹੋਣ ਲਈ ਬੇਨਤੀ ਕੀਤੀ ਜਾਵੇਗੀ। ਬੁਲਾਰਿਆਂ ਨੇ ਇਕੱਤਰ ਹੋਏ ਕਿਸਾਨਾਂ ਨੂੰ ਕਿਹਾ ਕਿ ਟ੍ਰੈਫਿਕ ਜਾਮ ਕਰਨ ਜਾਂ ਰੋਸ ਪ੍ਰਗਟ ਕਰਨ ਸਮੇਂ ਮਰੀਜਾਂ, ਪੇਪਰ ਦੇਣ ਵਾਲੇ ਵਿਦਿਆਰਥੀਆਂ ਅਤੇ ਐਂਬੂਲੈਂਸਾਂ ਨੂੰ ਜਾਣ ਦੀ ਇਜਾਜ਼ਤ ਦਿੱਤੀ ਜਾਵੇਗੀ। ਅਤੇ ਰੋਸ ਪ੍ਰਦਰਸ਼ਨ ਕਰਦੇ ਸਮੇਂ ਸਾਂਤਮਈ ਢੰਗ ਨਾਲ ਹੀ ਆਪਣੀਆਂ ਮੰਗਾਂ ਲਈ ਸਮਰਪਿਤ ਹੋਇਆ ਜਾਵੇ। ਕਿਸੇ ਵੀ ਭੜਕਾਊ ਕਾਰਵਾਈ ਉੱਤੇ ਜਥੇਬੰਦੀ ਦੇ ਕਾਰਕੁੰਨ ਪਹਿਰਾ ਦੇਣਗੇ।

ਇਸ ਸਮੇਂ ਭਾਰਤ ਨਿਰਮਾਣ ਮਿਸਤਰੀ ਮਜ਼ਦੂਰ ਯੂਨੀਅਨ (ਸੀਟੂ) ਖਰੜ ਦੇ ਪ੍ਰਧਾਨ ਸੁਰਿੰਦਰ ਸਿੰਘ ਬਡਾਲਾ ਅਤੇ ਸੇਵਾ ਸਿੰਘ ਖ਼ਾਨਪੁਰ ਵੀ ਮੌਜੂਦ ਸਨ। ਉਨ੍ਹਾਂ ਵੀ ਕਿਸਾਨਾਂ ਨੂੰ ਭਰੋਸਾ ਦੁਆਇਆ ਕਿ ਉਨ੍ਹਾਂ ਦੀ ਜਥੇਬੰਦੀ 16 ਫਰਵਰੀ ਦੀ ਹੜਤਾਲ ਵਿੱਚ ਵੱਧ ਵੱਧ ਮਜ਼ਦੂਰਾਂ ਨੂੰ ਸ਼ਾਮਲ ਕਰੇਗੀ।

## ਸਰਕਾਰ ਸੂਬੇ ਦੇ ਲੋਕਾਂ ਨੂੰ ਘਰਾਂ ਨਜ਼ਦੀਕ ਹੀ ਸੇਵਾਵਾਂ ਪ੍ਰਦਾਨ ਕਰਨ ਲਈ ਵਚਨਬੱਧ : ਰੰਧਾਵਾ

**ਡੇਰਾਬੱਸੀ, (ਗੁਰਜੀਤ ਬਿੱਲਾ)**-ਸੂਬੇ ਦੇ ਲੋਕਾਂ ਨੂੰ ਬਿਨਾਂ ਕਿਸੇ ਖੱਜਲ-ਖੁਆਰੀ ਤੋਂ ਉਨ੍ਹਾਂ ਦੇ ਘਰਾਂ ਨਜ਼ਦੀਕ ਹੀ ਸਰਕਾਰੀ ਸੇਵਾਵਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ, ਜਿਸ ਦੇ ਲਈ ਸਰਕਾਰ ਵੱਲੋਂ 'ਆਪ ਦੀ ਸਰਕਾਰ ਆਪ ਦੇ ਦੁਆਰ' ਵਰਗਾ ਲੋਕ-ਪੱਖੀ ਉਪਰਾਲਾ ਕੀਤਾ ਗਿਆ ਹੈ। ਇਨ੍ਹਾ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਵਾਰਡ ਨੰ 2,3 ਅਤੇ 17, ਪਿੰਡ ਦੱਪਰ, ਜੋਧਪੁਰ, ਤਸਿੰਬਲੀ ਅਤੇ ਫਤਿਹਪੁਰ ਵਿੱਚ ਲਗਾਏ ਗਏ ਵਿਸ਼ੇਸ਼ ਕੈਂਪਾਂ ਦਾ ਦੌਰਾ ਕਰਦਿਆਂ ਕੀਤਾ। ਉਨ੍ਹਾਂ ਨੇ ਕਿਹਾ ਕਿ ਸੂਬਾ ਸਰਕਾਰ ਦੀ ਇਹ ਪਹਿਲਕਦਮੀ ਲੋਕਾਂ ਨੂੰ ਉਨ੍ਹਾਂ ਦੀਆਂ ਬਰੂਹਾਂ 'ਤੇ ਸਰਕਾਰੀ ਸੇਵਾਵਾਂ ਮੁਹੱਈਆ ਕਰਵਾਉਣ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਦਾ ਨਿਪਟਾਰਾ ਕਰਨ ਵਿੱਚ ਸਫ਼ਲਤਾ ਦੀ ਨਵੀਂ ਕਹਾਣੀ ਰਚੇਗੀ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਤਹਿਤ ਸੂਬੇ ਭਰ ਵਿੱਚ ਕੈਂਪ ਲਾ ਕੇ ਲੋਕਾਂ ਨੂੰ ਸੇਵਾਵਾਂ ਦਾ ਲਾਭ ਪ੍ਰਦਾਨ ਕਰਨ ਲਈ ਪ੍ਰਸ਼ਾਸਨ ਵੱਲੋਂ ਉਨ੍ਹਾਂ ਦੇ ਦਰ ਤੱਕ ਪਹੁੰਚ ਕੀਤੀ ਜਾ ਰਹੀ ਹੈ। ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਇਹ ਉਪਰਾਲਾ ਲੋਕਾਂ ਨੂੰ ਸਰਕਾਰੀ ਸੇਵਾਵਾਂ ਪ੍ਰਦਾਨ ਕਰਨ ਵਿੱਚ ਮੀਲ ਪੱਥਰ ਸਾਬਤ ਹੋਵੇਗਾ।

ਉਨ੍ਹਾਂ ਕਿਹਾ ਕਿ ਇਨ੍ਹਾਂ ਕੈਂਪਾਂ ਵਿੱਚ ਇਕੋ ਛੱਤ ਥੱਲੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਵੱਲੋਂ ਲੋਕਾਂ ਨੂੰ ਸੇਵਾਵਾਂ ਦਾ ਲਾਭ ਦੇਣ ਦੇ ਨਾਲ-ਨਾਲ ਉਨ੍ਹਾਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਵੀ ਕੀਤਾ ਜਾ ਰਿਹਾ ਹੈ, ਜਿਸ ਨਾਲ ਲੋਕਾਂ ਦੇ ਸਮੇਂ ਤੇ ਊਰਜਾ ਦੀ ਬੱਚਤ ਹੋਣ ਨਾਲ ਉਨ੍ਹਾਂ ਨੂੰ ਸਰਕਾਰੀ ਦਫ਼ਤਰਾਂ ਦੇ ਚੱਕਰ ਨਹੀਂ ਮਾਰਨੇ ਪੈਣਗੇ। ਸੇਵਾਵਾਂ ਹਾਸਲ ਕਰਨ ਲਈ ਹੈਲਪ ਲਾਈਨ 1076 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

## ਡੇਰਾ ਸੰਤਗੜ੍ਹ ਵਿਖੇ ਨਿਸ਼ਾਨ ਸਾਹਿਬ ਚੜ੍ਹਾਉਣ ਦੀ ਸੇਵਾ



**ਜਲੰਧਰ (ਇਕਬਾਲ ਸਿੰਘ ਉਭੀ)**- ਸਥਾਨਕ ਕਪੂਰਥਲਾ ਮਾਰਗ 'ਤੇ ਸਥਿਤ ਸਪੋਰਟਸ ਕਾਲਜ ਦੇ ਸਾਹਮਣੇ ਪਵਿੱਤਰ ਅਸਥਾਨ ਗੁਰਦੁਆਰਾ ਡੇਰਾ ਸੰਤਗੜ੍ਹ ਹਰਖੋਵਾਲ ਵਿਖੇ ਸੰਤ ਬਾਬਾ ਭਗਵਾਨ ਸਿੰਘ ਹਰਖੋਵਾਲ ਵਾਲਿਆਂ ਦੀ ਦੇਖ-ਰੇਖ ਹੇਠ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਨਵਾਂ ਨਿਸ਼ਾਨ ਸਾਹਿਬ ਚੜ੍ਹਾਉਣ ਦੀ ਸੇਵਾ ਕੀਤੀ ਗਈ। ਇਸ ਮੌਕੇ ਬਾਬਾ ਸੇਵਾ ਸਿੰਘ ਨੇ ਦੱਸਿਆ ਕਿ ਪਿਛਲੇ ਸਮੇਂ ਤੋਂ ਬਣ ਰਹੀ ਗੁਰਦੁਆਰਾ ਸਾਹਿਬ ਦੀ ਨਵੀਂ ਇਮਾਰਤ ਵੀ ਤਿਆਰ ਹੋ ਚੁੱਕੀ ਹੈ ਜਿਸ ਦਾ ਉਦਘਾਟਨ 28 ਫ਼ਰਵਰੀ ਨੂੰ ਕੀਤਾ ਜਾਵੇਗਾ।ਇਸ ਨੂੰ ਮੁੱਖ ਰੱਖਦਿਆਂ ਹੀ ਨਵੇਂ ਨਿਸ਼ਾਨ ਸਾਹਿਬ ਚੜ੍ਹਾਉਣ ਦੀ ਰਸਮ ਅਦਾ ਕੀਤੀ ਗਈ। ਉਨ੍ਹਾਂ ਦੱਸਿਆ ਕਿ ਇਹ ਨਿਸ਼ਾਨ ਸਾਹਿਬ ਨਵੀਂ ਤਕਨੀਕ ਹਾਈਡ੍ਰੌਲਿਕ ਸਿਸਟਮ ਨਾਲ ਬਣਾਇਆ ਗਿਆ ਹੈ ਜਿਸ ਦੀ ਲੰਬਾਈ ਲਗਭਗ 105 ਫੁੱਟ ਦੇ ਕਰੀਬ ਹੈ । ਇਸ ਮੌਕੇ ਸੰਤ ਬਾਬਾ ਭਗਵਾਨ ਸਿੰਘ ਦੀ ਹਾਜ਼ਰੀ ਵਿੱਚ ਅਰਦਾਸ ਕਰਨ ਉਪਰੰਤ ਸਾਰੀ ਸੰਗਤ ਵਲੋਂ ਬੋਲੇ ਸੋ ਨਿਹਾਲ ਦੇ ਜੈਕਾਰੇ ਲਾਉਂਦੇ ਹੋਏ ਨਿਸ਼ਾਨ ਸਾਹਿਬ ਚੜ੍ਹਾਉਣ ਦੀ ਰਸਮ ਅਦਾ ਕੀਤੀ ਗਈ ਅਤੇ ਦੇਗ ਦਾ ਪ੍ਰਸ਼ਾਦ ਵਰਤਾਉਣ ਉਪਰੰਤ ਚਾਹ ਦੇ ਅਤੁੱਟ ਲੰਗਰ ਵਰਤਾਏ ਗਏ। ਇਸ ਮੌਕੇ ਬਾਬਾ ਦਿਲਬਾਗ ਸਿੰਘ, ਗੁਰਮੀਤ ਸਿੰਘ ਲੰਗੇਰੀ ਇੰਦਰਜੀਤ ਸਿੰਘ, ਬਲਵੰਤ ਸਿੰਘ ਝੀਂਡਾ, ਚਰਨਜੀਤ ਸਿੰਘ, ਰਜਿੰਦਰ ਸਿੰਘ ਮਠਾੜੂ, ਸੁਖਵਿੰਦਰ ਸਿੰਘ ਮੁੱਧੜ, ਜਸਵਿੰਦਰ ਸਿੰਘ ਢਿੱਲੋਂ, ਰਿਟਾ ਥਾਣੇਦਾਰ ਨਿਰਮਲ ਸਿੰਘ, ਕੁਲਵਿੰਦਰ ਸਿੰਘ, ਯੂ ਪੀ ਦੀ ਸੰਗਤ ਸਮੇਤ ਆਸ ਪਾਸ ਤੋਂ ਹੋਰ ਸੰਗਤਾਂ ਹਾਜ਼ਰ ਹੋਈਆਂ।

## ਦੋਆਬਾ ਜਨਰਲ ਕੈਟਾਗਿਰੀ ਫਰੰਟ ਭਲਕੇ ਭਾਰਤ ਬੰਦ ਦੀ ਕਰੇਗਾ ਹਮਾਇਤ : ਫੁਗਲਾਣਾ



**ਮੇਹਟੀਆਣਾ ( ਜਗਤਾਰ ਸਿੰਘ ਭੁੰਗਰਨੀ )** ਦੋਆਬਾ ਜਨਰਲ ਕੈਟਾਗਰੀ ਫਰੰਟ ਪੰਜਾਬ ਦੀ ਅਹਿਮ ਮੀਟਿੰਗ ਪ੍ਰਧਾਨ ਬਲਵੀਰ ਸਿੰਘ ਫੁਗਲਾਣਾ ਦੀ ਪ੍ਰਧਾਨਗੀ ਹੇਠ ਪਿੰਡ ਫੁਗਲਾਣਾ ਦਾਣਾ ਮੰਡੀ ਵਿਖ਼ੇ ਹੋਈ ਹੋਈ ਜਿਸ ਵਿਚ 16 ਫਰਵਰੀ ਨੂੰ ਸੰਯੁਕਤ ਮੋਰਚੇ ਦੀ ਭਾਰਤ ਬੰਦ ਦੀ ਕਾਲ ਨੂੰ ਕਾਮਯਾਬ ਕਰਨ ਲਈ ਵਿਚਾਰ ਵਟਾਂਦਰਾ ਕੀਤਾ ਗਿਆ ।ਫੁਗਲਾਣਾ ਨੇ ਕਿਹਾ ਕਿ ਕੇਂਦਰ ਸਰਕਾਰ ਦੀਆਂ ਕਿਸਾਨ ਮਾਰੂ ਨੀਤੀਆਂ ਦੀ ਜਨਰਲ ਕੈਟਾਗਿਰੀ ਫਰੰਟ ਪੰਜਾਬ ਸਖ਼ਤ ਸ਼ਬਦਾਂ ਵਿਚ ਨਿਖੇਧੀ ਕਰਦਾ ਹੈ । ਮੋਦੀ ਸਰਕਾਰ ਦੇ ਆਖਰੀ ਸੈਸ਼ਨ ਵਿੱਚ ਕਿਸਾਨੀ ਲਈ ਕੋਈ ਰਾਹਤ ਨਾ ਦੇਣ ਕਾਰਨ ਸਰਕਾਰ ਤੇ ਦਬਾਅ ਬਣਾਉਣ ਲਈ 16 ਫਰਵਰੀ ਨੂੰ ਅੱਡਾ ਫੁਗਲਾਣਾ ਵਿਖ਼ੇ ਫਗਵਾੜਾ - ਹੁਸ਼ਿਆਰਪੁਰ ਰੋਡ ਬੰਦ ਕਰਕੇ ਠੀਕ 10 ਵਜੇ ਪ੍ਰਧਾਨ ਮੰਤਰੀ ਦਾ ਪੁਤਲਾ ਫੂਕਿਆ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਗਤਾਰ ਸਿੰਘ ਭੂੰਗਰਨੀ ਜਨਰਲ ਸਕੱਤਰ, ਗੁਰਦਿਆਲ ਸਿੰਘ ਜਲਵੇਹੜਾ ਮੀਤ ਪ੍ਰਧਾਨ, ਫ਼ਤਹਿ ਸਿੰਘ ਪ੍ਰਹਾਰ ਪ੍ਰਧਾਨ ਜਨਰਲ ਸਮਾਜ ਮੰਚ ਪੰਜਾਬ, ਉਂਕਾਰ ਸਿੰਘ ਮਿਨਹਾਸ ਪ੍ਰਧਾਨ ਵਿਸ਼ਵ ਦੋਆਬਾ ਰਾਜਪੂਤ ਸਭਾ ਪੰਜਾਬ, ਬਲਵਿੰਦਰ ਸਿੰਘ ਕਾਲਰਾ, ਸੁਖਜੀਤ ਸਿੰਘ ਪਰਮਾਰ, ਜਸਪਾਲ ਸਿੰਘ ਪਰਮਾਰ, ਬਲਵਿੰਦਰ ਸਿੰਘ ਭਾਮ, ਰਵਿੰਦਰ ਸਿੰਘ ਅਜਨੋਹਾਂ, ਠਾਕੁਰ ਨਰਿੰਦਰ ਸਿੰਘ, ਜਸਵਿੰਦਰ ਸਿੰਘ ਸੰਘਾ, ਬਲਵਿੰਦਰ ਸਿੰਘ ਗਿੱਲ, ਅਜੀਤ ਸਿੰਘ ਖਨੌੜਾ, ਈਸ਼ਰ ਸਿੰਘ ਨਰੂੜ, ਸੁਰਜੀਤ ਸਿੰਘ ਮਸੂਤਾ, ਸਤਨਾਮ ਸਿੰਘ ਸ਼ਿੰਦੂ, ਜਗਦੇਵ ਸਿੰਘ ਕੁਕੋਵਾਲ, ਦਵਿੰਦਰ ਸਿੰਘ ਬਿੰਦਾ ਮੇਹਟੀਆਣਾ, ਵਰਿੰਦਰ ਸਿੰਘ ਭਿੰਡਰ ਆਦਿ ਹਾਜ਼ਰ ਸਨ।

## ਪ ਸ ਸ ਫ ਵੱਲੋਂ ਭਲਕ ਦੀ ਕੌਮੀ ਹੜਤਾਲ ਨੂੰ ਕਾਮਯਾਬ ਕਰਨ ਦਾ ਫੈਸਲਾ




**ਜਲੰਧਰ (ਰਾਜੇਸ਼ ਥਾਪਾ)**-ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਬਲਾਕ ਨੂਰਮਹਿਲ ਜ਼ਿਲ੍ਹਾ ਜਲੰਧਰ ਦੀ ਮੀਟਿੰਗ ਕੁਲਦੀਪ ਵਾਲੀਆ ਬਿਲਗਾ ਦੀ ਪ੍ਰਧਾਨਗੀ ਹੇਠ ਨੂਰਮਹਿਲ ਵਿਖੇ ਕੀਤੀ ਗਈ। ਮੀਟਿੰਗ ਦੇ ਫੈਸਲੇ ਪ੍ਰੈਸ ਨੂੰ ਜਾਰੀ ਕਰਦਿਆਂ ਪ.ਸ.ਸ ਫ. ਦੇ ਜ਼ਿਲ੍ਹਾ ਆਗੂ ਅਕਲਚੰਦ ਸਿੰਘ ਨੇ ਦੱਸਿਆ ਕਿ ਮੀਟਿੰਗ ਵਿੱਚ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਦੀਆਂ ਜ਼ਿਲ੍ਹਾ ਪੱਧਰੀ ਮੀਟਿੰਗਾਂ ਅਤੇ ਕਿਸਾਨ, ਮਜ਼ਦੂਰ ਯੂਨੀਅਨ ਸਮੇਤ ਬਾਕੀ ਜਨਤਕ ਜਥੇਬੰਦੀਆਂ ਨਾਲ ਤਹਿਸੀਲ ਅਤੇ ਜ਼ਿਲ੍ਹਾ ਪੱਧਰੀ ਹੋਈਆਂ ਮੀਟਿੰਗਾਂ ਦੇ ਫ਼ੈਸਲਿਆਂ ਨੂੰ ਪੂਰੀ ਤਰ੍ਹਾਂ ਨਾਲ ਲਾਗੂ ਕਰਨ ਦਾ ਫੈਸਲਾ ਕੀਤਾ ਗਿਆ।ਮੀਟਿੰਗ ਨੂੰ ਸੰਬੋਧਨ ਕਰਦਿਆਂ ਪ.ਸ.ਸ.ਫ. ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਨੇ ਕਿਹਾ ਕਿ ਦੇਸ਼ ਅੰਦਰ 16 ਫਰਵਰੀ ਦੀ ਕੌਮੀ ਹੜਤਾਲ ਕੇਂਦਰ ਸਰਕਾਰ ਦੀਆਂ ਆਮ ਲੋਕਾਂ, ਮੁਲਾਜ਼ਮਾਂ, ਮਜ਼ਦੂਰਾਂ, ਕਿਰਤੀ ਲੋਕਾਂ ਦੀ ਲੁੱਟ ਕਰਨ ਵਾਲੀਆਂ ਨੀਤੀਆਂ, ਨਿੱਜੀਕਰਨ ਅਤੇ ਕਾਰਪੋਰੇਟ ਘਰਾਣਿਆਂ ਨੂੰ ਬੇਸ਼ਕੀਮਤੀ ਲਾਭ ਦੇਣ ਦੀਆਂ ਨੀਤੀਆਂ ਅਤੇ ਪਬਲਿਕ ਅਦਾਰਿਆਂ ਨੂੰ ਲਗਾਤਾਰ ਪ੍ਰਾਈਵੇਟ ਹੱਥਾਂ ਵਿੱਚ ਵੇਚਣ ਦੇ ਵਿਰੁੱਧ ਕੀਤੀ ਜਾ ਰਹੀ ਹੈ। ਉਨ੍ਹਾਂ ਇਸ ਕੌਮੀ ਹੜਤਾਲ ਨੂੰ ਸਫਲ ਬਣਾਉਣ ਲਈ ਪੂਰੀ ਤਰ੍ਹਾਂ ਮੁਹਿੰਮ ਚਲਾਉਣ ਲਈ ਪ੍ਰੇਰਿਆ ਅਤੇ 16 ਫਰਵਰੀ ਨੂੰ ਜਾਮ ਲਗਾ ਕੇ ਕੀਤੀਆਂ ਜਾਣ ਵਾਲੀਆਂ ਰੈਲੀਆਂ ਵਿੱਚ ਵੱਧ ਚੜ੍ਹ ਕੇ ਸ਼ਾਮਲ ਹੋਣ ਦੀ ਅਪੀਲ ਵੀ ਕੀਤੀ ।

ਦੂਜੇ ਮਤੇ ਰਾਹੀਂ 16 ਫਰਵਰੀ ਦੀ ਹੜਤਾਲ ਦੀ ਸਫਲਤਾ ਲਈ ਤਹਿਸੀਲ ਅਤੇ ਜ਼ਿਲ੍ਹਾ ਪੱਧਰ 'ਤੇ ਚੱਲ ਰਹੀ ਆਪਣੇ ਆਪਣੇ ਪੱਧਰ ਅਤੇ ਸਾਂਝੀ ਮੁਹਿੰਮ 'ਤੇ ਤਸੱਲੀ ਦਾ ਪ੍ਰਗਟਾਵਾ ਕੀਤਾ ਗਿਆ।ਇਸ ਸਮੇਂ ਹੋਰਨਾਂ ਤੋਂ ਇਲਾਵਾ ਮੀਟਿੰਗ ਵਿੱਚ ਸੰਦੀਪ ਸਿੰਘ, ਅਮਰਜੀਤ ਸਿੰਘ, ਪੂਰਨ ਸਿੰਘ, ਕਸ਼ਮੀਰ ਸਿੰਘ, ਰਾਮ ਦੱਤ ਆਦਿ ਸ਼ਾਮਲ ਹੋਏ।

## ਰੋਡ ਸੇਫਟੀ ਸੰਸਥਾ ਦੇ ਵਰਕਰਾਂ ਤੇ ਟ੍ਰੈਫਿਕ ਐਜੂਕੇਸ਼ਨ ਪੁਲਸ ਨੇ ਵਹੀਕਲਾਂ 'ਤੇ ਸਟਿੱਕਰ ਲਾਏ



**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)** ਕੌਮੀ ਸੜਕ ਸੁਰੱਖਿਆ ਜਾਗਰੂਕਤਾ ਤਹਿਤ ਰੋਡ ਸੇਫਟੀ ਅਵੇਅਰਨੈਸ ਸੋਸਾਇਟੀ ਅਤੇ ਟਰੈਫਿਕ ਪੁਲਸ ਨੇ ਸਥਾਨਕ ਗੜ੍ਹਸ਼ੰਕਰ ਬਾਈ-ਪਾਸ ਅਤੇ ਬੱਸ ਸਟੈਂਡ 'ਤੇ ਵੱਖ ਵੱਖ ਕਿਸਮਾਂ ਦੇ ਵਹੀਕਲਾਂ ਤੇ ਵਿਸ਼ੇਸ਼ ਜਾਗਰੂਕਤਾ ਸੰਦੇਸ਼ ਛਪੇ ਰੇਡੀਅਮ ਸਟਰਿੱਕਰ ਲਗਾਏ। ਇੰਸਪੈਕਟਰ ਪਵਨ ਕੁਮਾਰ ਜ਼ਿਲ੍ਹਾ ਟਰੈਫਿਕ ਇੰਚਾਰਜ , ਟ੍ਰੈਫਿਕ ਐਜੂਕੇਸ਼ਨ ਸੈੱਲ ਪੰਜਾਬ ਪੁਲਸ ਵਲੋਂ ਪਰਵੀਨ ਕੁਮਾਰ ਏ. ਐਸ. ਆਈ, ਸਤਨਾਮ ਸਿੰਘ ਏ.ਐਸ.ਆਈ, ਦਿਲਾਵਰ ਸਿੰਘ ਏ ਐਸ ਆਈ, ਸੁਨੀਲ ਕੁਮਾਰ ਹੈੱਡ ਕਾਂਸਟੇਬਲ ਅਤੇ ਰੋਡ ਸੇਫਟੀ ਅਵੇਅਰਨੈਸ ਸੋਸਾਇਟੀ ਵਲੋਂ ਦਿਲਬਾਗ ਸਿੰਘ ਰਿਟਾ: ਡੀ.ਈ.ਓ, ਜੇ.ਐਸ.ਗਿੱਦਾ, ਪ੍ਰਿੰਸੀਪਲ ਬਿਕਰਮਜੀਤ ਸਿੰਘ , ਨਰਿੰਦਰਪਾਲ ਰਿਟਾ: ਪੋਸਟ ਮਾਸਟਰ ਅਤੇ ਨਰਿੰਦਰ ਬਿੱਟਾ ਨੇ ਜਾਗਰੂਕਤਾ ਸੇਵਾ ਨਿਭਾਈ। ਜਾਗਰੂਕਤਾ ਕਰਦੇ ਵਰਕਰਾਂ ਤੇ ਪੁਲਸ ਅਧਿਕਾਰੀਆਂ ਨੇ ਵਹੀਕਲ ਡਰਾਈਵਰਾਂ ਨੂੰ ਡਰਾਈਵਿੰਗ ਵੇਲੇ ਸੜਕ ਨਿਯਮਾਂ ਦੇ ਧਿਆਨ ਦੇ ਨਾਲ ਸਬਰ ਸੰਤੋਖ ਅਪਨਾਉਣ ਦੀਆਂ ਬੇਨਤੀਆਂ ਕੀਤੀਆਂ ਗਈਆਂ ਜੋ ਉਹਨਾਂ ਖੁਸ਼ ਹੋ ਕੇ ਪ੍ਰਵਾਨ ਕੀਤੀਆਂ।

## ਸਿੱਖ ਸੰਗਤਾਂ ਸ਼੍ਰੋਮਣੀ ਕਮੇਟੀ ਚੋਣਾਂ ਲਈ ਵੱਧ ਤੋਂ ਵੱਧ ਵੋਟਾਂ ਬਣਾਓ-ਕੰਧੋਲਾ



**ਸ੍ਰੀ ਚਮਕੌਰ ਸਾਹਿਬ , (ਗੁਰਵਿੰਦਰਪਾਲ ਸਿੰਘ ਬੌਬੀ)** ਅਕਾਲੀ ਦਲ 1920 ਸਰਕਲ ਚਮਕੌਰ ਸਾਹਿਬ ਦੇ ਮੈਂਬਰਾਂ ਦੀ ਮੀਟਿੰਗ ਸੂਬੇ ਦੇ ਸੀਨੀਅਰ ਆਗੂ ਤੇ ਸਾਬਕਾ ਸ਼੍ਰੋਮਣੀ ਕਮੇਟੀ ਮੈਂਬਰ ਹਰਬੰਸ ਸਿੰਘ ਕੰਧੋਲਾ ਦੀ ਪ੍ਰਧਾਨਗੀ ਹੇਠ ਹੋਈ । ਕੰਧੋਲਾ ਨੇ ਮੀਟਿੰਗ ਦੌਰਾਨ ਅਜੋਕੀ ਪੰਥਕ ਸਥਿਤੀ ਅਤੇ ਪੰਜਾਬ ਦੇ ਮੌਜੂਦਾ ਰਾਜਨੀਤਕ ਦ੍ਰਿਸ਼ ਸਬੰਧੀ ਮੈਬਰਾਂ ਨਾਲ ਵਿਚਾਰ ਵਟਾਂਦਰਾ ਕਰਦਿਆਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੀਆਂ ਹੋਣ ਵਾਲੀਆਂ ਚੋਣਾਂ ਵਿੱਚ ਇਹ ਮਹਿਸੂਸ ਕੀਤਾ ਗਿਆ ਕਿ ਸਿੱਖ ਸੰਗਤਾਂ ਵਿੱਚ ਵੋਟਾਂ ਬਣਾਉਣ ਸਬੰਧੀ ਉਤਸ਼ਾਹ ਨਹੀਂ ਵੇਖਣ ਨੂੰ ਮਿਲ ਰਿਹਾ ।ਉਨ੍ਹਾਂ ਸਿੱਖ ਸੰਗਤਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਵੱਧ ਤੋਂ ਵੱਧ ਵੋਟਾਂ ਬਣਾਉਣ ਤਾਂ ਜਾ ਕਿ ਸ਼੍ਰੋਮਣੀ ਕਮੇਟੀ ਵਿੱਚ ਬੇਦਾਗ ਪੰਥਕ ਸੱਚੇ ਸੁੱਚੇ ਮੈਂਬਰ ਚੁਣ ਕੇ ਭੇਜੇ ਜਾ ਸਕਣ । ਦੂਜੇ ਪਾਸੇ ਮੀਟਿੰਗ ਦੌਰਾਨ ਵੱਖ-ਵੱਖ ਬੁਲਾਰਿਆਂ ਨੇ ਚੱਲ ਰਹੇ ਕਿਸਾਨੀ ਸੰਘਰਸ਼ ਦੀ ਪੂਰਨ ਹਮਾਇਤ ਕਰਦਿਆਂ ਸਰਕਾਰ ਨੂੰ ਪੁਰਜੋਰ ਅਪੀਲ ਕੀਤੀ ਕਿ ਕਿਸਾਨਾਂ ਦੀਆਂ ਜਾਇਜ ਮੰਗਾਂ ਤੁਰੰਤ ਲਾਗੂ ਕੀਤੀਆਂ ਜਾਣੀਆਂ ਚਾਹੀਦੀਆਂ ਹਨ । ਇਸ ਮੌਕੇ ਪ੍ਰਿੰਸੀਪਲ ਅਜਾਇਬ ਸਿੰਘ ਮਾਂਗਟ, ਜਥੇ ਪ੍ਰੀਤਮ ਸਿੰਘ ਸੱਲੋਮਾਜਰਾ , ਪ੍ਰਿੰਸੀਪਲ ਅਮਰਜੀਤ ਸਿੰਘ ਕੰਗ , ਚੇਅਰਮੈਨ ਸੁਖਵਿੰਦਰ ਸਿੰਘ, ਜਥੇ ਭਾਗ ਸਿੰਘ , ਗੁਰਬਚਨ ਸਿੰਘ ਸਤਿਆਲ, ਕੁਲਵੰਤ ਸਿੰਘ ਭੂਰੜੇ ,ਪਰਮਿੰਦਰ ਸਿੰਘ ਭਿਓਰਾ , ਜਸਵੰਤ ਸਿੰਘ , ਨਰਿੰਦਰ ਸਿੰਘ , ਗੁਰਦੇਵ ਸਿੰਘ ਮਕੜੌਨਾ ਅਤੇ ਜੁਗਵਿੰਦਰ ਸਿੰਘ ਆਦਿ ਹਾਜਰ ਸਨ ।

# ਕੇਂਦਰ ਦੀ ਕਾਰਪੋਰੇਟ ਪੱਖੀ ਸਰਕਾਰ ਨੂੰ ਲਾਂਭੇ ਕਰਨ ਲਈ ਰਾਜਨੀਤਕ-ਵਿਚਾਰਧਾਰਕ ਸੰਗਰਾਮ ਤਿੱਖਾ ਕਰਨ ਦਾ ਨਿਰਣਾ

**ਜਲੰਧਰ (ਕੇਸਰ)** ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ( ਆਰ.ਐਮ.ਪੀ.ਆਈ.) ਦੀ ਰਾਜ ਕਮੇਟੀ ਦੇ ਸਕੱਤਰੇਤ ਦੀ ਸਾਥੀ ਰਤਨ ਸਿੰਘ ਰੰਧਾਵਾ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਲੋਂ 2024 ਦੀਆਂ ਲੋਕ ਸਭਾ ਚੋਣਾਂ 'ਚ ਕੇਂਦਰ ਦੀ ਕਾਰਪੋਰੇਟ ਪੱਖੀ ਫਿਰਕੂ-ਫਾਸ਼ੀ ਮੋਦੀ ਸਰਕਾਰ ਨੂੰ ਸੱਤਾ ਤੋਂ ਲਾਂਭੇ ਕਰਨ ਲਈ ਰਾਜਨੀਤਕ-ਵਿਚਾਰਧਾਰਕ ਸੰਗਰਾਮ ਤਿੱਖਾ ਕਰਨ ਦਾ ਨਿਰਣਾ ਲਿਆ ਗਿਆ ਹੈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਨੇ ਕਿਹਾ ਕਿ ਦੇਸ਼ ਅਤੇ ਦੇਸ਼ ਵਾਸੀਆਂ ਦੇ ਚੰਗੇਰੇ ਭਵਿੱਖ ਲਈ ਭਾਰਤੀ ਲੋਕਾਈ ਦੇ ਇਕਜੁੱਟ, ਬੱਝਵੇਂ ਸੰਗਰਾਮਾਂ ਰਾਹੀਂ ਰਾਸ਼ਟਰੀ ਸੋਇਮ ਸੇਵਕ ਸੰਘ (ਆਰ.ਐਸ.ਐਸ.) ਦੇ ਧਰਮ ਆਧਾਰਿਤ ਕੱਟੜ ਹਿੰਦੂਤਵੀ-ਮਨੂੰਵਾਦੀ ਰਾਸ਼ਟਰ ਕਾਇਮ ਕਰਨ ਦੇ ਫਿਰਕੂ-ਫਾਸ਼ੀ ਏਜੰਡੇ ਨੂੰ ਭਾਂਜ ਦੇਣਾ ਅਤੇ ਸਾਮਰਾਜੀ ਤੇ ਕਾਰਪੋਰੇਟ ਲੁੱਟ ਤਿੱਖੀ ਤੋਂ ਤਿਖੇਰੀ ਕਰਨ ਲਈ ਘੜੀਆਂ ਗਈਆਂ ਨਵ-ਉਦਾਰਵਾਦੀ ਨੀਤੀਆਂ ਨੂੰ ਰੱਦ ਕਰਵਾਉਣਾ ਅਜੋਕੇ ਦੌਰ ਦੀਆਂ ਪ੍ਰਮੁੱਖ ਚੁਣੌਤੀਆਂ ਹਨ। ਸਾਥੀ ਪਾਸਲਾ ਨੇ ਕਿਹਾ ਭਾਈਚਾਰਕ ਸਾਂਝ ਦੀ ਮਜ਼ਬੂਤੀ ਅਤੇ ਦੇਸ਼ ਦੀ ਏਕਤਾ-ਅਖੰਡਤਾ ਦੀ ਰਾਖੀ ਲਈ ਸਮੂਹ ਦੇਸ਼ ਹਿਤੈਸ਼ੀਆਂ ਨੂੰ ਸੰਘ ਪਰਿਵਾਰ ਦੇ ਖਰੂਦੀ ਟੋਲਿਆਂ ਵਲੋਂ ਮੁਸਲਿਮ ਤੇ ਈਸਾਈ ਘੱਟ ਗਿਣਤੀਆਂ, ਇਸਤਰੀਆਂ, ਦਲਿਤਾਂ-ਆਦਿਵਾਸੀਆਂ ਅਤੇ ਲੁੱਟੇ-ਲਤਾੜੇ ਤਬਕਿਆਂ 'ਤੇ ਢਾਹੇ ਜਾ ਰਹੇ ਅਕਹਿ ਜ਼ੁਲਮਾਂ ਵਿਰੁੱਧ ਪ੍ਰਚੰਡ ਜਨ ਸੰਘਰਸ਼ਾਂ ਰਾਹੀਂ ਗਰਜਵੀਂ ਆਵਾਜ਼ ਬੁਲੰਦ ਕਰਨੀ ਹੋਵੇਗੀ। ਉਨ੍ਹਾਂ ਕਿਹਾ ਕਿ ਆਪਣੇ ਨਾਪਾਕ ਇਰਾਦਿਆਂ ਨੂੰ ਸਿਰੇ ਚੜ੍ਹਾਉਣ ਲਈ ਸੰਘ-ਭਾਜਪਾ ਭਾਰਤੀ ਸੰਵਿਧਾਨ, ਖਾਸ ਕਰਕੇ ਇਸ ਵਿਚਲੀਆਂ ਲੋਕਰਾਜੀ, ਧਰਮ ਨਿਰਪੱਖ ਅਤੇ ਫੈਡਰਲ ਧਾਰਾਵਾਂ ਨੂੰ ਤਬਾਹ ਕਰਨ ਅਤੇ ਮਨੂੰਵਾਦੀ ਵਿਵਸਥਾ ਕਾਇਮ ਕਰਨ ਲਈ ਬਜ਼ਿੱਦ ਹਨ। ਸਾਥੀ ਪਾਸਲਾ ਨੇ ਕਿਹਾ ਕਿ ਈਡੀ, ਸੀ.ਬੀ.ਆਈ., ਚੋਣ ਕਮਿਸ਼ਨ ਆਦਿ ਖੁਦ ਮੁਖਤਿਆਰ ਸੰਵਿਧਾਨਕ ਅਦਾਰਿਆਂ, ਨਿਆਂ ਪ੍ਰਣਾਲੀ ਅਤੇ ਫੌਜ, ਅਰਧ ਸੈਨਿਕ ਬਲਾਂ ਤੇ ਪੁਲਸ-ਪ੍ਰਸ਼ਾਸਨਿਕ ਮਸ਼ੀਨਰੀ ਨੂੰ ਫਿਰਕੂ ਤੇ ਜਾਤੀਵਾਦੀ ਵਿਚਾਰਾਂ ਦੇ ਸੱਚੇ ਵਿਚ ਢਾਲਣ ਦੇ ਕੇਂਦਰੀ ਸਰਕਾਰ ਦੇ ਘਾਤਕ ਮਨਸੂਬਿਆਂ ਦੀ ਦੇਸ਼ ਨੂੰ ਭਾਰੀ ਕੀਮਤ ਤਾਰਨੀ ਪਵੇਗੀ। ਉਨ੍ਹਾਂ 2024 ਦੀਆਂ ਚੋਣਾਂ ਜਿੱਤਣ ਲਈ ਮੋਦੀ ਸਰਕਾਰ ਤੇ ਸੰਘ-ਭਾਜਪਾ ਵਲੋਂ ਫਿਰਕੂ ਵੰਡ ਤਿੱਖੀ ਕਰਨ ਲਈ ਕੀਤੀਆਂ ਜਾ ਰਹੀਆਂ ਘਟੀਆ ਕਾਰਵਾਈਆਂ ਤੋਂ ਸੁਚੇਤ ਰਹਿਣ ਦੀ ਅਪੀਲ ਵੀ ਕੀਤੀ।ਮੀਟਿੰਗ ਦੇ ਫੈਸਲੇ ਜਾਰੀ ਕਰਦਿਆਂ ਰਾਜ ਕਮੇਟੀ ਦੇ ਸਕੱਤਰ ਪਰਗਟ ਸਿੰਘ ਜਾਮਾਰਾਏ ਨੇ ਦੱਸਿਆ ਕਿ ਪਾਰਟੀ ਵਲੋਂ "ਭਾਜਪਾ ਹਰਾਓ ਕਾਰਪੋਰੇਟ ਭਜਾਓ ਦੇਸ਼ ਬਚਾਉ" ਦਾ ਹੋਕਾ ਦੇਣ ਲਈ ਸੰਗਰੂਰ ਅਤੇ ਜਲੰਧਰ ਵਿਖੇ 25 ਅਤੇ 29 ਫਰਵਰੀ ਨੂੰ ਵਿਸ਼ਾਲ ਰਾਜਸੀ ਇਕੱਠ ਕੀਤੇ ਜਾਣਗੇ। ਉਕਤ ਇਕੱਠਾਂ ਦੀ ਸਫਲਤਾ ਲਈ ਪਿੰਡਾਂ-ਸ਼ਹਿਰਾਂ ਅੰਦਰ ਲੋਕਾਂ ਨਾਲ ਘਰ-ਘਰ ਜਾ ਕੇ ਸੰਪਰਕ ਕਰਨ, ਲਿਖਤੀ ਸਮੱਗਰੀ ਵੰਡਣ ਅਤੇ ਹੋਰ ਵੱਖੋ-ਵੱਖ ਢੰਗਾਂ ਨਾਲ ਪ੍ਰਚਾਰ ਮੁਹਿੰਮ ਭਖਾਉਣ ਦੀ ਵਿਉਂਤਬੰਦੀ ਵੀ ਕੀਤੀ ਗਈ ਹੈ।

ਮੀਟਿੰਗ ਵਲੋਂ 'ਸੰਯੁਕਤ ਕਿਸਾਨ ਮੋਰਚਾ' ਅਤੇ ਕੇਂਦਰੀ ਟਰੇਡ ਯੂਨੀਅਨਾਂ ਤੇ ਮੁਲਾਜ਼ਮ ਫੈਡਰੇਸ਼ਨਾਂ ਦੀ ਤਾਲਮੇਲ ਕਮੇਟੀ ਵਲੋਂ 16 ਫਰਵਰੀ ਨੂੰ ਕੀਤੇ ਜਾ ਰਹੇ ਪੇਂਡੂ ਭਾਰਤ ਬੰਦ ਅਤੇ ਸਨਅਤੀ ਹੜਤਾਲ ਦੀ ਮੁਕੰਮਲ ਹਿਮਾਇਤ ਕਰਨ ਦਾ ਫੈਸਲਾ ਕੀਤਾ ਗਿਆ ਹੈ। ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ਸ਼ੀਲ ਵੱਖੋ-ਵੱਖ ਤਬਕਿਆਂ ਦੀਆਂ ਜੱਥੇਬੰਦੀਆਂ ਦੇ ਘੋਲਾਂ ਨਾਲ ਡਟਵਾਂ ਸਹਿਯੋਗ ਕਰਨ ਦਾ ਵੀ ਐਲਾਨ ਕੀਤਾ ਗਿਆ।

# ਰੋਡਵੇਜ਼ ਦੇ ਪੈਨਸ਼ਨਰ ਮੁਲਾਜ਼ਮਾਂ ਦੀ ਹੋਈ ਮਹੀਨਾਵਾਰ ਮੀਟਿੰਗ



**ਹੁਸ਼ਿਆਰਪੁਰ,(ਬਲਵੀਰ ਸਿੰਘ ਸੈਣੀ)**— ਪੰਜਾਬ ਰੋਡਵੇਜ ਰਿਟਾਇਰਡ ਇੰਪ:ਵੈਲਫੇਅਰ ਐਸੋਸੀਏਸ਼ਨ ਹੁਸ਼ਿਆਰਪੁਰ ਦੀ ਮਹੀਨਾਵਾਰ ਮੀਟਿੰਗ ਬੱਸ ਸਟੈਂਡ ਹੁਸ਼ਿਆਰਪੁਰ ਪ੍ਰਧਾਨ ਅਨਿਲ ਕੁਮਾਰ ਸਾਬਕਾ ਜਨਰਲ ਮੈਨੇਜਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਸ਼ੁਰੂ ਹੋਣ ਉਪਰੰਤ ਜਥੇਬੰਦੀ ਦੇ ਪ੍ਰਧਾਨ ਅਨਿਲ ਕੁਮਾਰ ਨੇ ਹਰਬੰਸ ਸਿੰਘ ਦੀਆਂ ਡਿਊਟੀ ਪ੍ਰਤੀ ਵਧੀਆ ਵਤੀਰਾ, ਇਮਾਨਦਾਰ ਅਤੇ ਮਿਹਨਤੀ ਹੋਣ ਦੀ ਉਦਾਹਰਣ ਦਿੱਤੀ ਕਿ ਸਵਰਗਵਾਸੀ ਹਰਬੰਸ ਸਿੰਘ ਮਨੁੱਖਤਾ ਲਈ ਇਕ ਮਿਸਾਲ ਸੀ । ਕੁਲਦੀਪ ਸਿੰਘ ਅਜੜਾਮ ਐਨ ਆਰ ਆਈ, ਦਰਸ਼ਨ ਸਿੰਘ ਢਾਡਾ ਐਨਆਰਆਈ, ਅਵਤਾਰ ਸਿੰਘ ਸ਼ੇਰਪੁਰੀ ਇੰਸਪੈਕਟਰ, ਸੋਹਣ ਲਾਲ ਚੱਕ ਗੁਜਰਾਂ ਇੰਸਪੈਕਟਰ, ਮਨਮੋਹਨ ਸਿੰਘ ਵਾਲੀਆ ਇੰਸਪੈਕਟਰ ਅਤੇ ਸਵ: ਹਰਬੰਸ ਸਿੰਘ ਫੰਬੀਆਂ ਦੇ ਬੇਟੇ ਭੁਪਿੰਦਰ ਸਿੰਘ ਫੰਬੀਆਂ ਨੂੰ ਲੋਈਆਂ ਅਤੇ ਹਾਰ ਪਾਕੇ ਸਨਮਾਨਤ ਕੀਤਾ ਗਿਆ। ਜਥੇਬੰਦੀ ਦੇ ਫੈਸਲੇ ਅਨੁਸਾਰ ਹਰ ਮੀਟਿੰਗ 'ਤੇ 70 ਸਾਲ ਪਾਰ ਕਰ ਚੁੱਕੇ ਪੈਨਸ਼ਨਰਾਂ ਨੂੰ ਸਨਮਾਨਿਤ ਕੀਤਾ ਜਾਇਆ ਕਰੇਗਾ। ਇਸ ਤੋਂ ਉਪਰੰਤ ਚੇਅਰਮੈਨ ਅਵਤਾਰ ਸਿੰਘ ਝਿੰਗੜ, ਮਹਿੰਦਰ ਕੁਮਾਰ ਅਤੇ ਪ੍ਰਧਾਨ ਅਨਿਲ ਕੁਮਾਰ ਨੇ ਮੀਟਿੰਗ ਨੂੰ ਸੰਬੋਧਨ ਕਰਦਿਆ ਦੱਸਿਆ ਕਿ ਮੌਜੂਦਾ ਸਰਕਾਰ ਵੀ ਪਿਛਲੀਆਂ ਸਰਕਾਰਾਂ ਤੋਂ ਜਿਆਦਾ ਧੋਖੇਬਾਜ ਨਿਕਲੀ, ਪੈਨਸ਼ਨਰਾਂ ਦੇ ਬਕਾਏ ਜੋ ਕਿ 13500 ਕਰੋੜ ਤੋਂ ਵੀ ਵਾਧੂ ਹਨ ਉਹਨਾਂ ਦੇ ਵਿਆਜ ਤੇ ਆਪ ਮੰਤਰੀ ਹਵਾਈ ਸਫਰ ਕਰ ਰਹੇ ਹਨ। ਉਸ ਨਾਲ ਆਪਣੇ ਆਕਾ ਨੂੰ ਵੀ ਸੈਰ ਕਰਾ ਰਹੇ ਹਨ , ਜਦ ਕਿ ਸਿਰਫ 4% ਡੀਏ ਦੀ ਕਿਸ਼ਤ ਦਾ ਸੀਨੀਅਰ ਸਿਟੀਜਨਜ ਪੈਨਸ਼ਨਰਜ) ਨੂੰ ਲੌਲੀਪੌਪ ਦਿੱਤਾ ਹੋਇਆ ਹੈ ਪਰ ਹੁਣ ਐਮਪੀਜ ਦੇ ਇਲੈਕਸ਼ਨਜ ਵਿੱਚ ਇਹੀ ਲੌਲੀਪੌਪ ਸਰਕਾਰ ਨੂੰ ਮੋੜਨਗੇ। ਹੱਦ ਤਾਂ ਇਸ ਗੱਲ ਦੀ ਹੈ ਕਿ ਹਜਾਰਾਂ ਪੈਨਸ਼ਨਰਜ ਛੇਵੇਂ ਪੇ-ਕਮਿਸ਼ਨ ਦੀਆਂ ਬਣਦੀਆਂ ਪੰਜ ਕਿਸ਼ਤਾਂ, 46% ਬਣਦਾ ਡੀਏ, 2.59 ਦੇ ਫੈਕਟਰ ਨਾਲ ਸਕੇਲ ਉਡੀਕਦੇ ਉਡੀਕਦੇ ਵਾਹਿਗੁਰੂ ਨੂੰ ਪਿਆਰੇ ਹੋ ਗਏ ਹਨ । ਮੀਟਿੰਗ ਵਿੱਚ ਜੋਧ ਸਿੰਘ, ਜਗਜੀਤ ਸਿੰਘ ਡੀਸੀ, ਅਵਤਾਰ ਸਿੰਘ ਝਿੰਗੜ, ਬਲਬੀਰ ਸਿੰਘ ਗੁਲਿੰਡ, ਸਰਵਣ ਸਿੰਘ, ਹਰਮੇਸ਼ ਲਾਲ, ਕੁਲਦੇਵ ਸਿੰਘ ਪੰਡੋਰੀ, ਬਾਲ ਕ੍ਰਿਸ਼ਨ, ਜਗਦੀਸ਼ ਸਿੰਘ ਇੰਸ:,ਪਰਮਿੰਦਰ ਸਿੰਘ, ਗੁਰਨਾਮ ਸਿੰਘ, ਰਾਮਜੀ ਦਾਸ, ਬਲਵਿੰਦਰ ਸਿੰਘ, ਜਰਨੈਲ ਸਿੰਘ, ਪਾਖਰ ਦਾਸ,ਰਤਨ ਸਿੰਘ, ਅਮਰੀਕ ਸਿੰਘ, ਜੇਆਰ ਭਾਟੀਆ, ਹਰਬੰਸ ਸਿੰਘ ਬੈਂਸ ਅਤੇ ਪ੍ਰੀਤਮ ਸਿੰਘ ਅਜੜਾਮ ਵੀ ਹਾਜਰ ਸਨ। ਅਗਲੀ ਮੀਟਿੰਗ 11 ਮਾਰਚ 2024 ਨੂੰ ਬੱਸ ਸਟੈਂਡ ਹੁਸ਼ਿਆਰਪੁਰ ਵਿਖੇ ਹੋਵੇਗੀ ।

15-Fab-PAGE-9.qxd 2/14/2024 10:34 PM Page 1



# ਪ ਸ ਸ ਫ ਵੱਲੋਂ ਭਲਕ ਦੀ ਕੌਮੀ ਹੜਤਾਲ 'ਚ ਸ਼ਾਮਲ ਹੋਣ ਦਾ ਐਲਾਨ



**ਗੁਰਾਇਆ (ਬਿੰਦਰ ਸੁਮਨ )**-ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸ਼ਨ ਜ਼ਿਲ੍ਹਾ ਜਲੰਧਰ ਦੀ ਮੀਟਿੰਗ ਬਲਾਕ ਪ੍ਰਧਾਨ ਕੁਲਵੰਤ ਰੁੜਕਾ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਦੇ ਫੈਸਲੇ ਪ੍ਰੈਸ ਨੂੰ ਜਾਰੀ ਕਰਦਿਆਂ ਪ.ਸ.ਸ ਫ. ਬਲਾਕ ਗੁਰਾਇਆ ਦੇ ਜਨਰਲ ਸਕੱਤਰ ਬਲਬੀਰ ਸਿੰਘ ਗੁਰਾਇਆ ਨੇ ਦੱਸਿਆ ਕਿ ਮੀਟਿੰਗ ਵਿੱਚ ਪੰਜਾਬ ਮੁਲਾਜਮ ਅਤੇ ਪੈਨਸਨਰ ਸਾਂਝਾ ਫਰੰਟ ਦੀਆਂ ਜ਼ਿਲ੍ਹਾ ਪੱਧਰੀ ਮੀਟਿੰਗਾਂ ਅਤੇ ਕਿਸਾਨ, ਮਜਦੂਰ ਯੂਨੀਅਨ ਸਮੇਤ ਬਾਕੀ ਜਨਤਕ ਜਥੇਬੰਦੀਆਂ ਨਾਲ ਤਹਿਸੀਲ ਅਤੇ ਜ਼ਿਲ੍ਹਾ ਪੱਧਰੀ ਹੋਈਆਂ ਮੀਟਿੰਗਾਂ ਦੇ ਫੈਸਲਿਆਂ ਨੂੰ ਪੂਰੀ ਤਰ੍ਹਾਂ ਨਾਲ ਲਾਗੂ ਕਰਨ ਦਾ ਫੈਸਲਾ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਪ.ਸ.ਸ.ਫ. ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਨੇ ਕਿਹਾ ਕਿ ਦੇਸ ਅੰਦਰ 16 ਫਰਵਰੀ ਦੀ ਕੌਮੀ ਹੜਤਾਲ ਕੇਂਦਰ ਸਰਕਾਰ ਦੀਆਂ ਆਮ ਲੋਕਾਂ, ਮੁਲਾਜਮਾਂ, ਮਜਦੂਰਾਂ, ਕਿਰਤੀ ਲੋਕਾਂ ਦੀ ਲੁੱਟ ਕਰਨ ਵਾਲੀਆਂ ਨੀਤੀਆਂ, ਨਿੱਜੀਕਰਨ ਅਤੇ ਕਾਰਪੋਰੇਟ ਘਰਾਣਿਆਂ ਨੂੰ ਬੇਸਕੀਮਤੀ ਲਾਭ ਦੇਣ ਦੀਆਂ ਨੀਤੀਆਂ ਅਤੇ ਪਬਲਿਕ ਅਦਾਰਿਆਂ ਨੂੰ ਲਗਾਤਾਰ ਪ੍ਰਾਈਵੇਟ ਹੱਥਾਂ ਵਿੱਚ ਵੇਚਣ ਦੇ ਵਿਰੁੱਧ ਕੀਤੀ ਜਾ ਰਹੀ ਹੈ। ਕੌਮੀ ਹੜਤਾਲ ਦੇ ਮੁੱਦਿਆਂ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਪੀ ਐੱਫ ਆਰ ਡੀ ਏ ਬਿੱਲ ਰੱਦ ਕਰਵਾਉਣ, ਪਬਲਿਕ ਅਦਾਰਿਆਂ ਨੂੰ ਵੇਚਣ ਤੋਂ ਰੋਕਣ ਲਈ, ਨਵੀਂ ਪੈਂਨਸਨ ਸਕੀਮ ਰੱਦ ਕਰਵਾ ਕੇ ਪੁਰਾਣੀ ਪੈਂਨਸਨ ਬਹਾਲ ਕਰਵਾਉਣ, ਠੇਕੇਦਾਰੀ ਸਿਸਟਮ ਅਤੇ ਨਿੱਜੀਕਰਨ ਨੂੰ ਬੰਦ ਕਰਵਾਉਣ, ਅੱਠਵੇਂ ਵੇਤਨ ਅਯੋਗ ਦੀ ਸਥਾਪਨਾ ਕਰਵਾਉਣ, ਰੈਗੂਲਰ ਨਿਯੁਕਤੀਆਂ ਪੂਰੇ ਪੂਰੇ ਗਰੇਡਾਂ ਵਿੱਚ ਚਾਲੂ ਕਰਵਾਉਣ, ਸਿੱਖਿਆ ਨੀਤੀਆਂ 2020 ਨੂੰ ਰੱਦ ਕਰਵਾਉਣ,ਹਿੱਟ ਐਂਡ ਰਨ-ਕਾਲਾ ਕਾਨੂੰਨ ਰੱਦ ਕਰਵਾਉਣ, ਕਿਰਤ ਕਾਨੂੰਨਾਂ ਵਿੱਚ ਕੀਤੀਆਂ ਸੋਧਾਂ ਰੱਦ ਕਰਵਾਉਣ,ਟਰੇਡ ਯੂਨੀਅਨ ਅਧਿਕਾਰਾਂ ਨੂੰ ਬਹਾਲ ਕਰਵਾਉਣ ਆਦਿ ਮੁੱਦਿਆਂ ਲਈ ਕੀਤੀ ਜਾ ਰਹੀ ਹੈ। ਉਹਨਾਂ ਇਸ ਕੌਮੀ ਹੜਤਾਲ ਨੂੰ ਸਫਲ ਬਣਾਉਣ ਲਈ ਪੂਰੀ ਤਰ੍ਹਾਂ ਮੁਹਿੰਮ ਚਲਾਉਣ ਲਈ ਪ੍ਰੇਰਿਆ ਅਤੇ 16 ਫਰਵਰੀ ਨੂੰ ਜਾਮ ਲਗਾ ਕੇ ਕੀਤੀਆਂ ਜਾਣ ਵਾਲੀਆਂ ਰੈਲੀਆਂ ਵਿੱਚ ਵੱਧ ਚੜ੍ਹ ਕੇ ਸਾਮਲ ਹੋਣ ਦੀ ਅਪੀਲ ਵੀ ਕੀਤਾ। ਦੂਜੇ ਮਤੇ ਰਾਹੀਂ 16 ਫਰਵਰੀ ਦੀ ਹੜਤਾਲ ਦੀ ਸਫਲਤਾ ਲਈ ਤਹਿਸੀਲ ਅਤੇ ਜ਼ਿਲ੍ਹਾ ਪੱਧਰ 'ਤੇ ਚੱਲ ਰਹੀ ਆਪਣੇ ਆਪਣੇ ਪੱਧਰ ਅਤੇ ਸਾਂਝੀ ਮੁਹਿੰਮ 'ਤੇ ਤਸੱਲੀ ਦਾ ਪ੍ਰਗਟਾਵਾ ਕੀਤਾ ਗਿਆ। ਇਸ ਸਮੇਂ ਹੋਰਨਾਂ ਤੋਂ ਇਲਾਵਾ ਮੀਟਿੰਗ ਵਿੱਚ ਨਿਰਮੋਲਕ ਸਿੰਘ ਹੀਰਾ, ਕੁਲਦੀਪ ਸਿੰਘ ਕੌੜਾ, ਕੁਲਵੰਤ ਰਾਮ ਰੁੜਕਾ,ਤਾਰਾ ਸਿੰਘ ਬੀਕਾ, ਬਲਵਿੰਦਰ ਕੁਮਾਰ, ਬਲਵੀਰ ਸਿੰਘ ਗੁਰਾਇਆ, ਰਾਜ ਕੁਮਾਰ, ਅਸ਼ੋਕ ਕੁਮਾਰ, ਅਜੀਤ ਸਿੰਘ,ਦੇਵ ਰਾਜ, ਗਣੇਸ ਕੁਮਾਰ,ਮਰਗੇਸਨ,ਸੂਰਜ ਕੁਮਾਰ, ਮਨਜੀਤ ਕੁਮਾਰ,ਰਮਨ ਕੁਮਾਰ , ਸ਼ਿਵ ਦਾਸ, ਬਲਜਿੰਦਰ ਕੁਮਾਰ ਆਦਿ ਸਾਥੀ ਹਾਜਰ ਸਨ।

# ਬਲਬੀਰ ਸਿੱਧੂ ਵੱਲੋਂ ਕਿਸਾਨਾਂ ਦੀਆਂ ਹੱਕੀ ਮੰਗਾਂ ਮੰਨਣ ਦੀ ਥਾਂ ਤਸ਼ੱਦਦ ਕਰਨ ਦੀ ਪੁਰਜ਼ੋਰ ਨਿੰਦਾ

**ਐਸ.ਏ.ਐਸ. ਨਗਰ, ( ਗੁਰਜੀਤ ਬਿੱਲਾ)** : ਪੰਜਾਬ ਦੇ ਸਾਬਕਾ ਸਿਹਤ ਮੰਤਰੀ ਅਤੇ ਸੀਨੀਅਰ ਕਾਂਗਰਸੀ ਆਗੂ ਬਲਬੀਰ ਸਿੰਘ ਸਿੱਧੂ ਨੇ ਮੋਦੀ ਸਰਕਾਰ ਵਲੋਂ ਕਿਸਾਨੀ ਮੰਗਾਂ ਮੰਨਣ ਦੀ ਥਾਂ ਤਸ਼ੱਦਦ ਦਾ ਰਾਹ ਅਪਨਾਉਣ ਦੀ ਪੁਰਜ਼ੋਰ ਨਿੰਦਾ ਕਰਦਿਆਂ ਕਿਹਾ ਹੈ ਕਿ ਦੇਸ਼ ਦੇ ਅੰਨਦਾਤਾ ਨੂੰ ਸੜਕਾਂ 'ਤੇ ਰੋਲਣਾ ਪੂਰੇ ਮੁਲਕ ਲਈ ਬਹੁਤ ਹੀ ਸ਼ਰਮਨਾਕ ਵਰਤਾਰਾ ਹੈ। ਹਰਿਆਣਾ ਸਰਕਾਰ ਵਲੋਂ ਬਹੁਤ ਹੀ ਗੈਰਜ਼ਿੰਮੇਵਾਰੀ ਅਤੇ ਬੇਕਿਰਕੀ ਨਾਲ ਕਿਸਾਨਾਂ ਉਤੇ ਲਾਠੀਚਾਰਜ ਅਤੇ ਗੋਲਾਬਾਰੀ ਕਰ ਕੇ ਸੈਂਕੜੇ ਕਿਸਾਨਾਂ ਨੂੰ ਜ਼ਖ਼ਮੀ ਕਰ ਦਿੱਤਾ ਹੈ ਜਿਨ੍ਹਾਂ ਵਿਚੋਂ ਬਹੁਤਿਆਂ ਦੀ ਹਾਲਤ ਨਾਜ਼ੁਕ ਹੈ। ਉਹਨਾਂ ਕਿਹਾ ਕਿ ਆਪਣੀਆਂ ਮੰਗੀਆਂ ਗਈਆਂ ਮੰਗਾਂ ਨੂੰ ਲਾਗੂ ਕਰਾਉਣ ਲਈ ਪੁਰਅਮਨ ਢੰਗ ਨਾਲ ਸੰਘਰਸ਼ ਕਰ ਰਹੇ ਕਿਸਾਨਾਂ ਉਤੇ ਹੰਝੂ ਗੈਸ ਦੇ ਗੋਲੇ ਵਰ੍ਹਾਉਣਾ, ਲਾਠੀਚਾਰਜ ਕਰਨਾ ਅਤੇ ਰਬੜ ਦੀਆਂ ਗੋਲੀਆਂ ਚਲਾਉਣਾ ਲੋਕਤੰਤਰ ਦਾ ਘਾਣ ਹੈ। ਸਾਬਕਾ ਮੰਤਰੀ ਨੇ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਆਪਣੇ ਸੂਬੇ ਦੇ ਕਿਸਾਨਾਂ ਦੀ ਰਾਖੀ ਕਰਨ ਵਿਚ ਬੁਰੀ ਤਰਾਂ ਫੇਲ੍ਹ ਹੋ ਰਹੀ ਹੈ ਕਿਉਂਕਿ ਹਰਿਆਣਾ ਪੁਲਸ ਸਾਰਾ ਦਿਨ ਪੰਜਾਬ ਦੀ ਹੱਦ ਵਿਚ ਬੈਠੇ ਕਿਸਾਨਾਂ ਉਤੇ ਡਰੋਨਾਂ ਰਾਹੀਂ ਗੋਲੇ ਦਾਗਦੀ ਰਹੀ। ਉਹਨਾਂ ਮੰਗ ਕੀਤੀ ਕਿ ਪੰਜਾਬ ਸਰਕਾਰ ਨੂੰ ਜ਼ਖ਼ਮੀ ਕਿਸਾਨਾਂ ਨੂੰ ਢੁਕਵਾਂ ਮੁਆਵਜ਼ਾ ਦੇਵੇ ਅਤੇ ਉਹਨਾਂ ਦਾ ਇਲਾਜ ਸਰਕਾਰੀ ਖ਼ਰਚੇ ਉਤੇ ਕਰਵਾਇਆ ਜਾਵੇ। ਸਿੱਧੂ ਨੇ ਹਰਿਆਣਾ ਸਰਕਾਰ ਵਲੋਂ ਕਿਸਾਨਾਂ ਉਤੇ ਤਸ਼ੱਦਦ ਕਰਨ ਦੀ ਨਿੰਦਾ ਕਰਦਿਆ ਕਿਹਾ ਕਿ ਹਰਿਆਣਾ ਸਰਕਾਰ ਨੂੰ ਕੋਈ ਹੱਕ ਨਹੀਂ ਹੈ ਕਿ ਉਹ ਦਿੱਲੀ ਜਾ ਰਹੇ ਕਿਸਾਨਾਂ ਦੇ ਰਾਹ ਵਿਚ ਰੋੜੇ ਅਟਕਾਵੇ ਕਿਉਂਕਿ ਕਿਸਾਨਾਂ ਨੇ ਤਾਂ ਹਰਿਆਣਾ ਵਿਚ ਰੁਕਣਾ ਹੀ ਨਹੀਂ ਹੈ। ਉਹਨਾਂ ਹਰਿਆਣਾ ਸਰਕਾਰ ਨੂੰ ਕਿਹਾ ਕਿ ਉਹ ਦਿੱਲੀ ਸਰਕਾਰ ਤੇ ਕਿਸਾਨਾਂ ਦਰਮਿਆਨ ਨਾ ਆਵੇ ਨਹੀਂ ਤਾਂ ਹਾਲਾਤ ਗੰਭੀਰ ਹੋ ਸਕਦੇ ਹਨ। ਸਾਬਕਾ ਮੰਤਰੀ ਨੇ ਕਿਹਾ ਕਿ ਕਿਸਾਨਾਂ ਨੂੰ ਮੁੜ ਸੰਘਰਸ ਦਾ ਰਾਹ ਇਸ ਲਈ ਅਖ਼ਤਿਆਰ ਕਰਨਾ ਪਿਆ ਹੈ ਕਿਉਂਕਿ ਮੋਦੀ ਸਰਕਾਰ ਕਿਸਾਨਾਂ ਦੀਆਂ ਮੰਗਾਂ ਮੰਨ ਕੇ ਮੁੱਕਰ ਗਈ ਹੈ। ਉਹਨਾਂ ਕਿਹਾ ਕਿ ਮੋਦੀ ਸਰਕਾਰ ਨੂੰ ਬੀਤੇ ਤੋਂ ਸਬਕ ਸਿਖਦਿਆਂ ਕਿਸਾਨਾਂ ਦੀਆਂ ਮੰਨੀਆਂ ਗਈਆਂ ਮੰਗਾਂ ਉਤੇ ਤੁਰੰਤ ਅਮਲ ਕਰੇ।

# ਭਾਰਤ ਬੰਦ ਦੇ ਸਮਰਥਨ ਲਈ ਜ਼ੋਰਦਾਰ ਹੋਕਾ



*ਭਾਰਤ ਬੰਦ ਨੂੰ ਸਫਲ ਬਣਾਉਣ ਦੀ ਅਪੀਲ ਕਰਦੇ ਹੋਏ ਵੱਖ-ਵੱਖ ਜਥੇਬੰਦੀਆਂ ਦੇ ਆਗੂ।*

**ਸ਼ਾਹਕੋਟ (ਗਿਆਨ ਸੈਦਪੁਰੀ)**–ਸੰਯੁਕਤ ਕਿਸਾਨ ਮੋਰਚੇ ਅਤੇ ਹੋਰ ਟਰੇਡ ਯੂਨੀਅਨਾਂ ਦੇ ਸੱਦੇ 'ਤੇ 16 ਫਰਵਰੀ ਦੇ ਭਾਰਤ ਬੰਦ ਦੀ ਸਫਲਤਾ ਲਈ ਮੰਗਲਵਾਰ ਨੂੰ ਵੱਖ ਵੱਖ ਜਥੇਬੰਦੀਆਂ ਨੇ ਸ਼ਾਹਕੋਟ ਅਤੇ ਮਲਸੀਆਂ ਦੇ ਸਮੂਹ ਦੁਕਾਨਦਾਰਾਂ ਅਤੇ ਹੋਰ ਲੋਕਾਂ ਨੂੰ ਜੋਰਦਾਰ ਅਪੀਲ ਕੀਤੀ। ਆਗੂਆਂ ਨੇ ਉਕਤ ਦੋਹਾਂ ਕਸਬਿਆਂ ਦੇ ਬਾਜਾਰਾਂ ਵਿੱਚ ਮਾਰਚ ਕੀਤਾ। ਇਸ ਦੌਰਾਨ ਲੋਕਾਂ ਨੂੰ ਅਪੀਲ ਕੀਤੀ ਕਿ 16 ਫਰਵਰੀ ਦੇ ਭਾਰਤ ਬੰਦ ਵਿੱਚ ਪੂਰਨ ਸਹਿਯੋਗ ਦਿੱਤਾ ਜਾਵੇ। ਆਗੂਆਂ ਨੇ ਦੱਸਿਆ ਕਿ ਜਿਣਸਾਂ ਦੇ ਘੱਟ ਤੋਂ ਘੱਟ ਸਮੱਰਥਨ ਮੁੱਲ ਨੂੰ ਯਕੀਨੀ ਬਣਾਉਣ ਲਈ ਕਨੂੰਨ ਘੜਨਾ, ਬਿਜਲੀ ਬਿੱਲ 2020 ਰੱਦ ਕਰਨ, ਮਜਦੂਰਾਂ ਲਈ 4 ਨਵੇਂ ਬਣਾਏ ਕੋਡ ਰੱਦ ਕਰਨ, ਹਿੱਟ ਐਂਡ ਰਨ ਕਨੂੰਨ ਰੱਦ ਕਰਨ, ਪੁਰਾਣੇ ਲੇਬਰ ਕਨੂੰਨ ਬਹਾਲ ਕਰਨ, ਲਖੀਮ ਪੁਰ ਖੀਰੀ ਦੇ ਪੀੜਤਾਂ ਨੂੰ ਇਨਸਾਫ ਦੇਣ ਅਤੇ ਨੌਜਵਾਨਾਂ ਨੂੰ ਰੋਜਗਾਰ ਦੇਣ ਆਦਿ ਦੀਆਂ ਮੰਗਾਂ ਮਨਵਾਉਣ ਲਈ ਭਾਰਤ ਬੰਦ ਦਾ ਸੱਦਾ ਦਿੱਤਾ ਗਿਆ ਹੈ।

ਮੰਗਲਵਾਰ ਨੂੰ ਸ਼ਾਹਕੋਟ ਅਤੇ ਮਲਸੀਆਂ ਵਿੱਚ ਕੀਤੇ ਮਾਰਚ ਵਿੱਚ ਕੁੱਲ ਹਿੰਦ ਕਿਸਾਨ ਸਭਾਵਾਂ, ਕੁਲ ਹਿੰਦ ਮਜਦੂਰ ਯੂਨੀਅਨ, ਦਿਹਾਤੀ ਮਜਦੂਰ ਸਭਾ, ਪੰਜਾਬ ਖੇਤ ਮਜਦੂਰ ਸਭਾ, ਟੈਕਸੀ ਸਟੈਂਡ ਯੂਨੀਅਨ ਅਤੇ ਟਰੱਕ ਯੂਨੀਅਨ ਸ਼ਾਹਕੋਟ ਦੇ ਨੁਮਾਇੰਦੇ ਸ਼ਾਮਲ ਹੋਏ। ਇਨ੍ਹਾਂ ਵਿੱਚ ਕਾਮਰੇਡ ਨਿਰਮਲ ਸਿੰਘ ਮਲਸੀਆਂ, ਕਾਮਰੇਡ ਵਰਿੰਦਰਪਾਲ ਕਾਲਾ, ਕਾਮਰੇਡ ਬਚਿੱਤਰ ਸਿੰਘ ਤੱਗੜ, ਕਾਮਰੇਡ ਕੇਵਲ ਸਿੰਘ ਦਾਨੇਵਾਲ, ਗਿਆਨ ਸਿੰਘ, ਤਾਰਾ ਸਿੰਘ ਥੰਮੂਵਾਲ, ਸਰਬਣ ਕੁਮਾਰ ਸੈਦਪੁਰ, ਸੁਖਦੇਵ ਸਿੰਘ ਧੰਜੂ ਆਦਿ ਸ਼ਾਮਲ ਸਨ।

# ਪ੍ਰਮੁੱਖ ਮਾਰਕਿਟ ਯਾਰਡਾਂ ਤੇ ਸਬ-ਮਾਰਕਿਟ ਯਾਰਡਾਂ 'ਚ ਇਲੈਕਟ੍ਰੌਨਿਕ ਵੇਇੰਗ ਸਕੇਲ ਰਾਹੀਂ ਹੋਵੇਗੀ ਤੁਲਾਈ : ਬਰਸਟ



**ਐਸ.ਏ.ਐਸ. ਨਗਰ (ਮੋਹਾਲੀ / ਚੰਡੀਗੜ੍ਹ)- (ਗੁਰਜੀਤ ਬਿੱਲਾ)**–ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਦੀ ਅਗਵਾਈ ਵਿੱਚ ਪੰਜਾਬ ਰਾਜ ਦੀਆਂ ਪ੍ਰਮੁੱਖ ਮਾਰਕਿਟ ਯਾਰਡਾਂ ਅਤੇ ਸਬ ਮਾਰਕਿਟ ਯਾਰਡਾਂ ਵਿੱਚ ਇਲੈਕਟ੍ਰੌਨਿਕ ਵੇਇੰਗ ਸਕੇਲ ਰਾਹੀ ਤੁਲਾਈ ਕਰਨ ਸਬੰਧੀ ਮੰਡੀ ਬੋਰਡ ਦੇ ਮੁੱਖ ਦਫ਼ਤਰ ਵਿਖੇ ਪੀ.ਏ.ਯੂ ਅਤੇ ਪੀ.ਟੀ.ਯੂ. ਦੇ ਤਕਨੀਕੀ ਮਾਹਰਾਂ ਅਤੇ ਆੜ੍ਹਤੀ ਐਸੋਸੀਏਸ਼ਨ ਦੇ ਨੁਮਾਇੰਦਿਆਂ ਨਾਲ ਅਹਿਮ ਮੀਟਿੰਗ ਕੀਤੀ ਗਈ। ਜਿਸ ਵਿੱਚ ਇਲੈਕਟ੍ਰੌਨਿਕ ਵੇਇੰਗ ਸਕੇਲ ਰਾਹੀਂ ਤੁਲਾਈ ਕਰਨ ਬਾਰੇ ਵਿਸਤਾਰ ਨਾਲ ਚਰਚਾ ਕੀਤੀ ਗਈ।ਇਸ ਮੌਕੇ ਆੜ੍ਹਤੀ ਐਸੋਸੀਏਸ਼ਨ ਸੁਲਤਾਨਪੁਰ ਲੋਧੀ ਦੇ ਮੈਂਬਰਾਂ ਨੇ ਹਰਚੰਦ ਸਿੰਘ ਬਰਸਟ ਵੱਲੋਂ ਪੰਜਾਬ ਦੀਆਂ ਮੰਡੀਆਂ ਵਿੱਚ ਕੀਤੇ ਜਾ ਰਹੇ ਵਿਕਾਸ ਕਾਰਜਾਂ ਦੀ ਜਿੱਥੇ ਸ਼ਲਾਘਾ ਕੀਤੀ, ਉੱਥੇ ਹੀ ਸੁਲਤਾਨਪੁਰ ਲੋਧੀ ਮੰਡੀ ਵਿਖੇ ਇਲੈਕਟ੍ਰੌਨਿਕ ਵੇਇੰਗ ਸਕੇਲ ਰਾਹੀਂ ਤੁਲਾਈ ਕਰਨ ਅਤੇ ਆੜ੍ਹਤੀਆਂ ਤੇ ਕਿਸਾਨਾਂ ਨੂੰ ਪੇਸ਼ ਸਮੱਸਿਆਵਾਂ ਬਾਰੇ ਵੀ ਚੇਅਰਮੈਨ ਮੰਡੀ ਬੋਰਡ ਨੂੰ ਜਾਣੂ ਕਰਵਾਇਆ। ਜਿਨ੍ਹਾਂ ਦਾ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਵੱਲੋਂ ਮੌਕੇ 'ਤੇ ਹੀ ਨਿਪਟਾਰਾ ਕੀਤਾ ਗਿਆ ਅਤੇ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਬਾਕੀ ਮੰਗਾਂ ਨੂੰ ਵੀ ਜਲਦ ਤੋਂ ਜਲਦ ਹੱਲ ਕੀਤਾ ਜਾਵੇਗਾ।ਮੰਡੀ ਬੋਰਡ ਚੇਅਰਮੈਨ ਨੇ ਕਿਹਾ ਭਵਿੱਖ ਵਿੱਚ ਮੰਡੀ ਦੇ ਵਿਕਾਸ ਸਬੰਧੀ ਤਿਆਰ ਕੀਤੀ ਜਾਣ ਵਾਲੀ ਯੋਜਨਾਵਾਂ ਸੰਬੰਧੀ ਬੈਠਕ ਵਿੱਚ ਆੜ੍ਹਤੀਆਂ, ਲੇਬਰ ਅਤੇ ਕਿਸਾਨਾਂ ਦੇ ਨੁਮਾਇੰਦਿਆਂ ਨੂੰ ਵੀ ਸ਼ਾਮਲ ਕੀਤਾ ਜਾਵੇਗਾ, ਤਾਂ ਜੋ ਫੀਲਡ ਵਿੱਚ ਪੇਸ਼ ਆਉਣ ਵਾਲੀਆਂ ਸਮੱਸਿਆਵਾਂ ਨੂੰ ਪਹਿਲਾਂ ਹੀ ਧਿਆਨ ਵਿੱਚ ਰੱਖਦਿਆਂ ਯੋਜਨਾਵਾਂ ਤਿਆਰ ਕੀਤੀਆਂ ਜਾ ਸਕਣ। ਉਨ੍ਹਾ ਦੱਸਿਆ ਕਿ ਪੰਜਾਬ ਮੰਡੀ ਬੋਰਡ ਵੱਲੋਂ ਕਿਸਾਨਾਂ, ਆੜ੍ਹਤੀਆਂ ਦੇ ਹਿੱਤ ਨੂੰ ਧਿਆਨ ਵਿੱਚ ਰੱਖਦਿਆਂ ਜਿੱਥੇ ਮੰਡੀਆਂ ਵਿੱਚ ਇਲੈਕਟ੍ਰੌਨਿਕ ਕੰਡੇ ਅਤੇ ਸੀ.ਸੀ.ਟੀ.ਵੀ ਕੈਮਰੇ ਲਗਾਏ ਜਾ ਰਹੇ ਹਨ, ਉੱਥੇ ਹੀ ਸਾਰੇ ਕਾਰਜਾਂ ਨੂੰ ਪੂਰੇ ਪਾਰਦਰਸ਼ੀ ਤਰੀਕੇ ਨਾਲ ਕਰਨ 'ਤੇ ਜ਼ੋਰ ਦਿੱਤਾ ਜਾ ਰਿਹਾ ਹੈ। ਬਰਸਟ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਆਰ.ਡੀ.ਐਫ. ਰੋਕਣ ਕਰਕੇ ਪਿੰਡਾਂ ਦੀਆਂ ਸੜਕਾਂ ਅਤੇ ਮੰਡੀਆਂ ਦਾ ਵਿਕਾਸ ਰੁਕਿਆ ਹੋਇਆ ਹੈ ਅਤੇ ਜਿਵੇਂ ਹੀ ਇਹ ਫੰਡ ਜਾਰੀ ਹੋਵੇਗਾ, ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਪੂਰਾ ਕੀਤਾ ਜਾਵੇਗਾ। ਇਸ ਮੌਕੇ ਸਵਰਨ ਸਿੰਘ, ਡੀ.ਜੀ.ਐਮ. ਮਾਰਕੀਟਿੰਗ, ਹਰਭਜਨ ਕੌਰ ਡੀ.ਜੀ.ਐਮ. ਇਨਫੋਰਸਮੈਂਟ, ਅਜੇ ਪਾਲ ਸਿੰਘ ਬਰਾੜ, ਜ਼ਿਲ੍ਹਾ ਮੰਡੀ ਅਫਸਰ, ਗੁਰਭੇਜ ਸਿੰਘ ਬਾਠ ਪ੍ਰਧਾਨ ਆੜ੍ਹਤੀ ਐਸੋਸੀਏਸ਼ਨ ਸੁਲਤਾਨਪੁਰ ਲੋਧੀ, ਜਸਪਾਲ ਸਿੰਘ ਢਿੱਲੋਂ, ਕਸ਼ਮੀਰ ਸਿੰਘ ਅਤੇ ਮਲਕੀਤ ਸਿੰਘ ਮੌਜੂਦ ਰਹੇ।

# ਭਲਕ ਦੀ ਦੇਸ਼ ਵਿਆਪੀ ਹੜਤਾਲ ਹੋਵੇਗੀ ਇਤਿਹਾਸਕ : ਪੰਜਾਬ ਪੈਨਸ਼ਨ ਯੂਨੀਅਨ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** —ਪੰਜਾਬ ਪੈਨਸ਼ਨ ਯੂਨੀਅਨ ਦੇ ਸੂਬਾ ਪ੍ਰਧਾਨ ਗੁਰਮੇਲ ਸਿੰਘ ਮੈਲਡੇ ,ਜਨਰਲ ਸਕੱਤਰ ਅਵਤਾਰ ਸਿੰਘ ਗਗੜਾ ,ਡਿਪਟੀ ਜਨਰਲ ਸਕੱਤਰ ਸੱਤਿਆ ਪਾਲ ਗੁਪਤਾ ਅਤੇ ਸੀਨੀ? ਮੀਤ ਪ੍ਰਧਾਨ ਜਗਤਾਰ ਸਿੰਘ ਭੁੰਗਰਨੀ ਨੇ ਇਕ ਸਾਂਝਾ ਬਿਆਨ ਦਿੰਦਿਆਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ 44 ਕੇਂਦਰੀ ਕਾਨੂੰਨ ਤੋੜ ਕੇ ਲੇਬਰ ਕੋਡ ਬਣਾ ਕੇ ਕਿਰਤੀਆਂ ਦੇ ਕਾਨੂੰਨੀ ਹੱਕ ਖੋਹ ਲਏ ਗਏ ,ਕੰਟਰੈਕਟ, ਆਊਟ ਸੋਰਸ ਕਾਮੇ ਵੀ ਪੱਕੇ ਨਹੀ ਕੀਤੇ ਜਾ ਰਹੇ, ਪੁਰਾਣੀ ਪੈਨਸ਼ਨ ਬਹਾਲ ਨਹੀ ਕੀਤੀ ਜਾ ਰਹੀ, ਹਿਟ ਐਂਡ ਰਨ ਤਹਿਤ ਡਰਾਈਵਰਾਂ ਨੂੰ 10 ਸਾਲ ਸਜਾ ਅਤੇ 7 ਲੱਖ ਜੁਰਮਾਨੇ ਕਰਨ ਦਾ ਕਦਮ ਚੁੱਕਣਾ, ਮਹਿੰਗਾ ਬੇਰੁਜਗਾਰੀ ਦੀ ਮਾਰ ਗਰੀਬ ਨੌਜਵਾਨ ਝੱਲ ਰਹੇ ਹਨ, ਸਿਹਤ ਅਤੇ ਵਿਦਿਅਕ ਖੇਤਰ ਦਾ ਨਿਜੀਕਰਨ ਕਰਕੇ ਗਰੀਬਾਂ ਤੋਂ ਇਨ੍ਹਾਂ ਸੇਵਾਵਾਂ ਤੋ ਵਾਂਝੇ ਕਰਨਾ ਆਦਿ ਅਨੇਕਾਂ ਮੁੱਦੇ ਹਨ ।ਜਿਸਦੇ ਕਾਰਨ ਅੱਜਕੱਲ੍ਹ ਪੀੜਤ ਵਰਗਾਂ ਵਿੱਚ ਚਿੰਤਾ, ਅਤੇ ਹਾਹਾਕਾਰ ਮੱਚੀ ਹੋਈ ਹੈ। ਇਹਨਾਂ ਮੁੱਦਿਆਂ ਨੂੰ ਹਲ ਕਰਨ ਦੀ ਬਜਾਏ ਮੋਦੀ ਸਰਕਾਰ ਫਿਰਕੂ ਪੱਤੇ ਖੇਡਣ ਤੇ ਧਿਆਨ ਕੇਂਦਰਿਤ ਕਰਕੇ ਚੋਣਾਂ ਜਿੱਤਣ ਲਈ ਲੋਕਾਂ ਦੀ ਜਿੰਦਗੀ ਦੇ ਅਸਲ ਮੁੱਦਿਆਂ ਤੋਂ ਭਟਕਾਕੇ ਵੋਟਾਂ ਲੁੱਟਣ ਦੀ ਯੋਜਨਾਬੰਦੀ ਵਿੱਚ ਮਸਰੂਫ ਹੈ। ਯੂਨੀਅਨ ਆਗੂਆਂ ਨੇ ਦੱਸਿਆ ਕਿ ਕਿਸਾਨਾਂ ਦੀਆਂ ਜਮੀਨਾਂ ਕਾਰਪੋਰੇਟਾਂ ਦੇ ਹਵਾਲੇ ਕਰਨ ਦੀਆਂ ਸਾਜਿਸ਼ਾਂ ਚਲ ਰਹੀਆਂ ਹਨ। ਉਹ ਕਰਜੇ ਵਿੱਚ ਫਸੇ ਹੋਏ ਖੁਦਕੁਸ਼ੀਆਂ ਕਰ ਰਹੇ ਹਨ। ਫਸਲਾਂ ਦੇ ਭਾਅ ਦੀ ਕੋਈ ਗਰੰਟੀ ਨਹੀਂ। ਇਸੇ ਤਰ੍ਹਾਂ ਠੇਕੇਦਾਰੀ ਸਿਸਟਮ ਅਧੀਨ ਨੌਜੁਆਨ ਵਰਗ ਦੀ ਨਿਗੁਣੀਆਂ ਉਜਰਤਾਂ ਤਹਿਤ ਬੇਕਿਰਕੀ ਨਾਲ ਲੁੱਟ ਕੀਤੀ ਜਾ ਰਹੀ ਹੈ। ਪਬਲਿਕ ਸੈਕਟਰ ਅੰਬਾਨੀਆਂ–ਅਡਾਨੀਆਂ ਨੂੰ ਸੌਂਪਿਆ ਜਾ ਰਿਹਾਹੈ। ਬੈਂਕ, ਰੇਲ, ਟਰਾਂਸਪੋਰਟ, ਹਵਾਈ ਅੱਡੇ, ਡਿਫੈਂਸ ਕੰਪਨੀਆਂ, ਸਟੀਲ, ਕੋਲਾ, ਟੈਲੀਕਾਮ, ਭੇਲ, ਗੇਲ, ਬਿਜਲੀ, ਵਿਦਿਆ ਤੇ ਸਿਹਤ ਆਦਿ ਸਭ ਨੂੰ ਵੇਚ ਵੱਟ ਕੇ ਕਾਰਪੋਰੇਟਾਂ ਦੀ ਝੋਲੀ ਪਾਇਆ ਜਾ ਰਿਹਾ ਹੈ। ਘੱਟੋ-ਘੱਟ ਉਜਰਤ 26000/- ਰੁਪਏ ਨਹੀਂ ਕੀਤੀ ਜਾ ਰਹੀ।ਇਹ ਇਕ ਸੰਚਾਲਤ ਸਰਕਾਰ ਬਣਕੇ ਰਹਿ ਗਈ ਹੈ। ਕਾਰਪੋਰੇਟ ਹੀ ਇਸ ਸਮੇਂ ਦੇਸ਼ ਦੇ 142 ਕਰੋੜ ਲੋਕਾਂ ਦੀ ਹੋਣੀ ਤੈਅ ਕਰਦੇ ਹਨ ਅਤੇ ਮੋਦੀ ਸਰਕਾਰ ਕਾਰਪੋਰੇਟਾਂ ਦੀ ਮਰਜੀ ਦੀਆਂ ਨੀਤੀਆਂ ਬਣਾਉਂਦੀ ਹੈ ਜਿਹੜੀਆਂ ਨੀਤੀਆਂ ਕਿਸਾਨਾਂ, ਮੁਲਾਜਮਾਂ, ਨੌਜੁਆਨ ਛੋਟੇ ਦੁਕਾਨਦਾਰਾਂ, ਛੋਟੇ ਸਨਅਤਕਾਰਾਂ ਦੀ ਲੁੱਟ ਤਹਿ ਕਰਦੀਆਂ ਹਨ ਅਤੇ ਦੇਸ਼ ਦੀ ਵੱਡੀ ਅਬਾਦੀ ਨੂੰ ਗਰੀਬੀ ਦੀ ਦਲਦਲ ਵਿੱਚ ਧੱਕ ਰਹੀਆਂ ਹਨ। ਜਿਸਦਾ ਅੱਜ ਸਿੱਟਾ ਸਾਹਮਣੇ ਹੈ ਕਿ ਦੇਸ਼ ਦੇ 81 ਕਰੋੜ ਲੋਕ ਸਰਕਾਰ ਦੀ ਆਟਾ ਦਾਲ ਸਕੀਮ ਤੇ ਨਿਰਭਰ ਹੋਕੇ ਰਹਿ ਗਏ ਹਨ। ਜਿਨ੍ਹਾਂ ਕੋਲ ਕੋਈ ਰੁਜਗਾਰ ਨਹੀਂ ਰਿਹਾ। ਦੇਸ਼ ਦੀ ਤਰੱਕੀ ਦੀ ਰੀੜ ਦੀ ਹੱਡੀ ਕਿਸਾਨੀ ਅਤੇ ਪਬਲਿਕ ਸੈਕਟਰ ਨੂੰ ਤਬਾਹ ਕਰਨ ਦਾ ਰਸਤਾ ਅਖਤਿਆਰ ਕੀਤਾ ਹੋਇਆ ।ਇਸ ਲਈ ਸਮੁੱਚੀ ਪੰਜਾਬ ਪੈਨਸ਼ਨ ਯੂਨੀਅਨ 16 ਫਰਵਰੀ ਹੜਤਾਲ ਵਿੱਚ ਵੱਧ ਚੜ੍ਹਕੇ ਹਿੱਸਾ ਲਵੇਗੀ।

# ਆਜ਼ਾਦ ਕਿਸਾਨ ਕਮੇਟੀ ਦੋਆਬਾ ਪੰਜਾਬ ਕਿਸਾਨਾਂ ਦਾ ਜਥਾ ਦਿੱਲੀ ਲਈ ਰਵਾਨਾ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਰਾਜਪੁਰ ਭਾਈਆਂ ਵਿਖੇ ਆਜ਼ਾਦ ਕਿਸਾਨ ਕਮੇਟੀ ਦੋਆਬਾ ਪੰਜਾਬ ਦੇ ਪ੍ਰਧਾਨ ਹਰਪਾਲ ਸਿੰਘ ਸੰਘਾ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਕਿਸਾਨਾਂ ਦਾ ਜਥਾ ਦਿੱਲੀ ਵੱਲ ਜੈਕਾਰਿਆਂ ਦੀ ਗੂੰਜ ਵਿੱਚ ਰਵਾਨਾ ਹੋਇਆ। ਇਸ ਮੌਕੇ ਪ੍ਰਧਾਨ ਹਰਪਾਲ ਸਿੰਘ ਸੰਘਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰ ਦੱਸਿਆ ਕਿ ਕੇਂਦਰ ਸਰਕਾਰ ਆਪਣੇ ਵਾਅਦਿਆਂ ਤੋਂ ਮੁੱਕਰੀ ਹੈ ਜੋ ਕਿਸਾਨਾਂ ਨਾਲ ਵਾਅਦੇ ਕੀਤੇ ਹਨ। ਉਨ੍ਹਾਂ ਕਿਹਾ ਹੈ ਕਿ ਕਿਸਾਨਾਂ ਦਾ ਜੱਥਾ ਹਰ ਹਾਲਤ ਵਿੱਚ ਦਿੱਲੀ ਦੇ ਬਰੂਹਾਂ 'ਤੇ ਜਾ ਕੇ ਸੰਘਰਸ਼ ਕਰੇਗਾ।ਹੁਣ ਕਿਸਾਨਾਂ ਦੀ ਕੇਂਦਰ ਸਰਕਾਰ ਨਾਲ ਆਰ ਪਾਰ ਦੀ ਲੜਾਈ ਹੈ ਜਦ ਤੱਕ ਕੇਂਦਰ ਸਰਕਾਰ ਕਿਸਾਨਾਂ ਦੀ ਮੰਗ ਨੂੰ ਨਹੀਂ ਮੰਨਦੀ ਤਦ ਤੱਕ ਕਿਸਾਨਾਂ ਦਾ ਧਰਨਾ ਦਿੱਲੀ ਵਿਖੇ ਜਾਰੀ ਰਹੇਗਾ। ਇਸ ਮੌਕੇ ਕੁਲਦੀਪ ਕੁਮਾਰ ਲਵਲੀ, ਬਲਵੰਤ ਸਿੰਘ, ਜਥੇਦਾਰ ਦੁੱਖਭੰਜਨ ਸਿੰਘ ਹਾਰਟਾ, ਮਹਿੰਦਰ ਸਿੰਘ ਹੁੱਕੜਾ, ਰਣਜੀਤ ਸਿੰਘ ਬੱਡਲਾ, ਗੁਰਪ੍ਰੀਤ ਸਿੰਘ ਸੋਨੂੰ, ਗੁਰਬਚਨ ਸਿੰਘ, ਸੰਤੋਖ ਸਿੰਘ ਮੁੱਖਲਿਆਣਾ, ਅਮਰੀਕ ਸਿੰਘ ਰਾਜਪਰ ਭਾਈਆਂ, ਬਲਦੀਪ ਸਿੰਘ, ਪ੍ਰਦੀਪ ਸਿੰਘ, ਤਰਸੇਮ ਸਿੰਘ, ਭੁਪਿੰਦਰ ਸਿੰਘ, ਸੁਖਵਿੰਦਰ ਸਿੰਘ, ਸੁਖਵਿੰਦਰ ਸਿੰਘ ਬਾਜਵਾ ਤੇ ਵੱਡੀ ਗਿਣਤੀ ਵਿਚ ਕਿਸਾਨ ਹਾਜ਼ਰ ਸਨ।

# ਕਿਸਾਨ ਕਮੇਟੀ ਦੋਆਬਾ ਦੀ ਭਾਰਤ ਬੰਦ ਨੂੰ ਸਫਲ ਕਰਨ ਲਈ ਅਹਿਮ ਮੀਟਿੰਗ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਕਿਸਾਨ ਕਮੇਟੀ ਦੋਆਬਾ ਵੱਲੋਂ ਭਾਰਤ ਬੰਦ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਹਰ ਪਿੰਡ ਦੇ ਗੁਰਦਵਾਰਾ ਸਾਹਿਬ ਤੋਂ ਭਾਰਤ ਬੰਦ ਨੂੰ ਸਫਲ ਕਰਨ ਕਰਨ ਲਈ ਕਿਸਾਨਾਂ ਅਤੇ ਲੋਕਾਂ ਨੂੰ ਅਪੀਲ ਕਰਨ ਦੀਆਂ ਡਉਟੀਆਂ ਲਗਾਈਆਂ ਗਈਆਂ।ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਦੀਆਂ ਕਿਸਾਨਾਂ ਅਤੇ ਲੋਕਾਂ ਪ੍ਰਤੀ ਜਾਲਮ ਨੀਤੀਆਂ ਖ਼ਿਲਾਫ਼ ਇਹ ਬੰਦ ਕੀਤਾ ਜਾ ਰਿਹਾ ਹੈ । ਇਹਨਾਂ ਸਰਕਾਰਾਂ ਦੀਆਂ ਲੋਕ ਵਿਰੋਧੀ ਨੀਤੀਆਂ ਤੋਂ ਹਰ ਤਬਕੇ ਦੇ ਲੋਕਾਂ ਵਿਚ ਗੁੱਸੇ ਦੀ ਅੱਗ ਬੱਲ ਰਹੀ ਹੈ ਜਿਹੜੀ ਭਾਂਬੜ ਬਨਣ ਲਈ ਤਿਆਰ ਹੈ ।ਲੋਕ ਸਹੀ ਸੇਧ ਉਡੀਕ ਰਹੇ ਹਨ । ਭਾਰਤ ਵਾਸੀਆਂ ਨੂੰ 2024 ਦੀਆਂ ਚੋਣਾਂ ਵਿਚ ਕੇਂਦਰ ਸਰਕਾਰ ਨੂੰ ਸਬਕ ਦੇ ਦੇਣਾ ਚਾਹੀਦਾ ਹੈ। ਅੰਤ ਵਿੱਚ ਕਿਸਾਨ ਕਮੇਟੀ ਦੋਆਬਾ ਨੇ ਸਾਰੇ ਲੋਕਾਂ ਨੂੰ ਬੰਦ ਨੂੰ ਸਫਲ ਕਰਨ ਵਾਸਤੇ ਸਾਰੇ ਅਦਾਰੇ , ਦੁਕਾਨਾਂ , ਦਫ਼ਤਰ ਅਤੇ ਕਾਰਖਾਨੇ ਬੰਦ ਰੱਖਣ ਦੀ ਅਪੀਲ ਕੀਤੀ । ਲੋਕਾਂ ਨੂੰ ਉਸ ਦਿਨ ਸਫ਼ਰ ਨਾ ਕਰਨ ਦੀ ਅਪੀਲ ਵੀ ਕੀਤੀ ਗਈ। ਇਸ ਮੀਟਿੰਗ ਵਿੱਚ ਹਰਬੰਸ ਸੰਘਾ, ਚਰਨ ਸਿੰਘ ਮੋਨਾਂ ਖੁਰਦ , ਅਮਨਦੀਪ ਸੰਘਾ ਮੋਨਾ , ਰਾਜੂ ਭਾਮ, ਸੋਨੀ ਰਹਲੀ, ਜਿੰਦਰ ਦਿਹਾਣਾ, ਸੁਖਪਾਲ ਸਿੰਘ ਫੋਜੀ, ਸੁਖਦੇਵ ਸਿੰਘ ਕਾਰੀ, ਜੋਗਾ ਸਿੰਘ ਸਾਹਰੀ, ਹਰਪਾਲ ਸਿੰਘ ਨੰਬਰਦਾਰ, ਅਜਮੇਰ ਸਿੰਘ ਮੋਨਾ ਅਤੇ ਬਲਜੀਤ ਸਿੰਘ ਸਾਹਰੀ ਆਦਿ ਹਾਜ਼ਰ ਸਨ ।

# ਭਾਰਤ ਬੰਦ ਦੇ ਸੱਦੇ ਨੂੰ ਕਾਮਯਾਬ ਕਰਨ ਲਈ ਬਾਜ਼ਾਰ 'ਚ ਪੈਦਲ ਮਾਰਚ



**ਸ੍ਰੀ ਆਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**–16 ਫਰਵਰੀ ਭਾਰਤ ਬੰਦ ਦੇ ਸੱਦੇ ਨੂੰ ਕਾਮਯਾਬ ਕਰਨ ਦੇ ਲਈ ਮੁਲਾਜ਼ਮ ਅਤੇ ਟਰੇਡ ਤੇ ਕਿਸਾਨ ਜਥੇਬੰਦੀਆਂ ਵੱਲੋਂ ਸ੍ਰੀ ਆਨੰਦਪੁਰ ਸਾਹਿਬ ਦੇ ਬਾਜ਼ਾਰ ਵਿੱਚ ਪੈਦਲ ਮਾਰਚ ਕੀਤਾ ਗਿਆ। ਦੁਕਾਨਦਾਰ ਭਰਾਵਾਂ ਨੂੰ ਦੁਕਾਨਾਂ ਬੰਦ ਰੱਖਣ ਦੇ ਲਈ ਅਪੀਲ ਕੀਤੀ ਗਈ। ਜਿਸ ਵਿੱਚ ਦੁਕਾਨਦਾਰ ਭਰਾਵਾਂ ਵੱਲੋਂ ਸਹਿਯੋਗ ਕਰਨ ਦਾ ਭਰੋਸਾ ਦਿੱਤਾ ਗਿਆ। ਸਮੂਹ ਬਾਜ਼ਾਰ ਕੀਰਤਪੁਰ ਸਾਹਿਬ ਅਨੰਦਪੁਰ ਸਾਹਿਬ, ਗੰਗੂਵਾਲ , ਢੇਰ,ਕੋਟਲਾ, ਭਨੁਪਲੀ,ਜਿੰਦਵੜੀ,ਬੁੰਗਾ ਸਹਿਬ ਅਤੇ ਹੋਰ ਛੋਟੀਆਂ ਮਾਰਕੀਟਾਂ ਸਵੇਰੇ 10 ਵਜੇ ਤੋਂ 4 ਵਜੇ ਤੱਕ ਬੰਦ ਰਹਿਣਗੀਆਂ। ਸ੍ਰੀ ਅਨੰਦਪੁਰ ਸਾਹਿਬ ਬੱਸ ਅੱਡੇ ਤੇ ਭਰਵੀਂ ਰੈਲੀ ਕੀਤੀ ਜਾਵੇਗੀ।ਇਸ ਸਮੇਂ ਵੱਖ-ਵੱਖ ਯੂਨੀਅਨਾਂ ਦੇ ਆਗੂਆਂ ਵੱਲੋਂ ਕੇਂਦਰ ਦੀ ਸਰਕਾਰ ਦੀ ਸ਼ਹਿ ਉੱਤੇ ਹਰਿਆਣਾ ਪੁਲਸ ਵੱਲੋਂ ਹਰਿਆਣਾ ਦੇ ਪ੍ਰਸ਼ਾਸਨ ਵੱਲੋਂ ਬੀਤੇ ਦਿਨੀ ਕਿਸਾਨਾਂ ਉੱਤੇ ਜੋ ਤਸ਼ੱਦਦ ਕੀਤਾ ਗਿਆ ਤੇਜ਼ਾਬੀ ਪਾਣੀ ਅਥਰੂ ਗੈਸ ਦੇ ਗੋਲੇ ਸੁੱਟੇ ਜਾ ਰਹੇ ਹਨ ਉਸ ਦੀ ਸਖਤ ਸ਼ਬਦਾਂ ਵਿੱਚ ਨਿੰਦਿਆ ਕੀਤੀ ਗਈ, ਕਿਉਂਕਿ ਪੰਜਾਬ ਦਾ ਕਿਸਾਨ ਅਜੇ ਤਾਂ ਪੰਜਾਬ ਦੀ ਧਰਤੀ ਉੱਤੇ ਹੀ ਬੈਠਾ ਹੈ। ਹਰਿਆਣੇ ਵਿੱਚ ਦਾਖਲ ਹੀ ਨਹੀਂ ਹੋਇਆ। ਫਿਰ ਹਰਿਆਣਾ ਸਰਕਾਰ ਨੂੰ ਕਿਸਾਨਾਂ 'ਤੇ ਲਾਠੀਚਾਰਜ ਕਰਨ ਦਾ ਅਥਰੂ ਗੈਸ ਦੇ ਗੋਲੇ ਸਿੱਟਣ ਦਾ ਹੱਕ ਕਿਸ ਸੰਵਿਧਾਨ ਦੁਆਰਾ ਦਿੱਤਾ ਗਿਆ ਹੈ। ਇਸ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ । ਤਸ਼ੱਦਦ ਦੇ ਵਿੱਚ ਜੋ ਨੌਜਵਾਨ ਕਿਸਾਨ ਮਜ਼ਦੂਰ ਜਖ਼ਮੀ ਹੋਏ ਹਨ ਉਹਨਾਂ ਦੀ ਜਿੰਮੇਵਾਰੀ ਹਰਿਆਣਾ ਪ੍ਰਸ਼ਾਸਨ ਦੀ ਬਣਦੀ ਹੈ। ਇਸ ਸਮੇਂ ਵੱਖ-ਵੱਖ ਜਥੇਬੰਦੀਆਂ ਦੇ ਆਗੂ ਰੋਸ ਮਾਰਚ ਵਿੱਚ ਸ਼ਾਮਿਲ ਹੋਏ। ਇਸ ਮੌਕੇ ਤੇ ਕਾਮਰੇਡ ਦਵਿੰਦਰ ਨੰਗਲੀ ,ਜੈਮਲ ਸਿੰਘ ਭੜੀ, ਕਾਮਰੇਡ ਸੁਰਜੀਤ ਸਿੰਘ ਢੇਰ, ਦਰਸ਼ਨ ਸਿੰਘ ਬੜਵਾ ,ਮਾਸਟਰ ਜੰਗ ਸਿੰਘ, ਗੁਰਨਾਮ ਸਿੰਘ ਔਲਖ, ਅਵਤਾਰ ਸਿੰਘ ਅਸਾਲਤਪੁਰ, ਦਵਿੰਦਰ ਸਰਥਲੀ, ਕਿਰਪਾਲ ਸਿੰਘ ਭੁੱਟੋ, ਸ਼ਮਸ਼ੇਰ ਸਿੰਘ ਸ਼ੇਰਾ, ਸੰਤ ਸਿੰਘ ਹਜਾਰਾ,ਅਨਵਰ ਖਾਨ ਬੂੰਗਾ ਸਾਹਿਬ, ਗੁਰਪ੍ਰੀਤ ਸਿੰਘ ਬਬਲੂ ,ਰਾਮਪਾਲ ਤਾਰਾਪੁਰ, ਕਰਮ ਚੰਦ ਗੁਨਾਰੂ,ਹਰਪ੍ਰੀਤ ਸਿੰਘ ਭੁੱਟੋ, ਸੁਸ਼ੀਲ ਕੁਮਾਰ, ਬਰਜਿੰਦਰ ਸਿੰਘ ਡੋਡ , ਮੋਹਨ ਲਾਲ, ਗੁਰਮੀਤ ਸਿੰਘ ਸਿਆਲ, ਭਾਗ ਸਿੰਘ ਘਟੀਵਾਲ ,ਗਰੀਬ ਸਿੰਘ, ਬਾਬਾ ਹਰਵੰਤ ਸਿੰਘ, ਗੁਲਜਾਰ ਸਿੰਘ ਨੰਗਲੀ, ਅਮਰਜੀਤ ਸਿੰਘ ਹੋਲਗੜ੍ਹ ਵੀ ਹਾਜ਼ਰ ਸਨ। ਬਾਰ ਐਸੋਸੀਏਸ਼ਨ ਸ੍ਰੀ ਆਨੰਦਪੁਰ ਸਾਹਿਬ ਅਤੇ ਤਹਿਸੀਲ ਦੇ ਅਰਜ਼ੀ ਨਵੀਸਾਂ ਨੇ ਵੀ ਬੰਦ ਵਿਚ ਸ਼ਾਮਿਲ ਹੋਣ ਦਾ ਸੱਦਾ ਕਬੂਲ ਕੀਤਾ।

# ਭਾਰਤ ਬੰਦ ਦੀਆਂ ਤਿਆਰੀਆਂ ਮੁਕੰਮਲ



**ਨਵਾਂ ਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ )**ਕਿਸਾਨਾਂ ਮਜ਼ਦੂਰਾਂ ਦੇ ਆਗੂਆਂ ਦੀ ਮੀਟਿੰਗ ਬੜਾ ਚੌਰ ਦਾਨਾ ਮੰਡੀ ਵਿਖੇ ਕੀਤੀ ਗਈ। ਆਗੂਆਂ ਨੇ ਹਲਕਾ ਬਲਾਚੌਰ ਵਿੱਚ ਚੱਲ ਰਹੀ ਭਾਰਤ ਦੀ ਤਿਆਰੀ 'ਤੇ ਤਸੱਲੀ ਪ੍ਰਗਟ ਕੀਤੀ। ਮੀਟਿੰਗ ਤੋਂ ਬਾਅਦ ਆਗੂਆਂ ਨੇ ਜਾਣਕਾਰੀ ਦਿੱਤੀ ਕਿ ਹਲਕਾ ਬਲਾਚੌਰ ਨਵਾਂ ਸ਼ਹਿਰ ਅਤੇ ਬੰਗਾ ਵਿੱਚ ਭਾਰਤ ਬੰਦ ਸਫਲ ਹੋਵੇਗਾ ਕਿਉਂਕਿ ਸਮੁੱਚਾ ਸਮਾਜ ਕੇਂਦਰ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਤੋਂ ਬੇਹੱਦ ਪ੍ਰੇਸ਼ਾਨ ਹੈ ਸਮੁੱਚਾ ਸਮਾਜ ਇਸ ਭਾਰਤ ਬੰਦ ਵਿੱਚ ਸ਼ਾਮਿਲ ਹੋਵੇਗਾ। ਬਾਅਦ ਵਿੱਚ ਆਗੂਆਂ ਵੱਲੋਂ ਬਲਾਚੌਰ ਸ਼ਹਿਰ ਵਿੱਚ ਮਾਰਚ ਕੀਤਾ ਗਿਆ ਅਤੇ ਦੁਕਾਨਦਾਰਾਂ ਨੂੰ ਹੱਥ ਜੋੜ ਕੇ ਅਪੀਲ ਕੀਤੀ ਗਈ ਕਿ ਉਹ ਭਾਰਤ ਬੰਦ ਨੂੰ ਸਫਲ ਕਰਨ। ਇਸ ਮੌਕੇ ਕੇਂਦਰ ਸਰਕਾਰ ਅਤੇ ਹਰਿਆਣਾ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ। ਆਗੂਆਂ ਨੇ ਹਰਿਆਣਾ ਸਰਕਾਰ ਵੱਲੋਂ ਪੰਜਾਬ ਦੇ ਕਿਸਾਨਾਂ ਮਜ਼ਦੂਰਾਂ ਤੇ ਬੇਤਹਾਸ਼ਾ ਜਬਰ ਦੀ ਨਿਖੇਦੀ ਕੀਤੀ ਅਤੇ ਮੰਗ ਕੀਤੀ ਕਿ ਕਿਸਾਨਾਂ ਨੂੰ ਆਪਣੀ ਮੰਜ਼ਿਲ 'ਤੇ ਜਾਣ ਦਿੱਤਾ ਜਾਵੇ। ਇਸ ਮੌਕੇ ਸਾਥੀ ਕਰਨ ਸਿੰਘ ਰਾਣਾ ਅਵਤਾਰ ਸਿੰਘ ਤਾਰੀ ਮਹਾ ਸਿੰਘ ਰੌੜੀ ਪਰਵਿੰਦਰ ਮੇਨਕਾ ਜਸਵਿੰਦਰ ਸਿੰਘ ਭੰਗੜ ਪ੍ਰਤਾਪ ਰਾਣਾ ਹਰਪਾਲ ਸਿੰਘ ਮਕੋਵਾਲ ਸੰਤੋਖ ਸਿੰਘ ਰਲ ਮਾਜਰਾ ਸਵਾਰਨ ਸਿੰਘ ਗੁਰਮੁਖ ਸਿੰਘ ਨੌਜਵਾਨ ਆਗੂ ਕੰਬੋਜ ਜੋਗਿੰਦਰ ਰੰਧਾਵਾ ਧਰਮਪਾਲ ਨਿਰਮਲ ਸਿੰਘ ਜੰਡੀ ਨਿਰਮਲ ਸਿੰਘ ਕੁਲਵਿੰਦਰ ਚਾਲ ਨਿਰਮਲ ਸਿੰਘ ਔਜਲਾ ਕਿਸਾਨ ਆਗੂਆਂ ਨੇ ਆਪਣੇ ਵਿਚਾਰ ਰੱਖੇ।

# ਭਾਰਤ ਬੰਦ ਕਰਕੇ ਸਰਕਾਰ ਦੀਆਂ ਫੁੱਟਪਾਊ ਕੁਚਾਲਾਂ ਦਾ ਢੁਕਵਾਂ ਜਵਾਬ ਦਿਓ- ਪਾਸਲਾ

**ਜਲੰਧਰ**-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐਮ.ਪੀ.ਆਈ.) ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਨੇ ਇਥੋਂ ਜਾਰੀ ਇਕ ਬਿਆਨ ਰਾਹੀਂ ਕੇਂਦਰ ਦੀ ਮੋਦੀ-ਸ਼ਾਹ ਸਰਕਾਰ ਵਲੋਂ 'ਸੰਯੁਕਤ ਕਿਸਾਨ ਮੋਰਚੇ' ਦੀ ਅਗਵਾਈ ਹੇਠ ਦਿੱਲੀ ਦੀਆਂ ਬਰੂਹਾਂ 'ਤੇ ਲੜੇ ਗਏ ਸ਼ਾਂਤਮਈ ਅਤੇ ਅਨੁਸ਼ਾਸਨਬੱਧ ਸੰਘਰਸ਼ ਦੌਰਾਨ ਕਿਸਾਨਾਂ ਦੀਆਂ ਮੰਨੀਆਂ ਮੰਗਾਂ ਫੌਰੀ ਲਾਗੂ ਕਰਨ ਅਤੇ ਰਹਿੰਦੀਆਂ ਮੰਗਾਂ ਦਾ ਯੋਗ ਨਿਪਟਾਰਾ ਕਰਨ ਦੀ ਜ਼ੋਰਦਾਰ ਮੰਗ ਕੀਤੀ ਹੈ। ਪਾਸਲਾ ਨੇ ਕਿਹਾ ਕਿ ਅਤਿਅੰਤ ਨਿੰਦਣਯੋਗ ਹੈ ਕਿ ਕੇਂਦਰੀ ਸਰਕਾਰ ਕਿਸਾਨੀ ਦੀਆਂ ਹੱਕੀ ਮੰਗਾਂ ਮੰਨਣ ਦੀ ਬਜਾਇ ਇਕ ਪਾਸੇ ਕਿਸਾਨ ਜੱਥੇਬੰਦੀਆਂ ਅੰਦਰ ਫੁੱਟ ਪਾਉਣ ਦੀਆਂ ਕੋਸ਼ੀਆਂ ਸਾਜਿਸ਼ਾਂ ਰਚ ਰਹੀ ਹੈ ਅਤੇ ਦੂਜੇ ਬੰਨ੍ਹੇ ਜਬਰ ਦਾ ਕੁਹਾੜਾ ਤੇਜ਼ ਕਰ ਰਹੀ ਹੈ। ਉਨ੍ਹਾਂ ਦੇਸ਼ ਵਾਸੀਆਂ ਨੂੰ, 'ਸੰਯੁਕਤ ਕਿਸਾਨ ਮੋਰਚਾ', 'ਕੇਂਦਰੀ ਟਰੇਡ ਯੂਨੀਅਨਾਂ ਅਤੇ ਕਰਮਚਾਰੀ ਫੈਡਰੇਸ਼ਨਾਂ ਦੀ ਤਾਲਮੇਲ ਕਮੇਟੀ' ਅਤੇ ਭਰਾਤਰੀ ਜੱਥੇਬੰਦੀਆਂ ਦੇ ਸਾਂਝੇ ਸੱਦੇ 'ਤੇ ਆਉਣ ਵਾਲੀ 16 ਫਰਵਰੀ ਨੂੰ ਕੀਤੇ ਜਾ ਰਹੇ ਪੇਂਡੂ ਭਾਰਤ ਬੰਦ ਅਤੇ ਮਜ਼ਦੂਰ-ਮੁਲਾਜ਼ਮ ਹੜਤਾਲ ਦੀ ਲਾਮਿਸਾਲ ਸਫਲਤਾ ਰਾਹੀਂ ਕੇਂਦਰੀ ਸਰਕਾਰ ਦੀਆਂ ਵੰਡਵਾਦੀ ਕੁਚਾਲਾਂ ਅਤੇ ਜਾਬਰ ਹੱਥਕੰਡਿਆਂ ਦਾ ਢੁਕਵਾਂ ਜਵਾਬ ਦੇਣ ਦੀ ਪੁਰਜ਼ੋਰ ਅਪੀਲ ਕੀਤੀ ਹੈ। ਇਸੇ ਦੌਰਾਨ ਇਕ ਵੱਖਰਾ ਬਿਆਨ ਜਾਰੀ ਕਰਦਿਆਂ ਆਰ ਐਮ ਪੀ ਆਈ ਦੇ ਸੂਬਾਈ ਪ੍ਰਧਾਨ ਤੇ ਸਕੱਤਰ ਰਤਨ ਸਿੰਘ ਰੰਧਾਵਾ ਤੇ ਪਰਗਟ ਸਿੰਘ ਜਾਮਾਰਾਏ ਨੇ ਪਾਰਟੀ ਕਮੇਟੀਆਂ ਨੂੰ 16 ਫਰਵਰੀ ਦੇ ਪੇਂਡੂ ਭਾਰਤ ਬੰਦ ਦੀ ਸ਼ਾਨਦਾਰ ਸਫਲਤਾ ਲਈ ਤਨਦੇਹੀ ਨਾਲ ਜੁਟ ਜਾਣ ਦਾ ਸੱਦਾ ਦਿੱਤਾ ਹੈ।

# ਸੂਦ ਸਿਸਟਰਸ ਦੇ ਪਹਿਲੇ ਧਾਰਮਿਕ ਗੀਤ 'ਗੁਰਾਂ ਦੇ ਗੁਰਪੁਰਬ' ਦਾ ਸ਼ੂਟ ਮੁਕੰਮਲ



**ਬਹਿਰਾਮ ( ਅਵਤਾਰ ਕਲੇਰ)**= ਪੰਜਾਬ ਦੇ ਪ੍ਰਸਿੱਧ ਲੇਖਕ ਅਤੇ ਗੀਤਕਾਰ ਮਹਿੰਦਰ ਸੂਦ ਵਿਰਕ ਵੱਲੋਂ ਲਿਖੇ ਸਤਿਗੁਰੂ ਰਵਿਦਾਸ ਜੀ ਦੀ ਮਹਿਮਾ ਦੇ ਗੁਣਗਾਣ ਕਰਦੇ ਇੱਕ ਹੋਰ ਨਵੇਂ ਧਾਰਮਿਕ ਗੀਤ 'ਗੁਰਾਂ ਦੇ ਗੁਰਪੁਰਬ' ਦਾ ਸ਼ੂਟ ਮੁਕੰਮਲ ਕਰ ਲਿਆ ਗਿਆ ਹੈ। ਇਸ ਗੀਤ ਨਾਲ ਸੂਦ ਸਿਸਟਰਸ ਨੇ ਗਾਇਕੀ ਦੇ ਖੇਤਰ ਵਿੱਚ ਆਪਣੀ ਸ਼ੁਰੂਆਤ ਕੀਤੀ ਹੈ। ਇਸ ਗੀਤ ਦੀ ਪੇਸ਼ਕਸ਼ ਪਾਲ ਜਲੰਧਰੀ ਅਤੇ ਮਹਿੰਦਰ ਸੂਦ ਵਿਰਕ ਦੀ ਹੈ। ਇਸ ਦਾ ਮਿਊਜ਼ਿਕ ਅਤੇ ਵੀਡਿਓ ਪ੍ਰੀਤ ਬਲਿਹਾਰ ਵਲੋਂ ਤਿਆਰ ਕੀਤਾ ਗਿਆ ਹੈ। ਇਸ ਗੀਤ ਨੂੰ ਬਹੁਤ ਜਲਦ ਹੀ ਪਾਲ ਜਲੰਧਰੀ ਵੀ ਕੇ ਰਿਕਾਰਡ ਵਲੋਂ ਰਿਲੀਜ਼ ਕੀਤਾ ਜਾਵੇਗਾ। ਇਸ ਗੀਤ ਦੀ ਸ਼ੂਟ ਦੌਰਾਨ ਸ੍ਰੀ 108 ਸੰਤ ਹਰਵਿੰਦਰ ਦਾਸ ਈਸਪੁਰ,ਸਤਪਾਲ ਸਾਹਲੋਂ,ਪਾਲ ਜਲੰਧਰੀ,ਜਸਵਿੰਦਰ ਸੂਦ, ਮਹਿੰਦਰ ਸੂਦ ਵਿਰਕ, ਹਰਮਨ, ਖੁਸ਼ਾਂਕ ਸੂਦ, ਕਾਵਿਆ ਸੂਦ, ਜੀਆ ਸੂਦ ਅਤੇ ਆਦਿ ਹਾਜ਼ਰ ਸਨ।

# 23 ਨੂੰ ਕੱਢੀ ਜਾ ਰਹੀ ਸ਼ੋਭਾ ਯਾਤਰਾ ਸੰਬੰਧੀ ਕੀਤਾ ਵਿਚਾਰ-ਵਟਾਂਦਰਾ

**ਫਿਲੌਰ (ਨਿਰਮਲ)**- 24 ਫਰਵਰੀ ਨੂੰ ਵਿਸ਼ਵ ਭਰ ਵਿੱਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ 647ਵਾਂ ਪ੍ਰਕਾਸ਼ ਉਤਸਵ ਸ੍ਰੀ ਗੁਰੂ ਰਵਿਦਾਸ ਨਾਮਲੇਵਾ ਸੰਗਤਾਂ ਵੱਲੋਂ ਮਨਾਇਆ ਜਾ ਰਿਹਾ ਹੈ। ਫਿਲੌਰ ਵਿਖੇ 23 ਫਰਵਰੀ ਨੂੰ ਕੱਢੀ ਜਾਣ ਵਾਲੀ ਵਿਸ਼ਾਲ ਸ਼ੋਭਾ ਯਾਤਰਾ ਸਬੰਧੀ ਸ੍ਰੀ ਗੁਰੂ ਰਵਿਦਾਸ ਭਵਨ ਪ੍ਰਬੰਧਕ ਕਮੇਟੀ ਫਿਲੌਰ, ਸ੍ਰੀ ਗੁਰੂ ਰਵਿਦਾਸ ਮੰਦਿਰ ਪ੍ਰਬੰਧਕ ਕਮੇਟੀ ਨੂਰਮਹਿਲ ਰੋਡ, ਰਾਮਗੜ੍ਹ, ਨੰਗਲ ਅਤੇ ਸਬ ਡਵੀਜ਼ਨ ਦੀਆਂ ਕਮੇਟੀਆਂ ਦੀ ਇੱਕ ਅਹਿਮ ਮੀਟਿੰਗ ਤਹਿਸੀਲਦਾਰ ਫਿਲੌਰ ਸਵਪਨਦੀਪ ਕੌਰ ਅਤੇ ਹੋਰਨਾਂ ਵੱਖ- ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਕੀਤੀ ਗਈ। ਇਸ ਮੌਕੇ ਤਹਿਸੀਲਦਾਰ ਸਵਪਨਦੀਪ ਕੌਰ ਨੇ ਪ੍ਰਬੰਧਕਾਂ ਨੂੰ ਸ਼ੋਭਾ ਯਾਤਰਾ ਦੌਰਾਨ ਪੇਸ਼ ਆਉਣ ਵਾਲੀਆਂ ਮੁਸ਼ਕਿਲਾਂ ਸੁਣੀਆਂ ਅਤੇ ਸਾਰੇ ਅਧਿਕਾਰੀਆਂ ਨੂੰ ਹਦਾਇਤ ਦਿੱਤੀਆਂ ਕਿ ਉਹ ਕਮੇਟੀਆਂ ਵੱਲੋਂ ਦੱਸੇ ਸਾਰੇ ਕੰਮਾਂ ਨੂੰ ਤੁਰੰਤ ਮੁਕੰਮਲ ਕਰਕੇ ਤੁਰੰਤ ਰਿਪੋਰਟ ਕਰਨ ਅਤੇ ਅਗਲੀ ਮੀਟਿੰਗ ਤੋਂ ਪਹਿਲਾ ਪਹਿਲਾ ਕਮੇਟੀਆਂ ਵੱਲੋਂ ਸੰਤੁਸ਼ਟੀ ਦਾ ਭਰੋਸਾ ਹਾਸਲ ਕਰਨ। ਪ੍ਰਬੰਧਕਾਂ ਨੇ ਕਿਹਾ ਕਿ ਉਨ੍ਹਾਂ ਆਪਣੀਆਂ ਮੁਸ਼ਕਿਲਾਂ ਸਬੰਧੀ ਪ੍ਰਸ਼ਾਸਨ ਨੂੰ ਦੱਸ ਦਿੱਤਾ ਹੈ ਤਾਂ ਜੋ 23 ਫਰਵਰੀ ਨੂੰ ਸ਼ੋਭਾ ਯਾਤਰਾ ਦੌਰਾਨ ਸੰਗਤਾਂ ਨੂੰ ਕੋਈ ਮੁਸ਼ਕਲ ਪੇਸ਼ ਨਾ ਆ ਸਕੇ।

# ਬਹੁਜਨ ਸਮਾਜ ਪਾਰਟੀ ਪੰਜਾਬ 'ਚ ਇਕੱਲੇ ਲੜੇਗੀ ਚੋਣ : ਬੈਣੀਵਾਲ

**ਬਹਿਰਾਮ (ਅਵਤਾਰ ਕਲੇਰ)** ਬਹੁਜਨ ਸਮਾਜ ਪਾਰਟੀ ਦੀ ਸੂਬਾ ਪੱਧਰੀ ਮੀਟਿੰਗ ਅੰਬੇਡਕਰ ਭਵਨ ਚੰਡੀਗੜ੍ਹ ਵਿਖੇ ਹੋਈ। ਜਿਸ ਵਿੱਚ ਸੂਬਾ ਪੱਧਰੀ ਬਹੁਜਨ ਸਮਾਜ ਪਾਰਟੀ ਦੀ ਕਮੇਟੀ ਦੇ ਜ਼ਿੰਮੇਵਾਰ ਆਗੂ ਹਾਜ਼ਰ ਹੋਏ। ਸੂਬਾ ਕਮੇਟੀ ਮੀਟਿੰਗ ਵਿੱਚ ਬਹੁਜਨ ਸਮਾਜ ਪਾਰਟੀ ਦੇ ਕੇਂਦਰੀ ਕੋਆਰਡੀਨੇਟਰ ਪੰਜਾਬ ਚੰਡੀਗੜ੍ਹ ਹਰਿਆਣਾ ਸੂਬੇ ਦੇ ਇੰਚਾਰਜ ਰਣਧੀਰ ਸਿੰਘ ਬੈਨੀਵਾਲ ਵਿਸ਼ੇਸ਼ ਤੌਰ ਉਤੇ ਪਹੁੰਚੇ। ਚਾਰ ਘੰਟੇ ਲੰਬੀ ਚੱਲੀ ਮੈਰਾਥਨ ਮੰਥਨ ਮੀਟਿੰਗ ਵਿੱਚ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਸ਼੍ਰੋਮਣੀ ਅਕਾਲੀ ਦਲ ਵੱਲੋਂ ਬਹੁਜਨ ਸਮਾਜ ਪਾਰਟੀ ਦੀ ਲਗਾਤਾਰ ਅਣਦੇਖੀ ਕਰਦੇ ਹੋਏ ਭਾਰਤੀ ਜਨਤਾ ਪਾਰਟੀ ਨਾਲ ਗਠਜੋੜ ਕਰ ਰਹੀ ਹੈ। ਇਸ ਲਈ ਬਹੁਜਨ ਸਮਾਜ ਪਾਰਟੀ ਪੰਜਾਬ 'ਚ ਇਕੱਲੇ ਹੀ ਚੋਣਾਂ ਲੜੇਗੀ । ਭਾਰਤੀ ਜਨਤਾ ਪਾਰਟੀ ਜੋ ਕਿ ਦਲਿਤਾਂ, ਪਛੜਿਆਂ, ਘੱਟ ਗਿਣਤੀਆਂ, ਕਿਸਾਨਾਂ ਨੂੰ ਕੁਚਲਣ ਦੀ ਗੈਰ ਸੰਵਿਧਾਨਕ ਨੀਤੀਆਂ ਬਣਾਉਂਦੇ ਹੋਏ ਭਾਰਤੀ ਸੰਵਿਧਾਨ ਨੂੰ ਬਦਲਣ ਲਈ ਕੰਮ ਕਰ ਰਹੀ ਹੈ। ਬਹੁਜਨ ਸਮਾਜ ਪਾਰਟੀ ਕਦੇ ਵੀ ਭਾਰਤੀ ਜਨਤਾ ਪਾਰਟੀ ਨਾਲ ਗੱਠਜੋੜ ਨਹੀਂ ਕਰ ਸਕਦੀ, ਕਿਉਂਕਿ ਭਾਜਪਾ ਜਿੱਥੇ ਭਾਰਤ ਦੇ ਸੰਵਿਧਾਨ ਨੂੰ ਬਦਲਣ ਲਈ ਕੰਮ ਕਰ ਰਹੀ ਹੈ ਉਥੇ ਪੰਜਾਬ ਨਾਲ ਪੰਥਕ ਮੁੱਦਿਆਂ, ਕਿਸਾਨ ਮੁੱਦਿਆਂ ਬੰਦੀ ਸਿੰਘਾਂ ਦੇ ਮੁੱਦੇ, ਭਾਰਤੀ ਸੰਵਿਧਾਨ ਨੂੰ ਬਦਲਣਾ ਮੁੱਖ ਮੁੱਦਾ ਹੈ।



# ਬੇਗਮਪੁਰਾ ਟਾਇਗਰ ਫੋਰਸ ਵੱਲੋਂ ਭਾਰਤ ਬੰਦ ਦੇ ਸੱਦੇ ਨੂੰ ਪੂਰਨ ਸਮਰਥਨ



**ਹੁਸ਼ਿਆਰਪੁਰ ( ਓ ਪੀ ਰਾਣਾ, ਬਲਵੀਰ ਸਿੰਘ ਸੈਣੀ )** ਬੇਗਮਪੁਰਾ ਟਾਇਗਰ ਫੋਰਸ ਦੇ ਪੰਜਾਬ ਪ੍ਰਧਾਨ ਬੀਰਪਾਲ ਠਰੋਲੀ,ਜ਼ਿਲ੍ਹਾ ਪ੍ਰਧਾਨ ਹੈਪੀ ਫਤਿਹਗੜ੍ਹ ਅਤੇ ਸੀਨੀਅਰ ਮੀਤ ਪ੍ਰਧਾਨ ਸਤੀਸ਼ ਕੁਮਾਰ ਸ਼ੇਰਗੜ੍ਹ ਨੇ ਇੱਕ ਮੁਲਾਕਾਤ ਦੌਰਾਨ ਦੱਸਿਆ ਕਿ 16 ਫਰਵਰੀ ਨੂੰ ਭਾਰਤ ਬੰਦ ਦੀ ਦਿੱਤੀ ਗਈ ਕਾਲ ਦਾ ਬੇਗਮਪੁਰਾ ਟਾਇਗਰ ਫੋਰਸ ਪੂਰਨ ਤੌਰ 'ਤੇ ਸਮਰਥਨ ਕਰਦੀ ਹੈ। ਉਹਨਾਂ ਕਿਹਾ ਕਿ ਭਾਜਪਾ ਦੇ ਗੈਰਸੰਵਿਧਾਨਕ ਫੈਸਲਿਆਂ ਨਾਲ ਦੇਸ਼ ਵਿੱਚ ਅਫਰਾ ਤਫਰੀ ਵਾਲਾ ਮਹੌਲ ਹੈ। ਸਰਕਾਰ ਚੋਰ ਦਰਵਾਜੇ ਰਾਹੀਂ ਦੇਸ਼ ਵਿੱਚ ਪਬਲਿਕ ਸੈਕਟਰ ਨੂੰ ਖਤਮ ਕਰਕੇ ਸਰਕਾਰੀ ਅਦਾਰਿਆਂ ਨੂੰ ਆਪਣੇ ਵਪਾਰਿਕ ਦੋਸਤਾਂ ਨੂੰ ਵੇਚ ਕੇ ਨਿੱਜੀਕਰਣ ਕਰ ਰਹੀ ਹੈ ਅਤੇ ਸੰਵਿਧਾਨ ਵਿੱਚ ਸੋਧਾਂ ਕਰਕੇ ਸੰਵਿਧਾਨ ਨੂੰ ਬਦਲਣ ਦੀ ਤਿਆਰੀ ਕਰ ਰਹੀ ਹੈ।ਦਿੱਲੀ ਪੂਰੇ ਦੇਸ਼ ਦੀ ਰਾਜਧਾਨੀ ਹੈ ਜਿੱਥੇ ਆਪਣੀ ਗੱਲ ਮਨਾਉਣ ਲਈ ਕੇਂਦਰ ਸਰਕਾਰ ਵਿਰੁੱਧ ਕੋਈ ਵੀ ਦੇਸ਼ ਵਾਸੀ ਸੰਵਿਧਾਨਿਕ ਅਤੇ ਸ਼ਾਂਤਮਈ ਤਰੀਕੇ ਨਾਲ ਪ੍ਰਦਰਸ਼ਨ ਕਰ ਸਕਦਾ ਹੈ। ਪ੍ਰੰਤੂ ਬੜੇ ਦੁੱਖ ਦੀ ਗੱਲ ਹੈ ਕਿ ਭਾਜਪਾ ਸਾਸ਼ਿਤ ਹਰਿਆਣਾ ਦੀ ਖੱਟੜ ਸਰਕਾਰ ਹਾਈਵੇਅ 'ਤੇ ਪੰਜਾਬ ਦੇ ਕਿਸਾਨਾਂ ਅਤੇ ਮਜ਼ਦੂਰਾਂ ਦੇ ਰਾਹ ਡੱਕ ਰਹੀ ਹੈ।ਉਹਨਾਂ ਖੱਟੜ ਸਰਕਾਰ ਦੀ ਇਸ ਗੈਰਸੰਵਿਧਾਨਕ ਕਾਰਵਾਈ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ।ਇਸ ਮੌਕੇ ਹੋਰਨਾਂ ਤੋ ਇਲਾਵਾ ਸ਼ਨੀ ਸੀਣਾ,ਰਾਜ ਕੁਮਾਰ ਰਾਜੂ ਸ਼ੇਰਗੜ੍ਹ,ਵਿੱਕੀ ਪੁਰਹੀਰਾ,ਕਮਲਜੀਤ ਡਾਡਾ,ਚਰਨਜੀਤ ਡਾਡਾ,ਹਰਭਜਨ ਲਾਲ ਸਰੋਆ,ਅਮਨਦੀਪ,ਰਵੀ ਸੁੰਦਰ ਨਗਰ ਆਦਿ ਹਾਜ਼ਰ ਸਨ ।

# ਕਿਸਾਨੀ ਮਸਲੇ ਹੱਲ ਕਰਵਾਉਣ ਲਈ ਹਰ ਕੁਰਬਾਨੀ ਲਈ ਤਿਆਰ ਹਾਂ : ਸੁਖਵਿੰਦਰ ਸਿੰਘ



**ਸ਼ਾਹਕੋਟ (ਗਿਆਨ ਸੈਦਪੁਰੀ)** ਕਿਸਾਨੀ ਸੰਘਰਸ਼ ਕਿਸਾਨ ਦੀ ਜ਼ਿੰਦਗੀ ਦਾ ਸਦਾ ਹਿੱਸਾ ਰਿਹਾ ਹੈ ਪਰ ਲੰਘੇ ਸਮੇਂ ਦਿੱਲੀ ਦੀਆਂ ਬਰੂਹਾਂ 'ਤੇ ਕੀਤੇ ਗਏ ਸੰਘਰਸ਼ ਨੇ ਸੰਸਾਰ ਪੱਧਰ ਦੀ ਪ੍ਰਸਿੱਧੀ ਪ੍ਰਾਪਤ ਕੀਤੀ ਸੀ। ਜੇਕਰ ਹੁਣ ਵੀ ਸਰਕਾਰ ਨੇ ਕਿਸਾਨੀ ਮੰਗਾਂ ਨੂੰ ਅਣਡਿੱਠ ਕਰ ਕੇ ਕਿਸਾਨ ਵਿਰੋਧੀ ਹੋਣ ਦਾ ਕਲੰਕ ਖੱਟਿਆ ਤਾਂ ਦੁਬਾਰਾ ਉਸੇ ਤਰ੍ਹਾਂ ਦਾ ਸੰਘਰਸ਼ ਸਾਹਮਣੇ ਆਵੇਗਾ। ਉਕਤ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਦੇ ਆਗੂ ਸੁਖਵਿੰਦਰ ਸਿੰਘ ਮਝੈਲ ਨੇ ਕੀਤਾ। ਉਹ ਕਿਸਾਨੀ ਅੰਦੋਲਨ ਦੀ ਨਵੀਂ ਆਹਟ ਦੇ ਸੰਦਰਭ ਵਿੱਚ ਗੱਲਬਾਤ ਕਰ ਰਹੇ ਸਨ। ਮਝੈਲ ਨੇ 2021 ਦੇ ਕਿਸਾਨ ਅੰਦੋਲਨ ਨੂੰ ਯਾਦ ਕਰਦਿਆਂ ਕਿਹਾ ਕਿ ਉਹ ਕਈ ਮਹੀਨੇ ਦਿੱਲੀ ਦੀਆਂ ਬਰੂਹਾਂ 'ਤੇ ਟਰੈਕਟਰ ਟਰਾਲੀ ਦਾ ਰੈਣ ਬਸੇਰਾ ਬਣਾ ਕੇ ਕੜਕਦੀ ਧੁੱਪ, ਹੱਡ ਚੀਰਵੀ ਠੰਡ ਅਤੇ ਝੱਖੜ ਹਨੇਰੀਆਂ ਨੂੰ ਮਾਤ ਦਿੰਦੇ ਰਹੇ ਹਨ। ਕਿਸਾਨ ਆਗੂ ਨੇ ਕਿਹਾ ਕਿ ਸਰਕਾਰ ਨੇ ਐਮ. ਐਸ. ਪੀ. ਦਾ ਕਨੂੰਨ ਬਣਾਉਣ, ਬਿਜਲੀ ਬਿੱਲ 2020 ਵਾਪਸ ਲੈਣ ਤੇ ਲਖੀਮਪੁਰ ਖੀਰੀ ਕਾਂਡ ਦੇ ਪੀੜਤਾਂ ਨੂੰ ਇਨਸਾਫ਼ ਦੇਣ ਦਾ ਵਾਅਦਾ ਕੀਤਾ ਸੀ। ਇਨ੍ਹਾਂ ਵਿੱਚੋਂ ਕੋਈ ਵੀ ਵਾਅਦਾ ਵਫ਼ਾ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਦਾ ਵਤੀਰਾ ਨਾ ਬਦਲਿਆ ਤਾਂ ਉਹ ਪਹਿਲਾਂ ਨਾਲੋਂ ਵੀ ਕਿਸਾਨਾਂ ਦੇ ਵੱਧ ਗੁੱਸੇ ਦਾ ਸ਼ਿਕਾਰ ਹੋਵੇਗੀ। ਸੁਖਵਿੰਦਰ ਸਿੰਘ ਤੇ ਉਸ ਦੇ ਹੋਰ ਸਾਥੀਆਂ ਵੱਲੋਂ ਲੋਕਾਂ ਨੂੰ 16 ਦੇ ਭਾਰਤ ਬੰਦ ਵਿੱਚ ਸ਼ਾਮਲ ਹੋਣ ਲਈ ਘਰ- ਘਰ ਜਾ ਕੇ ਅਪੀਲ ਕੀਤੀ ਗਈ।ਉਨ੍ਹਾਂ ਕਿਹਾ ਕਿ ਕਿਸਾਨੀ ਮਸਲਿਆਂ ਲਈ ਉਹ ਹਰ ਕੁਰਬਾਨੀ ਕਰਨ ਲਈ ਤਿਆਰ ਹਨ।

# ਰੈਗੂਲਰ ਅਧਿਆਪਕ ਹੜਤਾਲ ਕਰਕੇ ਭਾਰਤ ਬੰਦ 'ਚ ਹੋਣਗੇ ਸ਼ਾਮਲ



**ਮਹਿਤਪੁਰ (ਰਾਜਾ)** ਕੇਂਦਰੀ ਟਰੇਡ ਯੂਨੀਅਨਾਂ, ਮੁਲਾਜ਼ਮ ਫੈਡਰੇਸ਼ਨਾਂ, ਸੰਯੁਕਤ ਕਿਸਾਨ ਮੋਰਚਾ ਅਤੇ ਆਜ਼ਾਦ ਜਥੇਬੰਦੀਆਂ ਵੱਲੋਂ ਕੇਂਦਰ ਸਰਕਾਰ ਦੀਆਂ ਨਿੱਜੀਕਰਨ, ਉਦਾਰੀਕਰਨ ਤੇ ਸੰਸਾਰੀਕਰਨ ਦੀਆਂ ਲੋਕ ਵਿਰੋਧੀ ਨੀਤੀਆਂ ਖਿਲਾਫ 16 ਫਰਵਰੀ ਨੂੰ ਦਿੱਤੇ ਗਏ ਭਾਰਤ ਬੰਦ ਅਤੇ ਹੜਤਾਲ ਦੇ ਸੱਦੇ ਨੂੰ ਸਫਲ ਬਣਾਉਣ ਲਈ 16 ਤੋਂ ਵਧੇਰੇ ਪ੍ਰਮੁੱਖ ਅਧਿਆਪਕ ਜਥੇਬੰਦੀਆਂ ਵੱਲੋਂ ਲਗਾਤਾਰ ਦੋ ਦਿਨ ਵਰਚੂਅਲ ਮੀਟਿੰਗਾਂ ਕਰਨ ਉਪਰੰਤ 16 ਫਰਵਰੀ ਦੀ ਹੜਤਾਲ ਸਬੰਧੀ ਅਧਿਆਪਕਾਂ ਦੇ ਮੋਰਚੇ ਦਾ ਗਠਨ ਕਰਨ ਅਤੇ ਪੰਜਾਬ ਭਰ ਵਿੱਚੋਂ ਰੈਗੂਲਰ ਅਧਿਆਪਕਾਂ ਵੱਲੋਂ ਹੜਤਾਲ ਕਰਕੇ ਅਤੇ ਕੱਚੇ, ਪਰਖ ਕਾਲ ਅਧੀਨ ਤੇ ਕੰਪਿਊਟਰ ਅਧਿਆਪਕਾਂ ਵੱਲੋਂ ਸਮੂਹਿਕ ਛੁੱਟੀ ਲੈ ਕੇ ਭਾਰਤ ਬੰਦ ਵਿੱਚ ਸ਼ਾਮਿਲ ਹੋਣ ਦਾ ਫੈਸਲਾ ਕੀਤਾ ਗਿਆ ਹੈ।ਇਸੇ ਤਹਿਤ ਸਾਂਝਾ ਅਧਿਆਪਕ ਮੋਰਚਾ ਪੰਜਾਬ, ਜ਼ਿਲ੍ਹਾ ਜਲੰਧਰ ਵਿਖੇ ਗੌਰਮਿੰਟ ਟੀਚਰਜ ਯੂਨੀਅਨ ਪੰਜਾਬ (ਵਿਗਿਆਨਿਕ) ਦੇ ਸੂਬਾ ਪ੍ਰਧਾਨ ਨਵਪ੍ਰੀਤ ਬੱਲੀ, ਤਰਸੇਮ ਲਾਲ, ਸੁਖਵਿੰਦਰ ਸਿੰਘ ਮੱਕੜ, ਰਜੇਸ਼ ਕੁਮਾਰ ਨੇ ਪੁਰਾਣੀ ਪੈਨਸ਼ਨ ਦੀ ਬਹਾਲੀ, ਕੌਮੀ ਸਿੱਖਿਆ ਨੀਤੀ–2020 ਰੱਦ ਕਰਵਾਕੇ ਸਿੱਖਿਆ ਨੂੰ ਰਾਜਾਂ ਦੇ ਅਧਿਕਾਰ ਹੇਠ ਲਿਆਉਣ ਅਤੇ ਪੰਜਾਬ ਦੀ ਆਪਣੀ ਸਿੱਖਿਆ ਨੀਤੀ ਘੜਨ, ਨਵੇਂ ਸਕੇਲਾਂ ਦੀ ਥਾਂ ਪੰਜਾਬ ਤਨਖਾਹ ਸਕੇਲਾਂ ਦੀ ਬਹਾਲੀ, ਕੱਚੇ/ਸੁਸਾਇਟੀ/ਕੰਪਿਊਟਰ ਅਧਿਆਪਕਾਂ ਦੀ ਵਿਭਾਗੀ ਰੈਗੂਲਰਾਇਜ਼ੇਸ਼ਨ, ਕੱਟੇ ਗਏ ਸਾਰੇ ਭੱਤਿਆਂ ਦੀ ਬਹਾਲੀ, ਪੈਂਡਿੰਗ ਮਹਿੰਗਾਈ ਭੱਤੇ ਸਮੇਤ ਹੋਰਨਾਂ ਹੱਕੀ ਮੰਗਾਂ ਅਤੇ ਨਿੱਜੀਕਰਨ-ਪੱਖੀ ਨੀਤੀਆਂ ਖਿਲਾਫ ਸਮੁੱਚੇ ਅਧਿਆਪਕ ਵਰਗ ਨੂੰ 16 ਫਰਵਰੀ ਦੇ ਸੰਘਰਸ਼ਾਂ ਦਾ ਵਧ-ਚੜ੍ਹ ਕੇ ਹਿੱਸਾ ਬਣਨ ਦਾ ਸੱਦਾ ਦਿੱਤਾ ਹੈ। ਮੀਟਿੰਗ ਵਿੱਚ 16 ਫਰਵਰੀ ਦੀ ਹੜਤਾਲ ਸਬੰਧੀ ਅਧਿਆਪਕਾਂ ਦੇ ਜਲੰਧਰ ਮੋਰਚੇ ਵੱਲੋਂ ਭਾਰਤ ਬੰਦ ਮੌਕੇ ਵਿਆਪਕ ਪੱਧਰ 'ਤੇ ਲੱਗਣ ਜਾ ਰਹੇ ਸੜਕ ਚੱਕਾ ਜਾਮ ਦੇ ਮੱਦੇਨਜ਼ਰ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ 16 ਫਰਵਰੀ ਨੂੰ ਲਏ ਜਾ ਰਹੇ ਪੇਪਰਾਂ ਨੂੰ ਰੱਦ ਕਰਨ ਦੀ ਮੰਗ ਕੀਤੀ ਗਈ। ਇਸ ਤਹਿਤ ਅਧਿਆਪਕ ਆਗੂਆਂ ਵੱਲੋਂ ਜ਼ਿਲ੍ਹਾ ਸਿੱਖਿਆ ਅਫ਼ਸਰ (ਐ. ਸਿ.) ਮੈਡਮ ਹਰਜਿੰਦਰ ਕੌਰ ਨੂੰ ਹੜਤਾਲ ਦਾ ਨੋਟਿਸ ਅਤੇ ਮੰਗ ਪੱਤਰ ਦਿੱਤਾ ਗਿਆ। ਇਸ ਮੌਕੇ 'ਤੇ ਭਾਰਤ ਭੂਸ਼ਨ ਲਾਡਾ, ਸੰਦੀਪ ਕੰਬੋਜ, ਵਿਜੈ ਕੁਮਾਰ, ਰਿਸ਼ੀ ਕੁਮਾਰ, ਰਵਿੰਦਰ ਕੁਮਾਰ, ਮਨਦੀਪ ਸਿੰਘ, ਭਗਵੰਤ ਪ੍ਰਿਤਪਾਲ ਸਿੰਘ, ਰਣਜੀਤ ਸਿੰਘ ਠਾਕੁਰ, ਵਿਜੇ ਪਾਲ ਸਿੰਘ, ਵਿਜੈ ਕੁਮਾਰ ਸੀ.ਐਚ.ਟੀ, ਜਤਿੰਦਰ ਸਿੰਘ ਆਦਿ ਹਾਜ਼ਰ ਸਨ।ਉਕਤ ਜਾਣਕਾਰੀ ਸੂਬਾ ਜਥੇਬੰਦਕ ਸਕੱਤਰ ਕੰਵਲਜੀਤ ਸੰਗੋਵਾਲ ਨੇ ਸਾਂਝੀ ਕੀਤੀ।

# ਭਾਰਤ ਬੰਦ ਨੂੰ ਵਿੱਦਿਅਕ ਸੰਸਥਾਵਾਂ ਵੱਲੋਂ ਸਮਰਥਨ : ਪੀ ਐੱਸ ਯੂ



**ਬਹਿਰਾਮ (ਅਵਤਾਰ ਕਲੇਰ)** ਪੰਜਾਬ ਸਟੂਡੈਂਟਸ ਯੂਨੀਅਨ ਵਲੋਂ ਸੂਬੇ ਸੱਦੇ ਤਹਿਤ ਸ਼ਹੀਦ ਏ ਆਜ਼ਮ ਸਰਦਾਰ ਭਗਤ ਸਿੰਘ ਆਈ ਟੀ ਆਈ ( ਲੜਕੇ) ਸਰਕਾਰੀ ਆਈ ਟੀ ਆਈ (ਲੜਕੀਆਂ) ਅਤੇ ਸਰਕਾਰੀ ਆਈਟੀਆਈ ਸੁੰਢ ਵਿੱਚ 16 ਫਰਵਰੀ ਭਾਰਤ ਬੰਦ ਨੂੰ ਹੜਤਾਲ ਕਰਕੇ ਸਮਰਥਨ ਕੀਤਾ ਜਾਵੇਗਾ। ਇਸ ਮੌਕੇ ਪੰਜਾਬ ਸਟੂਡੈਂਟਸ ਯੂਨੀਅਨ ਦੇ ਜ਼ਿਲ੍ਹਾ ਆਗੂ ਰਾਜੂ ਬਰਨਾਲਾ, ਜ਼ਿਲ੍ਹਾ ਆਗੂ ਗੁਰਪ੍ਰੀਤ ਸਿੰਘ ਨੇ ਕਿਹਾ ਕਿ 16 ਫਰਵਰੀ ਨੂੰ ਕੇਂਦਰ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਖਿਲਾਫ ਕਿਸਾਨ, ਮਜ਼ਦੂਰ, ਮੁਲਾਜ਼ਮ, ਵਿਦਿਆਰਥੀ ਆਦਿ ਵਰਗ ਇੱਕਮੁੱਠ ਹੋ ਕੇ ਕੀਤੇ ਜਾ ਰਹੇ ਭਾਰਤ ਬੰਦ ਦਾ ਸੱਦਾ ਸੰਘਰਸ਼ ਦੀ ਪਹਿਲਕਦਮੀ ਸਾਬਤ ਹੋ ਸਕਦਾ ਹੈ ਕਿਉਂਕਿ ਕੇਂਦਰ ਦੀ ਬੀਜੇਪੀ ਆਰਐੱਸਐੱਸ ਮੋਦੀ ਸਰਕਾਰ ਆਪਣੇ ਭਗਵਾਂਕਰਨ ਅਜੰਡੇ ਨੂੰ ਲਾਗੂ ਕਰਨ ਲਈ ਹਰ ਇਕ ਵਰਗ ਨੂੰ ਨਿਸ਼ਾਨਾ ਬਣਾ ਰਹੀ ਹੈ ਇਸ ਕਰਕੇ ਸਾਰੇ ਵਰਗ ਨੂੰ ਇੱਕਮੁੱਠ ਹੋ ਕੇ ਸੰਘਰਸ਼ ਵਿੱਢਣ ਦੀ ਲੋੜ ਹੈ। ਇਸ ਮੌਕੇ ਪੰਜਾਬ ਸਟੂਡੈਂਟਸ ਯੂਨੀਅਨ ਆਈ ਟੀ ਆਈ (ਲੜਕੇ) ਇਕਾਈ ਦੇ ਸਕੱਤਰ ਸਿਮਰਨਜੀਤ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਇਸ ਵਿੱਚ ਸਾਰੀਆਂ ਮੰਗਾਂ ਨੌਜਵਾਨ,ਵਿਦਿਆਰਥੀ, ਅਤੇ ਸਿਖਿਆਰਥੀਆਂ ਨਾਲ ਜੁੜਦੀਆਂ ਹਨ, ਜਿਵੇਂ ਨਵੀਂ ਸਿੱਖਿਆ ਨੀਤੀ, ਚਾਰ ਲੇਬਰ ਕੋਡ, ਹਿਟ ਐਂਡ ਰਨ ਐਕਟ, ਕਾਮਿਆ ਸਬੰਧੀ ਕਾਨੂੰਨ ਵਿੱਚ ਕੀਤੇ ਬਦਲਾਅ ਆਦਿ । ਇਸ ਮੌਕੇ ਆਈ ਟੀ ਆਈ ਦੇ ਇਕਾਈ ਦੇ ਮੈਂਬਰ ਸਿਮਰਨਜੀਤ ਸਿੰਘ, ਯੁਵਰਾਜ ਮਹਿਮੀ , ਵਿੱਕੀ ਕੁਮਾਰ, ਪਾਵਿੰਦਰ ਸਿੰਘ, ਸੁਮਿਤ ਰਾਣਾ ਅਤੇ ਹੋਰ ਸਿਖਿਆਰਥੀ ਹਾਜ਼ਰ ਸਨ।

# ਭਲਕ ਦੀ ਦੇਸ਼-ਵਿਆਪੀ ਹੜਤਾਲ ਲਈ ਮੁਲਾਜ਼ਮਾਂ 'ਚ ਭਾਰੀ ਉਤਸ਼ਾਹ : ਗਗਨਦੀਪ ਭੁੱਲਰ



**ਜਲੰਧਰ (ਰਾਜੇਸ਼ ਥਾਪਾ)**- 16 ਫਰਵਰੀ ਦੀ ਦੇਸ਼ ਵਿਆਪੀ ਹੜਤਾਲ ਅਤੇ ਭਾਰਤ ਬੰਦ ਲਈ ਪੰਜਾਬ ਦੇ ਮੁਲਾਜ਼ਮਾਂ ਵਿੱਚ ਭਾਰੀ ਉਤਸ਼ਾਹ ਹੈ। ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ (ਵਿਗਿਆਨਿਕ) ਦੇ ਸੂਬਾ ਪ੍ਰਧਾਨ ਗਗਨਦੀਪ ਸਿੰਘ ਭੁੱਲਰ ਅਤੇ ਜਨਰਲ ਸਕੱਤਰ ਐਨ.ਡੀ. ਤਿਵਾੜੀ ਅਨੁਸਾਰ 16 ਫਰਵਰੀ ਦੀ ਹੜਤਾਲ ਅਤੇ ਭਾਰਤ ਬੰਦ ਲਈ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਸੂਬਾ ਪ੍ਰੈੱਸ ਸਕੱਤਰ ਕੰਵਲਜੀਤ ਸੰਗੋਵਾਲ ਵੱਲੋਂ ਜਾਰੀ ਪ੍ਰੈੱਸ ਬਿਆਨ ਅਨੁਸਾਰ ਸੂਬਾ ਸੀਨੀਅਰ ਮੀਤ ਪ੍ਰਧਾਨ ਨਵਪ੍ਰੀਤ ਬੱਲੀ ਨੇ ਦੱਸਿਆ ਕਿ ਹੜਤਾਲ ਸਬੰਧੀ ਨੋਟਿਸ ਕਮ ਮੰਗ ਪੱਤਰ ਸਾਰੇ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਅਤੇ ਜ਼ਿਲ੍ਹਿਆਂ ਵਿੱਚ ਸਥਿਤ ਵੱਖ-ਵੱਖ ਵਿਭਾਗਾਂ ਦੇ ਦਫ਼ਤਰੀ ਮੁਖੀਆਂ ਰਾਹੀਂ ਮੁੱਖ ਸਕੱਤਰ ਪੰਜਾਬ ਸਰਕਾਰ ਨੂੰ ਭੇਜਿਆ ਗਿਆ ਹੈ। ਇਹ ਹੜਤਾਲ ਕੇਂਦਰ ਦੀਆਂ ਕਿਸਾਨ, ਮਜ਼ਦੂਰ, ਛੋਟੇ ਦੁਕਾਨਦਾਰ, ਛੋਟੇ ਵਪਾਰੀ ਅਤੇ ਮੁਲਾਜ਼ਮ ਵਿਰੋਧੀ ਨੀਤੀਆਂ ਖ਼ਿਲਾਫ਼ ਕੀਤੀ ਜਾ ਰਹੀ ਹੈ। ਸੰਨ 1991 ਤੋਂ ਬਾਅਦ ਕੇਂਦਰ ਸਰਕਾਰਾਂ ਵੱਲੋਂ ਨਵ-ਉਦਾਰਵਾਦੀ, ਸੰਸਾਰੀਕਰਨ ਅਤੇ ਕਾਰਪੋਰੇਟ ਪੱਖੀ ਨੀਤੀਆਂ ਵੱਡੇ ਪੂੰਜੀਪਤੀਆਂ ਨੂੰ ਲਾਭ ਪਹੁੰਚਾਉਣ ਲਈ ਪਬਲਿਕ ਸੈਕਟਰ ਦੀ ਅਕਾਰ ਘਟਾਈ, ਡੰਕਲ ਤਜਵੀਜ਼ਾਂ ਅਤੇ ਮੁਲਾਜ਼ਮਾਂ ਦੇ ਬੁਢਾਪੇ ਦੀ ਡੰਗੋਰੀ ਪੁਰਾਣੀ ਪੈਨਸ਼ਨ ਵੀ ਖ਼ਤਮ ਕਰ ਦਿੱਤੀ ਗਈ। ਮੌਜੂਦਾ ਮੋਦੀ ਸਰਕਾਰ ਵੱਲੋਂ ਲਗਾਤਾਰ ਕਿਸਾਨ, ਮੁਲਾਜ਼ਮ, ਮਜ਼ਦੂਰ ਵਿਰੋਧੀ ਨੀਤੀਆਂ ਲਾਗੂ ਕਰਨ ਅਤੇ ਵੱਡੇ ਪੱਧਰ 'ਤੇ ਕਾਰਪੋਰੇਟ ਘਰਾਣਿਆਂ ਦੀ ਮਦਦ ਕਰਨ, ਬੀ.ਐਸ.ਐਨ.ਐਲ, ਰੇਲਵੇ , ਐਲ.ਆਈ.ਸੀ, ਤੇਲ, ਭੇਲ, ਬਿਜਲੀ ਸੈਕਟਰ ਸਮੇਤ ਹਰ ਪਬਲਿਕ ਸੈਕਟਰ ਵਿੱਚ ਚਪੜਾਸੀ ਤੋ ਲੈ ਕੇ ਅਫਸਰ ਰੈਂਕ ਤੱਕ ਠੇਕੇਦਾਰੀ ਸਿਸਟਮ/ਆਊਟਸੋਰਸਿੰਗ ਰਾਹੀਂ ਭਰਤੀਆਂ ਅਤੇ ਕੰਮ ਕਰਵਾ ਕੇ ਪਬਲਿਕ ਸੈਕਟਰ ਨੂੰ ਖਤਮ ਕੀਤਾ ਜਾ ਰਿਹਾ ਹੈ। ਪੰਜਾਬ ਵਿੱਚ ਵੀ ਭਗਵੰਤ ਮਾਨ ਸਰਕਾਰ ਨੇ ਵੀ ਮੁਲਾਜ਼ਮ ਵਿਰੋਧੀ ਰਵੱਈਆ ਅਪਣਾਇਆ ਹੋਇਆ ਹੈ। ਡੀ.ਏ. ਦੀਆਂ ਕਿਸ਼ਤਾਂ ਰੋਕ ਕੇ ਰੱਖੀਆਂ ਹੋਈਆਂ ਹਨ। ਪੇਅ-ਕਮਿਸ਼ਨ ਦਾ ਬਕਾਇਆ ਦੇਣ ਦਾ ਵਾਅਦਾ ਕਰਨ ਦੇ ਬਾਵਜੂਦ ਨਹੀਂ ਦਿੱਤਾ ਜਾ ਰਿਹਾ। ਇਹਨਾਂ ਕੇਂਦਰ ਅਤੇ ਰਾਜ ਸਰਕਾਰ ਦੀਆਂ ਨੀਤੀਆਂ ਖ਼ਿਲਾਫ਼ ਪੰਜਾਬ ਦੇ ਮੁਲਾਜ਼ਮ ਲਾਮਿਸਾਲ ਹੜਤਾਲ ਕਰਨ ਜਾ ਰਹੇ ਹਨ। ਸਮੂਹ ਮੁਲਾਜ਼ਮ, ਮਜ਼ਦੂਰ ਅਤੇ ਕਿਸਾਨ ਵਿਰੋਧੀ ਨੀਤੀਆਂ ਨੂੰ ਰੱਦ ਕਰਵਾਉਣ, ਪੁਰਾਣੀ ਪੈਨਸ਼ਨ ਬਹਾਲੀ ਲਈ ਪੀ ਐਫ ਆਰ ਡੀ ਏ ਬਿੱਲ ਰੱਦ ਕਰਵਾਉਣ, ਨਵੀਂ ਸਿੱਖਿਆ ਨੀਤੀ 2020 ਰੱਦ ਕਰਵਾਉਣ, ਕੱਚੇ ਮੁਲਾਜ਼ਮਾਂ ਨੂੰ ਪੂਰੇ ਭੱਤਿਆਂ ਸਮੇਤ ਪੱਕੇ ਕਰਵਾਉਣ, ਨੌਜਵਾਨਾਂ ਨੂੰ ਰੈਗੂਲਰ ਰੁਜ਼ਗਾਰ ਦਿਵਾਉਣ ਲਈ ਪੂਰਾ ਦੇਸ਼ 16 ਫ਼ਰਵਰੀ ਦੀ ਦੇਸ ਵਿਆਪੀ ਹੜਤਾਲ ਵਿੱਚ ਡਟ ਕੇ ਸ਼ਮੂਲੀਅਤ ਕਰਨ ਦੀ ਤਿਆਰੀ ਕਰ ਰਿਹਾ ਹੈ । ਇਸ ਮੌਕੇ ਤੇ ਭੁਪਿੰਦਰ ਪਾਲ ਕੌਰ, ਗੁਲਜਾਰ ਖਾਂ, ਸੁਰਿੰਦਰ ਕੰਬੋਜ, ਜਤਿੰਦਰ ਸਿੰਘ ਸੋਨੀ, ਸੁਖਵਿੰਦਰ ਸਿੰਘ ਦੋਦਾ, ਜਸਵਿੰਦਰ ਸਿੰਘ ਤਰਨਤਾਰਨ, ਕੁਲਬੀਰ ਸਿੰਘ ਮੋਗਾ, ਬਿੱਕਰ ਸਿੰਘ ਮਾਖਾ, ਮਨਜੀਤ ਸਿੰਘ ਲਹਿਰਾ, ਸੋਮ ਸਿੰਘ, ਕੰਵਲਜੀਤ ਅੰਮ੍ਰਿਤਸਰ, ਪਰਗਟ ਸਿੰਘ ਜੰਬਰ, ਗੁਰਪ੍ਰੀਤ ਸਿੰਘ ਸੰਧੂ, ਲਾਲ ਚੰਦ ਨਵਾਂਸ਼ਹਿਰ, ਜਰਨੈਲ ਜੰਡਾਲੀ, ਬਲਵੀਰ ਸਿੰਘ ਸੰਗਰੂਰ, ਰਸ਼ਮਿੰਦਰ ਪਾਲ ਸੋਨੂ, ਅਸ਼ਵਨੀ ਕੁਮਾਰ, ਪਿਰਮਲ ਧੌਲਾ, ਲਖਵਿੰਦਰ ਲਾਡੀ, ਗੁਰਜੀਤ ਸਿੰਘ, ਮੋਹਾਲੀ, ਅਮਨ ਕੁਮਾਰ ਲੰਬੀ, ਗੁਰਮੀਤ ਸਿੰਘ ਖਾਲਸਾ, ਪਰਮਜੀਤ ਕੌਰ, ਡਾ. ਕਰਮਦੀਨ,ਚਰਨਜੀਤ ਸਿੱਧੂ, ਮਲਕੀਤ ਖਾਨ, ਸਕੰਦਰ ਸਿੰਘ ਢੇਰ, ਸੁੱਚਾ ਸਿੰਘ ਚਾਹਲ ਆਦਿ ਆਗੂ ਹਾਜ਼ਰ ਸਨ।

# ਫ਼ਲਸਤੀਨੀਆਂ ਦੇ ਕਤਲੇਆਮ ਵਿੱਰੁਧ ਰੋਸ ਰੈਲੀ




**ਸਰੀ (ਸੁਰਿੰਦਰ ਸੰਘਾ)**-ਕੈਨੇਡਾ ਦੇ ਸਰੀ ਸ਼ਹਿਰ ਵਿੱਚ ਇਸਰਾਈਲ ਵੱਲੋਂ ਫ਼ਲਸਤੀਨੀਆਂ ਦੇ ਕਤਲੇਆਮ ਵਿੱਰੁਧ ਆਵਾਜ਼ ਬੁਲੰਦ ਕਰਨ ਲਈ ਰੈਲੀ ਕੀਤੀ ਗਈ।ਇਸ ਇਕੱਠ ਵਿੱਚ ਸਮਾਜ ਦੇ ਹਰ ਵਰਗ ਦੇ ਲੋਕਾਂ ਤੇ ਵੱਖ ਵੱਖ ਜਥੇਬੰਦੀਆਂ ਨੇ ਭਾਗ ਲਿਆ।ਸ਼ਾਮਲ ਲੋਕਾਂ ਵਿੱਚ ਵੱਡੀ ਗਿਣਤੀ ਨੌਜਵਾਨ ਸਨ।ਦੁਨੀਆ ਵਿੱਚ ਰੋਸ ਇਕੱਠਾਂ ਤੇ ਮੁਜ਼ਾਹਰਿਆਂ ਨੇ ਫਲਸਤੀਨੀ ਲੋਕਾਂ ਦੇ ਆਪਣੇ ਆਜ਼ਾਦ ਦੇਸ਼ ਦੀ ਮੰਗ ਨੂੰ ਘਰ ਘਰ ਪਹੁੰਚਾ ਦਿੱਤਾ।ਅਮਰੀਕਾ ਤੇ ਇਸ ਦੇ ਭਾਈਵਾਲ਼ਾਂ, ਜਿਨ੍ਹਾਂ ਵਿੱਚ ਕੈਨੇਡਾ ਵੀ ਸ਼ਾਮਲ ਹੈ, ਵੱਲੋਂ ਜਿਸ ਬੇਸ਼ਰਮੀ ਨਾਲ ਨਸਲਵਾਦੀ ਅਤੇ ਬਸਤੀਵਾਦੀ ਇਸਰਾਈਲ ਦੀ ਹਰ ਤਰ੍ਹਾਂ ਪਿਠ ਥਾਪੜੀ ਜਾ ਰਹੀ ਹੈ, ਉਸ ਦਾ ਵਿਰੋਧ ਇਨ੍ਹਾਂ ਧਾੜਵੀ ਦੇਸ਼ਾਂ ਵਿੱਚ ਵੱਡੇ ਪੱਧਰ 'ਤੇ ਹੋ ਰਿਹਾ ਹੈ।ਬਹੁਤ ਸਾਰੇ ਬੁਲਾਰਿਆਂ ਨੇ ਨਸਲਵਾਦੀ ਤੇ ਧਾੜਵੀ ਬਸਤੀਵਾਦੀ ਇਸਰਾਈਲ ਦੀ ਨਿਖੇਧੀ ਕੀਤੀ।ਇਸ ਇਕੱਠ ਵਿੱਚ ਇੰਡੋ-ਕੈਨੇਡੀਅਨ ਵਰਕਰਜ਼ ਐਸੋਸੀਏਸ਼ਨ ਦਾ ਪੱਖ ਰੱਖਦਿਆਂ ਪ੍ਰਸ਼ਾਂਤ ਮੁਖਰਜੀ ਨੇ ਇਸਰਾਈਲ, ਜੋ ਅਮਰੀਕਾ ਸਮੇਤ ਕੈਨੇਡਾ ਤੇ ਇਸ ਦੇ ਤਮਾਮ ਸਹਿਯੋਗੀਆਂ ਦੀ ਸ਼ਹਿ 'ਤੇ ਸ਼ਰੇਆਮ ਕਤਲੋ ਗਾਰਤ ਕਰ ਰਿਹਾ ਹੈ, ਦਾ ਪਰਦਾਫਾਸ਼ ਕੀਤਾ।ਫਲਸਤੀਨੀ ਲੋਕਾਂ ਨੂੰ ਆਪਣੇ ਆਜ਼ਾਦ ਦੇਸ਼ ਦੀ ਮੰਗ ਦਾ ਸਮਰਥਨ ਕੀਤਾ।ਉਨ੍ਹਾ ਜ਼ੋਰ ਦੇ ਕਿਹਾ ਕਿ ਹੁਣ ਦੁਨੀਆ ਦੇ ਅਮਨ ਪਸੰਦ ਲੋਕ ਇਨ੍ਹਾਂ ਧਾੜਵੀਆਂ ਨੂੰ ਲੋਕ ਕਚਹਿਰੀ ਵਿੱਚ ਲਿਜਾ ਰਹੇ ਹਨ ਤਾਂ ਜੋ ਇਨ੍ਹਾਂ ਦੇ ਮਨਸੂਬੇ ਅਸਫਲ ਹੋ ਸਕਣ।ਪ੍ਰਸ਼ਾਂਤ ਨੇ ਭਾਰਤ ਦੀ ਮੋਦੀ ਸਰਕਾਰ ਵੱਲੋਂ ਇਸਰਾਈਲ ਦੀ ਪਿੱਠ ਥਾਪੜਨ ਬਾਰੇ ਵਿਸਥਾਰ ਨਾਲ ਦੱਸਿਆ।ਅੰਤ ਵਿੱਚ ਸ਼ਹਿਰ 'ਚ ਮੁਜ਼ਾਹਰਾ ਕੀਤਾ ਗਿਆ।ਇਸ ਇਕੱਠ ਵਿੱਚ ਸਭਾ ਵੱਲੋਂ ਸੁਰਿੰਦਰ ਢੇਸੀ, ਹਰਿੰਦਰਜੀਤ ਸੰਧੂ, ਸੁਰਿੰਦਰ ਸੰਘਾ, ਅਰਨਬ ਬੈਨਰਜੀ, ਪ੍ਰਸ਼ਾਂਤ ਮੁਖਰਜੀ, ਦਵਿੰਦਰ ਸਿੰਘ, ਪਿੰਦਰ ਬਦੇਸ਼ਾ, ਕੁਲਵੰਤ ਢੇਸੀ ਤੇ ਹੋਰਨਾਂ ਨੇ ਭਾਗ ਲਿਆ।

# ਮਾਡਰਨ ਕਾਲਜ ਬੀਰ ਕਲਾਂ ਵਿਖੇ ਬਸੰਤ ਪੰਚਮੀ ਦਾ ਤਿਉਹਾਰ ਮਨਾਇਆ



**ਚੀਮਾ ਮੰਡੀ (ਰਵਿੰਦਰ ਚੀਮਾ)**-ਮਾਡਰਨ ਕਾਲਜ ਬੀਰ ਕਲਾਂ ਵਿਖੇ ਬਸੰਤ ਪੰਚਮੀ ਦਾ ਤਿਉਹਾਰ ਪ੍ਰਿੰਸੀਪਲ ਡਾ. ਵੀ. ਕੇ. ਰਾਏ ਤੇ ਸਮੂਹ ਸਟਾਫ ਦੀ ਅਗਵਾਈ ਹੇਠ ਬੜੇ ਹੀ ਉਤਸ਼ਾਹ ਨਾਲ ਮਨਾਇਆ ਗਿਆ।ਕਾਲਜ ਦੇ ਪ੍ਰਿੰਸੀਪਲ ਡਾ. ਵੀ. ਕੇ. ਰਾਏ ਸਹਿਤ ਅਧਿਆਪਕਾਂ ਤੇ ਵਿਦਿਆਰਥੀਆਂ ਨੇ ਮਾਂ ਸਰਸਵਤੀ ਦੀ ਪੂਜਾ ਕੀਤੀ।ਇਸ ਦੌਰਾਨ ਪ੍ਰਿੰਸੀਪਲ ਨੇ ਦੱਸਿਆ ਕਿ ਮਾਂ ਸਰਸਵਤੀ ਅਗਿਆਨ ਨੂੰ ਦੂਰ ਕਰਕੇ ਗਿਆਨ ਦਾ ਪ੍ਰਕਾਸ਼ ਦਿੰਦੀ ਹੈ।ਬਸੰਤ ਦੇ ਆਗਮਨ ਦੇ ਨਾਲ਼ ਸਾਰੇ ਪੰਜਾਬ ਵਿੱਚ ਨਵੀਂ ਜ਼ਿੰਦਗੀ ਧੜਕ ਉੱਠਦੀ ਹੈ ਤੇ ਥਾਂ-ਥਾਂ ਪਿੰਡਾਂ ਵਿੱਚ ਨਿੱਕੇ ਵੱਡੇ ਮੇਲੇ ਲੱਗਦੇ ਹਨ ਤੇ ਲੋਕੀਂ ਸਰ੍ਹੋਂ ਦੇ ਫੁੱਲ ਵਾਂਗ ਖਿੜ ਕੇ ਇਨ੍ਹਾਂ ਮੇਲਿਆਂ ਦੀ ਰੌਣਕ ਵਧਾਉਂਦੇ ਹਨ।ਇਸ ਮੌਕੇ ਕਾਲਜ ਦੇ ਚੇਅਰਮੈਨ ਡਾ. ਰਵਿੰਦਰ ਬਾਂਸਲ ਨੇ ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਇਸ ਤਿਉਹਾਰ ਦੀ ਵਧਾਈ ਦਿੱਤੀ।

# ਮਾਤਾ ਗੁਜਰੀ ਕਾਲਜ 'ਚ ਵਿਸ਼ਵ ਰੇਡੀਓ ਦਿਵਸ ਮਨਾਇਆ



**ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਪੱਤਰਕਾਰੀ ਤੇ ਜਨਸੰਚਾਰ ਵਿਭਾਗ ਵੱਲੋਂ ਬੜੇ ਉਤਸ਼ਾਹ ਨਾਲ 'ਵਿਸ਼ਵ ਰੇਡੀਓ ਦਿਵਸ' ਮਨਾਇਆ ਗਿਆ, ਜਿਸ ਵਿੱਚ ਆਲ ਇੰਡੀਆ ਰੇਡੀਓ ਪਟਿਆਲਾ ਤੋਂ ਕੈਜ਼ੂਅਲ ਅਨਾਊਂਸਰ ਸੁਮਿਤਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਸਭ ਨੂੰ ਵਿਸ਼ਵ ਰੇਡੀਓ ਦਿਵਸ ਦੀ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਰੇਡੀਓ ਅੱਜ ਵੀ ਸੰਚਾਰ ਦਾ ਬਹੁਤ ਮਹੱਤਵਪੂਰਨ ਜਨ ਮਾਧਿਅਮ ਹੈ ਤੇ ਭਾਵੇਂ ਅੱਜ ਤਕਨਾਲੋਜੀ ਕਾਫੀ ਅੱਗੇ ਲੰਘ ਚੁੱਕੀ ਹੈ, ਪਰ ਫਿਰ ਵੀ ਰੇਡੀਓ ਦੀ ਲੋਕਪ੍ਰਿਅਤਾ ਤੇ ਭਰੋਸੇਯੋਗਤਾ ਵਿੱਚ ਕੋਈ ਕਮੀ ਨਹੀਂ ਆਈ।

ਵਿਸ਼ਵ ਰੇਡੀਓ ਦਿਵਸ ਦੀ ਮਹੱਤਤਾ ਬਾਰੇ ਦੱਸਦਿਆਂ ਮੁੱਖ ਮਹਿਮਾਨ ਸੁਮਿਤਾ ਨੇ ਵਿਦਿਆਰਥੀਆਂ ਨੂੰ ਰੇਡੀਓ ਦੀਆਂ ਵੱਖ-ਵੱਖ ਵਿਧਾਵਾਂ ਤੋਂ ਜਾਣੂ ਕਰਵਾਇਆ ਤੇ ਰੇਡੀਓ ਵਿੱਚ ਰੁਜ਼ਗਾਰ ਦੇ ਮੌਕਿਆਂ ਸਬੰਧੀ ਮਹੱਤਵਪੂਰਨ ਜਾਣਕਾਰੀ ਦਿੱਤੀ।ਮੁੱਖ ਮਹਿਮਾਨ ਦਾ ਧੰਨਵਾਦ ਕਰਦਿਆਂ ਪੱਤਰਕਾਰੀ ਵਿਭਾਗ ਦੇ ਮੁਖੀ ਪ੍ਰੋ. ਹਰਗੁਣਪ੍ਰੀਤ ਸਿੰਘ ਨੇ ਕਿਹਾ ਕਿ ਰੇਡੀਓ ਸ਼ੁਰੂ ਤੋਂ ਹੀ ਜਨ ਸੰਚਾਰ ਦਾ ਇੱਕ ਮਹੱਤਵਪੂਰਨ ਸਾਧਨ ਰਿਹਾ ਹੈ ਤੇ ਇਹ ਜਾਗਰੂਕਤਾ ਪ੍ਰਦਾਨ ਕਰਨ ਦੀ ਅਹਿਮ ਜ਼ਿੰਮੇਵਾਰੀ ਬਾਖ਼ੂਬੀ ਨਿਭਾਉਂਦਾ ਹੈ।ਪ੍ਰੋ. ਦਿਲਰਾਜ ਸਿੰਘ ਬਾਜਵਾ, ਪ੍ਰੋ. ਕਰਮਵੰਤ ਸਿੰਘ, ਪ੍ਰੋ. ਬਲਵਿੰਦਰ ਸਿੰਘ ਨੇ ਵੀ ਸੰਬੋਧਨ ਕੀਤਾ।

ਇਸ ਮੌਕੇ ਵਿਭਾਗ ਵੱਲੋਂ ਰੇਡੀਓ ਜੌਕੀ ਤੇ ਖ਼ਬਰ ਲੇਖਨ ਮੁਕਾਬਲੇ ਵੀ ਕਰਵਾਏ ਗਏ, ਜਿਨ੍ਹਾਂ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਭਾਗ ਦੇ ਹੋਣਹਾਰ ਵਿਦਿਆਰਥੀਆਂ ਲਵਨੀਤ ਵਸ਼ਿਸ਼ਠ, ਗੁਰਿੰਦਰ ਪਾਲ ਸਿੰਘ, ਸੰਦੀਪ ਕੌਰ ਤੇ ਜਸਦੀਪ ਕੌਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

# ਅਨਾਜ ਮੰਡੀ ਕਾਉਣੀ 'ਚ ਚੇਅਰਮੈਨ ਨੇ ਸ਼ੁਰੂ ਕਰਵਾਏ ਵਿਕਾਸ ਕੰਮ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ/ਪਰਮਜੀਤ ਸਿੰਘ/ ਚਾਵਲਾ)**-ਪੰਜਾਬ ਸਰਕਾਰ ਵੱਲੋਂ ਅਨਾਜ ਮੰਡੀਆਂ ਦਾ ਸਰਬਪੱਖੀ ਵਿਕਾਸ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਇਹ ਜਾਣਕਾਰੀ ਸੁਖਜਿੰਦਰ ਸਿੰਘ ਕਾਉਣੀ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਸ੍ਰੀ ਮੁਕਤਸਰ ਸਾਹਿਬ ਨੇ ਪਿੰਡ ਕਾਉਣੀ ਦੀ ਅਨਾਜ ਮੰਡੀ ਦੇ ਨਵੀਨੀਕਰਨ ਦੇ ਉਦਘਾਟਨ ਕਰਨ ਮੌਕੇ ਦਿੱਤੀ।ਉਨ੍ਹਾ ਕਿਹਾ ਕਿ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਪੰਜਾਬ ਦਾ ਸਰਬਪੱਖੀ ਵਿਕਾਸ ਕੀਤਾ ਜਾ ਰਿਹਾ ਹੈ ਤਾਂ ਜੋ ਪੰਜਾਬ ਨਿਵਾਸੀਆਂ ਨੂੰ ਵਧੀਆਂ ਸਹੂਲਤਾਵਾਂ ਮਿਲ ਸਕਣ।ਉਨ੍ਹਾਂ ਦੱਸਿਆ ਕਿ ਪਿੰਡ ਕਾਉਣੀ ਦੀ ਅਨਾਜ ਮੰਡੀ ਦੇ ਨਵੀਨੀਕਰਨ ਲਈ ਪੰਜਾਬ ਸਰਕਾਰ ਵੱਲੋਂ 2 ਕਰੋੜ 18 ਲੱਖ 25 ਹਜ਼ਾਰ ਰੁਪਏ ਦੀ ਲਾਗਤ ਨਾਲ ਕੰਮ ਸ਼ੁਰੂ ਕਰਵਾਏ ਜਾ ਰਹੇ ਹਨ।ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਅਨਾਜ ਮੰਡੀ ਵਿੱਚ ਕਿਸਾਨਾਂ ਦੀ ਸਹੂਲਤ ਲਈ ਨਵਾਂ ਸ਼ੈਡ, ਨਵਾਂ ਫੜ੍ਹ, ਅਨਾਜ ਮੰਡੀ ਦੀ ਚਾਰਦੀਵਾਰੀ ਤੇ ਮੰਡੀ ਦਾ ਗੇਟ ਬਣਾਇਆ ਜਾਵੇਗਾ।

ਇਸ ਮੌਕੇ ਪਾਲ ਸਿੰਘ ਸਰਪੰਚ, ਜਗਬੀਰ ਸਿੰਘ ਪੱਪੂ ਮੈਂਬਰ, ਲਾਲ ਸਿੰਘ ਸਾਬਕਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਗੁਰਜੀਵਨ ਸਿੰਘ, ਦਰਸ਼ਨ ਸਿੰਘ, ਅਜੇਪਾਲ ਬਰਾੜ, ਪਰਮਜੀਤ ਸਿੰਘ, ਮਲਕੀਤ ਸਿੰਘ ਖ਼ਾਲਸਾ, ਗੁਰਮੀਤ ਸਿੰਘ ਆਦਿ ਹਾਜ਼ਰ ਸਨ।

# ਪੈਰਾਡਾਈਜ਼ ਅਕੈਡਮੀ 'ਚ ਵਿਦਿਆਰਥੀਆਂ ਨੂੰ ਵਿਦਾਇਗੀ ਪਾਰਟੀ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਇਲਾਕੇ ਦੀ ਉਘੀ ਵਿੱਦਿਅਕ ਸੰਸਥਾ ਪੈਰਾਡਾਈਜ਼ ਅਕੈਡਮੀ ਸੀਨੀਅਰ ਸੈਕੰਡਰੀ ਵਜੀਦਕੇ ਖੁਰਦ (ਅਮਲਾ ਸਿੰਘ ਵਾਲਾ-ਹਮੀਦੀ ਰੋਡ) ਵਿਖੇ ਪ੍ਰਿੰਸੀਪਲ ਜਸਵਿੰਦਰ ਸਿੰਘ ਚਹਿਲ ਦੀ ਅਗਵਾਈ ਹੇਠ ਬਾਰ੍ਹਵੀਂ ਦੇ ਵਿਦਿਆਰਥੀਆਂ ਲਈ ਗਿਆਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਵਿਦਾਇਗੀ ਪਾਰਟੀ ਰੱਖੀ ਗਈ। ਜਿਸ ਵਿੱਚ ਬੱਚਿਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਇਸ ਮੌਕੇ ਸਕੂਲ ਪ੍ਰਿੰਸੀਪਲ ਜਸਵਿੰਦਰ ਸਿੰਘ ਚਹਿਲ ਨੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਅੱਜ ਬਹੁਤ ਭਾਵੁਕ ਦਿਨ ਹੈ, ਪਰ ਅੰਤ ਇੱਕ ਨਵੀਂ ਸ਼ੁਰੂਆਤ ਹੈ। ਉਮੀਦ ਹੈ ਕਿ ਇਹ ਮਿਹਨਤੀ ਬੱਚੇ ਭਵਿੱਖ ਵਿੱਚ ਵੱਡੀਆਂ ਮੰਜ਼ਲਾਂ ਸਰ ਕਰਕੇ ਆਪਣੇ ਅਧਿਆਪਕਾਂ, ਮਾਪਿਆਂ ਅਤੇ ਸੰਸਥਾ ਦਾ ਨਾਂਅ ਰੌਸ਼ਨ ਕਰਨਗੇ। ਇਸ ਮੌਕੇ ਸਕੂਲ ਦੀ ਮਨੇਜਮੈਂਟ ਕਮੇਟੀ ਦੇ ਚੇਅਰਮੈਨ ਸੁਰਿੰਦਰ ਬਾਵਾ, ਰਣਜੀਤ ਸਿੰਘ ਟੱਲੇਵਾਲ, ਅਲੋਕ ਸਿੰਗਲਾ, ਸੰਜੀਵ ਬਾਸ਼ਨ, ਮੁਨੀਸ਼ ਸਿੰਗਲਾ ਅਤੇ ਵਿਸ਼ਾਲ ਗਰਗ ਨੇ ਬੱਚਿਆਂ ਨੂੰ ਉਨ੍ਹਾਂ ਦੇ ਚੰਗੇ ਭਵਿੱਖ ਲਈ ਅਰਦਾਸ ਕਰਦਿਆ ਸ਼ੁੱਭਕਾਮਨਾਵਾਂ ਦਿੱਤੀਆਂ।



# ਸਫਲ ਕਿਸਾਨ ਕੁਲਵੀਰ ਸਿੰਘ ਸਰਾਂ ਸਨਮਾਨਤ



**ਮਲੋਟ (ਗੁਰਮੀਤ ਸਿੰਘ ਮੱਕੜ)**-ਬੀਤੇ ਦਿਨੀਂ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਵਿਖੇ ਪਸਾਰ ਸਿੱਖਿਆ ਡਾਇਰੈਕਟੋਰੇਟ ਦੀ ਸਰਪ੍ਰਸਤੀ ਹੇਠ ਹੋਏ ਪੀ.ਏ.ਯੂ ਕਿਸਾਨ ਕਲੱਬ ਦੇ ਸਾਲਾਨਾ ਸਮਾਗਮ 'ਚ ਕੁੱਲ 400 ਕਿਸਾਨਾਂ ਨੇ ਸ਼ਿਰਕਤ ਕੀਤੀ, ਜਿਸ ਵਿਚ ਮਲੋਟ ਇਲਾਕੇ ਦੇ ਅਗਾਂਹਵਧੂ ਕਿਸਾਨ ਕੁਲਵੀਰ ਸਿੰਘ ਸਰਾਂ ਨੂੰ ਮੁੱਖ ਮਹਿਮਾਨਾਂ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਕਿਸਾਨ ਕੁਲਵੀਰ ਸਿੰਘ ਸਰਾਂ ਨੇ ਦੱਸਿਆ ਕਿ ਸਲਾਨਾ ਸਮਾਗਮ 'ਚ ਪਹੁੰਚੇ ਮੁੱਖ ਮਹਿਮਾਨ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਨੇ ਮੀਟਿੰਗ ਵਿਚ ਕਿਸਾਨਾਂ ਦੀ ਵੱਡੀ ਪੱਧਰ 'ਤੇ ਸ਼ਮੂਲੀਅਤ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਕਿਸਾਨ ਪੀ.ਏ.ਯੂ ਦੀ ਜੀਵਨ ਰੇਖਾ ਹਨ ਅਤੇ ਉਨ੍ਹਾਂ ਦੇ ਲੰਬੇ ਸਮੇਂ ਤੋਂ ਪੀ.ਏ.ਯੂ ਉੱਪਰ ਭਰੋਸੇ ਨੇ ਕਿਸਾਨੀ ਨੂੰ ਜਿੱਥੇ ਨਵੀਂ ਦਿਸ਼ਾ ਦਿੱਤੀ ਹੈ, ਉਥੇ ਹੀ ਕਲੱਬ ਨੇ ਸੂਬੇ ਵਿਚ ਅਗਾਂਹਵਧੂ ਖੇਤੀ ਦਾ ਰਾਹ ਪੱਧਰਾ ਵੀ ਕੀਤਾ ਹੈ। ਇਸ ਯੂਨੀਵਰਸਿਟੀ ਵੱਲੋਂ ਸਿਫਾਰਸ਼ ਤਕਨੀਕਾਂ ਨੂੰ ਕਿਸਾਨਾਂ ਤੱਕ ਪਹੁੰਚਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਗੁਰੂ ਅੰਗਦ ਦੇਵ ਵੈਟਰਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਡਾ. ਇੰਦਰਜੀਤ ਸਿੰਘ, ਨਿਰਦੇਸ਼ਕ ਪਸਾਰ ਸਿੱਖਿਆ ਡਾ. ਮੱਖਣ ਸਿੰਘ ਭੁੱਲਰ, ਗਡਵਾਸੂ ਦੇ ਨਿਰਦੇਸ਼ਕ ਪਸਾਰ ਸਿੱਖਿਆ ਡਾ. ਪੀ.ਐਸ ਬਰਾੜ, ਡਾ. ਤੇਜਿੰਦਰ ਸਿੰਘ ਰਿਆੜ, ਡਾ. ਸੋਹਣ ਸਿੰਘ, ਡਾ. ਕਿਰਨ ਗਰੋਵਰ ਅਤੇ ਡਾ. ਜਸਵਿੰਦਰ ਬਰਾੜ ਨੇ ਵੀ ਕਿਸਾਨਾਂ ਨੂੰ ਸੰਬੋਧਨ ਕਰਦੇ ਹੋਏ ਆਪਣੇ ਵਿਚਾਰ ਸਾਂਝੇ ਕੀਤੇ।

# ਸਮਾਧ ਬਾਬਾ ਗੋਦੜੀ ਵਾਲਾ ਸ਼ਿਵ ਮੰਦਰ 'ਚ ਵਿਸ਼ਾਲ ਮੇਲਾ



**ਧੂਰੀ ( ਬਿੰਨੀ ਗਰਗ / ਰਾਜੇਸ਼ਵਰ ਪਿੰਟੂ)**-ਬਸੰਤ ਪੰਚਮੀ ਦੇ ਤਿਉਹਾਰ ਮੌਕੇ ਬਾਬਾ ਬੰਸਰੀ ਵਾਲਾ, ਸਮਾਧ ਬਾਬਾ ਗੋਦੜੀ ਵਾਲਾ ਸ਼ਿਵ ਮੰਦਰ ਵਿੱਖੇ ਅੱਜ ਲੱਗੇ ਮੇਲੇ ਦੌਰਾਨ ਵੱਡੀ ਗਿਣਤੀ ਸ਼ਰਧਾਲੂਆਂ ਵੱਲੋਂ ਮੰਦਰ ਵਿੱਚ ਸ਼ਰਧਾ ਨਾਲ ਮੱਥਾ ਵੀ ਟੇਕਿਆ ਅਤੇ ਮੇਲੇ ਦਾ ਆਨੰਦ ਮਾਣਿਆ। ਇਸ ਮੌਕੇ ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਕੁਮਾਰ ਲੱਖਾ ਸਮੇਤ ਹੋਰ ਪਤਵੰਤਿਆਂ ਨੇ ਵੀ ਬਾਬਾ ਬੰਸੀ ਵਾਲਾ ਤੇ ਬਾਬਾ ਗੋਦੜੀ ਵਾਲਾ ਦਾ ਆਸ਼ੀਰਵਾਦ ਕੀਤਾ। ਇਸ ਮੌਕੇ ਲੋਕਾਂ ਵੱਲੋਂ ਆਪਣੀਆਂ ਮਨੋਕਾਮਨਾਵਾਂ ਪੂਰੀਆਂ ਹੋਣ ਦੀ ਕਾਮਨਾ ਕਰਦੇ ਹੋਏ ਆਪਣੀ ਸਮਰਥਾ ਅਤੇ ਸ਼ਰਧਾ ਅਨੁਸਾਰ ਲਕੜੀ, ਸਟੀਲ, ਚਾਂਦੀ ਅਤੇ ਹੋਰ ਧਾਤੂਆਂ ਦੀਆਂ ਬੰਸਰੀਆਂ ਵੀ ਭੇਟ ਕੀਤੀਆਂ ਗਈਆਂ।ਇਸ ਮੌਕੇ ਮੰਦਰ ਕਮੇਟੀ ਦੇ ਪ੍ਰਧਾਨ ਰਘਵੀਰ ਸਿੰਘ ਬਿਰਦੀ ਅਤੇ ਜਨਰਲ ਸਕੱਤਰ ਮਾ. ਕੁਲਵੰਤ ਸਿੰਘ ਨੇ ਦੱਸਿਆ ਕਿ ਇਸ ਮੰਦਰ ਬਾਰੇ ਮਾਨਤਾ ਹੈ ਕਿ ਜੋ ਵੀ ਭਗਤ ਬਸੰਤ ਪੰਚਮੀ ਵਾਲੇ ਦਿਨ ਇੱਥੇ ਆ ਕੇ ਬੰਸਰੀ ਚੜ੍ਹਾ ਕੇ ਕੋਈ ਮਨੋਕਾਮਨਾ ਮੰਗਦਾ ਹੈ, ਉਸ ਦੀ ਉਹ ਇੱਛਾ ਜ਼ਰੂਰ ਪੂਰੀ ਹੁੰਦੀ ਹੈ। ਇਸ ਮੌਕੇ ਵਿਸ਼ਾਲ ਭੰਡਾਰਾ ਵੀ ਲਗਾਇਆ ਗਿਆ।ਸਮਾਗਮ ਦੌਰਾਨ ਮੰਦਰ ਕਮੇਟੀ ਵਲੋਂ ਆਏ ਹੋਏ ਮਹਿਮਾਨਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਰਾਜੇਸ਼ ਸਿੰਗਲਾ ਸ਼ੰਟੀ, ਰਾਜਨ ਕੁਮਾਰ ਰਾਜੂ, ਗੁਰਜੰਟ ਸਿੰਘ ਸਮਰਾ, ਕਾਲਾ ਬਰੜਵਾਲ, ਜੀਵਨ ਕੁਮਾਰ, ਕਰਮਜੀਤ ਸਿੰਘ, ਬਲਜਿੰਦਰ, ਹਰਜੀਤ ਸਿੰਘ, ਕਰਮਜੀਤ ਸਿੰਘ ਹੈਪੀ, ਅਮਨਦੀਪ ਸਿੰਘ ਦੀਪਾ, ਨਵਦੀਪ ਸਿੰਘ, ਹਰਜੀਤ ਸਿੰਘ ਅਤੇ ਨਿਰਮਲ ਸਿੰਘ ਆਦਿ ਵੀ ਮੌਜੂਦ ਸਨ।

# ਤਹਿਸੀਲਦਾਰ ਜਿਨਸੂ ਬਾਂਸਲ ਦਾ ਨਰਾਇਣਗੜ੍ਹ 'ਚ ਸਨਮਾਨ



**ਅਮਲੋਹ, (ਲਖਵੀਰ ਸਿੰਘ, ਹਰਚਰਨ ਉੱਪਲ)**-ਨਜ਼ਦੀਕੀ ਪਿੰਡ ਨਰਾਇਣਗੜ੍ਹ ਵਿਖੇ ਸਰਕਾਰ ਆਪਦੇ ਦੁਆਰ ਤਹਿਤ ਲਗਾਏ ਗਏ ਕੈਂਪ ਮੌਕੇ ਨਵਨਿਯੁਕਤ ਤਹਿਸੀਲਦਾਰ ਜਿਨਸੂ ਬਾਂਸਲ ਦਾ ਸਮਾਜ ਸੇਵਕ ਨਰਿੰਦਰ ਸਿੰਘ ਵੱਲੋਂ ਸਨਮਾਨ ਕੀਤਾ ਗਿਆ।

ਇਸ ਮੌਕੇ ਗੱਲਬਾਤ ਕਰਦਿਆਂ ਤਹਿਸੀਲਦਾਰ ਬਾਂਸਲ ਨੇ ਕਿਹਾ ਕਿ ਪਿੰਡਾਂ ਵਿੱਚ ਜਾ ਕੇ ਸਰਕਾਰ ਤੁਹਾਡੇ ਦੁਆਰ ਤਹਿਤ ਕੈਂਪ ਲਗਾਏ ਜਾ ਰਹੇ ਹਨ, ਜਿਨ੍ਹਾਂ ਦਾ ਲੋਕਾਂ ਨੂੰ ਵੱਧ ਤੋਂ ਵੱਧ ਲਾਭ ਲੈਣਾ ਚਾਹੀਦਾ ਹੈ ਅਤੇ ਇਹ ਕੈਂਪ ਲੋਕਾਂ ਲਈ ਲਾਹੇਵੰਦ ਸਾਬਿਤ ਹੋ ਰਹੇ ਹਨ, ਉਥੇ ਹੀ ਆਉਣ ਵਾਲੇ ਦਿਨਾਂ ਵਿੱਚ ਵੀ ਇਹ ਕੈਂਪ ਲਗਾਏ ਜਾਣਗੇ। ਇਸ ਮੌਕੇ ਗੁਰਦਰਸ਼ਨ ਸਿੰਘ ਕਾਨੂੰਗੋ ਆਦਿ ਮੌਜੂਦ ਸਨ।

# ਕਲਾਸ ਫੋਰ ਗੌਰਮਿੰਟ ਇੰਪ. ਯੂਨੀਅਨ ਦੀ ਕਾਰਜਕਾਰੀ ਇੰਜੀਨੀਅਰ ਨਾਲ ਮੀਟਿੰਗ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਦਿ ਕਲਾਸ ਫੋਰ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ ਦੀ ਕਾਰਜਕਾਰੀ ਇੰਜੀਨੀਅਰ ਪੰਜਾਬ ਮੰਡੀ ਬੋਰਡ ਫਿਰੋਜ਼ਪੁਰ ਨਾਲ ਸਬੰਧਤ ਪੰਜਾਬ ਮੰਡੀ ਬੋਰਡ ਠੇਕਾ ਮੁਲਾਜ਼ਮ ਯੂਨੀਅਨ ਦੀ ਕੱਚੇ ਮੁਲਾਜ਼ਮਾਂ ਦੇ ਸਬੰਧ 'ਚ ਮੀਟਿੰਗ ਹੋਈ।

ਮੀਟਿੰਗ ਵਿੱਚ ਕਾਰਜਕਾਰੀ ਇੰਜੀਨੀਅਰ ਵੱਲੋਂ ਜ਼ਿਲ੍ਹਾ ਫਿਰੋਜ਼ਪੁਰ ਮੰਡੀ ਬੋਰਡ ਦੇ ਨਾਲ ਸਬੰਧਤ ਠੇਕੇਦਾਰਾਂ ਨੂੰ ਵੀ ਬੁਲਾਇਆ ਗਿਆ ਤੇ ਉਨ੍ਹਾਂ ਵੱਲੋਂ ਠੇਕੇਦਾਰਾਂ ਨੂੰ ਸਖਤ ਤਾੜਨਾ ਕੀਤੀ ਗਈ ਕਿ ਕੱਚੇ ਮੁਲਾਜ਼ਮਾਂ ਦੀਆਂ ਰਹਿੰਦੀਆਂ ਤਨਖਾਹਾਂ ਡੀ ਸੀ ਰੇਟਾਂ ਦੇ ਨਾਲ ਹੀ ਦਿੱਤੀਆਂ ਜਾਣ ਤੇ ਨਾਲ ਹੀ ਬਕਾਏ ਵੀ ਦਿੱਤੇ ਜਾਣ।ਪ੍ਰੈੱਸ ਨਾਲ ਗੱਲਬਾਤ ਕਰਦਿਆਂ ਪੰਜਾਬ ਮੰਡੀ ਬੋਰਡ ਠੇਕਾ ਮੁਲਾਜ਼ਮ ਯੂਨੀਅਨ ਦੇ ਸੂਬਾ ਪ੍ਰਧਾਨ ਤੇ ਦੀ ਕਲਾਸ ਫੋਰ ਗੌਰਮਿੰਟ ਇਪਲਾਈਜ਼ ਯੂਨੀਅਨ ਜ਼ਿਲ੍ਹਾ ਫਰੀਦਕੋਟ ਦੇ ਜਨਰਲ ਸਕੱਤਰ ਬਲਕਾਰ ਸਿੰਘ ਸਹੋਤਾ ਨੇ ਦੱਸਿਆ ਕਿ ਪਿਛਲੇ ਲੰਮੇ ਸਮੇਂ ਤੋਂ ਪੰਜਾਬ ਮੰਡੀ ਬੋਰਡ ਕੰਮ ਕਰਦੇ ਕੱਚੇ ਕਾਮਿਆਂ ਨੂੰ ਡੀ ਸੀ ਰੇਟਾਂ ਤੋਂ ਹੀ ਘੱਟ ਤਨਖਾਹਾਂ ਦਿੱਤੀਆਂ ਜਾਂਦੀਆਂ ਹਨ, ਈ ਪੀ ਐੱਫ, ਈ ਐੱਸ ਆਈ ਤੇ ਹੋਰ ਕਈ ਫੰਡ ਕੱਟੇ ਤਾਂ ਜਾਂਦੇ ਹਨ, ਪਰ ਇਨ੍ਹਾਂ ਫੰਡਾਂ ਦਾ ਲਾਭ ਕੱਚੇ ਮੁਲਾਜ਼ਮ ਨੂੰ ਨਹੀਂ ਮਿਲਦਾ ਅਤੇ ਨਾਲ ਹੀ ਦੋ-ਦੋ ਮਹੀਨੇ ਤਨਖਾਹਾਂ ਲੇਟ ਦਿੱਤੀਆਂ ਜਾਂਦੀਆਂ ਹਨ।ਕਾਰਜਕਾਰੀ ਇੰਜੀਨੀਅਰ ਵੱਲੋਂ ਜਥੇਬੰਦੀ ਨੂੰ ਭਰੋਸਾ ਦਿੱਤਾ ਗਿਆ ਕਿ 15 ਦਿਨ ਦੇ ਅੰਦਰ ਕਰਮਚਾਰੀਆਂ ਦੀਆਂ ਰਹਿੰਦੀਆਂ ਤਨਖਾਹਾਂ, ਬਕਾਏ ਈਪੀਐੱਫ ਦੀਆਂ ਰਸੀਦਾਂ ਤੇ ਈਐੱਸਆਈ ਦੇ ਕਾਰਡ ਵੀ ਬਣਾ ਕੇ ਦੇ ਦਿੱਤੇ ਜਾਣਗੇ।ਇਸ ਮੌਕੇ ਸਾਥੀ ਵਿਜੇ ਕੁਮਾਰ ਰਿੰਕੂ, ਜਨਰਲ ਸਕੱਤਰ ਜੋਤੀ ਪ੍ਰਕਾਸ਼, ਸੁਖਵਿੰਦਰ ਸਿੰਘ ਸੁੱਖਾ, ਕਰਨ, ਰਾਜੂ, ਸਨੀ, ਰਾਮਾ, ਸਰੇਸ਼, ਸੁਭਾਸ਼ ਕੁਮਾਰ, ਮਲਕੀਤ ਸਿੰਘ, ਟੇਕ ਸਿੰਘ, ਰਜੇਸ਼, ਅਰੁਣ ਆਦਿ ਹਾਜ਼ਰ ਸਨ।

# ਬਲਧੀਰ ਮਾਹਲਾ, ਜੀਤ ਗੋਲੇਵਾਲੀਆ ਤੇ ਹੋਰ ਕੌਮੀ ਕਿਸਾਨ ਯੂਨੀਅਨ 'ਚ ਸ਼ਾਮਲ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਕੌਮੀ ਕਿਸਾਨ ਯੂਨੀਅਨ ਦੇ ਦਫਤਰ ਫਰੀਦਕੋਟ ਵਿਖੇ ਇੱਕ ਸਮਾਗਮ ਦੌਰਾਨ ਬਿੰਦਰ ਸਿੰਘ ਗੋਲੇਵਾਲਾ ਸੂਬਾ ਪ੍ਰਧਾਨ ਤੇ ਗੁਰਮੀਤ ਸਿੰਘ ਕਿਲ੍ਹਾ ਨੌਂ ਜ਼ਿਲ੍ਹਾ ਪ੍ਰਧਾਨ ਫਰੀਦਕੋਟ ਵੱਲੋਂ ਪੰਜਾਬੀ ਮਾਂ ਬੋਲੀ ਦੇ ਲਾਡਲੇ ਸਾਹਿਤਕ ਤੇ ਸੱਭਿਆਚਾਰਕ ਪਰਿਵਾਰਕ ਲੋਕ ਗਾਇਕ ਬਲਧੀਰ ਮਾਹਲਾ, ਜੀਤ ਗੋਲੇਵਾਲੀਆ ਪ੍ਰਸਿੱਧ ਗੀਤਕਾਰ (ਇੱਕ ਵਾਰੀ ਲੰਘਿਆ ਵੇਲਾ ਮੁੜਕੇ ਹੱਥ ਆਉਂਦਾ ਨਹੀਂ ਆਵਾਜ਼ ਕੁਲਦੀਪ ਮਾਣਕ) ਤੇ ਹੋਰ ਨਵੇਂ ਪੁਰਾਣੇ ਸੱਜਣਾਂ ਨੂੰ ਕੌਮੀ ਕਿਸਾਨ ਯੂਨੀਅਨ ਵਿੱਚ ਸ਼ਾਮਲ ਹੋਣ 'ਤੇ ਜੀ ਆਇਆਂ ਕਿਹਾ ਗਿਆ, ਉੱਥੇ ਉਨ੍ਹਾਂ ਦੇ ਗਲੀਂ ਹਾਰ ਪਾ ਕੇ ਤੇ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਪ੍ਰਸਿੱਧ ਗੀਤਕਾਰ ਜੀਤ ਗੋਲੇਵਾਲੀਆ ਨੇ ਕਿਹਾ ਕਿ ਮੈਂ ਤੇ ਬਲਧੀਰ ਮਾਹਲਾ ਨਿਰੰਤਰ ਕੌਮੀ ਕਿਸਾਨ ਯੂਨੀਅਨ ਨੂੰ ਆਪਣੇ ਗੀਤ ਸੰਗੀਤ ਰਾਹੀਂ ਉਸਾਰੂ ਸੋਚਾਂ ਦਿੰਦੇ ਰਹਾਂਗੇ।ਉਨ੍ਹਾਂ ਯੂਨੀਅਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਮਾਣਮੱਤੇ ਫ਼ਨਕਾਰ ਨੂੰ ਜਥੇਬੰਦੀ ਨੇ ਸੱਭਿਆਚਾਰਕ ਵਿੰਗ ਦਾ ਸਕੱਤਰ ਬਣਾ ਕੇ ਇਕੱਲਾ ਉਸ ਦਾ ਮਾਣ ਹੀ ਨਹੀਂ ਵਧਾਇਆ, ਸਗੋਂ ਕੌਮੀ ਕਿਸਾਨ ਯੂਨੀਅਨ ਦਾ ਬੜੇ ਫ਼ਖ਼ਰ ਨਾਲ ਸਿਰ ਉੱਚਾ ਕੀਤਾ ਹੈ, ਕਿਉਂਕਿ ਬਲਧੀਰ ਮਾਹਲਾ ਬਾਜ਼ਾਰੂ ਜਾਂ ਵਿਕਾਊ ਨਹੀਂ।ਉਨ੍ਹਾਂ ਜਥੇਬੰਦੀ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਕੌਮੀ ਕਿਸਾਨ ਯੂਨੀਅਨ ਦੀ ਪੇਸ਼ਕਸ਼ ਕਿਸਾਨੀ ਘੋਲ ਨੂੰ ਸਮਰਪਤ ਬਲਧੀਰ ਮਾਹਲਾ ਦਾ ਕ੍ਰਾਂਤੀਕਾਰੀ ਆ ਰਿਹਾ ਦੋ ਗਾਣਾ ਕੁੱਲੀ ਚੋਂ ਕ੍ਰਾਂਤੀ (ਦਾਸਤਾਨ ਏ ਪੰਜਾਬ) ਜੋ ਬਹੁਤ ਜਲਦੀ ਰਿਲੀਜ਼ ਕੀਤਾ ਜਾ ਰਿਹਾ ਹੈ, ਜਿਸਨੂੰ ਤੁਸੀਂ ਯੂਟਿਊਬ ਦੇ ਬਲਧੀਰ ਮਾਹਲਾ ਆਫਿਸ਼ੀਅਲ ਚੈਨਲ 'ਤੇ ਦੇਖ ਸਕੋਗੇ।ਇਸ ਮੌਕੇ ਬਿੰਦਰ ਸਿੰਘ ਗੋਲੇਵਾਲਾ ਸੂਬਾ ਪ੍ਰਧਾਨ ਕੌਮੀ ਕਿਸਾਨ ਯੂਨੀਅਨ ਨੇ ਕਿਹਾ ਕਿ ਉਹ ਸਾਰੀਆਂ ਕਿਸਾਨ ਜਥੇਬੰਦੀਆਂ ਦਾ ਬਹੁਤ ਸਤਿਕਾਰ ਕਰਦੇ ਹਨ ਤੇ ਉਨ੍ਹਾਂ ਨੇ ਦੂਸਰੀਆਂ ਜਥੇਬੰਦੀਆਂ ਵਿੱਚ ਬਹੁਤ ਲੰਮਾਂ ਕੰਮ ਵੀ ਕੀਤਾ ਹੈ।ਉਨ੍ਹਾ ਕਿਹਾ ਅੱਜ ਬਹੁਤ ਖੁਸ਼ੀ ਕਿ ਸਾਡੇ ਨਵੇਂ ਪੁਰਾਣੇ ਸੱਜਣ ਜੋ ਦੂਸਰੀਆਂ ਜਥੇਬੰਦੀਆਂ ਵਿੱਚੋਂ ਕੌਮੀ ਕਿਸਾਨ ਯੂਨੀਅਨ ਵਿੱਚ ਸ਼ਾਮਲ ਹੋਣ ਨਾਲ ਜਥੇਬੰਦੀ ਨੂੰ ਜਿੱਥੇ ਬੜਾਵਾ ਮਿਲਿਆ ਹੈ, ਉਥੇ ਜਥੇਬੰਦੀ ਹੋਰ ਵੀ ਜ਼ੁੰਮੇਵਾਰੀ ਤੇ ਮਜ਼ਬੂਤੀ ਨਾਲ ਕਿਸਾਨ ਮਜ਼ਦੂਰਾਂ ਦੇ ਫਰਜ਼ਾਂ ਪ੍ਰਤੀ ਪਹਿਲ ਦੇ ਅਧਾਰ 'ਤੇ ਆਪਣੀਆਂ ਸੇਵਾਵਾਂ ਨਿਭਾਉਂਦੀ ਰਹੇਗੀ।

# ਵਿਦਿਆਰਥਣਾਂ ਨੇ ਕੀਤੀ ਸਾਇੰਸ ਸਿਟੀ ਦੀ ਯਾਤਰਾ



**ਬੁਢਲਾਡਾ (ਅਸ਼ੋਕ ਲਾਕੜਾ)**-ਸਰਕਾਰੀ ਸੈਨੀਅਰ ਸੈਕੰਡਰੀ ਸਕੂਲ (ਲੜਕੀਆਂ) ਦੀਆਂ ਵਿਦਿਆਰਥਣਾਂ ਨੂੰ ਸਾਇੰਸ ਸਿਟੀ ਕਪੂਰਥਲਾ ਦਾ ਦੌਰਾ ਕਰਵਾਇਆ ਗਿਆ।ਇਸ ਮੌਕੇ ਪ੍ਰਿੰਸੀਪਲ ਗੁਰਮੀਤ ਸਿੰਘ ਨੇ ਦੱਸਿਆ ਕਿ ਪੁਸ਼ਪਾ ਗੁਜਰਾਲ ਸਾਇੰਸ ਸਿਟੀ ਭਾਰਤ ਦੇ ਸਭ ਤੋਂ ਵੱਡੇ ਵਿਗਿਆਨ ਸ਼ਹਿਰਾਂ ਵਿੱਚੋਂ ਇੱਕ ਹੈ, ਜਿਸ ਦਾ ਨਾਮ ਸਾਬਕਾ ਪ੍ਰਧਾਨ ਮੰਤਰੀ ਸ੍ਰੀ ਇੰਦਰ ਕੁਮਾਰ ਗੁਜਰਾਲ ਦੀ ਮਾਤਾ ਦੇ ਨਾਂ 'ਤੇ ਰੱਖਿਆ ਗਿਆ।ਇਹ ਭਾਰਤ ਦੇ ਪੰਜਾਬ ਰਾਜ ਦੇ ਕਪੂਰਥਲਾ ਜ਼ਿਲ੍ਹੇ ਵਿੱਚ ਜਲੰਧਰ ਕਪੂਰਥਲਾ ਸੜਕ 'ਤੇ ਸਥਿਤ ਹੈ ਤੇ ਇਹ ਵਿਗਿਆਨ ਸ਼ਹਿਰ ਭਾਰਤ ਦਾ ਦੂਜਾ ਸਭ ਤੋਂ ਵੱਡਾ ਵਿਗਿਆਨ ਸ਼ਹਿਰ ਹੈ। ਯਾਤਰਾ ਦੌਰਾਨ ਵਿਸਥਾਰ ਜਾਣਕਾਰੀ ਦਿੰਦਿਆਂ ਸਾਇੰਸ ਅਧਿਆਪਕ ਨਿਸ਼ਾ ਰਾਣੀ, ਸ਼ਾਲੀਨਾ ਰਾਣੀ ਤੇ ਨਰਿੰਦਰ ਸਿੰਘ ਨੇ ਦੱਸਿਆ ਕਿ ਇਸ ਸਾਇੰਸ ਯਾਤਰਾ ਦਾ ਮੁੱਖ ਉਦੇਸ਼ ਸਿੱਖਿਆ ਦੇ ਨਾਲ ਨਾਲ ਮਨੋਰੰਜਨ ਪ੍ਰਦਾਨ ਕਰਨਾ ਹੈ। ਪੁਸ਼ਪਾ ਗੁਜਰਾਲ ਸਾਇੰਸ ਸਿਟੀ ਉਤਸੁਕਤਾ ਤੇ ਸਿੱਖਿਆ ਦਾ ਇੱਕ ਪ੍ਰਸਿੱਧ ਮਿਸ਼ਰਣ ਹੈ।ਇੱਥੇ ਮੁੱਖ ਆਕਰਸ਼ਣਾਂ ਵਿੱਚ ਇੱਕ 18 ਫੁੱਟ ਲੰਬਾ ਡਾਇਨਾਸੌਰ ਤੇ ਇੱਕ ਜੀਐੱਸਐੱਲਵੀ ਮਿਜ਼ਾਈਲ ਦਾ ਇੱਕ ਮਾਡਲ ਸ਼ਾਮਲ ਹੈ।ਮਿਊਜ਼ੀਅਮ ਵਿੱਚ 26 ਲੱਖ ਟਾਈਲਾਂ ਨਾਲ ਬਣਿਆ ਇੱਕ ਵਿਸ਼ਾਲ ਗਲੋਬ ਵੀ ਸਥਿਤ ਹੈ।ਇੱਥੇ ਇੱਕ ਚਿਲਡਰਨ ਪਾਰਕ ਵੀ ਹੈ, ਜਿਸ ਵਿੱਚ ਕਈ ਤਰ੍ਹਾਂ ਦੇ ਝੂਲੇ, ਸਵਾਰੀਆਂ, ਟ੍ਰੈਂਪੋਲਿਨ ਆਦਿ ਬੱਚਿਆਂ ਨੂੰ ਆਕਰਸ਼ਤ ਕਰਦੇ ਹਨ।ਇਸ ਤੋਂ ਇਲਾਵਾ ਇੱਥੇ ਇੱਕ ਨਕਲੀ ਝੀਲ ਵੀ ਹੈ, ਜਿਸ ਵਿੱਚ ਵਿਦਿਆਰਥਣਾਂ ਨੇ ਬੋਟਿੰਗ ਦਾ ਆਨੰਦ ਮਾਣਿਆ।

# ਪ੍ਰਤਾਪ ਸਿੰਘ ਟੀ ਐੱਸ ਯੂ ਸਬ ਡਵੀਜ਼ਨ ਮਖੂ ਦੇ ਪ੍ਰਧਾਨ ਚੁਣੇ



**ਮੱਖੂ (ਰਛਪਾਲ ਸਿੰਘ ਸੰਧੂ)** : ਟੈਕਨੀਕਲ ਸਰਵਿਸਜ਼ ਯੂਨੀਅਨ ਸਬ ਡਵੀਜ਼ਨ ਮਖੂ ਦੇ ਪ੍ਰਧਾਨ ਦੀ ਚੋਣ ਸਬੰਧੀ ਮੀਟਿੰਗ ਡਵੀਜ਼ਨ ਪ੍ਰਧਾਨ ਸੁਖਦੇਵ ਸਿੰਘ ਲੋਹਕਾ ਦੀ ਅਗਵਾਈ ਹੇਠ ਹੋਈ। ਮੀਟਿੰਗ ਦੌਰਾਨ ਸਬ ਡਵੀਜ਼ਨ ਮਖੂ ਦੇ ਪ੍ਰਧਾਨ ਸੁਖਵਿੰਦਰ ਸਿੰਘ ਘੁੱਦੂਵਾਲਾ ਦੇ ਸੇਵਾ ਮੁਕਤ ਹੋਣ ਕਾਰਨ ਉਨ੍ਹਾਂ ਨੂੰ ਪ੍ਰਧਾਨਗੀ ਤੋਂ ਖਾਰਜ ਕਰਨ ਉਪਰੰਤ ਜਨਰਲ ਹਾਊਸ ਦੀ ਮੀਟਿੰਗ ਕਰਕੇ ਸਰਬਸੰਮਤੀ ਨਾਲ ਨਵੇਂ ਪ੍ਰਧਾਨ ਦੀ ਚੋਣ ਕੀਤੀ ਗਈ, ਜਿਸ ਵਿੱਚ ਸਬ ਡਵੀਜ਼ਨ ਮਖੂ ਦੇ ਪ੍ਰਧਾਨ ਪ੍ਰਤਾਪ ਸਿੰਘ ਨੂੰ ਨਿਯੁਕਤ ਕਰਨ ਤੋਂ ਬਾਅਦ ਸੀਨੀਅਰ ਮੀਤ ਪ੍ਰਧਾਨ ਬਲਵੀਰ ਸਿੰਘ, ਮੀਤ ਪ੍ਰਧਾਨ ਜਸਬੀਰ ਸਿੰਘ ਪੱਟੀ, ਸਕੱਤਰ ਜੀਵਨਜੀਤ ਸਿੰਘ, ਸਹਾਇਕ ਸਕੱਤਰ ਗੁਰਚਾਨਣ ਸਿੰਘ, ਖਜ਼ਾਨਚੀ ਸੁਖਦੇਵ ਸਿੰਘ ਗਿੱਲ, ਸਹਾਇਕ ਖਜ਼ਾਨਚੀ ਗੁਰਪ੍ਰੀਤ ਸਿੰਘ, ਮੁੱਖ ਸਲਾਹਕਾਰ ਬਲਕਾਰ ਸਿੰਘ ਚੁਣੇ ਗਏ। ਇਸ ਮੌਕੇ ਸਬ ਡਵੀਜ਼ਨ ਮਖੂ ਦੇ ਮੈਂਬਰ ਉਪਦੇਸ਼ ਕੁਮਾਰ, ਜੋਗਿੰਦਰ ਸਿੰਘ, ਸਰਵਨ ਸਿੰਘ ਲੋਹਕਾ, ਗੁਰਬਾਜ ਸਿੰਘ, ਜਗਜੀਤ ਸਿੰਘ, ਨਛੱਤਰ ਸਿੰਘ, ਵਿਜੇ ਕੁਮਾਰ, ਗੁਰਮੀਤ ਸਿੰਘ, ਸਰਬਜੀਤ ਸਿੰਘ, ਪਵਨ, ਸਲਵਿੰਦਰ ਸਿੰਘ, ਬਲਜੀਤ ਸਿੰਘ, ਸਤਨਾਮ ਸਿੰਘ, ਰਾਜ, ਸੁਖਦੇਵ ਸਿੰਘ, ਵਿਜੇ ਸਿੰਘ, ਬਲਰਾਜ ਸਿੰਘ, ਰਕੇਸ਼ ਸਿੰਘ ਆਦਿ ਹਾਜ਼ਰ ਸਨ।

# ਮੰਗਾਂ ਨੂੰ ਲੈ ਕੇ ਸਿਵਲ ਗਨਮੈਨ ਤੇ ਗਾਰਡ ਕੰਟਰੈਕਟ ਵਰਕਰ ਯੂਨੀਅਨ ਦੀ ਮੀਟਿੰਗ



**ਗੁਰੂ ਹਰਸਹਾਏ, (ਫ਼ਕੀਰ ਚੰਦ ਸਿਕਰੀ)**-ਸਿਵਲ ਗਨਮੈਨ ਤੇ ਗਾਰਡ ਕੰਟਰੈਕਟ ਵਰਕਰ ਯੂਨੀਅਨ ਪੰਜਾਬ ਦੀ ਮੀਟਿੰਗ ਗੁਰੂਘਰ ਸਾਰਾਗੜ੍ਹੀ ਗੁਰਦੁਆਰਾ ਸਾਹਿਬ ਵਿਖੇ ਪ੍ਰਧਾਨ ਪਰਗਟ ਸਿੰਘ ਤੇ ਖਜ਼ਾਨਚੀ ਪੰਜਾਬ ਪਰਮਿੰਦਰ ਸਿੰਘ ਤੇ ਮੀਤ ਪ੍ਰਧਾਨ ਲਵਪ੍ਰੀਤ ਸਿੰਘ ਤੇ ਪ੍ਰੈੱਸ ਸਕੱਤਰ ਗੁਰਤੇਜ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਪੰਜਾਬ ਦੀ ਲੀਡਰਸ਼ਿਪ ਨੇ ਭਾਗ ਲਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੰਜਾਬ ਪ੍ਰਧਾਨ ਲਛਮਣ ਸਿੰਘ ਧੂਰੀ ਤੇ ਮੀਤ ਪ੍ਰਧਾਨ ਦੀਦਾਰ ਸਿੰਘ, ਚੀਫ ਐਡਵਾਈਜ਼ਰ ਮਦਨਜੀਤ ਸਿੰਘ, ਸਟੇਜ ਸੈਕਟਰੀ ਗੁਰਮੀਤ ਸਿੰਘ ਬਠਿੰਡਾ, ਅਵਤਾਰ ਸਿੰਘ ਸਰਪੰਚ, ਪ੍ਰਧਾਨ ਦਵਿੰਦਰ ਸਿੰਘ, ਪ੍ਰਧਾਨ ਬਲਕਰਨ ਸਿੰਘ ਤੇ ਪ੍ਰਧਾਨ ਜਗਮੀਤ ਸਿੰਘ, ਪ੍ਰਧਾਨ ਦਿਲਬਾਗ ਸਿੰਘ ਮਾਨਸਾ, ਪ੍ਰਧਾਨ ਅਮਰੀਕ ਸਿੰਘ ਸੰਗਰੂਰ ਨੇ ਹਾਜ਼ਰੀ ਲਗਵਾਈ। ਇਸ ਮੀਟਿੰਗ ਵਿੱਚ ਪੰਜਾਬ ਸਰਕਾਰ ਤੋਂ ਤਨਖਾਹ ਵਧਾਉਣ ਬਾਰੇ ਤੇ ਹੋਰ ਕਈ ਸਮੱਸਿਆਵਾਂ ਸਬੰਧੀ ਪਹੁੰਚੇ ਸਮੂਹ ਅਹੁਦੇਦਾਰਾਂ ਵੱਲੋਂ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਸਿਵਲ ਗਨਮੈਨ ਤੇ ਗਾਰਡ ਕੰਟੈਕਟ ਵਰਕਰ ਯੂਨੀਅਨ ਦੇ ਸਮੂਹ ਅਹੁਦੇਦਾਰਾਂ ਨੇ ਕਿਹਾ ਕਿ ਜੇਕਰ ਜਲਦ ਹੀ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਦੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ ਆਉਣ ਵਾਲੇ ਦਿਨਾਂ ਵਿੱਚ ਉਹ ਤਿੱਖਾ ਸੰਘਰਸ਼ ਕਰਨ ਲਈ ਮਜਬੂਰ ਹੋਣਗੇ। ਇਸ ਮੀਟਿੰਗ ਵਿੱਚ ਪੰਜਾਬ ਪ੍ਰਧਾਨ ਲਛਮਣ ਸਿੰਘ ਧੂਰੀ ਤੇ ਪ੍ਰਧਾਨ ਦੀਦਾਰ ਸਿੰਘ ਨੂੰ ਗਰਮ ਲੋਈ ਤੇ ਸਨਮਾਨ ਚਿੰਨ੍ਹ ਦੇ ਕੇ ਉਨ੍ਹਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ ਤੇ ਪੁਰਾਣੇ ਰਹਿ ਚੁੱਕੇ ਕੈਸ਼ੀਅਰ ਅਮਰੀਕ ਸਿੰਘ ਦਾ ਵੀ ਸਰੋਪਾ ਪਾ ਕੇ ਸਨਮਾਨ ਕੀਤਾ ਗਿਆ। ਇਸ ਮੀਟਿੰਗ ਵਿੱਚ ਹੋਰਾਂ ਤੋਂ ਇਲਾਵਾ ਸਲਾਹਕਾਰ ਮਨਜੀਤ ਸਿੰਘ, ਬਲਜਿੰਦਰ ਸਿੰਘ ਸੰਧੂ, ਜਗਤਾਰ ਸਿੰਘ ਮਾਨਸਾ, ਰੇਸ਼ਮ ਸਿੰਘ, ਗਣੇਸ਼ ਕੁਮਾਰ ਕੈਸ਼ੀਅਰ, ਕਰਨਵੀਰ ਸਿੰਘ, ਹਰਪ੍ਰੀਤ ਸਿੰਘ, ਮਨਜੀਤ ਸਿੰਘ ਮੁਦਕੀ, ਧਰਮ ਸਿੰਘ ਪਟਿਆਲਾ, ਜਸਵੰਤ ਸਿੰਘ ਹੋਰ ਮੈਂਬਰ ਤੇ ਆਗੂ ਹਾਜ਼ਰ ਹੋਏ।

# ਰੂਪ ਵਾਟਿਕਾ ਸਕੂਲ 'ਚ ਵਿਦਿਆਰਥੀਆਂ ਨੂੰ ਵਿਦਾਇਗੀ ਪਾਰਟੀ

**ਜਗਰਾਉਂ, (ਅਮਿਤ ਖੰਨਾ)**-ਰੂਪ ਵਾਟਿਕਾ ਸੀਨੀਅਰ ਸੈਕੰਡਰੀ ਸਕੂਲ ਜਗਰਾਉਂ ਦੇ ਪ੍ਰਿੰਸੀਪਲ ਵਿਮੀ ਠਾਕੁਰ ਦੀ ਯੋਗ ਅਗਵਾਈ ਹੇਠ ਸਕੂਲ ਦੇ ਆਡੀਟੋਰੀਅਮ ਵਿੱਚ 11ਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਲਈ ਵਿਦਾਇਗੀ ਪਾਰਟੀ 'ਫਿਊਚਰ ਫੋਰਗ' ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸਕੂਲ ਦੇ ਪ੍ਰਿੰਸੀਪਲ ਵਿਮੀ ਠਾਕੁਰ ਤੇ ਸਵਾਮੀ ਰੂਪ ਚੰਦ ਜੈਨ ਸਕੂਲ ਦੇ ਪ੍ਰਿੰਸੀਪਲ ਰਾਜਪਾਲ ਕੌਰ ਸ਼ਾਮਲ ਹੋਏ। ਸਭ ਤੋਂ ਪਹਿਲਾਂ ਗਿਆਰਵੀਂ ਜਮਾਤ ਦੇ ਵਿਦਿਆਰਥੀਆਂ ਨੇ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਦਾ ਸਵਾਗਤ ਕੀਤਾ। ਇਸ ਤੋਂ ਬਾਅਦ ਗਿਆਰਵੀਂ ਤੇ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਨੇ ਗਰੁੱਪ ਡਾਂਸ, ਸੋਲੋ ਡਾਂਸ, ਭਾਸ਼ਣ, ਫਨੀ ਡਾਂਸ ਤੇ ਭੰਗੜਾ ਪੇਸ਼ ਕੀਤਾ। ਉਪਰੰਤ ਬਾਰਵੀਂ ਦੇ ਬੱਚਿਆਂ ਨੇ ਰੈਂਪ ਵਾਕ ਕੀਤੀ, ਜਿਸ 'ਚ ਜੈਸਮੀਨ ਕੌਰ ਮਿਸ ਫੇਅਰਵੈੱਲ ਤੇ ਤੁਸ਼ਾਰ ਕੁਮਾਰ ਮਿਸਟਰ ਫੇਅਰਵੈੱਲ ਚੁਣੇ ਗਏ। ਬਾਰਵੀਂ ਜਮਾਤ ਦੇ ਮਿਸਟਰ ਐਲੀਗੈਂਟ ਗੁਰਪ੍ਰਤਾਪ ਸਿੰਘ ਤੇ ਹਿਮਾਂਸ਼ੀ ਮਲਹੋਤਰਾ ਮਿਸ ਐਲੀਗੈਂਟ ਚੁਣੇ ਗਏ। 12ਵੀਂ ਜਮਾਤ ਦੇ ਅੰਕਿਤ ਮਿਸਟਰ ਸਟਾਈਲਿਸ਼ ਤੇ ਮਿਸ ਸਟਾਈਲਿਸ਼ ਪਲਵਿੰਦਰ ਕੌਰ ਚੁਣੇ ਗਏ। ਸਕੂਲ ਦੇ ਪ੍ਰਿੰਸੀਪਲ ਵਿਮੀ ਠਾਕੁਰ ਨੇ ਵਿਦਿਆਰਥੀਆਂ ਨੂੰ ਸ਼ੁੱਭਕਾਮਨਾ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਸਖਤ ਮਿਹਨਤ ਤੇ ਅਨੁਸ਼ਾਸਨ ਸਦਕਾ ਹੀ ਜ਼ਿੰਦਗੀ ਵਿੱਚ ਸਫਲਤਾ ਪ੍ਰਾਪਤ ਕੀਤੀ ਜਾ ਸਕਦੀ ਹੈ। ਉਨ੍ਹਾਂ ਬੱਚਿਆਂ ਨੂੰ ਕਿਹਾ ਕਿ ਉਹ ਆਪਣੀ ਮਿਹਨਤ ਸਦਕਾ ਹੀ ਆਪਣੀ ਮੰਜ਼ਲ ਪਾ ਸਕਦੇ ਹਨ ਤੇ ਆਉਣ ਵਾਲੇ ਸਮੇਂ ਵਿੱਚ ਸਫਲ ਹੋ ਸਕਦੇ ਹਨ।



# ਵਿਧਾਇਕ ਕਾਕਾ ਬਰਾੜ ਨੇ ਕੈਂਪ ਦਾ ਲਿਆ ਜਾਇਜ਼ਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ ਪਰਮਜੀਤ ਸਿੰਘ/ ਪੂਜਾ/ ਚਾਵਲਾ)** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਬਰੂਹਾਂ 'ਤੇ ਪਹੁੰਚ ਕੇ ਸਮੱਸਿਆਵਾਂ ਦੇ ਹੱਲ ਲਈ 'ਸਰਕਾਰ ਤੁਹਾਡੇ ਦੁਆਰ' ਪ੍ਰੋਗਰਾਮ ਤਹਿਤ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਪਿੰਡ ਫੱਤਣਵਾਲਾ ਤੇ ਵਧਾਈ ਵਿਖੇ ਕੈਂਪਾਂ ਦਾ ਆਯੋਜਨ ਕੀਤਾ ਗਿਆ। ਇਨ੍ਹਾਂ ਕੈਂਪਾਂ ਦੀ ਪ੍ਰਧਾਨਗੀ ਜਗਦੀਪ ਸਿੰਘ ਕਾਕਾ ਬਰਾੜ ਵਿਧਾਇਕ ਸ੍ਰੀ ਮੁਕਤਸਰ ਸਾਹਿਬ ਨੇ ਕੀਤੀ।ਉਨ੍ਹਾ ਦੱਸਿਆ ਕਿ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਖੱਜਲ-ਖੁਆਰੀ ਤੋਂ ਰੋਕਣ ਲਈ ਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਜਲਦੀ ਹੱਲ ਲਈ ਸਰਕਾਰ ਵੱਲੋਂ 'ਸਰਕਾਰ ਤੁਹਾਡੇ ਦੁਆਰ' ਪ੍ਰੋਗਰਾਮ ਉਲੀਕਿਆ ਗਿਆ ਹੈ, ਤਾਂ ਜੋ ਲੋਕਾਂ ਨੂੰ ਦਫਤਰਾਂ ਵਿੱਚ ਆਉਣ ਦੀ ਬਜਾਏ ਸਰਕਾਰ ਖੁਦ ਲੋਕਾਂ ਤੱਕ ਪਹੁੰਚ ਕੇ ਉਨ੍ਹਾਂ ਦੀਆਂ ਸਮੱਸਿਆਵਾ ਦਾ ਮੌਕੇ 'ਤੇ ਹੱਲ ਕੀਤਾ ਜਾ ਸਕੇ।

ਸ. ਬਰਾੜ ਨੇ ਕਿਹਾ ਕਿ ਇਨ੍ਹਾਂ ਕੈਂਪਾਂ ਦਾ ਮਕਸਦ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਨੇੜੇ ਤੇ ਇੱਕੋ ਛੱਤ ਥੱਲੇ ਸਕੀਮਾਂ ਦਾ ਲਾਭ ਮੁਹੱਈਆ ਕਰਾਉਣਾ ਹੈ, ਲੋਕਾਂ ਦੀਆਂ ਮੁਸ਼ਕਲਾਂ ਸੁਣਨਾ ਅਤੇ ਉਨ੍ਹਾਂ ਦਾ ਹੱਲ ਕਰਨਾ ਹੈ।ਉਨ੍ਹਾਂ ਸਾਰੇ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਉਹ ਕੈਂਪ ਵਿੱਚ ਪ੍ਰਾਪਤ ਯੋਗ ਅਰਜ਼ੀਆਂ ਦਾ ਪਹਿਲ ਦੇ ਆਧਾਰ 'ਤੇ ਨਿਪਟਾਰਾ ਕੀਤਾ ਜਾਵੇ।ਇਸ ਮੌਕੇ ਉਨ੍ਹਾਂ ਸਮੂਹ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਇਨ੍ਹਾਂ ਕੈਂਪਾਂ ਵਿੱਚ ਪਹੁੰਚ ਕੇ ਸਰਕਾਰ ਵੱਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਸੇਵਾਵਾਂ ਦਾ ਲਾਹਾ ਲਿਆ ਜਾਵੇ।

# ਚੋਰੀ ਕਰਨ ਦੇ ਦੋਸ਼ ਹੇਠ ਦੋ ਕਾਬੂ

**ਮਲੋਟ, (ਗੁਰਮੀਤ ਸਿੰਘ ਮੱਕੜ)**-ਸਥਾਨਕ ਥਾਣਾ ਸਿਟੀ ਪੁਲਸ ਨੇ ਚੋਰੀ ਦੇ ਦੋਸ਼ ਹੇਠ ਦੋ ਵਿਅਕਤੀਆਂ ਨੂੰ ਕਾਬੂ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਅਜੈਪਾਲ ਸਿੰਘ ਵਾਸੀ ਦਸ਼ਮੇਸ਼ ਕਲੋਨੀ ਮਲੋਟ ਨੇ ਦੱਸਿਆ ਕਿ ਉਨ੍ਹਾਂ ਦਾ ਇੱਕ ਮਕਾਨ ਦਸ਼ਮੇਸ਼ ਕਲੋਨੀ ਵਿਚ ਰਿਹਾਇਸ਼ ਦੇ ਨਾਲ ਹੈ, ਜਿਸ ਵਿਚ ਕਮਰੇ ਬਣੇ ਹੋਏ ਹਨ, ਜਿਨ੍ਹਾਂ ਵਿਚ ਸੈਨਟਰੀ ਅਤੇ ਲੱਕੜੀ ਦਾ ਕੰਮ ਚੱਲ ਰਿਹਾ ਹੈ ਅਤੇ ਇੱਕ ਪੇਟੀ ਲੋਹੇ ਦੀ ਪਈ ਹੈ, ਜਿਸ ਵਿਚ ਘਰੇਲੂ ਸਮਾਨ ਪਿਆ ਹੈ। ਉਸ ਨੇ ਦੱਸਿਆ ਕਿ 12 ਫਰਵਰੀ ਦੀ ਰਾਤ ਉਹ ਸਾਰਾ ਪਰਵਾਰ ਰੋਟੀ ਖਾ ਕੇ ਸੌਂ ਗਏ। ਜਦੋਂ ਸਵੇਰੇ ਉਠ ਕੇ ਆਪਣੇ ਨਾਲ ਵਾਲੇ ਮਕਾਨ ਵਿਚ ਗੇੜਾ ਮਾਰਨ ਗਿਆ ਤਾਂ ਉਸ ਦੇ ਮਕਾਨ ਦੀ ਬਾਰੀ ਟੁੱਟੀ ਹੋਈ ਸੀ। ਜਦੋਂ ਉਸ ਨੇ ਅੰਦਰ ਜਾ ਕੇ ਦੇਖਿਆ ਤਾਂ ਪੇਟੀ ਵਿਚਲਾ ਸਮਾਨ ਖਿਲਰਿਆ ਪਿਆ ਸੀ। ਜਦੋਂ ਉਸ ਨੇ ਸਮਾਨ ਦੀ ਜਾਂਚ ਕੀਤੀ ਤਾਂ ਉਸ ਵਿਚੋਂ 6 ਗਲਾਸ ਛੋਟੇ ਚਾਂਦੀ ਵਾਲੇ, 5 ਚਾਂਦੀ ਦੇ ਸਿੱਕੇ ਪੁਰਾਣੇ, 2 ਮੁੰਦਰੀਆਂ ਮਰਦਾਨਾ ਸੋਨਾ, ਇੱਕ ਮੁੰਦਰੀ ਜਨਾਨਾ ਸੋਨਾ ਅਤੇ ਮਕਾਨ ਵਿਚੋਂ ਚਾਰ ਬੰਡਲ ਤਾਰਾਂ ਬਿਜਲੀ ਵਾਲੀਆਂ, 5 ਗੇਟ ਲਾਕ ਨਵੇਂ, 2 ਮਿਕਚਰ ਅਣਪਛਾਤੇ ਵਿਅਕਤੀ ਚੋਰੀ ਕਰਕੇ ਲੈ ਗਏ। ਪੁਲਸ ਨੇ ਬਿਆਨਾਂ ਦੇ ਆਧਾਰ 'ਤੇ ਮੁਕੱਦਮਾ ਦਰਜ ਕਰਕੇ ਕਾਰਵਾਈ ਕਰਦੇ ਹੋਏ ਚੋਰੀ ਨੂੰ ਅੰਜਾਮ ਦੇਣ ਵਾਲੇ ਸੁਖਜੀਤ ਸਿੰਘ ਵਾਸੀ ਸ਼ਸੀ ਚੰਦ ਨਗਰ ਮਲੋਟ ਅਤੇ ਧਰਮਪਾਲ ਵਾਸੀ ਨੇੜੇ ਬੁਰਜਾਂ ਫਾਟਕ ਮਲੋਟ ਨੂੰ ਕਾਬੂ ਕਰ ਲਿਆ ਗਿਆ।

# ਭਾਰਤ ਬੰਦ ਨੂੰ ਸਫਲ ਬਣਾਉਣ ਲਈ ਪੈਰਾ ਮੈਡੀਕਲ ਕਾਮਿਆਂ ਦੀ ਮੀਟਿੰਗ



**ਅਜੀਤਵਾਲ (ਨਛੱਤਰ ਸੰਧੂ)**-ਸੰਯੁਕਤ ਕਿਸਾਨ ਮੋਰਚਾ, ਕੇਂਦਰੀ ਟਰੇਡ ਯੂਨੀਅਨਾਂ, ਫੈਡਰੇਸ਼ਨਾਂ ਤੇ ਅਜ਼ਾਦ ਜਥੇਬੰਦੀਆਂ ਵੱਲੋਂ ਕੇਂਦਰ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਖਿਲਾਫ 16 ਫਰਵਰੀ ਨੂੰ ਦਿੱਤੇ ਗਏ ਭਾਰਤ ਬੰਦ ਤੇ ਹੜਤਾਲ ਦੇ ਸੱਦੇ ਨੂੰ ਸਫਲ ਬਣਾਉਣ ਲਈ ਬਲਾਕ ਢੁੱਡੀਕੇ ਵਿਖੇ ਮਲਟੀਪਰਪਜ਼ ਹੈਲਥ ਇੰਪਲਾਈਜ਼ ਯੂਨੀਅਨ ਦੇ ਸੂਬਾ ਪ੍ਰਧਾਨ ਕੁਲਬੀਰ ਸਿੰਘ ਢਿੱਲੋਂ ਦੀ ਅਗਵਾਈ ਵਿੱਚ ਮੀਟਿੰਗ ਹੋਈ, ਜਿਸ ਵਿੱਚ ਉਨ੍ਹਾਂ ਕਿਹਾ ਕਿ ਭਾਰਤ ਬੰਦ ਦੇ ਮੱਦੇਨਜ਼ਰ ਵਿਆਪਕ ਪੱਧਰ 'ਤੇ ਲੱਗਣ ਜਾ ਰਹੇ ਸੜਕ/ਚੱਕਾ ਜਾਮ ਵਿੱਚ ਸਿਹਤ ਵਿਭਾਗ ਦੀਆਂ ਸਾਰੀਆਂ ਧਿਰਾਂ ਵਧ ਚੜ੍ਹ ਕੇ ਹਿੱਸਾ ਲੈਣਗੀਆਂ।

ਇਸ ਮੀਟਿੰਗ ਵਿੱਚ ਡਾ. ਸਤਵੰਤ ਸਿੰਘ, ਐੱਸ ਆਈ ਚਮਕੌਰ ਸਿੰਘ, ਦਲਜੀਤ ਸਿੰਘ, ਹਰਪ੍ਰੀਤ ਸਿੰਘ, ਜਗਤਾਰ ਸਿੰਘ, ਬਲਦੀਪ ਸਿੰਘ, ਭਵਨਦੀਪ ਸਿੰਘ, ਸ਼ਿਵ ਬਹਾਦਰ, ਜਸਵਿੰਦਰ ਕੌਰ, ਜਸਵੀਰ ਕੌਰ, ਮਨਪ੍ਰੀਤ ਕੌਰ, ਇੰਦਰਜੀਤ ਕੌਰ, ਗੁਰਮੀਤ ਕੌਰ ਹਾਜ਼ਰ ਸਨ।

# ਕਹਾਣੀਕਾਰ ਸੁਖਜੀਤ ਨੂੰ ਸੈਂਕੜੇ ਲੋਕਾਂ ਵੱਲੋਂ ਨਮ ਅੱਖਾਂ ਨਾਲ ਅੰਤਮ ਵਿਦਾਇਗੀ

## *ਪੁੱਤਰੀ ਜਪਜੀ ਨੇ ਚਿਖ਼ਾ ਨੂੰ ਦਿਖਾਈ ਅਗਨੀ*



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਪੰਜਾਬੀ ਦੇ ਪ੍ਰਸਿੱਧ ਸਾਹਿਤਕਾਰ ਤੇ ਭਾਰਤ ਸਾਹਿਤ ਅਕਾਦਮੀ ਐਵਾਰਡ ਜੇਤੂ ਸੁਖਜੀਤ, ਜਿਨ੍ਹਾਂ ਦੀ ਬੀਤੇ ਦਿਨ ਚੰਡੀਗੜ੍ਹ ਪੀ.ਜੀ.ਆਈ. ਵਿਖੇ ਹਾਰਟ ਅਟੈਕ ਆਉਣ ਨਾਲ ਮੌਤ ਹੋ ਗਈ ਸੀ, ਮੰਗਲਵਾਰ ਉਨ੍ਹਾਂ ਨੂੰ ਮਾਛੀਵਾੜਾ ਦੇ ਸਮਸ਼ਾਨ ਘਾਟ ਵਿਖੇ ਸੈਂਕੜੇ ਲੋਕਾਂ ਨੇ ਨਮ ਅੱਖਾਂ ਨਾਲ ਅੰਤਮ ਵਿਦਾਇਗੀ ਦਿੱਤੀ ਅਤੇ ਉਨ੍ਹਾਂ ਦੀ ਪੁੱਤਰੀ ਜਪਜੀ ਨੇ ਚਿਖ਼ਾ ਨੂੰ ਅਗਨੀ ਦਿਖਾਈ। ਇਕੱਤਰ ਕੀਤੀ ਜਾਣਕਾਰੀ ਮੁਤਾਬਿਕ ਕਰੀਬ 1 ਵਜੇ ਲੰਮੇ ਕਾਫਿਲੇ ਨਾਲ ਸੁਖਜੀਤ ਦੀ ਮ੍ਰਿਤਕ ਦੇਹ ਨੂੰ ਸ਼ਮਸ਼ਾਨਘਾਟ ਲਿਆਂਦਾ ਗਿਆ, ਜਿੱਥੇ ਪੰਜਾਬ ਭਰ ਤੋਂ ਪੰਜਾਬੀ ਲੇਖਕਾਂ ਤੇ ਹੋਰ ਵੱਖ-ਵੱਖ ਖੇਤਰਾਂ ਨਾਲ ਜੁੜੀਆਂ ਸ਼ਖ਼ਸੀਅਤਾਂ ਨੇ ਫੁੱਲ ਮਾਲਾਵਾਂ ਤੇ ਚਾਦਰਾਂ ਭੇਟ ਕਰਕੇ ਸ਼ਰਧਾਂਜਲੀ ਦਿੱਤੀ। ਅਮੋਲਕ ਸਿੰਘ ਪਲਸ ਮੰਚ ਵੱਲੋਂ ਸੁਖਜੀਤ ਤੇਰੀ ਕਹਾਣੀ ਸਦਾ ਲਈ ਚੱਲਦੀ ਰਹੇਗੀ ਦੇ ਨਾਅਰੇ ਲਗਾਏ ਗਏ। ਇਸ ਮੌਕੇ ਮਾਹੌਲ ਬਹੁਤ ਹੀ ਗ਼ਮਗੀਨ ਸੀ, ਜਿੱਥੇ ਸੁਖਜੀਤ ਦੀ ਪਤਨੀ ਗੁਰਦੀਪ ਕੌਰ ਤੇ ਹੋਰ ਰਿਸ਼ਤੇਦਾਰ ਬਿਹਬਲ ਹੋ ਕੇ ਰੋ ਰਹੇ ਸਨ, ਉੱਥੇ ਇਸ ਮੌਕੇ ਪਹੁੰਚੀਆਂ ਸ਼ਖ਼ਸੀਅਤਾਂ ਤੇ ਹਰ ਵਿਅਕਤੀ ਦੀ ਅੱਖ ਨਮ ਸੀ। ਚਿਖ਼ਾ ਨੂੰ ਅਗਨੀ ਦਿਖਾਉਣ ਤੋਂ ਪਹਿਲਾਂ ਗੁਰਸੇਵਕ ਸਿੰਘ ਢਿੱਲੋਂ ਨੇ ਅਰਦਾਸ ਕੀਤੀ। ਇਸ ਮੌਕੇ ਸੁਖਜੀਤ ਦੇ ਭਰਾ ਬਲਵਿੰਦਰ ਸਿੰਘ, ਊਧਮ ਸਿੰਘ ਨਾਲ ਸਾਬਕਾ ਵਿਧਾਇਕ ਜਗਜੀਵਨ ਸਿੰਘ ਖੀਰਨੀਆਂ, ਡਾ. ਲਖਵਿੰਦਰ ਸਿੰਘ ਜੌਹਲ, ਪੰਜਾਬੀ ਲੇਖਕ ਗੁਰਭਜਨ ਗਿੱਲ, ਗੀਤਕਾਰ ਸਮਸ਼ੇਰ ਸਿੰਘ ਸੰਧੂ, ਪ੍ਰਸਿੱਧ ਕਹਾਣੀਕਾਰ ਕ੍ਰਿਪਾਲ ਕਜਾਕ, ਸੁਰਿੰਦਰ ਰਾਮਪੁਰੀ, ਡਾ. ਹਰਜੋਤ ਸਿੰਘ ਪੰਜਾਬੀ ਯੂਨੀਵਰਸਿਟੀ ਪਟਿਆਲਾ, ਡਾ. ਸਰਬਜੀਤ ਸਿੰਘ, ਅਮੋਲਕ ਸਿੰਘ ਪਲਸ ਮੰਚ, ਪਰਮਿੰਦਰ ਸਿੰਘ ਗਿੱਲ, ਨਰਿੰਦਰ ਸ਼ਰਮਾ, ਗਗਨਦੀਪ ਸ਼ਰਮਾ, ਪਰਮਿੰਦਰ ਸਿੰਘ ਗਰੇਵਾਲ, ਦਲਜੀਤ ਸਿੰਘ ਸ਼ਾਹੀ, ਜਸਪ੍ਰੀਤ ਸਿੰਘ ਕਲਾਲ ਮਾਜਰਾ (ਸਾਰੇ ਐਡਵੋਕੇਟ), ਅਦਾਕਾਰ ਗੁਰਵਿੰਦਰ ਮਕਣਾ, ਸਾਬਕਾ ਸਕੱਤਰ ਸਿਮਰਨਜੀਤ ਸਿੰਘ ਕੰਗ, ਰਾਜਵਿੰਦਰ ਸਮਰਾਲਾ, ਚਿੱਤਰਕਾਰ ਜਗਦੀਸ਼ ਸਿੰਘ ਬਰਾੜ, ਤੇਲੂ ਰਾਮ ਕੁਹਾੜਾ, ਰਘਬੀਰ ਸਿੰਘ ਭਰਤ, ਸਾਬਕਾ ਮੈਨੇਜਰ ਗੁਰਮੀਤ ਸਿੰਘ ਕਾਹਲੋਂ, ਹੈੱਡ ਗ੍ਰੰਥੀ ਹਰਪਾਲ ਸਿੰਘ ਗੁਰਮੁੱਖ, ਲੇਖਕ ਗੁਰਦਿਆਲ ਦਲਾਲ, ਉਜਾਗਰ ਸਿੰਘ ਬੈਨੀਪਾਲ, ਦਲਜੀਤ ਸਿੰਘ ਗਿੱਲ (ਦੋਵੇਂ ਸਾਬਕਾ ਪ੍ਰਧਾਨ), ਦਵਿੰਦਰ ਸਿੰਘ ਬਵੇਜਾ, ਸ਼ਿਵ ਕੁਮਾਰ ਸ਼ਿਵਲੀ, ਇੰਦਰਜੀਤ ਸਿੰਘ ਕੰਗ, ਭਾਸ਼ਾ ਅਫ਼ਸਰ ਸਤੀਸ਼ ਸ਼ਰਮਾ, ਬਲਵਿੰਦਰ ਸਿੰਘ ਗਰੇਵਾਲ, ਲਖਵੀਰ ਸਿੰਘ ਗਰੇਵਾਲ, ਦੀਪ ਦਿਲਬਰ, ਰਾਕੇਸ਼ ਕੁਮਾਰ ਗੁਪਤਾ, ਬੁੱਧ ਸਿੰਘ ਨੀਲੋਂ, ਨਿਰੰਜਣ ਸੂਖਮ, ਸਤੀਸ਼ ਗੁਲਾਟੀ, ਸੁਰਜੀਤ ਸੁਮਨ, ਜਸਦੀਪ ਸਿੱਧੂ, ਹਰਵਿੰਦਰ ਚੰਡੀਗੜ੍ਹ, ਸਵਰਨ ਸਿੰਘ ਭੰਗੂ, ਕਮਲਜੀਤ ਨੀਲੋਂ, ਦਰਸ਼ਨ ਬੁੱਟਰ ਆਦਿ ਵੱਲੋਂ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਕਹਾਣੀਕਾਰ ਸੁਖਜੀਤ ਦੀ ਅੰਤਿਮ ਅਰਦਾਸ 21 ਫਰਵਰੀ ਨੂੰ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਮਾਛੀਵਾੜਾ ਦੇ ਦੀਵਾਨ ਹਾਲ ਵਿਖੇ ਹੋਵੇਗੀ।

# ਮਾਈਕਰੋ ਫਾਇਨਾਂਸ ਕੰਪਨੀਆਂ ਦੀ ਲੁੱਟ ਖਿਲਾਫ ਕੀਤਾ ਰੋਸ ਮੁਜ਼ਾਹਰਾ: ਬੱਖਤਪੁਰਾ



**ਗਹਿਰੀ ਮੰਡੀ** (ਮਨਜੀਤ ਸਿੰਘ ਭੰਗੂ)-ਅਟਾਰੀ ਦੀ ਦਾਣਾ ਮੰਡੀ ਵਿਖੇ ਸੀਪੀਆਈ ਐੱਮਐੱਲ (ਲਿਬਰੇਸਨ) ਅਤੇ ਮਜ਼ਦੂਰ ਮੁਕਤੀ ਮੋਰਚਾ ਵੱਲੋਂ ਮਾਈਕਰੋ ਫਾਇਨਾਂਸ ਕੰਪਨੀਆਂ ਦੀ ਕਰਜ਼ਾਧਾਰਕਾਂ ਦੀ ਵਿਆਜ ਰਾਹੀਂ ਬੇਤਹਾਸ਼ਾ ਲੁੱਟ ਵਿਰੁੱਧ ਰੈਲੀ ਅਤੇ ਮੁਜ਼ਾਹਰਾ ਕੀਤਾ ਗਿਆ। ਇਸ ਸਮੇਂ ਬਲਜੀਤ ਕੌਰ ਚੈਨਪੁਰ ਅਤੇ ਡਿਪਟੀ ਸਿੰਘ ਦੀ ਪ੍ਰਧਾਨਗੀ ਹੇਠ ਕੀਤੀ ਰੈਲੀ ਵਿਚ ਬੋਲਦਿਆਂ ਮਜ਼ਦੂਰ ਆਗੂ ਮੰਗਲ ਸਿੰਘ ਧਰਮਕੋਟ ਅਤੇ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬੱਖਤਪੁਰਾ ਨੇ ਕਿਹਾ ਕਿ ਮੋਦੀ ਅਤੇ ਮਾਨ ਸਰਕਾਰ ਨੇ ਚੋਣਾਂ ਸਮੇਂ ਵਾਇਦੇ ਕੀਤੇ ਸਨ ਕਿ ਮਜ਼ਦੂਰਾਂ ਤੇ ਕਿਸਾਨਾਂ ਦੇ ਹਰ ਤਰ੍ਹਾਂ ਦੇ ਕਰਜ਼ੇ ਮੁਆਫ ਕੀਤੇ ਜਾਣਗੇ ਪਰ ਮਾਈਕਰੋ ਫਾਇਨਾਂਸ ਕੰਪਨੀਆਂ ਨੇ ਆਰਬੀਆਈ ਬੈਂਕ ਦੀਆਂ ਹਦਾਇਤਾਂ ਦੇ ਉਲਟ ਮੋਟੇ ਵਿਆਜ ਤਹਿਤ ਪਿੰਡਾਂ ਅਤੇ ਸ਼ਹਿਰਾਂ ਦੇ ਦਿਹਾੜੀਦਾਰ ਮਜ਼ਦੂਰ ਪਰਿਵਾਰਾਂ ਨੂੰ ਕਈ ਕਈ ਕੰਪਨੀਆਂ ਨੇ ਕਰਜ਼ੇ ਦੇ ਕੇ ਆਪਣੇ ਕਰਜ਼ਾ ਜਾਲ ਵਿਚ ਇਸ ਕਦਰ ਫਸਾ ਲਿਆ ਹੈ ਕਿ ਉਹ ਕਰਜ਼ੇ ਦੀਆਂ ਕਿਸ਼ਤਾਂ ਉਤਾਰਨ ਤੋਂ ਪੂਰੀ ਤਰ੍ਹਾਂ ਅਸਮਰਥ ਹਨ ਜਦੋਂਕਿ ਕੰਪਨੀਆਂ ਨੂੰ ਗਿਆਨ ਹੋਣਾ ਚਾਹੀਦਾ ਸੀ ਕਿ ਗਰੀਬ ਪਰਿਵਾਰ ਹਜ਼ਾਰਾਂ ਰੁਪਏ ਮਹੀਨੇ ਦੀਆਂ ਕਿਸ਼ਤਾਂ ਦੀ ਕਿਵੇਂ ਵਾਪਸੀ ਕਰਨਗੇ, ਜਦੋਂਕਿ ਹੁਣ ਕੰਪਨੀਆਂ ਦੇ ਕਰਿੰਦੇ ਕਰਜਧਾਰਕ ਪਰਿਵਾਰਾਂ ਨੂੰ ਇੰਨਾ ਜ਼ਿਆਦਾ ਪ੍ਰੇਸ਼ਾਨ ਕਰ ਰਹੇ ਹਨ ਕਿ ਇਨ੍ਹਾਂ ਪਰਿਵਾਰਾਂ ਦਾ ਨਾਰਮਲ ਜੀਵਨ ਜਿਉਣਾ ਮੁਸ਼ਕਲ ਹੋਇਆ ਪਿਆ ਹੈ। ਆਗੂਆਂ ਕਿਹਾ ਕਿ ਮਾਨ ਅਤੇ ਮੋਦੀ ਸਰਕਾਰ ਗਰੀਬਾਂ ਦੇ ਕਰਜ਼ੇ ਮੁਆਫ ਕਰੇ, ਪਰ ਗਰੀਬਾਂ ਦੀ ਸਾਰ ਲੈਣ ਦੀ ਬਜਾਏ ਮੋਦੀ ਸਰਕਾਰ ਨੇ ਤਾਂ ਬੀਤੇ ਦਸ ਸਾਲਾਂ ਵਿਚ ਕਾਰਪੋਰੇਟ ਘਰਾਣਿਆਂ ਦਾ ਤਿੰਨ ਲੱਖ ਹਜ਼ਾਰ ਕਰੋੜ ਰੁਪਏ ਵੱਟੇ ਖਾਤੇ ਪਾ ਦਿੱਤਾ ਹੈ। ਇਸੇ ਤਰ੍ਹਾਂ ਮਾਨ ਸਰਕਾਰ ਨੇ ਆਪਣੀ ਕਰਜ਼ਾ ਮੁਆਫ ਕਰਨ ਦੀ ਗਰੰਟੀ ਪੂਰੀ ਕਰਨ ਦੀ ਬਜਾਏ 1000 ਕਰੋੜ ਰੁਪਏ ਇਸ਼ਤਿਹਾਰਬਾਜ਼ੀ ਉਪਰ ਹੀ ਖਰਚ ਕਰਨ ਸਮੇਤ ਸੈਂਕੜੇ ਕਰੋੜ ਬਾਹਰਲੇ ਪ੍ਰਾਂਤਾਂ ਵਿਚ ਆਮ ਆਦਮੀ ਪਾਰਟੀ ਦੇ ਚੋਣ ਪ੍ਰਚਾਰ ਉਪਰ ਖਰਚ ਕਰ ਦਿੱਤੇ ਹਨ। ਆਗੂਆਂ ਮੰਗ ਕੀਤੀ ਕਿ ਮਾਨ ਸਰਕਾਰ ਪੰਜਾਬ ਵਿੱਚ ਕਰਜ਼ਾ ਦੇਣ ਵਾਲੀਆਂ ਮਾਈਕਰੋ ਫਾਇਨਾਂਸ ਕੰਪਨੀਆਂ ਦੇ ਸਮੁੱਚੇ ਰੋਲ ਦੀ ਜਾਂਚ ਕਰੇ, ਕਰਜ਼ਾਧਾਰਕਾਂ ਤੋਂ ਕੰਪਨੀਆਂ ਦੁਆਰਾ ਲਏ ਗਏ ਕੋਰੇ ਚੈੱਕਾਂ ਅਤੇ ਅਸ਼ਟਾਮਾਂ ਸਬੰਧੀ ਕੇਸ ਦਰਜ ਕੀਤੇ ਜਾਣ, ਮਜ਼ਦੂਰ ਪਰਿਵਾਰਾਂ ਦੇ ਲਾਲ ਲਕੀਰ ਅੰਦਰਲੇ ਘਰਾਂ ਨੂੰ ਮਾਲ ਵਿਭਾਗ ਵਿੱਚ ਦਰਜ ਕੀਤਾ ਜਾਵੇ ਅਤੇ ਇਸ ਅਧਾਰ ਉੱਤੇ ਉਨ੍ਹਾਂ ਦੀ ਘੱਟੋ-ਘੱਟ ਇਕ ਲੱਖ ਰੁਪਏ ਦੀ ਲਿਮਟ ਬਣਾਈ ਜਾਵੇ। ਗਰੀਬਾਂ ਦੇ ਕੱਟੇ ਗਏ ਰਾਸ਼ਨ ਕਾਰਡ ਬਹਾਲ ਕੀਤੇ ਜਾਣ। ਇਸ ਸਮੇਂ ਲਖਵਿੰਦਰ ਕੌਰ ਵਣੀਏਕੇ, ਗੁਰਮੀਤ ਕੌਰ ਭਰਿੰਡਾ, ਕਰਮ ਸਿੰਘ ਮਾਣਕਪੁਰਾ, ਵਿਜੇ ਮਿਸਤਰੀ ਭਰੋਵਾਲ, ਹਰਪਾਲ ਸਿੰਘ ਕਿੜੀਆਂ ਆਦਿ ਹਾਜ਼ਰ ਸਨ।

# ਕਿਸਾਨ ਜਥੇਬੰਦੀਆਂ ਵੱਲੋਂ ਭਲਕੇ ਬਾਜ਼ਾਰ ਬੰਦ ਰੱਖਣ ਦੀ ਅਪੀਲ



ਕਲਾਨੌਰ, (ਮਨਦੀਪ ਕੋਹਲੀ)- ਅੱਜ ਸੰਯੁਕਤ ਕਿਸਾਨ ਮੋਰਚਾ ਅਤੇ ਹੋਰ ਮਜ਼ਦੂਰ ਮੁਲਾਜ਼ਮ ਅਤੇ ਹੋਰ ਜਥੇਬੰਦੀਆਂ ਵੱਲੋਂ ਕਲਾਨੌਰ ਦੇ ਬਾਜ਼ਾਰਾਂ ਵਿੱਚ ਦੁਕਾਨਦਾਰ ਵੀਰਾਂ ਅਤੇ ਹੋਰ ਕਾਰੋਬਾਰੀਆਂ ਨੂੰ ਹੱਥ ਜੋੜ ਕੇ ਬੇਨਤੀ ਕੀਤੀ ਗਈ ਕਿ 16 ਫਰਵਰੀ ਨੂੰ ਦੇਸ਼ ਵਿਆਪੀ ਭਾਰਤ ਬੰਦ ਦੇ ਸੱਦੇ ਤੇ ਆਪਣੇ ਕਾਰੋਬਾਰ ਤੇ ਦੁਕਾਨਾਂ ਬੰਦ ਰੱਖ ਕੇ ਠੀਕ 11 ਵਜੇ ਟੀ ਪੁਆਇੰਟ ਕਲਾਨੌਰ ਵਿਖੇ ਹੁੰਮ-ਹੁੰਮਾ ਕੇ ਪਹੁੰਚੋ ਤਾਂ ਕਿ ਕੇਂਦਰ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਵਿਰੁੱਧ ਆਪਣਾ ਰੋਸ ਪ੍ਰਗਟ ਕੀਤਾ ਜਾ ਸਕੇ। ਬੇਨਤੀ ਕਰਨ ਵਾਲਿਆਂ ਵਿੱਚ ਵੱਖ-ਵੱਖ ਕਿਸਾਨ ਜਥੇਬੰਦੀਆਂ ਦੇ ਆਗੂ ਹਰਜੀਤ ਸਿੰਘ ਕਾਹਲੋਂ ਜ਼ਿਲਾ ਪ੍ਰਧਾਨ ਜਮਹੂਰੀ ਕਿਸਾਨ ਸਭਾ ਪੰਜਾਬ, ਗੁਰਦੀਪ ਸਿੰਘ ਕਾਮਲਪੁਰ ਪੰਜਾਬ ਕਿਸਾਨ ਯੂਨੀਅਨ, ਪਲਵਿੰਦਰ ਸਿੰਘ ਕਲੇਥੂ ਸਿੰਘ ਕਿਰਤੀ ਕਿਸਾਨ ਯੂਨੀਅਨ, ਆੜ੍ਹਤੀ ਐਸੋਸੀਏਸ਼ਨ ਦੇ ਆਗੂ ਗੋਰਾ ਤੋਂ ਇਲਾਵਾ ਜਮਹੂਰੀ ਕਿਸਾਨ ਸਭਾ ਪਿੰਡ ਖੁਸ਼ੀਪੁਰ ਦੇ ਪ੍ਰਧਾਨ ਰਜਿੰਦਰ ਸਿੰਘ ਭਿੱਟੇਵਿਡ, ਪਿੰਡ ਅਦਾਲਤਪੁਰ ਦੇ ਪ੍ਰਧਾਨ ਮਨਜੀਤ ਸਿੰਘ ਨੰਬਰਦਾਰ ਪਿੰਡ ਦਲੇਰਪੁਰ ਦੇ ਖਜਾਨਚੀ ਗਗਨਦੀਪ ਸਿੰਘ, ਪਿੰਡ ਰਹੀਮਾਬਾਦ ਦੇ ਪ੍ਰਧਾਨ ਸਤਨਾਮ ਸਿੰਘ, ਗੁਰਮੀਤ ਸਿੰਘ ਮੀਆਂਕੋਟ, ਨਿਰਮਲ ਸਿੰਘ ਬਿੱਟੂ, ਵੀਰ ਸਿੰਘ ਕਲਾਨੌਰ, ਬਲਰਾਜ ਸਿੰਘ ਬਿਸ਼ਨਕੋਟ, ਲਖਵੰਤ ਸਿੰਘ ਪ੍ਰਧਾਨ ਦਿਉਲ, ਮਨਜੀਤ ਸਿੰਘ ਪ੍ਰਧਾਨ, ਬਲਕਾਰ ਸਿੰਘ ਨੜਾਂਵਾਲੀ, ਸੁਖਵਿੰਦਰ ਸਿੰਘ ਕਲਾਨੌਰ, ਬਲਜੀਤ ਸਿੰਘ ਗੁਰਾਇਆ ਆਗੂ ਜਮਹੂਰੀ ਕਿਸਾਨ ਸਭਾ ਏਰੀਆ ਕਮੇਟੀ ਕਲਾਨੌਰ, ਸੁਰਿੰਦਰ ਸ਼ਰਮਾ ਬਿਸ਼ਨਕੋਟ, ਜਸਬੀਰ ਸਿੰਘ ਗੁਰਾਇਆ ਹਾਜ਼ਰ ਸਨ।

# ਬਿਜਲੀ ਮੁਲਾਜ਼ਮ ਭਲਕੇ ਮੁਕੰਮਲ ਹੜਤਾਲ ਕਰਨਗੇ: ਉਦੀਪੁਰ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਕੇਂਦਰ ਦੀਆਂ ਸਮੂਹ ਟ੍ਰੇਡ ਯੂਨੀਅਨਾਂ ਅਤੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਮੋਦੀ ਸਰਕਾਰ ਦੀਆਂ ਮਜ਼ਦੂਰ ਮੁਲਾਜ਼ਮ ਤੇ ਤਾਨਾਸ਼ਾਹੀ ਨੀਤੀਆਂ ਖਿਲਾਫ 16 ਫਰਵਰੀ ਨੂੰ ਕੀਤੇ ਜਾ ਰਹੇ ਭਾਰਤ ਬੰਦ ਨੂੰ ਸਫ਼ਲ ਕਰਨ ਲਈ ਉਸ ਦਿਨ ਬਿਜਲੀ ਮੁਲਾਜ਼ਮ ਮੁਕੰਮਲ ਹੜਤਾਲ ਕਰਕੇ ਮਹਿਕਮੇ ਦਾ ਕੰਮ ਠੱਪ ਕਰਨਗੇ।ਇਹ ਜਾਣਕਾਰੀ ਦਿੰਦਿਆਂ ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਸਰਕਲ ਗੁਰਦਾਸਪੁਰ ਦੇ ਪ੍ਰਧਾਨ ਅਤੇ ਪੰਜਾਬ ਦੇ ਮੀਤ ਪ੍ਰਧਾਨ ਕਾਮਰੇਡ ਬਲਵਿੰਦਰ ਉਦੀਪੁਰ, ਸਰਕਲ ਸਕੱਤਰ ਰਣਧੀਰ ਸਿੰਘ ਕਾਹਲੋਂ ਨੇ ਦੱਸਿਆ ਹੈ ਕਿ ਕੇਂਦਰ ਸਰਕਾਰ ਅਤੇ ਰਾਜ ਸਰਕਾਰ ਸਰਕਾਰੀ ਅਦਾਰਿਆਂ ਦਾ ਅੰਨ੍ਹੇਵਾਹ ਨਿੱਜੀਕਰਨ ਕਰ ਕੇ ਪਬਲਿਕ ਸੈਕਟਰ ਨੂੰ ਤਬਾਹ ਕਰ ਰਹੀ ਹੈ ਅਤੇ ਕਾਰਪੋਰੇਟ ਘਰਾਣਿਆਂ ਨੂੰ ਦੇ ਲੋਕਾਂ ਨੂੰ ਲੁੱਟਣ ਦੀਆਂ ਖੁੱਲ੍ਹੀਆਂ ਛੁੱਟੀਆਂ ਦਿੱਤੀਆਂ ਜਾ ਰਹੀਆਂ ਹਨ, ਤਾਨਾਸ਼ਾਹੀ ਨੀਤੀਆਂ ਅਪਣਾ ਕੇ ਲੋਕਤੰਤਰ ਨੂੰ ਕਤਲ ਕੀਤਾ ਜਾ ਰਿਹਾ ਹੈ।ਮਜ਼ਦੂਰ ਵਿਰੋਧੀ ਕਾਨੂੰਨ ਬਣਾ ਕੇ ਸਰਮਾਏਦਾਰੀ ਨੂੰ ਫਾਇਦਾ ਦਿੱਤਾ ਜਾ ਰਿਹਾ ਹੈ।ਪੱਕੀ ਭਰਤੀ ਦਾ ਮੁਕੰਮਲ ਖਾਤਮਾ ਕਰਕੇ ਠੇਕੇਦਾਰੀ ਸਿਸਟਮ ਨੂੰ ਮਜ਼ਬੂਤ ਕੀਤਾ ਜਾ ਰਿਹਾ ਪੰਜਾਬ ਦੀ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਵੀ ਮੁਲਾਜ਼ਮ ਦੇ ਅਰਬਾਂ ਰੁਪਏ ਸਕੇਲਾ ਦਾ ਬਕਾਇਆ ਰੋਕੀ ਬੈਠੀ ਹੈ ਅਤੇ ਮਹਿੰਗਾਈ ਭੱਤਾ ਜਾਮ ਕੀਤਾਂ ਹੋਇਆ ਅਤੇ ਮੁਲਾਜ਼ਮਾਂ ਨੂੰ ਤਨਖਾਹਾਂ ਵੀ ਕਿਸ਼ਤਾਂ ਵਿਚ ਦਿਤੀਆਂ ਜਾ ਰਹੀਆਂ ਹਨ।ਸੇਵਾ ਮੁਕਤ ਹੋਏ ਕਰਮਚਾਰੀਆਂ ਨੂੰ ਮਹਿਕਮੇ ਦੀਆਂ ਹਦਾਇਤਾਂ ਮੁਤਾਬਿਕ ਬਣਦੇ ਲਾਭ ਸਮੇਂ ਸਿਰ ਨਾਂ ਦੇ ਕੇ ਪਾਵਰਕੌਮ ਦੀ ਮੈਨੇਜਮੈਂਟ ਆਪਣੇ ਹੁਕਮਾਂ ਦੀ ਹੀ ਉਲੰਘਣਾ ਕਰ ਰਹੀ ਹੈ। ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਮਹਿਕਮੇ ਦਾ ਦਿਵਾਲਾ ਨਿਕਲ ਗਿਆ ਹੈ। ਤਨਖਾਹਾਂ ਅਤੇ ਪੈਨਸ਼ਨਾਂ ਦੇਣ ਲਈ ਕਰਜ਼ਾ ਲਿਆ ਜਾ ਰਿਹਾ ਹੈ।ਸੀ ਆਰ ਏ 295 /19 ਅਧੀਨ ਭਰਤੀ ਕੀਤੇ ਸਹਾਇਕ ਲਾਇਨਮੈਨਾਂ ਨੂੰ ਰੈਗੂਲਰ ਕਰਕੇ ਪੂਰੀਆਂ ਤਨਖਾਹਾਂ ਨਹੀਂ ਦਿੱਤੀਆਂ ਜਾ ਰਹੀਆਂ। ਇਸ ਕਰਕੇ ਸਾਰੇ ਮਸਲਿਆਂ ਨੂੰ ਲੈ ਕੇ ਮਜ਼ਦੂਰ ਜਮਾਤ ਨਾਲ ਇਕਮੁੱਠਤਾ ਜ਼ਾਹਰ ਕਰਨ ਲਈ ਪੰਜਾਬ ਦੇ ਬਿਜਲੀ ਮੁਲਾਜ਼ਮ 16 ਫਰਵਰੀ ਨੂੰ ਮੁਕੰਮਲ ਹੜਤਾਲ ਕਰਨਗੇ। ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।ਇਸ ਮੌਕੇ ਸਾਥੀ ਸਾਹਿਬ ਸਿੰਘ ਧਾਲੀਵਾਲ, ਸਾਥੀ ਬਲਵਿੰਦਰ ਸਿੰਘ ਸੋਹਲ, ਸਾਥੀ ਪਿਆਰਾ ਸਿੰਘ ਭਾਮੜੀ, ਨਿਸ਼ਾਨ ਸਿੰਘ ਆਦਿ ਆਗੂ ਹਾਜ਼ਰ ਸਨ।

# ਆਰ ਡੀ ਖੋਸਲਾ ਡੀ ਏ ਵੀ ਸਕੂਲ 'ਚ ਬਸੰਤ ਪੰਚਮੀ ਦਾ ਤਿਉਹਾਰ ਮਨਾਇਆ



ਬਟਾਲਾ (ਡਾ. ਮਲਵਿੰਦਰ ਸਿੰਘ)—ਆਰ. ਡੀ. ਖੋਸਲਾ ਡੀਏਵੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਵਿਖੇ ਬਸੰਤ ਪੰਚਮੀ ਦਾ ਤਿਉਹਾਰ ਮਨਾਇਆ।ਇਹ ਵਿਸ਼ਵਾਸ ਕੀਤਾ ਜਾਂਦਾ ਹੈ ਕਿ ਇਸ ਦਿਨ ਵੀਣਾ ਵਾਦਿਨੀ ਹੰਸ 'ਤੇ ਬਿਰਾਜਮਾਨ ਮਾਂ ਸਰਸਵਤੀ, ਮਨੁੱਖਾਂ ਦੇ ਜੀਵਨ ਵਿੱਚ ਫੈਲੀ ਅਗਿਆਨਤਾ ਨੂੰ ਦੂਰ ਕਰਦੀ ਹੈ ਅਤੇ ਉਨ੍ਹਾਂ ਨੂੰ ਗਿਆਨ ਅਤੇ ਬੁੱਧੀ ਦਾ ਤੋਹਫਾ ਦਿੰਦੀ ਹੈ।ਬਸੰਤ ਰੁੱਤ ਕਾਰਨ ਚਾਰੇ ਪਾਸੇ ਖਿੜਦੇ ਰੰਗ-ਬਿਰੰਗੇ ਫੁੱਲ ਅਤੇ ਸੁਹਾਵਣਾ ਮੌਸਮ ਹਰ ਕੋਈ ਪਸੰਦ ਕਰਦਾ ਹੈ।

ਸਕੂਲ 'ਚ ਪ੍ਰੀ-ਨਰਸਰੀ ਜਮਾਤ ਦੇ ਬੱਚਿਆਂ ਨੇ ਪੀਲੇ ਫੁੱਲਾਂ ਨਾਲ ਰੁੱਖਾਂ ਤੇ ਪੌਦਿਆਂ ਦੇ ਚਿੱਤਰਾਂ ਵਿਚ ਰੰਗ ਭਰ ਕੇ ਇਸ ਤਿਉਹਾਰ ਨੂੰ ਮਨਾਇਆ।ਇਸ ਮੌਕੇ ਛੋਟੇ ਬੱਚਿਆਂ ਦਾ ਉਤਸ਼ਾਹ ਦੇਖਣਯੋਗ ਸੀ।ਸਕੂਲ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ ਅਤੇ ਪ੍ਰਿੰ. ਡਾ: ਬਿੰਦੂ ਭੱਲਾ ਨੇ ਬਸੰਤ ਪੰਚਮੀ ਦੇ ਸ਼ੁਭ ਮੌਕੇ ਸਾਰਿਆਂ ਨੂੰ ਹਾਰਦਿਕ ਵਧਾਈ ਅਤੇ ਸ਼ੁੱਭ ਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਇਹ ਤਿਉਹਾਰ ਬਟਾਲਾ ਵਾਸੀਆਂ ਲਈ ਵਿਸ਼ੇਸ਼ ਮਹੱਤਵ ਰੱਖਦਾ ਹੈ।ਇਸ ਦਿਨ ਵੀਰ ਹਕੀਕਤ ਰਾਏ ਵੱਲੋਂ ਧਰਮ ਲਈ ਦਿੱਤੀ ਕੁਰਬਾਨੀ ਨੂੰ ਯਾਦ ਕੀਤਾ ਜਾਂਦਾ ਹੈ ਅਤੇ ਉਨ੍ਹਾਂ ਦੀ ਧਰਮ ਪਤਨੀ ਸਤੀ ਲਕਸ਼ਮੀ ਦੇਵੀ ਦੀ ਸਮਾਧੀ 'ਤੇ ਵਿਸ਼ੇਸ਼ ਮੇਲਾ ਲਗਾਇਆ ਜਾਂਦਾ ਹੈ। ਸਮੂਹ ਨਗਰ ਨਿਵਾਸੀ ਇਸ ਤਿਉਹਾਰ ਨੂੰ ਰਲ-ਮਿਲ ਕੇ ਮਨਾਉਂਦੇ ਹਨ।

# ਗੁਰਦਾਸਪੁਰ-ਮੁਕੇਰੀਆਂ ਸੜਕ 'ਤੇ ਵਾਪਰਿਆ ਭਿਆਨਕ ਸੜਕ ਹਾਦਸਾ



ਗੁਰਦਾਸਪੁਰ, 14 ਫਰਵਰੀ (ਜਨਕ ਮਹਾਜਨ)-ਗੁਰਦਾਸਪੁਰ-ਮੁਕੇਰੀਆਂ ਸੜਕ 'ਤੇ ਪੈਂਦੇ ਪਿੰਡ ਚਾਵਾ ਅਤੇ ਬੀਬੀ ਸੁੰਦਰੀ ਵਿਚਕਾਰ ਇਕ ਥਾਰ ਗੱਡੀ, ਬੱਸ ਅਤੇ ਟਿਪਰ ਵਿਚਾਲੇ ਸਵੇਰੇ ਕਰੀਬ 10 ਵਜੇ ਹੋਈ ਭਿਆਨਕ ਟੱਕਰ ਦਰਮਿਆਨ ਥਾਰ ਵਿਚ ਸਵਾਰ ਪਿਓ-ਪੁੱਤ ਦੇ ਗੰਭੀਰ ਜ਼ਖਮੀ ਹੋਣ ਅਤੇ ਟਿੱਪਰ, ਬੱਸ ਡਰਾਈਵਰ ਤੇ ਬੱਸ ਵਿਚ ਸਵਾਰ ਸਵਾਰੀਆਂ ਦੇ ਮਾਮੂਲੀ ਸੱਟਾਂ ਲੱਗਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਥਾਰ ਗੱਡੀ ਨੰਬਰ ਪੀ.ਬੀ.06 ਏ.ਐੱਲ. 0015 'ਤੇ ਸਵਾਰ ਹੋ ਕੇ ਥਾਰ ਚਾਲਕ ਜਸ਼ਨ ਪੁੱਤਰ ਇੰਦਰਜੀਤ ਸਿੰਘ ਅਤੇ ਨਾਲ ਵਾਲੀ ਸੀਟ 'ਤੇ ਬੈਠਾ ਇੰਦਰਜੀਤ ਸਿੰਘ ਪੁੱਤਰ ਪ੍ਰੇਮ ਸਿੰਘ ਵਾਸੀ ਚੱਕ ਸ਼ਰੀਫ਼ ਪੁਰਾਣਾ ਸ਼ਾਲਾ ਤੋਂ ਗੁਰਦਾਸਪੁਰ ਆ ਰਹੇ ਸਨ। ਬੀਬੀ ਸੁੰਦਰੀ ਗੁਰਦੁਆਰਾ ਮੋੜ ਨਜ਼ਦੀਕ ਟਿੱਪਰ ਨੰਬਰ ਪੀ.ਬੀ.06 ਬੀ.ਈ. 6308 ਨੂੰ ਕਰਾਸ ਕਰਦੇ ਸਮੇਂ ਥਾਰ ਗੱਡੀ ਸਾਹਮਣੇ ਤੋਂ ਆ ਰਹੀ ਰੋਡਵੇਜ਼ ਦੀ ਬੱਸ ਨੰਬਰ ਪੀ.ਬੀ.07 ਬੀ.ਕਿਊ 0829 ਵਿਚ ਜਾ ਵੱਜੀ। ਮੌਕੇ 'ਤੇ ਥਾਣਾ ਪੁਰਾਣਾ ਸ਼ਾਲਾ ਦੇ ਐੱਸ.ਐੱਚ.ਓ ਸ਼ਸ਼ਪਾਲ ਸਿੰਘ ਨੇ ਦੱਸਿਆ ਕਿ ਹਾਦਸੇ ਵਿਚ ਜ਼ਖਮੀਆਂ ਨੂੰ ਗੁਰਦਾਸਪੁਰ ਦੇ ਇਕ ਨਿੱਜੀ ਹਸਪਤਾਲ ਵਿਚ ਦਾਖ਼ਲ ਕਰਵਾਇਆ ਗਿਆ ਹੈ ਜਦਕਿ ਬੱਸ ਵਿਚ ਸਵਾਰ ਸਵਾਰੀਆਂ ਆਪਣੇ ਪੱਧਰ 'ਤੇ ਦੂਸਰੇ ਸਾਧਨਾਂ ਰਾਹੀਂ ਆਪੋ ਆਪਣੀ ਮੰਜ਼ਿਲ ਵੱਲ ਰਵਾਨਾ ਹੋ ਗਈਆਂ।

ਥਾਰ ਵਿਚ ਸਵਾਰ ਪਿਓ-ਪੁੱਤਰ ਨੂੰ ਜ਼ਿਆਦਾ ਸੱਟਾਂ ਲੱਗੀਆਂ ਹਨ ਜਦਕਿ ਟਿੱਪਰ ਚਾਲਕ ਅਤੇ ਬੱਸ ਚਾਲਕ ਨੂੰ ਵੀ ਗੰਭੀਰ ਸੱਟਾਂ ਲੱਗੀਆਂ ਹਨ। ਤਿੰਨਾਂ ਵਹੀਕਲਾਂ ਨੂੰ ਕਬਜ਼ੇ ਵਿਚ ਲੈ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਬੱਸ ਵਿਚ 20 ਦੇ ਕਰੀਬ ਸਵਾਰੀਆਂ ਮੌਜੂਦ ਸਨ।

# ਬਾਵਾ ਲਾਲ ਦਿਆਲ ਜੀ ਦਾ 669ਵਾਂ ਜਨਮ ਦਿਹਾੜਾ ਮਨਾਇਆ



ਮਜੀਠਾ (ਸੋਇਮ ਆਨੰਦ)-ਬਾਵਾ ਲਾਲ ਦਿਆਲ ਜੀ ਮਹਾਰਾਜ ਦਾ 669ਵਾਂ ਪਵਿੱਤਰ ਜਨਮ ਦਿਹਾੜਾ ਮੰਦਰ ਬਾਵਾ ਲਾਲ ਦੁਆਰਾ ਮਜੀਠਾ ਦੀ ਮੈਨੇਜਮੈਂਟ ਕਮੇਟੀ, ਸ਼ਹਿਰ ਦੀਆਂ ਸਮੂਹ ਮੰਦਰ ਕਮੇਟੀਆਂ ਅਤੇ ਸੰਗਤਾਂ ਵਲੋਂ ਪੂਰੇ ਉਤਸ਼ਾਹ ਅਤੇ ਸ਼ਰਧਾ ਨਾਲ ਮੰਦਰ ਬਾਵਾ ਲਾਲ ਵਿਖੇ ਮਨਾਇਆ ਗਿਆ। ਸ਼੍ਰੀ ਬਾਵਾ ਲਾਲ ਜੀ ਦੀ ਮੂਰਤੀ ਨੂੰ ਪਵਿੱਤਰ ਗੰਗਾ ਜਲ ਨਾਲ ਇਸ਼ਨਾਨ ਕਰਾਇਆ ਗਿਆ। ਪੁਜਾਰੀ ਪੰਡਤ ਮਨੋਜ ਕੁਮਾਰ ਵਲੋਂ ਮੰਤਰ ਉਚਾਰਨ ਕਰਕੇ ਹਵਨ ਯੱਗ ਕੀਤਾ ਗਿਆ। ਉਪਰੰਤ ਪਵਿੱਤਰ ਰਾਮਾਇਣ ਦੇ ਪਾਠ ਦੇ ਭੋਗ ਪਾਏ ਗਏ। ਸ਼ਾਮ ਵਕਤ ਨੂੰ ਕਥਾ ਵਿਖਿਆਨ ਅਤੇ ਸੰਗਤਾਂ ਵਲੋਂ ਸੰਕੀਰਤਨ ਕੀਤਾ ਗਿਆ। ਇਸ ਸ਼ੁਭ ਅਵਸਰ 'ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਜਗਵਿੰਦਰਪਾਲ ਸਿੰਘ ਜੱਗਾ, ਨੌਜਵਾਨ ਆਗੂ ਆਕਾਸ਼ਦੀਪ ਸਿੰਘ ਮਜੀਠਾ, ਰਾਜਵੀਰ ਸਿੰਘ ਰੋੜੀ, ਕਾਂਗਰਸੀ ਆਗੂ ਕੌਂਸਲਰ ਪਰਮਜੀਤ ਸਿੰਘ ਪੰਮਾ ਨੇ ਸਾਥੀਆਂ ਸਮੇਤ ਸ਼ਾਮਲ ਹੋ ਕੇ ਬਾਵਾ ਜੀ ਦਾ ਆਸ਼ੀਰਵਾਦ ਲਿਆ। ਮੈਨੇਜਮੈਂਟ ਕਮੇਟੀ ਵਲੋਂ ਰਾਜਸੀ ਆਗੂਆਂ ਅਤੇ ਪਤਵੰਤਿਆਂ ਨੂੰ ਸਨਮਾਨਿਤ ਕੀਤਾ ਗਿਆ। ਸੰਗਤਾਂ ਵਾਸਤੇ ਅਤੁੱਟ ਲੰਗਰ ਭੰਡਾਰਾ ਲਗਾਇਆ ਗਿਆ। ਇਸ ਮੌਕੇ ਕਮੇਟੀ ਮੈਂਬਰਾਂ ਵਿਚ ਪ੍ਰਧਾਨ ਨਰਿੰਦਰ ਕੁਮਾਰ ਪਟਵਾਰੀ, ਚੇਅਰਮਨ ਕੁਲਦੀਪ ਕੁਮਾਰ, ਇੰਦਰਜੀਤ ਨਈਅਰ, ਐੱਨ. ਕੇ. ਬੱਬਰ, ਰਮੇਸ਼ਪੁਰੀ, ਮਾਸਟਰ ਵਿਜੇ ਸ਼ਰਮਾ, ਮਿੰਕੂ ਨਈਅਰ, ਡਾ: ਬਲਰਾਜ ਸ਼ਰਮਾ, ਇੰਦਰਜੀਤ ਸ਼ਰਮਾ, ਲੱਕੀ ਕਹੇੜ੍ਹ, ਦੀਪਕ ਆੜ੍ਹਤੀ, ਰਾਜਨ ਵਰਮਾ, ਰਿੰਕੂ ਨੰਦਾ, ਵਿਸ਼ਮ ਡੋਗਰਾ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਮੈਡੀਕਲ ਅਫਸਰ ਨਾਲ ਧੱਕਾ-ਮੁੱਕੀ ਕਰਨ ਦੇ ਮਾਮਲੇ 'ਚ ਪੰਜ ਨਾਮਜ਼ਦ



**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਬੀਤੇ ਦਿਨੀਂ ਕਸਬਾ ਹਰੀਕੇ ਦੇ ਸਮੂਹਿਕ ਸਿਹਤ ਕੇਂਦਰ ਵਿਖੇ ਤਾਇਨਾਤ ਮੈਡੀਕਲ ਅਫਸਰ ਨਾਲ ਕਥਿਤ ਧੱਕਾ-ਮੁੱਕੀ ਕਰਦਿਆਂ ਡਿਊਟੀ ਵਿਚ ਵਿਘਨ ਪਾਉਣ ਦੇ ਮਾਮਲੇ ਵਿਚ ਹਰੀਕੇ ਪੁਲਸ ਨੇ ਪੰਜ ਵਿਅਕਤੀਆਂ ਨੂੰ ਨਾਮਜ਼ਦ ਕੀਤਾ ਜਿਨ੍ਹਾਂ ਵਿੱਚ ਕਾਂਗਰਸ ਵੱਲੋਂ ਥਾਪੇ ਐੱਸਸੀ ਸੈੱਲ ਦੇ ਜ਼ਿਲ੍ਹਾ ਪ੍ਰਧਾਨ, ਸਾਬਕਾ ਬਲਾਕ ਸੰਮਤੀ ਮੈਂਬਰ, ਸਾਬਕਾ ਪੰਚਾਇਤ ਮੈਂਬਰ ਦੇ ਨਾਮ ਸ਼ਾਮਲ ਦੱਸੇ ਜਾ ਰਹੇ ਹਨ। ਪੁਲਸ ਵੱਲੋਂ ਮੁਲਜ਼ਮਾਂ ਦੀ ਭਾਲ ਲਈ ਛਾਪੇਮਾਰੀ ਕੀਤੀ ਜਾ ਰਹੀ।ਥਾਣਾ ਮੁਖੀ ਇੰਸਪੈਕਟਰ ਪਰਮਦੀਪ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 12 ਫਰਵਰੀ ਨੂੰ ਮੈਡੀਕਲ ਅਫਸਰ ਡਾਕਟਰ ਜਸਪ੍ਰੀਤ ਸਿੰਘ ਦੇ ਦਫਤਰ ਵਿਖੇ ਕੁਝ ਵਿਅਕਤੀਆਂ ਨੇ ਧੱਕਾ-ਮੁੱਕੀ ਕਰਕੇ ਸਰਕਾਰੀ ਡਿਊਟੀ 'ਚ ਵਿਘਨ ਪਾਇਆ ਜਿਸ 'ਤੇ ਕਾਨੂੰਨੀ ਕਾਰਵਾਈ ਕਰਦਿਆ ਕਾਂਗਰਸ ਦੇ ਐੱਸਸੀ ਸੈੱਲ ਦੇ ਪ੍ਰਧਾਨ ਜਸਕਰਨ ਸਿੰਘ, ਸਾਬਕਾ ਬਲਾਕ ਸੰਮਤੀ ਮੈਂਬਰ ਜੁਗਿੰਦਰ ਪਾਲ ਵੇਦੀ, ਗੁਰਵਿੰਦਰ ਸਿੰਘ, ਗੁਰਦੇਵ ਸਿੰਘ ਅਤੇ ਹਰਦਿਆਲ ਸਿੰਘ ਸਾਬਕਾ ਪੰਚ ਨੂੰ ਨਾਮਜ਼ਦ ਕਰਕੇ ਉਨ੍ਹਾਂ ਦੀ ਭਾਲ ਲਈ ਛਾਪੇਮਾਰੀ ਸ਼ੁਰੂ ਕਰ ਦਿੱਤੀ।ਉਨ੍ਹਾਂ ਦੱਸਿਆ ਉਕਤ ਸਾਰੇ ਮਾਮਲੇ ਦੀ ਵੀਡੀਓ ਅਤੇ ਸੀਸੀਟੀਵੀ ਫੁਟੇਜ ਖੰਗਾਲਣ ਮਗਰੋਂ ਕਥਿਤ ਮੁਲਜ਼ਮਾਂ ਦੇ ਬਾਕੀ ਸਾਥੀ ਵੀ ਪਰਚੇ 'ਚ ਸ਼ਾਮਲ ਕੀਤੇ ਜਾਣਗੇ।

# ਬੜੀ ਸ਼ਰਧਾ ਤੇ ਧੂਮਧਾਮ ਮਨਾਇਆ ਬਾਬਾ ਲਖਮੀ ਦਾਸ ਦਾ ਜਨਮ ਦਿਹਾੜਾ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਦਸ ਡੋਗਰਾ ਮਾਰਗ ਸਥਿਤ ਗੁਰਦੁਆਰਾ ਬਾਬਾ ਸ੍ਰੀ ਚੰਦ ਚੈਰੀਟੇਬਲ ਟਰੱਸਟ ਡੇਰਾ ਬਾਬਾ ਨਾਨਕ ਵੱਲੋਂ ਟਰੱਸਟ ਦੇ ਚੇਅਰਮੈਨ ਐੱਨਆਰਆਈ ਬਾਬਾ ਰਜਿੰਦਰ ਸਿੰਘ ਬੇਦੀ ਦੀ ਅਗਵਾਈ ਹੇਠ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਗੁਰਦੁਆਰਾ ਬਾਬਾ ਸ੍ਰੀ ਚੰਦ ਡੇਰਾ ਬਾਬਾ ਨਾਨਕ ਵਿਖੇ ਬਾਬਾ ਲਖਮੀ ਦਾਸ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗਿਆ। ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਉਪਰੰਤ ਭਾਈ ਮਨਜਿੰਦਰ ਸਿੰਘ ਤੇ ਭਾਈ ਜਸਵਿੰਦਰ ਸਿੰਘ ਧਾਰੋਵਾਲੀ ਹਜ਼ੂਰੀ ਰਾਗੀ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਦੇ ਕੀਰਤਨੀ ਜਥੇ ਵੱਲੋਂ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਬਾਬਾ ਭੁਪਿੰਦਰ ਸਿੰਘ ਵੱਲੋਂ ਬਾਬਾ ਰਜਿੰਦਰ ਸਿੰਘ ਬੇਦੀ ਦੇ ਪਰਿਵਾਰ ਦੀ ਚੜ੍ਹਦੀ ਕਲਾ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਬਾਬਾ ਰਜਿੰਦਰ ਸਿੰਘ ਬੇਦੀ ਨੇ ਸੰਗਤਾਂ ਨਾਲ ਬਾਬਾ ਸ੍ਰੀ ਚੰਦ ਦਾ ਆਰਤਾ ਗਾਇਨ ਕੀਤਾ ਅਤੇ ਸੰਗਤਾਂ ਨੂੰ ਬਾਬਾ ਲਖਮੀ ਦਾਸ ਦੇ ਜਨਮ ਦਿਹਾੜੇ ਦੀ ਵਧਾਈ ਦਿੱਤੀ ਤੇ ਹਾਜ਼ਰ ਪ੍ਰਮੁੱਖ ਸ਼ਖਸੀਅਤਾਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਗੁਰਦੀਪ ਸਿੰਘ ਰੰਧਾਵਾ, ਬਾਬਾ ਸੁਖਵਿੰਦਰ ਸਿੰਘ ਅਗਵਾਨ, ਕਿਸਾਨ ਆਗੂ ਕੰਵਲਜੀਤ ਸਿੰਘ ਖੁਸ਼ਹਾਲਪੁਰ, ਬਾਬਾ ਬਿਸ਼ਨ ਸਿੰਘ ਪੱਪੂ, ਬਾਬਾ ਮੇਜਰ ਦਾਸ, ਮਹੰਤ ਭਗਵਾਨ ਦਾਸ, ਮਹੰਤ ਕਰੁਨ ਦਾਸ, ਮਹੰਤ ਲਖਵਿੰਦਰ ਦਾਸ, ਬੀਬੀ ਆਤਮਜੀਤ ਕੌਰ ਬੇਦੀ, ਚੇਅਰਮੈਨ ਨਿਰਮਲ ਸਿੰਘ ਹਰੂਵਾਲ, ਸੁੱਚਾ ਸਿੰਘ ਸੈਕਟਰੀ, ਅਮਨਜੋਤ ਸਿੰਘ ਬੇਦੀ, ਰਮਿੰਦਰ ਜੋਤ ਸਿੰਘ ਬੇਦੀ, ਸੁਖਮਿੰਦਰਜੋਤ ਸਿੰਘ ਬੇਦੀ, ਮੁੱਖਜੋਤ ਸਿੰਘ ਬੇਦੀ, ਮਨਜੋਤ ਸਿੰਘ ਬੇਦੀ ਅਸਟਰੇਲੀਆ, ਮੋਨਿਕਾ ਸੋਢੀ, ਮੈਨੇਜਰ ਬਲਜੀਤ ਸਿੰਘ, ਪ੍ਰਿੰ. ਬਿਕਰਮਜੀਤ ਸਿੰਘ ਚਾਹਲ, ਸੰਤੋਖ ਸਿੰਘ ਚਾਹਲ, ਮਹਿੰਦਰ ਸਿੰਘ ਗਿਆਨੀ, ਚੇਅਰਮੈਨ ਨਿਰਮਲ ਸਿੰਘ ਹਰੂਵਾਲ, ਸੁੱਚਾ ਸਿੰਘ ਸੈਕਟਰੀ, ਬਰਜਿੰਦਰ ਸਿੰਘ ਬਾਜਵਾ, ਡਾ. ਤਰਲੋਚਨ ਸਿੰਘ ਸੋਖੀ, ਕੁਲਦੀਪ ਸਿੰਘ ਬੇਦੀ, ਬਿੱਟਾ ਚੰਦੂਨੰਗਲ, ਪਰਮਜੀਤ ਸਿੰਘ ਸਾਬੀ ਡੇਰਾ, ਸਰਬਜੀਤ ਸਿੰਘ ਮਨਮੋਹਨ ਸਿੰਘ, ਰਾਣਾ ਸ਼ਾਹਪੁਰ, ਸਾਬਕਾ ਪੰਚਾਇਤ ਅਫਸਰ, ਜੋਗਿੰਦਰ ਸਿੰਘ ਸਾਬਕਾ ਪੰਚਾਇਤ ਅਫਸਰ, ਮਾਸਟਰ ਪਲਵਿੰਦਰ ਸਿੰਘ ਰੰਧਾਵਾ, ਚਰਨਜੀਤ ਸਿੰਘ ਬੇਦੀ, ਅਰਜੁਨ ਸੈਕਟਰੀ, ਵਿਜੇ ਕੁਮਾਰ ਵਿੱਗ, ਵਿਜੇ ਕੁਮਾਰ ਸ਼ਰਮਾ, ਗੁਰਨਾਮ ਸਿੰਘ, ਬੱਬੂ ਡਰਾਈਵਰ ਤੋਂ ਇਲਾਵਾ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਭਾਰਤ ਬੰਦ ਨੂੰ ਸਫਲ ਬਣਾਉਣ ਲਈ ਤਿਆਰੀਆਂ ਜ਼ੋਰਾਂ 'ਤੇ: ਗੰਡੀਵਿੰਡ

ਝਬਾਲ (ਹਰਜਿੰਦਰ ਸਿੰਘ ਸੋਨੀ)-ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਕੱਤਰੇਤ ਦੇ ਆਗੂ ਜਸਬੀਰ ਸਿੰਘ ਗੰਡੀਵਿੰਡ ਅਤੇ ਬਲਾਕ ਪ੍ਰਧਾਨ ਬਲਕਾਰ ਸਿੰਘ ਬਿੱਟਾ ਨੇ ਕਿਹਾ ਐੱਸਕੇਐੱਮ ਦੇ ਸੱਦੇ 'ਤੇ 16 ਫਰਵਰੀ ਫਰਵਰੀ ਦੇ ਭਾਰਤ ਬੰਦ ਦੇ ਸੱਦੇ ਨੂੰ ਸਫਲ ਬਣਾਉਣ ਲਈ ਸਮੁੱਚੇ ਦੁਕਾਨਦਾਰ, ਟਰਾਂਸਪੋਰਟ, ਛੋਟੇ ਵੱਡੇ ਵਪਾਰੀ ਵਰਗ ਭਰਾਵਾਂ ਨੂੰ 16 ਫਰਵਰੀ ਨੂੰ ਆਪਣੇ ਆਪਣੇ ਕਾਰੋਬਾਰਾਂ ਬੰਦ ਕਰ ਕਰਨ ਅਪੀਲ ਕੀਤੀ ਜਾਂਦੀ ਹੈ ਤਾਂ ਜੋ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਮਾਪ ਅਤੇ ਡਾਕਟਰ ਸਵਾਮੀ ਨਾਥਨ ਕਮਿਸ਼ਨ ਦੀ ਰਿਪੋਰਟ ਨੂੰ ਲਾਗੂ ਕਰਨ ਅਤੇ ਲਖੀਮਪੁਰ ਖੀਰੀ ਦੇ ਮੁੱਖ ਦੋਸ਼ੀ ਅਜੇ ਮਿਸ਼ਰਾ ਟੈਣੀ ਨੂੰ ਸਜ਼ਾਵਾਂ ਦਿਵਾਉਣ ਲਈ ਅਤੇ ਕਿਸਾਨਾਂ ਦੇ ਸਿਰ ਪਾਏ ਝੂਠੇ ਕੇਸ ਰੱਦ ਕਰਵਾਉਣ ਲਈ ਅਤੇ ਹੋਰ ਬਹੁਤ ਸਾਰੀਆਂ ਮੰਗਾਂ ਨੂੰ ਮਨਵਾਉਣ ਲਈ ਮੋਦੀ ਸਰਕਾਰ ਨੂੰ 16 ਫਰਵਰੀ ਨੂੰ ਭਾਰਤ ਬੰਦ ਕਰ ਕੇ ਆਉਣ ਵਾਲੇ ਤਿੱਖੇ ਸੰਘਰਸ਼ ਦੇ ਸ਼ੁਰੂਆਤੀ ਸੰਕੇਤ ਦੇਈਏ।ਉਨ੍ਹਾਂ ਕਿਹਾ ਕਿ ਭਲਕੇ ਭਾਰਤ ਬੰਦ ਨੂੰ ਸਫਲ ਬਣਾਉਣ ਲਈ ਤਿਆਰੀਆਂ ਜ਼ੋਰਾਂ 'ਤੇ ਹਨ। ਇਸ ਮੌਕੇ ਕਿਸਾਨ ਆਗੂ ਮੁਖ਼ਤਾਰ ਸਿੰਘ ਦੋਦੇ, ਹਰਦੀਪ ਸਿੰਘ ਦੋਦੇ, ਲੱਖਾ ਸਿੰਘ ਦੋਦੇ, ਭੋਲਾ ਆਦਿ ਹਾਜ਼ਰ ਸਨ।



# ਸਿਗਰਟ ਪੀਣ ਤੋਂ ਹੋਈ ਬਹਿਸਬਾਜ਼ੀ ਕਾਰਨ ਨੌਜਵਾਨ ਦਾ ਕਤਲ



ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਵਿਧਾਨ ਸਭਾ ਹਲਕਾ ਪੱਟੀ ਦੇ ਅਧੀਨ ਪੈਂਦੇ ਪਿੰਡ ਸਭਰਾ ਵਿਖੇ ਤੜਕਸਾਰ ਨੌਜਵਾਨ ਦਾ ਇੱਕ ਨਿਹੰਗ ਵੱਲੋਂ ਕਿਰਪਾਨ ਦਾ ਵਾਰ ਕਰਕੇ ਕਤਲ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਸੁਖਰਾਜ ਸਿੰਘ ਉਰਫ ਘਾਰੂ ਪੁੱਤਰ ਅਮਰੀਕ ਸਿੰਘ ਪਿੰਡ ਸਭਰਾ ਗਲੀ ਵਿੱਚ ਸਿਗਰਟ ਪੀ ਰਿਹਾ ਸੀ ਜਿਸ ਨੂੰ ਪਿੰਡ ਦੇ ਹੀ ਰਹਿਣ ਵਾਲੇ ਬਜ਼ੁਰਗ ਨਿਹੰਗ ਸੁਖਚੈਨ ਸਿੰਘ ਉਰਫ ਚੰਨੇ ਵੱਲੋਂ ਉਸ ਨੂੰ ਸਿਗਰਟਨੋਸ਼ੀ ਕਰਨ ਤੋਂ ਰੋਕਿਆ ਗਿਆ ਤਾਂ ਅੱਗਿਓਂ ਸੁਖਰਾਜ ਸਿੰਘ ਵੱਲੋਂ ਨਿਹੰਗ ਨਾਲ ਗਾਲੀ ਗਲੋਚ ਕਰਨਾ ਸ਼ੁਰੂ ਕਰ ਦਿੱਤਾ ਗਿਆ। ਤਕਰਾਰ ਇੰਨਾ ਜ਼ਿਆਦਾ ਵੱਧ ਗਿਆ ਕਿ ਨਿਹੰਗ ਸਿੰਘ ਸੁਖਚੈਨ ਸਿੰਘ ਵੱਲੋਂ ਕਿਰਪਾਨ ਦੇ ਵਾਰ ਕਰਕੇ ਸੁਖਰਾਜ ਸਿੰਘ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਮ੍ਰਿਤਕ ਸੁਖਰਾਜ ਸਿੰਘ ਦੇ ਭਰਾ ਹਰਜੀਤ ਸਿੰਘ ਅਤੇ ਗਵਾਂਢ ਦੇ ਲੋਕਾਂ ਦਾ ਕਹਿਣਾ ਹੈ ਕਿ ਸੁਖਚੈਨ ਸਿੰਘ ਦਾ ਅਕਸਰ ਹੀ ਸੁਖਰਾਜ ਸਿੰਘ ਨਾਲ ਲੜਾਈ ਝਗੜਾ ਰਹਿੰਦਾ ਸੀ। ਮੌਕੇ 'ਤੇ ਪਹੁੰਚੇ ਥਾਣਾ ਸਦਰ ਪੱਟੀ ਦੇ ਐੱਸਐੱਚਓ ਪਰਮਜੀਤ ਸਿੰਘ ਨੇ ਦੱਸਿਆ ਕਿ ਸੁਖਰਾਜ ਸਿੰਘ ਦੀ ਮ੍ਰਿਤਕ ਦੇਹ ਨੂੰ ਉਨ੍ਹਾਂ ਨੇ ਕਬਜ਼ੇ ਵਿੱਚ ਲੈ ਕੇ ਸਿਵਲ ਹਸਪਤਾਲ ਪੱਟੀ ਵਿਖੇ ਪੋਸਟਮਾਰਟਮ ਲਈ ਭੇਜ ਦਿੱਤਾ ਹੈ। ਨਿਹੰਗ ਸੁਖਚੈਨ ਸਿੰਘ ਨੂੰ ਕਾਬੂ ਕਰਕੇ ਉਸ ਪਾਸੋਂ ਕਿਰਪਾਨ ਬਰਾਮਦ ਕਰਕੇ ਮਾਮਲਾ ਦਰਜ ਕਰ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ।

# ਸੈਸ਼ਨ 2024-25 ਲਈ ਖਿਡਾਰੀਆਂ ਦੇ ਸਿਲੈਕਸ਼ਨ ਟਰਾਇਲ ਅੱਜ ਤੋਂ 22 ਤੱਕ



ਗੁਰਦਾਸਪੁਰ (ਜਨਕ ਮਹਾਜਨ)– ਡਾਇਰੈਕਟਰ ਪੰਜਾਬ ਸਟੇਟ ਇੰਸਟੀਚਿਊਟ ਆਫ਼ ਸਪੋਰਟਸ (ਪੀ.ਆਈ.ਐੱਸ.) ਵੱਲੋਂ ਸੈਸ਼ਨ 2024-25 ਦੌਰਾਨ ਖਿਡਾਰੀਆਂ ਦੇ ਸਿਲੈਕਸ਼ਨ ਟਰਾਇਲ 15 ਤੋਂ 22 ਫਰਵਰੀ 2024 ਤੱਕ ਕਰਵਾਏ ਜਾ ਰਹੇ ਹਨ।

ਇਸ ਸਬੰਧੀ ਜ਼ਿਲ੍ਹਾ ਖੇਡ ਅਫ਼ਸਰ ਗੁਰਦਾਸਪੁਰ ਸਿਮਰਨਜੀਤ ਸਿੰਘ ਵੱਲੋਂ ਵਿਭਾਗ ਦੇ ਸਮੂਹ ਕੋਚਿੰਗ ਅਤੇ ਦਫ਼ਤਰੀ ਸਟਾਫ਼ ਨਾਲ ਮੀਟਿੰਗ ਕੀਤੀ ਗਈ, ਜਿਸ ਦੌਰਾਨ ਉਨ੍ਹਾਂ ਦੱਸਿਆ ਕਿ ਖੇਡ ਵਿਭਾਗ ਵੱਲੋਂ ਵੱਧ ਤੋਂ ਵੱਧ ਖਿਡਾਰੀਆਂ ਨੂੰ ਇਹ ਟਰਾਇਲ ਦੇਣ ਲਈ ਪ੍ਰੇਰਿਤ ਕੀਤਾ ਜਾਵੇਗਾ। ਉਨ੍ਹਾਂ ਖੇਡ ਵਿਭਾਗ ਦੇ ਸਟਾਫ਼ ਨੂੰ ਹਦਾਇਤ ਕੀਤੀ ਕਿ ਉਹ ਇਨ੍ਹਾਂ ਟਰਾਇਲਾਂ ਬਾਰੇ ਖਿਡਾਰੀਆਂ ਨੂੰ ਜਾਗਰੂਕ ਕਰਨ। ਉਨ੍ਹਾਂ ਕਿਹਾ ਕਿ ਨੌਜਵਾਨ ਖਿਡਾਰੀਆਂ ਲਈ ਇਹ ਸੁਨਹਿਰੀ ਮੌਕਾ ਹੈ ਅਤੇ ਉਹ ਟਰਾਇਲ ਦੇ ਕੇ ਪੰਜਾਬ ਸਟੇਟ ਇੰਸਟੀਚਿਊਟ ਆਫ਼ ਸਪੋਰਟਸ ਵਿੱਚ ਦਾਖਲ ਹੋ ਕੇ ਮਾਹਿਰ ਕੋਚਾਂ ਕੋਲੋਂ ਕੋਚਿੰਗ ਲੈ ਕੇ ਵਧੀਆ ਖਿਡਾਰੀ ਬਣ ਸਕਦੇ ਹਨ। ਉਨ੍ਹਾਂ ਕਿਹਾ ਕਿ ਟਰਾਇਲਾਂ ਸਬੰਧੀ ਕਿਸੇ ਵੀ ਜਾਣਕਾਰੀ ਲਈ ਨੌਜਵਾਨ ਖਿਡਾਰੀ ਜ਼ਿਲ੍ਹਾ ਖੇਡ ਦਫ਼ਤਰ ਗੁਰਦਾਸਪੁਰ ਵਿਖੇ ਸੰਪਰਕ ਕਰ ਸਕਦੇ ਹਨ।

# 'ਸੀਨੇ ਵਿੱਚੋਂ ਨਿਕਲਦੀ ਰਹੇਗੀ ਹੂਕ' ਪੁਸਤਕ ਲੋਕ ਅਰਪਣ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਨਵੰਬਰ 1984 ਸਮੇਂ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿਚ ਹੋਏ ਸਿੱਖ ਕਤਲੇਆਮ ਦੌਰਾਨ ਵਾਪਰੀਆਂ ਘਟਨਾਵਾਂ ਨੂੰ ਬਿਆਨ ਕਰਦੀ ਸ. ਜਸਵੰਤ ਸਿੰਘ ਈਸੇਵਾਲ ਵੱਲੋਂ ਤਿਆਰ ਕੀਤੀ ਪੁਸਤਕ 'ਸੀਨੇ ਵਿੱਚੋਂ ਨਿਕਲਦੀ ਰਹੇਗੀ ਹੂਕ' ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ ਨੂੰ ਭੇਟ ਕੀਤੀ ਗਈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ, ਓਐਸਡੀ ਸਤਬੀਰ ਸਿੰਘ ਧਾਮੀ, ਵਧੀਕ ਸਕੱਤਰ ਸੁਖਮਿੰਦਰ ਸਿੰਘ, ਬਲਵਿੰਦਰ ਸਿੰਘ ਕਾਹਲਵਾਂ, ਗੁਰਿੰਦਰ ਸਿੰਘ ਮਥਰੇਵਾਲ, ਮੀਤ ਸਕੱਤਰ ਜਸਵਿੰਦਰ ਸਿੰਘ ਜੱਸੀ, ਚੀਫ਼ ਅਕਾਊਂਟੈਂਟ ਮਿਲਖਾ ਸਿੰਘ ਆਦਿ ਹਾਜ਼ਰ ਸਨ।

## *16/17 ਨੂੰ ਵਰਪਾਲ ਬਿਜਲੀ ਘਰ ਤੋਂ ਸਪਲਾਈ ਬੰਦ ਰਹੇਗੀ*



**ਤਰਨ ਤਾਰਨ** (ਪ੍ਰਿਤਪਾਲ ਸਿੰਘ)- ਪੰਜਾਬ ਸਟੇਟ ਪਾਵਰਕਾਮ ਦੇ ਐੱਸਡੀਓ ਅਮਰੀਕ ਸਿੰਘ ਮੰਡਲ ਗੋਹਲਵੜ੍ਹ ਨੇ ਪ੍ਰੈੱਸ ਨੋਟ ਰਾਹੀਂ ਜਾਣਕਾਰੀ ਦਿੱਤੀ ਕਿ 16,17 ਫਰਵਰੀ ਦਿਨ ਸ਼ੁੱਕਰਵਾਰ ਅਤੇ ਸ਼ਨੀਵਾਰ ਨੂੰ 220 ਕੇਵੀ ਵਰਪਾਲ ਬਿਜਲੀ ਘਰ ਵਿਖੇ ਮੁੰਰਮਤ ਦਾ ਕੰਮ ਚੱਲ ਰਿਹਾ ਹੈ ਜਿਸ ਕਾਰਨ ਵਰਪਾਲ ਬਿਜਲੀ ਘਰ ਅਤੇ 66 ਕੇਵੀ ਗੋਹਲਵੜ੍ਹ ਬਿਜਲੀ ਘਰ ਤੋਂ ਚਲਦੇ ਸਾਰੇ 11ਕੇਵੀ ਫੀਡਰਾਂ ਦੀ ਬਿਜਲੀ ਸਪਲਾਈ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ ਬੰਦ ਰਹੇਗੀ। ਇਸ ਮੌਕੇ ਜੇਈ ਅਰਸ਼ਦੀਪ ਸਿੰਘ ਅਤੇ ਸਮੂਹ ਸਟਾਫ ਹਾਜ਼ਰ ਸੀ।

# ਡਾ. ਸੱਤਪਾਲ ਡਡਵਾਂ ਪ੍ਰਧਾਨ ਅਤੇ ਡਾ. ਸੰਤੋਖ ਭਗਤ ਪ੍ਰੈੱਸ ਸਕੱਤਰ ਬਣੇ



ਧਾਰੀਵਾਲ,14 ਫਰਵਰੀ (ਮਨਦੀਪ ਸਿੰਘ ਵਿੱਕੀ)-ਮੈਡੀਕਲ ਪ੍ਰੈਕਟੀਸ਼ਨਰਜ਼ ਅਸ਼ੋਸੀਏਸ਼ਨ ਪੰਜਾਬ ਇਕਾਈ ਬਲਾਕ ਧਾਰੀਵਾਲ ਦੀ ਮੀਟਿੰਗ ਇਤਿਹਾਸਕ ਗੁਰਦੁਆਰਾ ਬੁਰਜ ਸਾਹਿਬ ਧਾਰੀਵਾਲ ਦੇ ਨੇੜੇ ਖਾਲਸਾ ਜਸ਼ਨ ਹਾਲ ਵਿੱਚ ਹੋਈ। ਮੀਟਿੰਗ ਵਿੱਚ ਐਸ਼ੋਸੀਏਸ਼ਨ ਦੇ ਸੂਬਾ ਵਾਈਸ ਪ੍ਰਧਾਨ ਡਾਕਟਰ ਅਵਤਾਰ ਸਿੰਘ ਕਿਲਾ ਲਾਲ ਸਿੰਘ ਅਤੇ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਡਾਕਟਰ ਪਿਆਰਾ ਸਿੰਘ ਹੰਬੋਵਾਲ ਵਿਸ਼ੇਸ਼ ਤੌਰ ਸਾਮਲ ਹੋਏ। ਮੀਟਿੰਗ ਦੌਰਾਨ ਅਸ਼ੋਸੀਏਸ਼ਨ ਦੀ ਪਿੱਛਲੀ ਕਾਰਗੁਜਾਰੀ ਦਾ ਲੇਖਾ ਜੋਖਾ ਕੀਤਾ ਅਤੇ ਐਸ਼ੋਸੀਏਸ਼ਨ ਦੀ ਬਲਾਕ ਧਾਰੀਵਾਲ ਦੇ ਅਹੁਦੇਦਾਰਾਂ ਦੀ ਚੋਣ ਸਰਬਸੰਮਤੀ ਨਾਲ ਕੀਤੀ ਜਿਸ ਵਿੱਚ ਡਾਕਟਰ ਸੱਤਪਾਲ ਡਡਵਾਂ ਨੂੰ ਲਗਾਤਾਰ 17ਵੀਂ ਵਾਰ ਬਲਾਕ ਧਾਰੀਵਾਲ ਦਾ ਪ੍ਰਧਾਨ ਬਣਾਇਆ, ਜਦਕਿ ਉਪ ਪ੍ਰਧਾਨ ਡਾ. ਰਵਿੰਦਰਪਾਲ ਕਲਿਆਣਪੁਰ, ਸਕੱਤਰ ਜਗਜੀਵਨ ਗਿੱਲ ਭੁੰਬਲੀ, ਉਪ ਸਕੱਤਰ ਰਛਪਾਲ ਸਿੰਘ ਛੋਟੇਪੁਰ, ਪ੍ਰੈਸ਼ ਸਕੱਤਰ ਡਾਕਟਰ ਸੰਤੋਖ ਭਗਤ ਬਿਧੀਪੁਰ, ਉਪ ਪ੍ਰੈੱਸ ਸਕੱਤਰ ਅਜੇਪਾਲ ਸੋਹਲ, ਕੈਸ਼ੀਅਰ ਗੁਰਪ੍ਰੀਤ ਸਿੰਘ ਭੰਗਵਾਂ, ਉਪ ਕੈਸ਼ੀਅਰ ਮਨਜੀਤ ਸਿੰਘ ਵਿਰਕ, ਸਲਾਹਕਾਰ ਬਲਕਾਰ ਸਿੰਘ ਢਿੱਲੋਂ ਕਲਿਆਣਪੁਰ, ਉਪ ਸਲਾਹਕਾਰ ਧੀਰਜ ਕੁਮਾਰ ਜੱਫਰਵਾਲ ਅਤੇ ਜਾਇੰਟ ਸਕੱਤਰ ਰੋਬਿਨ ਜੋਗੋਵਾਲ ਚੁਣੇ। ਇਹਨਾਂ ਤੋਂ ਇਲਾਵਾ ਵੱਖ ਵੱਖ ਜੋਨਾਂ ਦੇ ਨਿਯੁਕਤ ਇੰਚਾਰਜਾਂ ਵਿੱਚ ਡਾਕਟਰ ਅਸ਼ਵਨੀ ਕੁਮਾਰ ਜਫਰਵਾਲ, ਗੁਰਮੁੱਖ ਸਿੰਘ ਕਲੇਰ ਖੁਰਦ, ਬਲਵਿੰਦਰ ਲੇਹਲ, ਅਜੀਤ ਸਿੰਘ ਹੀਰ, ਡਾਕਟਰ ਜਸਪਾਲ ਸੋਹਲ, ਡਾ.ਪਵਨ ਕੁਮਾਰ ਖੁਦਾਦਪੁਰ, ਸੁਖਵਿੰਦਰ ਸਿੰਘ ਗੁਰਦਾਸਨੰਗਲ, ਜਸਬੀਰ ਸਿੰਘ ਭੁੰਬਲੀ, ਹਰਜੀਤ ਸਿੰਘ ਜੋਗੋਵਾਲ, ਡਾ. ਅਸ਼ਵਨੀ ਪੁਰਾਣਾ ਸ਼ਾਲਾ ਸਾਮਲ ਹਨ। ਪ੍ਰਧਾਨ ਡਾਕਟਰ ਸੱਤਪਾਲ ਡਡਵਾਂ ਨੇ ਕਿਹਾ ਉਹ ਸੌਂਪੀ ਜਿੰਮੇਵਾਰੀ ਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਸਾਥੀ ਪ੍ਰੈਕਟੀਸਨਰਾਂ ਦੀਆਂ ਸੱਮਸਿਆਵਾਂ ਦੇ ਹੱਲ ਲਈ ਹਮੇਸ਼ਾਂ ਯਤਨਸ਼ੀਲ ਰਹਿਣਗੇ। ਐਸ਼ੋਸੀਏਸ਼ਨ ਦੇ ਸੂਬਾ ਵਾਈਸ ਪ੍ਰਧਾਨ ਡਾਕਟਰ ਅਵਤਾਰ ਸਿੰਘ ਕਿਲਾ ਲਾਲ ਸਿੰਘ ਅਤੇ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਡਾਕਟਰ ਪਿਆਰਾ ਸਿੰਘ ਹੰਬੋਵਾਲ ਨੇ ਨਵੀਂ ਚੁਣੀ ਟੀਮ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਨਸ਼ਿਆਂ ਦੀ ਰੋਕਥਾਮ ਲਈ ਉਨ੍ਹਾਂ ਦੀ ਜਥੇਬੰਦੀ ਯਤਨਸ਼ੀਲ ਰਹੇਗੀ ਅਤੇ ਜਿਵੇਂ ਜਥੇਬੰਦੀ ਨੇ ਕਰੋਨਾ ਕਾਲ ਵਿੱਚ ਸਰਕਾਰ ਦਾ ਸਾਥ ਦਿੱਤਾ ਸੀ, ਉਸੇ ਤਰ੍ਹਾਂ ਭਵਿੱਖ ਵਿੱਚ ਹਰੇਕ ਕੁਦਰਤੀ ਆਫਤ ਵਿੱਚ ਮਨੁੱਖਤਾ ਦੇ ਭਲੇ ਲਈ ਐਸ਼ੋਸੀਏਸ਼ਨ ਵਲੋਂ ਸਰਕਾਰ ਦਾ ਪੂਰਾ ਸਾਥ ਦਿੱਤਾ ਜਾਵੇਗਾ।

# ਪੰਜਾਬ ਕਿਸਾਨ ਯੂਨੀਅਨ ਦੀ ਪਿੰਡ ਸਹਿਣੇਵਾਲੀ 'ਚ ਮੀਟਿੰਗ



ਗਹਿਰੀ ਮੰਡੀ( ਮਨਜੀਤ ਸਿੰਘ ਭੰਗੂ)- ਪੰਜਾਬ ਕਿਸਾਨ ਯੂਨੀਅਨ ਦੀ ਮੀਟਿੰਗ ਪਿੰਡ ਸਹਿਣੇਵਾਲੀ ਵਿੱਚ ਬਚਿੱਤਰ ਸਿੰਘ ਦੇ ਗ੍ਰਹਿ ਵਿਖੇ ਗੁਰਦਿਆਲ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਪੰਜਾਬ ਕਿਸਾਨ ਯੂਨੀਅਨ ਦੇ ਜ਼ਿਲਾ ਪ੍ਰਧਾਨ ਬਲਬੀਰ ਸਿੰਘ ਮੂਧਲ ਨੇ ਬੋਲਦਿਆਂ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਦੇ ਦਿੱਤੇ 16 ਫਰਵਰੀ ਦੇ ਭਾਰਤ ਬੰਦ ਦੇ ਸੱਦੇ ਨੂੰ ਕਾਮਯਾਬ ਕਰਨ ਲਈ ਸਾਰੇ ਮੈਂਬਰ ਪੂਰੀ ਤਨਦੇਹੀ ਨਾਲ ਕੰਮ ਕਰਨ ਤੇ ਇਸ ਕੌਮੀ ਹੜਤਾਲ ਦਾ ਸੱਦਾ ਜਿਸ ਨੂੰ ਅਵਾਮੀ ਜਨਤਕ ਜਥੇਬੰਦੀਆ, ਟਰੇਡ ਯੂਨੀਅਨਾ, ਆੜ੍ਹਤੀ ਐਸੋਸੀਏਸ਼ਨਾਂ, ਟਰੱਕ ਯੂਨੀਅਨਾਂ ਆਦਿ ਦੀ ਹਮਾਇਤ ਹਾਸਿਲ ਹੈ, ਇਸ ਨੂੰ ਅਮਲੀ ਜਾਮਾ ਪਹਿਨਾਉਣ ਲਈ ਰਾਤ-ਦਿਨ ਇਕ ਕਰ ਦੇਣ।

ਇਸ ਮੀਟਿੰਗ ਨੂੰ ਮਜ਼ਦੂਰਾਂ ਦੇ ਆਗੂ ਮੰਗਲ ਸਿੰਘ ਧਰਮ ਕੋਟ ਪ੍ਰਧਾਨ ਮਜ਼ਦੂਰ ਮੁਕਤੀ ਮੋਰਚਾ ਅੰਮ੍ਰਿਤਸਰ, ਲਖਬੀਰ ਸਿੰਘ ਤੇੜਾ ਜ਼ਿਲਾ ਸਕੱਤਰ ਪੰਜਾਬ ਕਿਸਾਨ ਯੂਨੀਅਨ ਅੰਮ੍ਰਿਤਸਰ, ਕਿਸਾਨ ਆਗੂ ਗੁਰਦਿਆਲ ਸਿੰਘ, ਨਰੇਸ਼ ਕੁਮਾਰ ਸਹਿਣੇਵਾਲੀ ਨੇ ਵੀ ਸੰਬੋਧਨ ਕੀਤਾ। ਮੀਟਿੰਗ ਵਿੱਚ ਤਹਿਸੀਲ ਮਜੀਠਾ ਦੀ 11 ਮੈਂਬਰੀ ਕਮੇਟੀ ਵੀ ਬਣਾਈ ਗਈ ਜਿਸ ਵਿੱਚ ਹਰਜਿੰਦਰ ਸਿੰਘ ਕੱਥੂਨੰਗਲ, ਸੋਨੂ, ਸੁਰਜੀਤ ਸਿੰਘ, ਕਸ਼ਮੀਰ ਸਿੰਘ ਫੌਜੀ ਵਰਿਆਮ, ਜਸਬੀਰ ਸਿੰਘ ਆਦਿ ਚੁਣੇ ਗਏ ਜਿਸ ਦਾ ਕਨਵੀਨਰ ਅਜੈਬ ਸਿੰਘ ਚੱਢਾ ਤੇ ਸਹਾਇਕ ਕਨਵੀਨਰ ਬਚਿੱਤਰ ਸਿੰਘ ਨੂੰ ਬਣਾਇਆ ਗਿਆ।

# ਰਾਜੇਸ਼ ਕੁਮਾਰ ਸ਼ਰਮਾ ਨੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਦਾ ਚਾਰਜ ਸੰਭਾਲਿਆ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਰਾਜੇਸ਼ ਕੁਮਾਰ ਸ਼ਰਮਾ (ਸਟੇਟ ਐਵਾਰਡੀ) ਵੱਲੋਂ ਅੱਜ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਗੁਰਦਾਸਪੁਰ ਦਾ ਚਾਰਜ ਸੰਭਾਲ ਲਿਆ।ਇਸ ਮੌਕੇ ਡੀਈਓ ਰਾਜੇਸ਼ ਕੁਮਾਰ ਸ਼ਰਮਾ ਨੇ ਸਿੱਖਿਆ ਵਿਭਾਗ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ ਆਪਣੀ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣਗੇ ਅਤੇ ਇਸ ਦੇ ਨਾਲ ਨਾਲ ਅਧਿਆਪਕਾਂ ਅਤੇ ਦਫਤਰ ਦਾ ਕੋਈ ਵੀ ਕੰਮ ਪੈਂਡਿੰਗ ਨਹੀਂ ਰਹਿਣ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵੀ ਅਧਿਆਪਕ ਨੂੰ ਕਿਸੇ ਤਰ੍ਹਾਂ ਦੀ ਸਮੱਸਿਆ ਆਉਂਦੀ ਹੈ ਤਾਂ ਉਹ ਮੇਰੇ ਨਾਲ ਸਿੱਧਾ ਸੰਪਰਕ ਕਰ ਸਕਦੇ ਹਨ।ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਉਪ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਲਖਵਿੰਦਰ ਸਿੰਘ, ਉਪ ਜ਼ਿਲ੍ਹਾ ਸਿੱਖਿਆ ਅਫਸਰ ਐਲੀ: ਪ੍ਰਕਾਸ਼ ਜੋਸ਼ੀ , ਅਮਿਤ ਅਗਰਵਾਲ ਵਿਸ਼ੇਸ਼ ਤੌਰ 'ਤੇ ਡੀਈਓ ਸੈਕੰ : ਰਾਕੇਸ਼ ਕੁਮਾਰ ਸ਼ਰਮਾ ਦਾ ਫ਼ੁੱਲਾਂ ਦਾ ਗੁਲਦਸਤਾ ਦੇ ਕੇ ਸਵਾਗਤ ਕੀਤਾ।ਇਸ ਮੌਕੇ ਦਫ਼ਤਰ ਸਟਾਫ ਤੋ ਦਲਜਿੰਦਰ ਕੌਰ, ਪੁਸ਼ਪਿੰਦਰ ਸਿੰਘ, ਗੁਰਦਿੱਤ ਸਿੰਘ, ਪਰਮਿੰਦਰ ਸਿੰਘ, ਰਾਜ ਕੁਮਾਰ, ਸੁਮੀਤ ਕੁਮਾਰ, ਰਾਕੇਸ਼ ਤੁੱਲੀ ਪ੍ਰਦੀਪ ਅਰੋੜਾ, ਅਮਨਦੀਪ ਸਿੰਘ, ਅਮਨ ਗੁਪਤਾ, ਪਵਨ ਅੱਤਰੀ, ਰਾਹੁਲ ਲੂਣਾ, ਵਿਜੇ ਕੁਮਾਰੀ, ਰਾਜ ਕੁਮਾਰ, ਸੋਮ ਲਾਲ, ਅਨੂ, ਗੁਰਮੀਤ ਸਿੰਘ, ਅਮਨਦੀਪ ਸਿੰਘ, ਅਮਰਬੀਰ, ਪਲਵਿੰਦਰ ਸਿੰਘ ਆਦਿ ਹਾਜ਼ਰ ਸਨ।

# ਅਧਿਆਪਕਾਂ-ਵਿਦਿਆਰਥੀਆਂ ਨੇ ਰਲ-ਮਿਲ ਮਨਾਈ ਬਸੰਤ ਪੰਚਮੀ



ਝਬਾਲ (ਹਰਜਿੰਦਰ ਸਿੰਘ ਸੋਨੀ)-ਦਸਮੇਸ਼ ਪਰਿਵਾਰ ਇੰਟਰਨੈਸ਼ਨਲ ਗਰੁੱਪ ਆਫ ਸਕੂਲ ਐਮਾਂ ਕਲਾਂ ਵਿਖੇ ਸਵੇਰ ਦੀ ਸਭਾ ਵਿੱਚ ਬਸੰਤ ਪੰਚਮੀ ਦਾ ਤਿਉਹਾਰ ਤੇ ਬੱਚਿਆਂ ਅਤੇ ਅਧਿਆਪਕਾਂ ਨੇ ਕਵੀਸ਼ਰੀ ਤੇ ਬਸੰਤ ਪੰਚਮੀ ਦੇ ਮੇਲੇ ਦਾ ਇਤਿਹਾਸ ਕਾਫ਼ੀ ਵਿਸਥਾਰ ਨਾਲ ਦੱਸਿਆ। ਪ੍ਰੀ-ਪ੍ਰੈਮਿਰੀ, ਨਰਸਰੀ ਛੋਟੇ-ਛੋਟੇ ਬੱਚਿਆਂ ਖੱਟੇ ਪੀਲੇ ਰੰਗ ਦੇ ਕੱਪੜੇ ਪਾ ਕੇ ਆਏ ਸੀ।ਉਨ੍ਹਾਂ ਨੇ ਕਵਿਤਾਵਾਂ ਤੇ ਅਖਾਣ ਬੋਲ਼ੇ ਆਈ ਬਸੰਤ ਪਾਲਾ ਉਰੰਤ ਸਵੇਰ ਦੀ ਸਭਾ ਵਿੱਚ ਵੱਡੇ ਬੱਚਿਆਂ ਨੇ ਵੀ ਹਿੱਸਾ ਲਿਆ।ਇਸ ਸਮੇਂ ਚੇਅਰਮੈਨ ਜਸਵੰਤ ਸਿੰਘ ਖਾਲਸਾ ਅਤੇ ਮੈਨੇਜਿੰਗ ਡਾਇਰੈਕਟਰ ਮੈਡਮ ਰੁਪਿੰਦਰ ਕੌਰ ਨੇ ਬੱਚਿਆਂ ਨੂੰ ਬਸੰਤ ਪੰਚਮੀ ਦੇ ਇਤਿਹਾਸ ਵਿਸਥਾਰ ਨਾਲ ਦੱਸਿਆ।ਇਸ ਸਮੇਂ ਸਮੂਹ ਅਧਿਆਪਕ ਤੇ ਸਟਾਫ ਹਾਜ਼ਰ ਸੀ।

## ਮੋਦੀ ਸਰਕਾਰ ਨੇ ਜਲ੍ਹਿਆਂਵਾਲਾ ਬਾਗ ਦੀ ਘਟਨਾ ਯਾਦ ਕਰਵਾ ਦਿੱਤੀ: ਬਲਵਿੰਦਰ ਸਿੰਘ



ਚੋਹਲਾ ਸਾਹਿਬ (ਰਮਨ ਚੱਢਾ)-ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਬਲਵਿੰਦਰ ਸਿੰਘ ਦਦੇਹਰ ਸਾਹਿਬ ਨੇ ਦੱਸਿਆ ਕਿ ਦਿੱਲੀ ਨੂੰ ਆਪਣੀਆਂ ਹੱਕੀ ਮੰਗਾਂ ਮਨਾਉਣ ਵਾਸਤੇ ਸ਼ਾਂਤਮਈ ਜਾਂਦਿਆਂ ਤੇ ਹਰਿਆਣੇ ਦੇ ਬਾਰਡਰਾਂ 'ਤੇ ਕੇਂਦਰ ਸਰਕਾਰ ਨੇ ਕਿਸਾਨਾਂ 'ਤੇ ਲਾਠੀਆਂ, ਗੋਲੀਆਂ ਵਰ੍ਹਾ ਕੇ ਜਲ੍ਹਿਆਂਵਾਲੇ ਬਾਗ ਦੀ ਘਟਨਾ ਤਾਜ਼ੀ ਕਰ ਦਿੱਤੀ। ਕਿਸਾਨ ਆਗੂ ਦੇਦਹਰ ਨੇ ਦੱਸਿਆ ਕਿ 10 ਸਾਲਾਂ ਵਿੱਚ ਮੋਦੀ ਸਰਕਾਰ ਨੇ ਜਨਤਾ 'ਤੇ ਏਨਾ ਤਸ਼ੱਦਦ ਕੀਤਾ ਹੈ ਕਿ ਇਤਿਹਾਸ ਵਿੱਚ ਇਹ ਪਹਿਲਾ ਪਧਾਨ ਮੰਤਰੀ ਹੈ ਜਿਸਨੇ ਦੇਸ਼ ਦੇ ਅੰਨਦਾਤੇ ਕਿਸਾਨਾਂ ਨਾਲ ਇਹ ਜ਼ੁਲਮ ਕਮਾਇਆ। ਕਿਸਾਨਾਂ ਦੀਆਂ ਵੋਟਾਂ ਲੈਣ ਵਾਲਾ ਸ਼੍ਰੋਮਣੀ ਅਕਾਲੀ ਦਲ ਭਾਜਪਾ ਨਾਲ ਗਠਜੋੜ ਲਈ ਤਰਲੋ ਮੱਛੀ ਹੋ ਰਿਹਾ।

ਅਖੀਰ ਵਿਚ ਜਨਤਾ ਨੂੰ ਅਪੀਲ ਕੀਤੀ ਕਿ ਭਾਜਪਾ ਅਤੇ ਉਸ ਦੀਆ ਸਹਿਯੋਗੀ ਪਾਰਟੀਆਂ ਨੂੰ ਲੋਕ ਸਭਾ ਚੋਣਾਂ ਵਿੱਚ ਪੂਰੇ ਭਾਰਤ 'ਚ ਜ਼ਮਾਨਤਾਂ ਜ਼ਬਤ ਕਰਵਾਈਆਂ ਜਾਣ। ਕਿਸਾਨ ਦੀ ਆਵਾਜ਼ ਉਠਾਉਣ ਵਾਲੀਆਂ ਧਰਮ ਨਿਰਪੱਖ ਪਾਰਟੀਆਂ ਨੂੰ ਜਤਾਇਆ ਜਾਵੇ।

# ਕਿਸਾਨਾਂ 'ਤੇ ਅੱਥਰੂ ਗੈਸ ਤੇ ਗੋਲੀਆਂ ਵਰ੍ਹਾਉਣ ਦੀ ਨਿੰਦਾ

**ਤਰਨਤਾਰਨ** (ਪ੍ਰਿਤਪਾਲ ਸਿੰਘ)-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਦੇ ਸੂਬਾ ਸਕੱਤਰ ਪਰਗਟ ਸਿੰਘ ਜਾਮਾਰਾਏ, ਜਮਹੂਰੀ ਕਿਸਾਨ ਸਭਾ ਪੰਜਾਬ ਦੇ ਸੂਬਾਈ ਆਗੂ ਦਲਜੀਤ ਸਿੰਘ ਦਿਆਲਪੁਰਾ, ਦਿਹਾਤੀ ਮਜ਼ਦੂਰ ਸਭਾ ਪੰਜਾਬ ਦੇ ਸੂਬਾਈ ਆਗੂ ਚਮਨ ਲਾਲ ਦਰਾਜਕੇ, ਮਨਰੇਗਾ ਵਰਕਰ ਯੂਨੀਅਨ ਦੇ ਸੂਬਾ ਆਗੂ ਬਲਦੇਵ ਸਿੰਘ ਪੰਡੋਰੀ ਨੇ ਜਾਰੀ ਕੀਤੇ ਸਾਂਝੇ ਪ੍ਰੈੱਸ ਬਿਆਨ ਰਾਹੀਂ ਕੇਂਦਰ ਦੀ ਭਾਜਪਾ ਦੀ ਮੋਦੀ ਸਰਕਾਰ ਅਤੇ ਹਰਿਆਣਾ ਦੀ ਖੱਟਰ ਸਰਕਾਰ ਵੱਲੋਂ ਕਿਸਾਨੀ ਮੰਗਾਂ ਲਈ ਦਿੱਲੀ ਨੂੰ ਕੂਚ ਕਰ ਰਹੇ ਕਿਸਾਨਾਂ ਨੂੰ ਰਸਤੇ ਵਿੱਚ ਰੋਕਣ ਅਤੇ ਉਨ੍ਹਾਂ ਉਪਰ ਲਾਠੀਚਾਰਜ ਕਰਨ, ਅੱਥਰੂ ਗੈਸ ਦੇ ਗੋਲੇ ਦਾਗਣ, ਗੋਲੀਆਂ ਵਰ੍ਹਾਉਣ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ।ਉਨ੍ਹਾਂ ਕਿਹਾ ਕਿ ਮੋਦੀ ਦੀ ਭਾਜਪਾ ਸਰਕਾਰ ਪੰਜਾਬ ਦੇ ਲੋਕਾਂ ਅਤੇ ਖਾਸ ਕਰ ਕਿਸਾਨਾਂ ਨਾਲ ਦੁਸ਼ਮਣਾਂ ਵਾਲਾ ਵਿਹਾਰ ਕਰ ਰਹੀ ਹੈ।ਉਨ੍ਹਾਂ ਪੰਜਾਬ ਦੇ ਸਮੂਹ ਲੋਕਾਂ ਨੂੰ ਸੰਯੁਕਤ ਕਿਸਾਨ ਮੋਰਚਾ ਅਤੇ ਟਰੇਡ ਯੂਨੀਅਨਾਂ ਵੱਲੋਂ 16 ਫਰਵਰੀ ਨੂੰ ਕੀਤੇ ਜਾ ਰਹੇ ਭਾਰਤ ਬੰਦ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਕੇ ਅਤੇ ਆਪਣੇ ਕਾਰੋਬਾਰ ਬੰਦ ਰੱਖ ਕੇ ਮੋਦੀ ਦੇ ਪੰਜਾਬ ਵਿਰੋਧੀ ਇਰਾਦਿਆਂ ਅਤੇ ਕੀਤੇ ਜਮਹੂਰੀਅਤ ਦੇ ਕਤਲ ਦਾ ਮੂੰਹਤੋੜਵਾਂ ਜਵਾਬ ਦੇਣ ਦੀ ਅਪੀਲ ਕੀਤੀ ਹੈ।

## *ਹਰਿਆਣਾ ਸਰਕਾਰ ਵੱਲੋਂ ਕਿਸਾਨਾਂ 'ਤੇ ਕੀਤਾ ਤਸ਼ੱਦਦ ਨਿੰਦਣਯੋਗ: ਗੁੰਝੀਆਂ, ਸਿੱਧਵਾਂ*



**ਗੁਰਦਾਸਪੁਰ, (ਜਨਕ ਮਹਾਜਨ)**-ਸੰਯੁਕਤ ਕਿਸਾਨ ਮੋਰਚੇ ਵਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਦਿਲੀ ਕੂਚ ਕਰਨ 'ਤੇ ਹਰਿਆਣਾ ਸਰਕਾਰ ਵਲੋਂ ਸ਼ੰਭੂ ਬਾਰਡਰ ਉੱਪਰ ਕਿਸਾਨਾਂ 'ਤੇ ਕੀਤੇ ਗਏ ਤਸ਼ੱਦਦ ਦੀ ਜਿੰਨੀ ਨਿੰਦਾ ਕੀਤੀ ਜਾਵੇ ਓਨੀ ਹੀ ਘੱਟ ਹੈ। ਇਹ ਪ੍ਰਗਟਾਵਾ ਸੀਨੀਅਰ ਅਕਾਲੀ ਆਗੂ ਕਿਰਪਾਲ ਸਿੰਘ ਗੁੰਝੀਆਂ ਅਤੇ ਸਾਬਕਾ ਚੇਅਰਮੈਨ ਮਹਿੰਦਰ ਸਿੰਘ ਸਿੱਧਵਾਂ ਨੇ ਸਾਂਝੇ ਤੌਰ 'ਤੇ ਇਥੇ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਨੇ ਕਿਸਾਨਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਨਾ ਕਰਕੇ ਜਿੱਥੇ ਕਿਸਾਨਾਂ ਨਾਲ ਧੋਖਾ ਕੀਤਾ ਹੈ ਉੱਥੇ ਹੀ ਹੁਣ ਕਿਸਾਨਾਂ ਦੇ ਰਸਤਿਆਂ ਵਿਚ ਥਾਂ-ਥਾਂ ਬੈਰੀਕੇਡ ਅਤੇ ਕੰਡਿਆਲੀ ਤਾਰ ਲਗਾ ਕੇ ਕਿਸਾਨਾਂ ਨੂੰ ਉਕਸਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਮੋਦੀ ਸਰਕਾਰ ਵਲੋਂ ਪਹਿਲਾਂ ਵੀ ਲੰਬਾ ਸਮਾਂ ਕਿਸਾਨਾਂ ਨੂੰ ਦਿੱਲੀ ਦੀਆਂ ਬਰੂਹਾਂ 'ਤੇ ਖ਼ੱਜਲ ਖ਼ੁਆਰ ਕੀਤਾ ਗਿਆ ਅਤੇ ਫਿਰ ਇਕ ਦਿਨ ਅਚਾਨਕ ਪ੍ਰਧਾਨ ਮੰਤਰੀ ਮੋਦੀ ਵਲੋਂ ਕਿਸਾਨਾਂ ਨੂੰ ਮੰਗਾਂ ਮੰਨਣ ਦਾ ਵਿਸ਼ਵਾਸ ਦਿਵਾ ਕੇ ਉੱਥੋਂ ਉਠਾ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਸਾਰੀ ਦੁਨੀਆ ਦਾ ਪੇਟ ਭਰਨ ਵਾਲਾ ਅੰਨਦਾਤਾ ਕਿਸਾਨ ਜੇਕਰ ਸੜਕਾਂ 'ਤੇ ਰੁਲਦਾ ਹੈ ਤਾਂ ਭਾਰਤ ਦੇਸ਼ ਕਦੀ ਵੀ ਤਰੱਕੀ ਨਹੀਂ ਕਰ ਸਕਦਾ। ਉਕਤ ਆਗੂਆਂ ਨੇ ਕੇਂਦਰ ਸਰਕਾਰ ਪਾਸੋਂ ਮੰਗ ਕੀਤੀ ਕਿ ਉਹ ਕਿਸਾਨਾਂ ਨਾਲ ਮਿਲ ਬੈਠ ਕੇ ਕਿਸਾਨਾਂ ਦੇ ਸਾਰੇ ਮਸਲਿਆਂ ਦਾ ਹੱਲ ਪਹਿਲੇ ਦੇ ਆਧਾਰ 'ਤੇ ਕਰੇ ਤਾਂ ਜੋ ਪਹਿਲਾਂ ਵਾਂਗ ਕਿਸਾਨਾਂ ਤੋਂ ਇਲਾਵਾ ਆਮ ਲੋਕਾਂ ਨੂੰ ਖੱਜਲ ਖ਼ੁਆਰ ਨਾ ਹੋਣਾ ਪਵੇ।

# ਪੰਜਾਬ ਦੇ ਬਾਗ਼ਬਾਨੀ ਵਿਭਾਗ ਨੂੰ ਸਿਲਵਰ ਐਵਾਰਡ ਤੇ 5 ਸੈਮੀਫ਼ਾਈਨਲ ਪੁਜ਼ੀਸ਼ਨਾਂ ਹਾਸਲ



**ਚੰਡੀਗੜ੍ਹ (ਗੁਰਜੀਤ ਬਿੱਲਾ)**-ਪੰਜਾਬ ਸਰਕਾਰ ਨੇ ਸਕੌਚ ਐਵਾਰਡ-2023 ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ ਅਤੇ ਬਾਗ਼ਬਾਨੀ ਦੇ ਖੇਤਰ 'ਚ ਇੱਕ ਸਿਲਵਰ ਐਵਾਰਡ ਸਣੇ 5 ਸੈਮੀਫ਼ਾਈਨਲ ਪੁਜ਼ੀਸ਼ਨਾਂ ਹਾਸਲ ਕੀਤੀਆਂ ਹਨ।ਬਾਗ਼ਬਾਨੀ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਕਰਤਾਰਪੁਰ, ਜਲੰਧਰ ਸਥਿਤ ਸਬਜ਼ੀਆਂ ਦੇ ਸੈਂਟਰ ਆਫ਼ ਐਕਸੀਲੈਂਸ (ਇੰਡੋ-ਇਜ਼ਰਾਈਲੀ ਪ੍ਰਾਜੈਕਟ) ਨੂੰ ਸਿਲਵਰ ਐਵਾਰਡ ਮਿਲਣ 'ਤੇ ਵਿਭਾਗ ਦੇ ਅਧਿਕਾਰੀਆਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਇਹ ਸੈਂਟਰ ਕਿਸਾਨਾਂ ਦੀ ਆਮਦਨ ਵਿੱਚ ਜ਼ਿਕਰਯੋਗ ਵਾਧਾ ਕਰਕੇ ਉਨ੍ਹਾਂ ਦੇ ਜੀਵਨ ਵਿੱਚ ਅਹਿਮ ਤਬਦੀਲੀ ਲਿਆਉਣ ਵਿੱਚ ਸਹਾਈ ਹੋ ਰਿਹਾ ਹੈ। ਇੱਥੇ 3-5 ਮੀਟ੍ਰਿਕ ਟਨ ਦੇ ਆਨ-ਫ਼ਾਰਮ ਕੋਲਡ ਰੂਮ ਨੂੰ ਸਟੈਂਡਰਡਾਈਜ਼ ਕੀਤਾ ਗਿਆ ਹੈ ਜਿਸ ਨਾਲ ਕਿਸਾਨਾਂ ਨੂੰ ਭਾਰੀ ਮੁਨਾਫ਼ਾ ਮਿਲਿਆ ਹੈ। ਇਹ ਸੈਂਟਰ ਵੈਲਿਊ-ਚੇਨ ਵਿੱਚ ਵੱਡੇ ਪਾੜੇ ਨੂੰ ਦੂਰ ਕਰਨ ਵਿੱਚ ਮਦਦ ਕਰਨ ਸਣੇ ਵਾਢੀ ਤੋਂ ਪਹਿਲਾਂ ਦੀ ਤਕਨੀਕ ਅਪਣਾਉਣ ਵਾਲੇ ਕਿਸਾਨਾਂ ਨੂੰ 1 ਕਨਾਲ ਪੌਲੀਹਾਊਸ ਤੋਂ 1 ਏਕੜ ਦੇ ਬਰਾਬਰ ਆਮਦਨ ਪ੍ਰਦਾਨ ਕਰਕੇ ਫ਼ਸਲੀ ਵਿਭਿੰਨਤਾ ਅਪਨਾਉਣ ਲਈ ਉਤਸ਼ਾਹਤ ਕਰ ਰਿਹਾ ਹੈ। ਵਾਢੀ ਤੋਂ ਬਾਅਦ ਦੇ ਪ੍ਰਬੰਧਨ ਦੀਆਂ ਆਧੁਨਿਕ ਤਕਨੀਕਾਂ ਨਾਲ ਲੈਸ ਬਾਗ਼ਬਾਨੀ ਵਿਭਾਗ ਦੇ ਇਸ ਪ੍ਰਮੁੱਖ ਸੈਂਟਰ ਵਿਖੇ ਕਿਸਾਨਾਂ ਨੂੰ ਸਿਖਲਾਈ ਦੇਣ ਦੇ ਨਾਲ-ਨਾਲ ਉਨ੍ਹਾਂ ਲਈ ਤਕਨੀਕੀ ਪ੍ਰਦਰਸ਼ਨੀ ਵੀ ਲਾਈਆਂ ਜਾਂਦੀਆਂ ਹਨ ਅਤੇ ਕਿਸਾਨਾਂ ਨੂੰ ਰੋਗ ਮੁਕਤ ਬੂਟਿਆਂ ਦੀ ਘਰ-ਘਰ ਡਿਲੀਵਰੀ ਦਿੱਤੀ ਜਾਂਦੀ ਹੈ। ਇਸ ਸੈਂਟਰ ਵਿੱਚ ਅਤਿ-ਆਧੁਨਿਕ ਹਾਈਡ੍ਰੋਪੌਨਿਕਸ ਯੂਨਿਟ ਅਤੇ ਇੱਕ ਪਲਾਂਟ ਕਲੀਨਿਕ ਪ੍ਰਯੋਗਸ਼ਾਲਾ ਵੀ ਹੈ। ਸੈਂਟਰ ਵੱਲੋਂ ਹੁਣ ਤੱਕ ਪੰਜਾਬ ਭਰ ਦੇ ਕਿਸਾਨਾਂ ਨੂੰ 2 ਕਰੋੜ ਤੋਂ ਵੱਧ ਰੋਗ-ਮੁਕਤ ਸਬਜ਼ੀਆਂ ਦੇ ਬੂਟੇ ਮੁਹੱਈਆ ਕਰਵਾਏ ਜਾ ਚੁੱਕੇ ਹਨ।ਸੈਮੀਫ਼ਾਈਨਿਲਿਸਟ ਪ੍ਰਾਜੈਕਟਾਂ ਵਿੱਚ ਖੇਤੀਬਾੜੀ ਬੁਨਿਆਦੀ ਢਾਂਚਾ ਫ਼ੰਡ ਸਕੀਮ, ਪ੍ਰਾਜੈਕਟ ਫ਼ੇਜ਼, ਬਾਇਓਫ਼ਰਟੀਲਾਈਜ਼ਰ ਲੈਬਾਰਟਰੀ ਹੁਸ਼ਿਆਰਪੁਰ, ਸੇਰੀਕਲਚਰ (ਪੰਜਾਬ ਵਿੱਚ ਰੇਸ਼ਮ ਉਤਪਾਦਨ ਦਾ ਵਿਕਾਸ) ਅਤੇ ਆਲੂਆਂ ਦੇ ਸੈਂਟਰ ਆਫ਼ ਐਕਸੀਲੈਂਸ (ਇੰਡੋ-ਡੱਚ ਪ੍ਰਾਜੈਕਟ)-ਧੋਗੜੀ, ਜਲੰਧਰ ਸ਼ਾਮਲ ਹਨ। ਸਕੌਚ ਗਰੁੱਪ ਭਾਰਤ ਦਾ ਇੱਕ ਅਜਿਹਾ ਪ੍ਰਮੁੱਖ ਥਿੰਕ ਟੈਂਕ ਹੈ, ਜੋ ਸਰਬਪੱਖੀ ਵਿਕਾਸ 'ਤੇ ਧਿਆਨ ਕੇਂਦਰਤ ਕਰਦਿਆਂ ਸਮਾਜਿਕ-ਆਰਥਿਕ ਮੁੱਦਿਆਂ ਨਾਲ ਨਜਿੱਠਦਾ ਹੈ। ਸਕੌਚ ਐਵਾਰਡ, ਕੌਮੀ ਅਹਿਮੀਅਤ ਵਾਲੇ ਮੁੱਦਿਆਂ 'ਤੇ ਕੰਮ ਕਰਨ ਵਾਲੇ ਪ੍ਰਾਜੈਕਟਾਂ ਅਤੇ ਸੰਸਥਾਵਾਂ ਨੂੰ ਮਾਨਤਾ ਦੇਣ ਲਈ 2003 ਤੋਂ ਰਾਸ਼ਟਰੀ ਪੱਧਰ 'ਤੇ ਕਰਵਾਏ ਜਾ ਰਹੇ ਹਨ। ਇਹ ਪੁਰਸਕਾਰ ਸਮਾਜ ਵਿੱਚ ਅਹਿਮ ਯੋਗਦਾਨ ਪਾਉਣ ਲਈ ਪੁਰਸਕਾਰ ਪ੍ਰਾਪਤ ਕਰਨ ਵਾਲੀਆਂ ਸੰਸਥਾਵਾਂ/ਪ੍ਰਾਜੈਕਟਾਂ ਦੀਆਂ ਅਸਾਧਾਰਨ ਪ੍ਰਾਪਤੀਆਂ ਨੂੰ ਦਰਸਾਉਂਦੇ ਹਨ।ਨਵੀਂ ਦਿੱਲੀ ਦੇ ਕਾਂਸਟੀਚਿਊਸ਼ਨ ਕਲੱਬ ਆਫ਼ ਇੰਡੀਆ ਵਿਖੇ ਕਰਵਾਏ ਗਏ ਐਵਾਰਡ ਸਮਾਰੋਹ ਦੌਰਾਨ ਖੇਤੀਬਾੜੀ ਵਿਭਾਗ ਦੇ ਸਕੱਤਰ ਅਜੀਤ ਬਾਲਾਜੀ ਜੋਸ਼ੀ, ਬਾਗ਼ਬਾਨੀ ਵਿਭਾਗ ਦੇ ਡਾਇਰੈਕਟਰ ਸ਼ੈਲਿੰਦਰ ਕੌਰ ਅਤੇ ਸਹਾਇਕ ਡਾਇਰੈਕਟਰ (ਬਾਗ਼ਬਾਨੀ) ਦਲਜੀਤ ਸਿੰਘ ਗਿੱਲ ਨੇ ਪੰਜਾਬ ਸਰਕਾਰ ਦੀ ਤਰਫ਼ੋਂ ਐਵਾਰਡ ਪ੍ਰਾਪਤ ਕੀਤਾ।

# ਭਾਸ਼ਾ ਵਿਭਾਗ ਵੱਲੋਂ 'ਟੈਬੂ' ਕਹਾਣੀ ਸੰਗ੍ਰਹਿ 'ਤੇ ਵਿਚਾਰ-ਚਰਚਾ



**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**- ਉਚੇਰੀ ਸਿੱਖਿਆ ਤੇ ਭਾਸ਼ਾਵਾਂ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਪੰਜਾਬੀ ਮਾਂ-ਬੋਲੀ ਤੇ ਸਾਹਿਤ ਦੀ ਪ੍ਰਫੁਲਤਾ ਦੀ ਲੜੀ 'ਚ ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਵਿਹੜੇ ਕੱਲ੍ਹ ਸੁਰਿੰਦਰ ਨੀਰ ਦਾ ਕਹਾਣੀ ਸੰਗ੍ਰਹਿ 'ਟੈਬੂ' 'ਤੇ ਵਿਚਾਰ ਚਰਚਾ ਕੀਤੀ ਗਈ। ਸਮਾਗਮ ਦੀ ਪ੍ਰਧਾਨਗੀ ਡਾ. ਧਨਵੰਤ ਕੌਰ (ਸਾਬਕਾ ਪ੍ਰੋਫ਼ੈਸਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ) ਵੱਲੋਂ ਕੀਤੀ ਗਈ। ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਡਾ. ਯੋਗਰਾਜ (ਚੇਅਰਮੈਨ, ਪੰਜਾਬੀ ਅਧਿਐਨ ਸਕੂਲ, ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ) ਅਤੇ ਸਵਰਨਜੀਤ ਸਵੀ (ਸਾਹਿਤ ਅਕਾਦਮੀ ਪੁਰਸਕਾਰ ਜੇਤੂ) ਵੱਲੋਂ ਸ਼ਿਰਕਤ ਕੀਤੀ ਗਈ। ਵਿਚਾਰ ਚਰਚਾ ਦੀ ਸ਼ੁਰੂਆਤ ਵਿਚ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਦਵਿੰਦਰ ਸਿੰਘ ਬੋਹਾ ਵੱਲੋਂ ਸਮੂਹ ਪ੍ਰਧਾਨਗੀ ਮੰਡਲ, ਸਾਹਿਤਕਾਰਾਂ ਅਤੇ ਪਤਵੰਤੇ ਸੱਜਣਾਂ ਨੂੰ 'ਜੀ ਆਇਆਂ ਨੂੰ' ਕਹਿੰਦਿਆਂ ਭਾਸ਼ਾ ਵਿਭਾਗ ਪੰਜਾਬ ਦੁਆਰਾ ਕੀਤੇ ਜਾ ਰਹੇ ਕੰਮਾਂ ਅਤੇ ਜ਼ਿਲ੍ਹਾ ਭਾਸ਼ਾ ਦਫ਼ਤਰ ਮੋਹਾਲੀ ਦੀਆਂ ਪ੍ਰਾਪਤੀਆਂ ਤੋਂ ਹਾਜ਼ਰੀਨ ਨੂੰ ਜਾਣੂ ਕਰਵਾਇਆ ਗਿਆ। ਉਨ੍ਹਾਂ ਟੈਬੂ ਕਹਾਣੀ ਸੰਗ੍ਰਹਿ ਲਈ ਮੁਬਾਰਕਬਾਦ ਦਿੰਦੇ ਹੋਏ ਆਖਿਆ ਕਿ ਇਨ੍ਹਾਂ ਕਹਾਣੀਆਂ ਨੂੰ ਵਿਸ਼ਵੀ ਪਰਿਪੇਖ ਵਿਚ ਰੱਖ ਕੇ ਵੇਖਣ ਦੀ ਲੋੜ ਹੈ।ਡਾ. ਮੀਨਾਕਸ਼ੀ ਰਾਠੌਰ ਵੱਲੋਂ ਟੈਬੂ: ਨਾਰੀਵਾਦੀ ਦ੍ਰਿਸ਼ਟੀਕੋਣ ਵਿਸ਼ੇ 'ਤੇ ਪਰਚਾ ਪੜ੍ਹਦੇ ਹੋਏ ਇਹ ਧਾਰਨਾ ਪੇਸ਼ ਕੀਤੀ ਗਈ ਕਿ ਇਹ ਕਹਾਣੀ ਸੰਗ੍ਰਹਿ ਜੀਵਨ ਯਥਾਰਥ ਦੇ ਅਸਤਿਤਵੀ ਸੰਕਟ, ਔਰਤ-ਮਰਦ ਸਬੰਧਾਂ ਦੇ ਵਿਗੜਦੇ ਸਮੀਕਰਨ, ਰਾਜਨੀਤੀ, ਖਪਤ ਸਭਿਆਚਾਰ, ਕਸ਼ਮੀਰ ਦੀ ਧਰਤੀ ਦਾ ਬਿਰਤਾਂਤ ਆਦਿ ਵਿਸ਼ਿਆਂ ਦੀ ਪੇਸ਼ਕਾਰੀ ਬੜੇ ਚਿਹਨਾਤਮਕ ਢੰਗ ਨਾਲ ਕੀਤੀ ਗਈ ਹੈ। ਡਾ. ਜਸਵਿੰਦਰ ਕੌਰ ਬਿੰਦਰਾ ਨੇ ਆਖਿਆ ਕਿ ਸੁਰਿੰਦਰ ਨੀਰ ਸਮਾਜਿਕ ਸਰੋਕਾਰਾਂ ਅਤੇ ਮਸਲਿਆਂ ਪ੍ਰਤੀ ਗੰਭੀਰ ਪਹੁੰਚ ਰੱਖਦੀ ਹੈ।ਡਾ. ਧਨਵੰਤ ਕੌਰ ਨੇ ਪ੍ਰਧਾਨਗੀ ਭਾਸ਼ਣ ਵਿਚ ਬੋਲਦਿਆਂ ਕਿਹਾ ਕਿ ਸੁਰਿੰਦਰ ਨੀਰ ਨੇ ਹਥਲੀਆਂ ਕਹਾਣੀਆਂ ਦੀ ਰਚਨਾ ਪਰੰਪਰਕ ਨਾਰੀਵਾਦੀ ਦ੍ਰਿਸ਼ਟੀਕੋਣ ਤੋਂ ਨਹੀਂ ਕੀਤੀ ਸਗੋਂ ਉਹ ਨਾਰੀ ਦੀ ਜੈਵਿਕਤਾ, ਨੈਤਿਕਤਾ ਅਤੇ ਸਮਾਜਿਕਤਾ ਨੂੰ ਇਕ ਨਿਵੇਕਲੇ ਦ੍ਰਿਸ਼ਟੀਕੋਣ ਤੋਂ ਸਿਰਜਦੀ ਹੈ। ਡਾ. ਯੋਗਰਾਜ, ਸਵਰਨਜੀਤ ਸਵੀ, ਅਮਰਜੀਤ ਗਰੇਵਾਲ, ਡਾ. ਜਸਵਿੰਦਰ ਸਿੰਘ, ਕਹਾਣੀਕਾਰ ਬਲਵਿੰਦਰ ਗਰੇਵਾਲ, ਡਾ. ਬਲਜੀਤ ਸਿੰਘ ਰੈਨਾ ਨੇ ਵੀ ਆਪਣੇ ਵਿਚਾਰ ਰੱਖੇ। ਕਹਾਣੀਕਾਰਾ ਸੁਰਿੰਦਰ ਨੀਰ ਨੇ ਆਪਣੀ ਸਿਰਜਣ ਪ੍ਰਕਿਰਿਆ ਬਾਬਤ ਸ੍ਰੋਤਿਆਂ ਦੇ ਰੂਬਰੂ ਹੁੰਦਿਆਂ ਕਿਹਾ ਕਿ ਸਾਹਿਤ ਸਿਰਜਣਾ ਮੇਰੇ ਲਈ ਸਾਧਨਾ ਵਾਂਗ ਹੈ। ਪੜ੍ਹਨਾ-ਲਿਖਣਾ ਮੇਰਾ ਪਹਿਲਾ ਅਤੇ ਆਖ਼ਰੀ ਜਨੂੰਨ ਹੈ। ਇਨ੍ਹਾਂ ਤੋਂ ਇਲਾਵਾ ਵਿਚਾਰ ਚਰਚਾ ਵਿੱਚ ਉੱਘੇ ਕਵੀ ਜਸਵੰਤ ਸਿੰਘ ਜ਼ਫ਼ਰ, ਪ੍ਰੋ. ਲਾਭ ਸਿੰਘ ਖੀਵਾ, ਡਾ. ਸੁਨੀਤਾ ਰਾਣੀ, ਡਾ. ਅਜੀਤ ਕੰਵਲ ਸਿੰਘ ਹਮਦਰਦ, ਗੁਰਪ੍ਰੀਤ ਸਿੰਘ ਨਿਆਮੀਆਂ, ਧਿਆਨ ਸਿੰਘ ਕਾਹਲੋਂ, ਪਰਮਜੀਤ ਮਾਨ, ਸੰਜੀਵਨ ਸਿੰਘ, ਗੁਰਚਰਨ ਸਿੰਘ, ਮਨਜੀਤ ਪਾਲ ਸਿੰਘ, ਦਿਲਬਾਗ ਸਿੰਘ, ਪਰਮਿੰਦਰ ਸਿੰਘ ਮਦਾਨ, ਜਸਵੀਰ ਸਿੰਘ ਗੜ੍ਹਾਂਗਾ, ਬਲਵਿੰਦਰ ਸਿੰਘ ਢਿੱਲੋਂ, ਬਲਜੀਤ ਕੌਰ, ਸਰਦਾਰਾ ਸਿੰਘ ਚੀਮਾ, ਜਪਨੀਤ ਕੌਰ ਅਤੇ ਮਨਜੀਤ ਸਿੰਘ ਵੱਲੋਂ ਵੀ ਸ਼ਿਰਕਤ ਕੀਤੀ ਗਈ।ਸਮਾਗਮ ਦੇ ਅੰਤ ਵਿਚ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਦਵਿੰਦਰ ਸਿੰਘ ਬੋਹਾ ਵੱਲੋਂ ਮੁੱਖ ਮਹਿਮਾਨਾਂ, ਬੁਲਾਰਿਆਂ ਅਤੇ ਪਤਵੰਤੇ ਸੱਜਣਾਂ ਦਾ ਵਿਚਾਰ ਚਰਚਾ ਵਿਚ ਪਹੁੰਚਣ ਲਈ ਧੰਨਵਾਦ ਕੀਤਾ। ਮੰਚ ਸੰਚਾਲਨ ਖੋਜ ਅਫ਼ਸਰ ਡਾ. ਦਰਸ਼ਨ ਕੌਰ ਵੱਲੋਂ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਭਾਸ਼ਾ ਦਫ਼ਤਰ ਮੋਹਾਲੀ ਵੱਲੋਂ ਪੁਸਤਕ ਪ੍ਰਦਰਸ਼ਨੀ ਵੀ ਲਗਾਈ ਗਈ।

# ਬਲਬੀਰ ਸਿੰਘ ਦੀ ਯਾਦ 'ਚ ਖ਼ੂਨਦਾਨ ਕੈਂਪ



**ਜਲੰਧਰ (ਇਕਬਾਲ ਸਿੰਘ ਉਭੀ)**-ਐਨ.ਐਸ.ਐਸ., ਰੈੱਡ ਰਿਬਨ ਅਤੇ ਐਨ.ਸੀ.ਸੀ. ਵਿਭਾਗਾਂ ਨੇ ਐਨ.ਜੀ.ਓ ਪਹਿਲ ਤੋਂ ਡਾ. ਹਰਵਿੰਦਰ (ਪ੍ਰਧਾਨ, ਐਨ.ਜੀ.ਓ. ਪਹਿਲ) ਅਤੇ ਮੋਹਿਤ (ਮੁਖੀ, ਸੰਚਾਲਨ, ਐਨ.ਜੀ.ਓ. ਪਹਿਲ) ਦੇ ਸਹਿਯੋਗ ਨਾਲ ਸਾਬਕਾ ਪ੍ਰਧਾਨ, ਗਵਰਨਿੰਗ ਕੌਂਸਲ, ਕੇ ਸੀ ਐਲ ਗਰੁੱਪ ਆਫ ਇੰਸਟੀਚਿਊਟਸ ਅਤੇ ਸਾਬਕਾ ਐਮ.ਪੀ. ਸਵ. ਬਲਬੀਰ ਸਿੰਘ ਦੀ 16ਵੀਂ ਬਰਸੀ ਨੂੰ ਸਮਰਪਤ ਖ਼ੂਨਦਾਨ ਕੈਂਪ ਗਵਰਨਿੰਗ ਕੌਂਸਲ ਦੇ ਪ੍ਰਧਾਨ ਸਰਦਾਰਨੀ ਬਲਬੀਰ ਕੌਰ ਦੀ ਯੋਗ ਅਗਵਾਈ ਹੇਠ ਲਗਾਇਆ ਗਿਆ। ਸਿਵਲ ਹਸਪਤਾਲ ਜਲੰਧਰ ਦੀ ਟੀਮ ਜਿਸ ਵਿੱਚ ਡਾ. ਰੁਪਿੰਦਰਜੀਤ ਕੌਰ (ਬੀ.ਟੀ.ਓ.), ਅਜੈ ਕੁਮਾਰ (ਕੌਂਸਲਰ) ਗਗਨਦੀਪ ਕੌਰ (ਸਟਾਫ ਨਰਸ), ਸੁਖਵਿੰਦਰ (ਐਮ.ਐਲ.ਟੀ.), ਨਿਧੀ (ਐਮ.ਐਲ.ਟੀ.), ਕੁਸਮ, ਗੁਰਦੀਪ ਸਿੰਘ, ਅੰਕਿਤ, ਹਨੀ ਵੀ ਸ਼ਾਮਲ ਸਨ। ਕੈਂਪ ਵਿੱਚ ਟੀਚਿੰਗ, ਨਾਨ-ਟੀਚਿੰਗ ਸਟਾਫ ਅਤੇ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਪ੍ਰਧਾਨ ਸਰਦਾਰਨੀ ਬਲਬੀਰ ਕੌਰ ਨੇ ਸੰਬੋਧਨ ਵਿੱਚ ਕਿਹਾ ਕਿ ਖ਼ੂਨਦਾਨ ਕਰਨਾ ਸਭ ਤੋਂ ਵੱਡਾ ਯੋਗਦਾਨ ਹੈ ਜਿਸ ਵਿੱਚ ਅਸੀਂ ਆਪਣਾ ਸਮਾਜਿਕ ਤੇ ਨੈਤਿਕ ਫਰਜ਼ ਅਦਾ ਕਰਦੇ ਹਾਂ। ਪ੍ਰਿੰਸੀਪਲ ਡਾ.ਨਵਜੋਤ ਨੇ ਵਿਦਿਆਰਥੀਆਂ ਨੂੰ ਸਵ. ਬਲਬੀਰ ਸਿੰਘ ਦੀ ਸ਼ਖ਼ਸੀਅਤ ਬਾਰੇ ਜਾਣੂ ਕਰਵਾਇਆ ਅਤੇ ਉਨ੍ਹਾਂ ਦੁਆਰਾ ਇਸਤਰੀ ਸਿੱਖਿਆ ਵਿੱਚ ਪਾਏ ਯੋਗਦਾਨ ਬਾਰੇ ਦੱਸਿਆ। ਮੈਡਮ ਨੇ ਕਿਹਾ ਕਿ ਸੰਸਥਾਵਾਂ ਨੂੰ ਸਫਲਤਾਪੂਰਵਕ ਚਲਾਉਣ ਦਾ ਕਾਰਨ ਨਾ ਸਿਰਫ ਬਲਬੀਰ ਸਿੰਘ ਦੀ ਦੂਰਅੰਦੇਸ਼ੀ ਦਾ ਨਤੀਜਾ ਹੈ ਸਗੋਂ ਸਰਦਾਰਨੀ ਬਲਬੀਰ ਕੌਰ ਵੱਲੋਂ ਕੀਤੇ ਜਾ ਰਹੇ ਅਣਥੱਕ ਯਤਨਾਂ ਦਾ ਵੀ ਨਤੀਜਾ ਹੈ। ਮੈਡਮ ਨੇ ਖ਼ੂਨਦਾਨ ਦੀ ਮਹੱਤਤਾ ਬਾਰੇ ਦੱਸਿਆ ਅਤੇ ਕੈਂਪ ਦੇ ਆਯੋਜਨ ਲਈ ਏ ਐਨ ਓ ਲੈਫਟੀਨੈਂਟ (ਡਾ.) ਰੁਪਾਲੀ ਰਾਜਦਾਨ ਅਤੇ ਐਨ ਐਸ ਐਸ ਦੇ ਪ੍ਰੋਗਰਾਮ ਅਫਸਰ ਮੈਡਮ ਆਤਮਾ ਸਿੰਘ ਅਤੇ ਸਰਬਜੀਤ ਕੌਰ ਦੇ ਯਤਨਾਂ ਦੀ ਸ਼ਲਾਘਾ ਕੀਤੀ। ਖ਼ੂਨਦਾਨ ਕੈਂਪ ਤੋਂ ਇਕ ਦਿਨ ਪਹਿਲਾਂ ਡਾ. ਹਰਵਿੰਦਰ ਵੱਲੋਂ ਖ਼ੂਨਦਾਨ ਬਾਰੇ ਜਾਗਰੂਕਤਾ ਲੈਕਚਰ ਦਿੱਤਾ ਗਿਆ।

# ਨਿਊਜ਼ੀਲੈਂਡ ਦੀ 'ਵਰਸਿਟੀ ਆਫ ਵਾਈਕਾਟੋ ਤੇ ਲਵਲੀ ਵਿਚਾਲੇ ਕਰਾਰ



**ਜਲੰਧਰ ( ਸ਼ੈਲੀ ਐਲਬਰਟ)**:-ਨਿਊਜ਼ੀਲੈਂਡ ਦੀ ਚੋਟੀ ਦੀ ਰੈਂਕਿੰਗ ਵਾਲੀ ਰਿਸਰਚ ਯੂਨੀਵਰਸਿਟੀ-ਯੂਨੀਵਰਸਿਟੀ ਆਫ ਵਾਈਕਾਟੋ (ਯੂ ਓ ਡਬਲਯੂ ) ਦੀ ਇੱਕ ਉੱਚ-ਪ੍ਰੋਫਾਈਲ ਟੀਮ ਨੇ ਸਹਿਯੋਗੀ ਉਦੇਸ਼ਾਂ ਲਈ ਇੱਕ ਸਮਝੌਤਾ ਪੱਤਰ (ਐਮਓਯੂ) 'ਤੇ ਹਸਤਾਖਰ ਕਰਨ ਲਈ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ ) ਕੈਂਪਸ ਦਾ ਦੌਰਾ ਕੀਤਾ । ਦੇਸ਼ ਦੀ ਨਵੀਂ ਸਿੱਖਿਆ ਨੀਤੀ ਦੇ ਅਨੁਸਾਰ ਸਿੱਖਿਆ ਦੇ ਅੰਤਰਰਾਸ਼ਟਰੀਕਰਨ ਵੱਲ ਇਹ ਦਾ ਇੱਕ ਹੋਰ ਮਹੱਤਵਪੂਰਨ ਕਦਮ ਹੈ। ਇਹ ਸਮਝੌਤਾ ਸਿਖਰ ਦੇ ਖੇਤਰਾਂ ਵਿੱਚ ਖੋਜ-ਅਧਾਰਤ ਗਲੋਬਲ ਸਿੱਖਿਆ ਲਈ ਵਿਦਿਆਰਥੀਆਂ ਦੀਆਂ ਇੱਛਾਵਾਂ ਨੂੰ ਪੂਰਾ ਕਰਦਾ ਹੈ। ਪ੍ਰੋ-ਵਾਈਸ ਚਾਂਸਲਰ ਪ੍ਰੋ ਡਾ. ਜਿਓਫਰੀ ਹੋਮਜ਼ ਦੀ ਅਗਵਾਈ ਵਿੱਚ, ਯੂ ਓ ਡਬਲਿਊ ਦੀ ਟੀਮ ਨੇ ਦੋਵਾਂ ਯੂਨੀਵਰਸਿਟੀਆਂ ਦੇ ਪੱਖ ਵਿੱਚ, ਆਪਸੀ ਹਿੱਤਾਂ ਦੇ ਸਮੂਹਿਕ ਯਤਨਾਂ ਲਈ ਇੱਕ ਵੱਕਾਰੀ ਐਸੋਸੀਏਸ਼ਨ ਲਈ ਐਲਪੀਯੂ ਦੇ ਚੋਟੀ ਦੇ ਸਿੱਖਿਆ ਮਾਹਿਰਾਂ ਨਾਲ ਮੁਲਾਕਾਤ ਕੀਤੀ । ਯੂਓ ਡਬਲਿਊ ਵਿਖੇ ਸਿਹਤ, ਇੰਜਨੀਅਰਿੰਗ, ਕੰਪਿਊਟਿੰਗ ਅਤੇ ਸਾਇੰਸਜ਼ ਦੀ ਡਿਵੀਜ਼ਨ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਨੂੰ ਆਪਣੇ ਖੋਜ ਖੇਤਰ ਵਜੋਂ ਪੇਸ਼ ਕਰਦੇ ਹੋਏ, ਪ੍ਰੋ ਡਾ. ਹੋਲਮਜ਼ ਨੇ ਆਰਟੀਫੀਸ਼ੀਅਲ ਇੰਟੈਲੀਜੈਂਸ, ਸਾਈਬਰ ਸੁਰੱਖਿਆ, ਅਤੇ ਸੰਯੁਕਤ ਕਾਨਫਰੰਸਾਂ ਵਿੱਚ ਖੋਜ ਕਾਰਜਾਂ ਲਈ ਐਲਪੀਯੂ ਦੀ ਟੀਮ ਨਾਲ ਮਹੱਤਵਪੂਰਨ ਚਰਚਾ ਕੀਤੀ ।ਐਲਪੀਯੂ ਦੀ ਟੀਮ ਦੀ ਨੁਮਾਇੰਦਗੀ ਇਸ ਦੇ ਪ੍ਰੋ ਵਾਈਸ ਚਾਂਸਲਰ ਪ੍ਰੋ: ਡਾ: ਲਵੀ ਰਾਜ ਗੁਪਤਾ (ਫੈਕਲਟੀ ਆਫ਼ ਟੈਕਨਾਲੋਜੀ ਅਤੇ ਵਿਗਿਆਨ) ਅਤੇ ਇਸਦੇ ਵਾਈਸ ਪ੍ਰੈਜ਼ੀਡੈਂਟ ਡਾ. ਅਮਨ ਮਿੱਤਲ ਨੇ ਕੀਤੀ। ਪ੍ਰੋ. ਡਾ. ਜਿਓਫਰੀ ਹੋਮਜ਼ ਨੇ ਸਾਂਝਾ ਕੀਤਾ ਕਿ ਨਵੀਨਤਾ ਅਤੇ ਸੱਭਿਆਚਾਰ ਦੇ ਆਦਾਨ-ਪ੍ਰਦਾਨ ਨੂੰ ਉਤਸ਼ਾਹਿਤ ਕਰਨ ਤੇ ਨਿਊਜ਼ੀਲੈਂਡ ਦੇ ਫੋਕਸ ਦੇ ਨਾਲ, ਇਹ ਭਾਈਵਾਲੀ ਇੱਕ ਪਰਿਵਰਤਨਸ਼ੀਲ ਪ੍ਰਭਾਵ ਲਈ ਆਧਾਰ ਬਣਾਏਗੀ ਜਿੱਥੇ ਸਿੱਖਿਆ ਅਤੇ ਰਿਸਰਚ ਕੇਂਦਰ ਹੋਵੇਗੀ । ਇਹ ਸਰਵੋਤਮ ਅਭਿਆਸਾਂ ਨੂੰ ਲਾਗੂ ਕਰਨ ਲਈ ਯੂਨੀਵਰਸਿਟੀ ਦੀ ਨਿਰੰਤਰ ਵਚਨਬੱਧਤਾ ਨੂੰ ਵੀ ਦਰਸਾਉਂਦਾ ਹੈ। ਐਲਪੀਯੂ ਦੀ ਨੁਮਾਇੰਦਗੀ ਕਰਦੇ ਹੋਏ, ਵਾਈਸ ਪ੍ਰੈਜ਼ੀਡੈਂਟ ਡਾ: ਅਮਨ ਮਿੱਤਲ ਨੇ ਸਾਂਝਾ ਕੀਤਾ: ਵਿਸ਼ਵ ਦੀਆਂ ਚੋਟੀ ਦੀਆਂ ਯੂਨੀਵਰਸਿਟੀਆਂ ਨਾਲ ਕੰਮ ਕਰਨਾ ਸਹਿਯੋਗੀ ਸੰਸਥਾਵਾਂ ਦੇ ਵਿਦਿਆਰਥੀਆਂ ਅਤੇ ਫੈਕਲਟੀ ਦੋਵਾਂ ਨੂੰ ਸੱਚਾ ਵੈਸ਼ਵਿਕ ਅਨੁਭਵ ਪ੍ਰਦਾਨ ਕਰਦਾ ਹੈ । ਇਸ ਤਰ੍ਹਾਂ, ਐਲਪੀਯੂ ਗਿਆਨ ਪ੍ਰਸਾਰ ਦੇ ਨਵੀਨਤਾਕਾਰੀ ਤਰੀਕਿਆਂ ਨੂੰ ਭਰਪੂਰ ਕਰਕੇ ਆਪਣੇ ਹੋਨਹਾਰ ਵਿਦਿਆਰਥੀਆਂ ਲਈ ਵਿਸ਼ਵਵਿਆਪੀ ਮੌਕਿਆਂ ਨੂੰ ਵਧਾਉਣ ਲਈ ਹਮੇਸ਼ਾਂ ਉਤਸੁਕ ਰਹਿੰਦਾ ਹੈ । ਯੂਐਸਏ, ਯੂਕੇ, ਜਰਮਨੀ, ਆਸਟ੍ਰੇਲੀਆ, ਕੈਨੇਡਾ ਜਿਹੇ ਦੇਸ਼ਾਂ ਦੀਆਂ ਬਹੁਤ ਸਾਰੀਆਂ ਚੋਟੀ ਦੀਆਂ ਯੂਨੀਵਰਸਿਟੀਆਂ ਨਾਲ ਐਲਪੀਯੂ ਦੇ ਵੱਖ-ਵੱਖ ਵੱਕਾਰੀ ਸਹਿਯੋਗ ਹਨ। ਐਲਪੀਯੂ ਵਿਖੇ ਹੋਣਹਾਰ ਵਿਦਿਆਰਥੀਆਂ ਲਈ ਕੋਈ ਵੀ ਅੰਤਰਰਾਸ਼ਟਰੀ ਸਰਹੱਦ ਰੁਕਾਵਟ ਨਹੀਂ ਹੈ । ਕਯੂ ਐਸ ਵਰਲਡ ਯੂਨੀਵਰਸਿਟੀ ਰੈਂਕਿੰਗਜ਼ 2024 ਦੇ ਅਨੁਸਾਰ, ਯੂ ਓ ਡਬਲਯੂ ਨੂੰ ਸਿੱਖਿਆ ਅਤੇ ਖੋਜ ਦੀ ਗੁਣਵੱਤਾ ਲਈ ਵਿਸ਼ਵ ਪੱਧਰ 'ਤੇ ਚੋਟੀ ਦੀਆਂ 250 ਯੂਨੀਵਰਸਿਟੀਆਂ ਵਿੱਚ ਦਰਜਾ ਦਿੱਤਾ ਗਿਆ ਹੈ। ਐਮਓਯੂ ਦੇ ਅਨੁਸਾਰ, ਇਹ ਐਲਪੀਯੂ ਦੇ ਕੰਪਿਊਟਰ ਸਾਇੰਸ ਅਤੇ ਇੰਜੀਨੀਅਰਿੰਗ ਦੇ ਵਿਦਿਆਰਥੀਆਂ ਲਈ '2+2 ਪਾਥਵੇਅ ਪ੍ਰੋਗਰਾਮ' ਦੀ ਪੇਸ਼ਕਸ਼ ਕਰੇਗਾ । ਇਸ ਦੇ ਨਾਲ, ਐਲਪੀਯੂ ਦੇ ਉਭਰਦੇ ਇੰਜੀਨੀਅਰਾਂ ਨੂੰ ਯੂ ਓ ਡਬਲਿਊ ਤੋਂ ਅੰਤਿਮ ਡਿਗਰੀ ਦੇ ਨਾਲ, ਐਲਪੀਯੂ ਕੈਂਪਸ ਵਿੱਚ ਸ਼ੁਰੂਆਤੀ 2 ਸਾਲ, ਅਤੇ ਅਗਲੇ 2 ਸਾਲ ਨਿਊਜ਼ੀਲੈਂਡ ਵਿੱਚ ਬਿਤਾਉਣ ਦਾ ਮੌਕਾ ਮਿਲੇਗਾ ।

# 'ਨਵੀਆਂ ਕਲਮਾਂ, ਨਵੀਂ ਉਡਾਣ' ਦਾ ਕੈਲੰਡਰ ਰਿਲੀਜ਼



**ਐੱਸਏਐੱਸ ਨਗਰ, ( ਗੁਰਜੀਤ ਬਿੱਲਾ , ਕ੍ਰਿਸ਼ਨ ਗਰਗ )** -ਪੰਜਾਬ ਭਵਨ ਸਰੀ (ਕਨੇਡਾ) ਦੇ ਸੰਸਥਾਪਕ ਸੁੱਖੀ ਬਾਠ ਵੱਲੋਂ ਬਾਲ ਕਲਮਾਂ ਨੂੰ ਉਤਸ਼ਾਹਿਤ ਕਰਨ ਹਿੱਤ ਅਰੰਭੇ ਉਪਰਾਲੇ 'ਨਵੀਆਂ ਕਲਮਾਂ ਨਵੀਂ ਉਡਾਣ' ਦਾ ਜ਼ਿਲ੍ਹਾ ਮੋਹਾਲੀ ਦਾ ਕੈਲੰਡਰ ਜ਼ਿਲ੍ਹਾ ਭਾਸ਼ਾ ਅਫਸਰ ਡਾ. ਦਵਿੰਦਰ ਸਿੰਘ ਬੋਹਾ ਵਲੋਂ ਰਿਲੀਜ ਕੀਤਾ ਗਿਆ। ਕਿਤਾਬ ਦੇ ਮੁੱਖ ਸੰਪਾਦਕ ਡਾ. ਸੁਰਿੰਦਰ ਕੁਮਾਰ ਜਿੰਦਲ ਨੇ ਕਿਹਾ ਕਿ ਪ੍ਰੀਤ ਹੀਰ ਤੇ ਇੰਚਾਰਜ ਓਕਾਰ ਤੇਜੇ ਦਿਨ ਰਾਤ ਇਸ ਪ੍ਰਾਜੈਕਟ 'ਤੇ ਕੰਮ ਕਰ ਰਹੇ ਹਨ। ਉਨ੍ਹਾਂ ਨੇ ਅੰਤਰਰਾਸ਼ਟਰੀ ਪੱਧਰ 'ਤੇ ਚੱਲ ਰਹੇ ਇਸ ਪ੍ਰਾਜੈਕਟ ਦੀ ਜਾਣਕਾਰੀ ਸਾਰਿਆਂ ਨਾਲ ਸਾਂਝੀ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਕਲਮ ਚਲਾਉਣ ਬਾਰੇ ਵੀ ਜਾਗਰੂਕ ਕੀਤਾ। ਡਾ. ਬੋਹਾ ਨੇ ਇਸ ਪ੍ਰਾਜੈਕਟ ਦੀ ਸਰਾਹਨਾ ਕਰਦੇ ਹੋਏ ਪੰਜਾਬੀ ਦੀ ਅਜੋਕੀ ਸਥਿਤੀ 'ਤੇ ਚਿੰਤਾ ਪ੍ਰਗਟ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਕਿਹਾ ਕਿ ਤੁਸੀਂ ਰਚਨਾਵਾਂ ਲਿਖੋ; ਚਾਹੇ ਕੁਝ ਵੀ ਲਿਖੋ, ਤੁਹਾਡੀ ਕੋਈ ਨਾ ਕੋਈ ਬਾਂਹ ਫੜਣ ਵਾਲਾ ਜ਼ਰੂਰ ਮਿਲ ਜਾਵੇਗਾ। ਸਹਿ ਸੰਪਾਦਕ ਬਲਜਿੰਦਰ ਕੌਰ ਸ਼ੇਰਗਿੱਲ ਨੇ ਕਿਹਾ ਕਿ ਇਸ ਪ੍ਰਾਜੈਕਟ ਨੂੰ ਦੇਸ਼ਾਂ-ਵਿਦੇਸ਼ਾਂ ਵਿੱਚ ਬਹੁਤ ਵਧੀਆ ਹੁੰਗਾਰਾ ਮਿਲ ਰਿਹਾ ਹੈ। ਇਸ ਪ੍ਰਾਜੈਕਟ ਦਾ ਮੁੱਖ ਮਕਸਦ ਨਵੀਆਂ ਕਲਮਾਂ ਦਾ ਕਾਫਲਾ ਜੋੜ ਕੇ ਪੰਜਾਬੀ ਦਾ ਪ੍ਰਚਾਰ ਤੇ ਪ੍ਰਸਾਰ ਕਰਨਾ ਹੈ। ਇਸ ਮੌਕੇ ਮੌਜੂਦ ਵਿਦਿਆਰਥੀਆਂ ਨੂੰ ਲਿਖਣ ਲਈ ਪ੍ਰੇਰਿਤ ਵੀ ਕੀਤਾ ਗਿਆ। ਸਮਸ਼ੀਲ ਸੋਢੀ ਨੇ ਵੀ ਇਸ ਪ੍ਰਾਜੈਕਟ ਦੀ ਜਾਣਕਾਰੀ ਦਿੱਤੀ। ਇਸ ਮੌਕੇ ਸੰਪਾਦਕੀ ਮੈਂਬਰ ਕਿਰਨ ਸ਼ਰਮਾ, ਵਿਸ਼ਵ ਪੰਜਾਬੀ ਪ੍ਰਚਾਰ ਸਭਾ ਦੇ ਪ੍ਰਧਾਨ ਪ੍ਰਿੰਸੀਪਲ ਬਹਾਦਰ ਸਿੰਘ ਗੋਸਲ, ਸਮਸ਼ੀਲ ਸੋਢੀ, ਬੱਚੀ ਮਨਸੀਰਤ, ਨਵਾਂ ਪੰਧ ਨਵੀਂ ਸੋਚ ਸੰਸਥਾ ਦੇ ਸੀਨੀਅਰ ਮੀਤ ਪ੍ਰਧਾਨ ਕਿਰਨ ਬੇਦੀ, ਅਹੁਦੇਦਾਰ ਸਤਬੀਰ ਕੌਰ, ਮਨਜੀਤ ਕੌਰ ਜੰਡਾ, ਬਲਦੇਵ ਸਿੰਘ ਜੰਡਾ ਅਤੇ ਵਿਦਿਆਰਥੀ ਮੌਜੂਦ ਸਨ।

# ਲਿਟਲ ਕਿੰਗਡਮ ਸਕੂਲ 'ਚ ਲਗਾਇਆ ਅੱਖਾਂ ਦੀ ਜਾਂਚ ਤੇ ਸਿਹਤ ਸੰਬੰਧੀ ਜਾਗਰੂਕਤਾ ਕੈਂਪ



**ਟਾਂਡਾ ਉੜਮੁੜ,(ਉਂਕਾਰ ਸਿੰਘ ਜਸਵਿੰਦਰ ਸੰਧੂ)**- ਲਿਟਲ ਕਿੰਗਡਮ ਇੰਟਰਨੈਸ਼ਨਲ ਸਕੂਲ ਵਿਖੇ ਅੱਜ ,ਸਕੂਲ ਮੈਨੇਜਮੈਂਟ ਨੇ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਬੱਚਿਆਂ ਦੀ ਸਿਹਤ ਲਈ ਵਿਸ਼ੇਸ਼ ਪਹਿਲਕਦਮੀ ਕਰਦੇ ਹੋਏ ਅੱਖਾਂ ਦੀ ਜਾਂਚ ਅਤੇ ਸਿਹਤ ਜਾਗਰੂਕਤਾ ਕੈਂਪ ਲਗਵਾਇਆ । ਵਿਜ਼ਨ ਕੇਅਰ ਵੈੱਲਫੇਅਰ ਸੋਸਾਇਟੀ ਦੇ ਸਹਿਯੋਗ ਨਾਲ ਸੰਸਥਾ ਦੇ ਪ੍ਰਧਾਨ ਗਗਨ ਵੈਦ ਅਤੇ ਸਕੱਤਰ ਐੱਨ.ਐੱਨ. ਸੈਣੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੀਤਾ ਆਨੰਦ ਦੀ ਦੇਖ-ਰੇਖ ਹੇਠ ਲਗਾਏ ਗਏ ਇਸ ਕੈਂਪ ਦਾ ਉਦਘਾਟਨ ਸੇਵਾਮੁਕਤ ਚੀਫ਼ ਕੈਮੀਕਲ ਐਗਜ਼ਾਮੀਨਰ ਪੰਜਾਬ ਡਾ. ਕੇਵਲ ਸਿੰਘ ਕਾਜਲ ਅਤੇ ਸਮਾਜ ਸੇਵੀ ਕੁਲਦੀਪ ਸਿੰਘ ਗਿੱਲ ਨੇ ਕੀਤਾ । ਇਸ ਮੌਕੇ ਡਾ. ਕਾਜਲ ਅਤੇ ਗਿੱਲ ਨੇ ਸਕੂਲ ਦੇ ਇਸ ਵਿਸ਼ੇਸ਼ ਉੱਦਮ ਦੀ ਸ਼ਲਾਘਾ ਕਰਦੇ ਹੋਏ ਆਖਿਆ ਕਿ ਇਸ ਨਾਲ ਬੱਚਿਆਂ ਦੇ ਮਾਪਿਆਂ ਨੂੰ ਆਪਣੇ ਬੱਚਿਆਂ ਦੀ ਸਿਹਤ ਸੰਭਾਲ ਪ੍ਰਤੀ ਵਧੀਆ ਮਾਰਗਦਰਸ਼ਨ ਮਿਲਿਆ ਹੈ ।ਇਸ ਕੈਂਪ ਦੇ ਪਹਿਲੇ ਪੜਾਅ ਵਿਚ ਡਾਕਟਰਾਂ ਦੀ ਟੀਮ ਨੇ ਬੱਚਿਆਂ ਨੂੰ ਬਿਮਾਰੀਆਂ ਤੋਂ ਬਚਾਉਣ ਅਤੇ ਉਨ੍ਹਾਂ ਦੇ ਸਿਹਤਮੰਦ ਅਤੇ ਮਜ਼ਬੂਤ ਵਿਕਾਸ ਨੂੰ ਯਕੀਨੀ ਬਣਾਉਣ ਲਈ ਉਨ੍ਹਾਂ ਦੇ ਮਾਪਿਆਂ ਦੀ ਹਾਜ਼ਰੀ ਵਿਚ ਲੈਕਚਰ ਦਿੱਤਾ ਅਤੇ ਉਨ੍ਹਾਂ ਨੂੰ ਫਾਸਟ ਫੂਡ ਤੋਂ ਦੂਰ ਰੱਖਣ ,ਸੰਤੁਲਿਤ ਖੁਰਾਕ ਦੇਣ ਅਤੇ ਬਚਪਨ ਤੋਂ ਹੀ ਬੱਚਿਆਂ ਵਿਚ ਕਸਰਤ ਅਤੇ ਯੋਗਾ ਪ੍ਰਤੀ ਰੁਚੀ ਪੈਦਾ ਕਰਨ ਲਈ ਪ੍ਰੇਰਿਤ ਕੀਤਾ। ਵਿਸ਼ੇਸ਼ ਕਰਕੇ ਬੱਚਿਆਂ ਵਿਚ ਨਜ਼ਰ ਦੀ ਕਮੀ ਦੇ ਗੰਭੀਰ ਮੁੱਦੇ 'ਤੇ ਉਨ੍ਹਾਂ ਦੇ ਮਾਪਿਆਂ ਨੂੰ ਮਾਰਗਦਰਸ਼ਨ ਪ੍ਰਦਾਨ ਕੀਤਾ ਗਿਆ ।

ਇਸ ਕੈਂਪ ਵਿਚ ਲਿਟਲ ਕਿੰਗਡਮ ਦੇ ਨਾਲ-ਨਾਲ ਹੋਰਨਾਂ ਸਕੂਲਾਂ ਦੇ ਵਿਦਿਆਰਥੀਆਂ ਨੇ ਵੀ ਆਪਣਾ ਮੈਡੀਕਲ ਚੈੱਕਅਪ ਕਰਵਾਇਆ।ਇਸ ਮੌਕੇ ਵੇਵਜ਼ ਹਸਪਤਾਲ, ਬੀ.ਆਰ.ਕਾਜਲ ਹਸਪਤਾਲ ਅਤੇ ਰਤਨ ਹਸਪਤਾਲ ਦੀ ਟੀਮ ਵੱਲੋਂ ਡਾ. ਕੇਵਲ ਸਿੰਘ ਕਾਜਲ, ਡਾ. ਮਨਮੀਤ ਕੌਰ, ਡਾ. ਲਵਪ੍ਰੀਤ ਸਿੰਘ ਪਾਬਲਾ, ਡਾ.ਗੁਰਪ੍ਰੀਤ ਕੌਰ ਸੈਣੀ, ਡਾ. ਨਵਨੀਤ ਕੌਰ, ਮਨਪ੍ਰੀਤ ਕੌਰ, ਗੀਤਾ, ਹਰਵਿੰਦਰ ਕੌਰ, ਰਜਿੰਦਰ ਜੌਹਲ ਦੀ ਟੀਮ ਨੇ ਬੱਚਿਆਂ ਦੀ ਸਿਹਤ ਦੀ ਜਾਂਚ ਕੀਤੀ ਅਤੇ ਸਿਹਤ ਸੰਭਾਲ ਸਬੰਧੀ ਜਾਣਕਾਰੀ ਦਿੱਤੀ।ਪ੍ਰਬੰਧਕ ਨੇਹਾ ਵੈਦ, ਕੌਂਸਲਰ ਆਸ਼ੂ ਵੈਦ ਅਤੇ ਪ੍ਰਿੰਸੀਪਲ ਮੀਤਾ ਨੇ ਡਾਕਟਰਾਂ ਦੀ ਟੀਮ ਨੂੰ ਸਨਮਾਨਿਤ ਕੀਤਾ । ਇਸ ਮੌਕੇ ਨਰਿੰਦਰ ਅਰੋੜਾ, ਡਾ. ਰਾਜਾ ਦਿਆਲ, ਗਗਨਦੀਪ ਕੌਰ, ਦੀਪਿਕਾ ਵੈਦ, ਮੀਨੂੰ ਕਤਿਆਲ, ਸੁਮਿੱਤਰੀ , ਨੀਨਾ ਵਾਲੀਆ, ਚਰਨਜੀਤ ਕੌਰ, ਮਮਤਾ, ਸਰਬਜੀਤ ਕੌਰ, ਸ਼ੀਤਲ ਕੌਰ, ਸੋਹਲ, ਪਵਨਦੀਪ, ਅਮਨਦੀਪ ਕੌਰ, ਸੁਖਜਿੰਦਰ ਕੌਰ ਸੈਣੀ, ਅਮਨਦੀਪ ਕੌਰ ਅਤੇ ਨੇਕਤਾ ਸ਼ਰਮਾ ਹਾਜ਼ਰ ਸਨ ।

# ਸਰ ਮਾਰਸ਼ਲ ਸਕੂਲ ਬੈਂਸ ਅਵਾਨ ਵਿਖੇ ਬਸੰਤ ਪੰਚਮੀ ਦਾ ਤਿਉਹਾਰ ਮਨਾਇਆ



**ਟਾਂਡਾ ਉੜਮੁੜ (ਜਸਵਿੰਦਰ ਸੰਧੂ ਉਂਕਾਰ ਸਿੰਘ )**-ਸਰ ਮਾਰਸ਼ਲ ਸਕੂਲ ਬੈਂਸ ਅਵਾਨ ਵਿਖੇ ਬਸੰਤ ਪੰਚਮੀ ਦਾ ਤਿਉਹਾਰ ਸਕੂਲ ਦੇ ਵਿਦਿਆਰਥੀਆਂ ਵੱਲੋਂ ਧੂਮਧਾਮ ਤੇ ਉਤਸ਼ਾਹ ਨਾਲ ਮਨਾਇਆ ਗਿਆ। ਸੰਸਥਾ ਦੇ ਚੇਅਰਮੈਨ ਰਜਿੰਦਰ ਸਿੰਘ ਮਾਰਸ਼ਲ ਦੇ ਦਿਸ਼ਾ ਨਿਰਦੇਸ਼ਾਂ ਤੇ ਪ੍ਰਿੰਸੀਪਲ ਕਮਲਪ੍ਰੀਤ ਸਿੰਘ ਦੀ ਅਗਵਾਈ ਵਿੱਚ ਹੋਏ ਬਸੰਤ ਪੰਚਮੀ ਦੇ ਸਮਾਰੋਹ ਵਿੱਚ ਦੀਆਂ ਵੱਖ ਵੱਖ ਕਲਾਸਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੌਕੇ ਵਿਦਿਆਰਥੀਆਂ ਨੂੰ ਬਸੰਤ ਪੰਚਮੀ ਨੇ ਤਿਉਹਾਰ ਦੀਆਂ ਮੁਬਾਰਕਾਂ ਦਿੰਦੇ ਹੋਏ ਚੇਅਰਮੈਨ ਰਜਿੰਦਰ ਸਿੰਘ ਮਾਰਸ਼ਲ ਨੇ ਕਿਹਾ ਕੇ ਬਸੰਤ ਪੰਚਮੀ ਖੁਸ਼ੀਆਂ ਖੇੜਿਆਂ ਦਾ ਤਿਉਹਾਰ ਹੈ ਅਤੇ ਅਤੇ ਇਸ ਰੁਤ ਵਿੱਚ ਸਾਰੀ ਬਨਸਪਤੀ ਆਪਣਾ ਨਵਾਂ ਰੂਪ ਲੈਂਦੀ ਹੈ।ਪ੍ਰਿੰਸੀਪਲ ਕਮਲਪ੍ਰੀਤ ਸਿੰਘ ਨੇ ਵੀ ਬਸੰਤ ਪੰਚਮੀ ਦੀ ਮਹੱਤਤਾ ਤੋਂ ਜਾਣੂ ਕਰਵਾਇਆ। ਵਿਦਿਆਰਥੀਆਂ ਦੇ ਕਾਈਟ ਮੇਕਿੰਗ ਮੁਕਾਬਲੇ ਵੀ ਕਰਵਾਏ ਗਏ ਤੇ ਅੱਵਲ ਰਹੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵਾਈਸ ਪ੍ਰਿੰਸੀਪਲ ਮੈਡਮ ਕੁਨਿਕਾ, ਗਗਨਪ੍ਰੀਤ ਕੌਰ, ਸੰਦੀਪ ਕੌਰ, ਹਰਪ੍ਰੀਤ ਕੌਰ, ਸੁਖਲਿੰਦਰ ਪਾਲ ਸਿੰਘ, ਪ੍ਰਿਅੰਕਾ, ਪ੍ਰਭਜੋਤ ਕੌਰ, ਗਗਨਦੀਪ ਕੌਰ, ਮੈਡਮ ਭਾਵਨਾ, ਨਵਨੀਤ ਕੌਰ, ਜੈਸਮੀਨ ਕੌਰ, ਜਸਵਿੰਦਰ ਕੌਰ, ਬਲਦੇਵ ਸਿੰਘ, ਅਮਨ, ਟੀਨਾ, ਮੈਡਮ ਪ੍ਰਿੰਸੀ, ਮਨਦੀਪ ਕੌਰ, ਅਮਨ ਪ੍ਰੀਤ ਕੌਰ, ਅਲੀਸ਼ਾ ਆਦਿ ਵੀ ਹਾਜ਼ਰ ਸਨ।

# ਖਾਲਸਾ ਜੂਨੀਅਰ ਮਾਡਲ ਸਕੂਲ ਅੱਟਾ ਦਾ ਇਨਾਮ ਵੰਡ ਸਮਾਗਮ



**ਗੁਰਾਇਆ (ਬਿੰਦਰ ਸੁਮਨ)**- ਜੇ ਐਸ ਐਫ ਐਚ ਖਾਲਸਾ ਜੂਨੀਅਰ ਮਾਡਲ ਸਕੂਲ ਅੱਟਾ (ਜਲੰਧਰ ) ਨੇ ਆਪਣਾ ਸਲਾਨਾ ਇਨਾਮ ਵੰਡ ਸਮਾਗਮ ਬੜੇ ਜੋਸ਼ ਅਤੇ ਉਤਸ਼ਾਹ ਨਾਲ ਮਨਾਇਆ। ਜਿਸ ਵਿੱਚ ਬੱਚਿਆਂ ਨੇ ਵੱਧ ਚੜ ਕੇ ਹਿੱਸਾ ਲਿਆ। ਸਮਾਗਮ ਦੀ ਸ਼ੁਰੂਆਤ ਧਾਰਮਿਕ ਗੀਤ ਦੇ ਨਾਲ ਕੀਤੀ ਗਈ। ਜਿਵੇਂ ਹੀ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਸਵਿੰਦਰ ਸਿੰਘ, ਮੈਨੇਜਰ ਅਨਿਲ ਤਹੀਮ ਅਤੇ ਕਮੇਟੀ ਮੈਂਬਰ ਕੁਲਵਰਨ ਸਿੰਘ ਗਿੱਲ, ਕਿਸ਼ੋਰੀ ਲਾਲ ਸ਼ਰਮਾ, ਹਰਮੇਲ ਸਿੰਘ ਮੱਲ੍ਹੀ, ਦਲਵਿੰਦਰ ਸਿੰਘ ਅਤੇ ਕੁਲਵਿੰਦਰ ਸਿੰਘ ਪੰਡਾਲ ਦੇ ਵਿੱਚ ਪਹੁੰਚੇ, ਸਕੂਲ ਪ੍ਰਿੰਸੀਪਲ ਮੀਨਾਕਸ਼ੀ ਅਰੋੜਾ, ਸਮੂਹ ਸਟਾਫ ਮੈਂਬਰ ਅਤੇ ਵਿਦਿਆਰਥੀਆਂ ਦੁਆਰਾ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਸਮਾਗਮ 'ਚ ਵਿਦਿਆਰਥੀਆਂ ਨੇ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਜਿਸ ਵਿੱਚ ਲੋਕ ਨਾਚ ਗਿੱਧਾ ਅਤੇ ਭੰਗੜੇ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ। ਇਸ ਸਮਾਗਮ 'ਚ ਜੇ ਐਸ ਐਫ ਐਚ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਅੱਟਾ ਦੇ ਪ੍ਰਿੰਸੀਪਲ ਸੁਭਾਸ਼ ਚੰਦਰ, ਸਟਾਫ਼ ਮੈਂਬਰ ਮਨਜੀਤ ਕੌਰ ਸੈਣੀ, ਰੁਪਿੰਦਰ ਕੌਰ, ਮਨਜੀਤ ਕੌਰ ਤਹੀਮ, ਰਮਨ ਬਾਲਾ, ਇੰਦਰਪਾਲ, ਅਖਿਲ ਸ਼ਰਮਾ, ਨਵਦੀਪ ਕੌਰ, ਸੁਨੀਤਾ ਕਾਲੜਾ, ਰਿਧਮ ਹੀਰਾ, ਚੇਤਨਾ ਅਤੇ ਮਨੀਸ਼ਾ ਸ਼ਾਮਲ ਹੋਏ । ਪੜ੍ਹਾਈ,ਖੇਡਾਂ ਅਤੇ ਸੱਭਿਆਚਾਰਕ ਖੇਤਰ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਮਲਕੀਤ ਸਿੰਘ ਜੌਹਲ (ਨਿਵਾਸੀ ਕਨੇਡਾ) ਦੁਆਰਾ ਆਪਣੇ ਪਿਤਾ ਉਜਾਗਰ ਸਿੰਘ ਜੌਹਲ ਅਤੇ ਮਾਤਾ ਕਰਤਾਰ ਕੌਰ ਜੌਹਲ ਦੀ ਯਾਦ ਵਿੱਚ ਸਕੂਲ ਦੇ ਪੰਜ ਵਿਦਿਆਰਥੀਆਂ ਨੂੰ ਅਲੱਗ ਅਲੱਗ ਖੇਤਰਾਂ ਵਿੱਚ ਵਧੀਆ ਪ੍ਰਦਰਸ਼ਨ ਕਰਨ ਲਈ ਪ੍ਰਤੀ ਸਾਲ ਪ੍ਰਤੀ ਵਿਦਿਆਰਥੀ 10 ਹਜ਼ਾਰ ਰੁਪਏ ਦਾ ਇਨਾਮ ਵੀ ਦਿੱਤਾ ਗਿਆ। ਪੜ੍ਹਾਈ ਦੇ ਖੇਤਰ ਵਿੱਚ ਪ੍ਰੀਆ +2 ਆਰਟਸ, ਮੁਸਕਾਨ +1 ਨਾਨ ਮੈਡੀਕਲ, ਅੰਜਲੀ ਅੱਠਵੀਂ ਕਲਾਸ, ਖੇਡਾਂ 'ਚ ਹਰਮਨਪ੍ਰੀਤ ਸਿੰਘ ਢਿੱਲੋਂ +1 ਕਮਰਸ ਅਤੇ ਇਸ ਦੇ ਨਾਲ ਹੀ ਖੇਡਾਂ, ਪੜ੍ਹਾਈ ਅਤੇ ਸਮਾਜ ਸੇਵਾ ਦੇ ਵਿੱਚ ਵਧੀਆ ਯੋਗਦਾਨ ਲਈ ਹਰਦੀਪ ਕੁਮਾਰ +2 ਕਮਰਸ ਨੂੰ ਇਹ ਇਨਾਮ ਦਿੱਤੇ ਗਏ। ਸਮਾਗਮ ਦੇ ਅਖੀਰ 'ਚ ਸਕੂਲ ਦੀ ਪ੍ਰਬੰਧਕੀ ਕਮੇਟੀ ਦੇ ਮੈਂਬਰ ਕੁਲਵਰਨ ਸਿੰਘ ਗਿੱਲ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਦੇ ਨਾਲ ਹੀ ਸਕੂਲ ਪ੍ਰਿੰਸੀਪਲ ਮੀਨਾਕਸ਼ੀ ਅਰੋੜਾ ਅਤੇ ਸਾਥੀ ਅਧਿਆਪਕ ਜਸਵੀਰ ਕੌਰ, ਆਸ਼ਾ ਯਾਦਵ, ਯਮਨਦੀਪ ਕੌਰ, ਸੀਮਾ ਰਾਣੀ, ਸੋਨੀਪਾਲ , ਗਗਨਦੀਪ ਕੌਰ, ਰੌਸ਼ਨੀ ਅਤੇ ਹੋਰ ਸਟਾਫ ਨੂੰ ਵਧੀਆ ਪ੍ਰਦਰਸ਼ਨ ਲਈ ਕੀਤੀ ਸਖਤ ਮਿਹਨਤ ਤੇ ਵਧਾਈ ਦਿੱਤੀ।

# ਅਹਿਮ ਰੋਲ ਨਿਭਾਉਣਗੀਆਂ ਨਵੀਆਂ ਖੇਡ ਨਰਸਰੀਆਂ: ਮੀਤ ਹੇਅਰ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਪੰਜਾਬ ਨੂੰ ਖੇਡ ਨਕਸ਼ੇ ਉਤੇ ਮੁੜ ਉਭਾਰਨ ਵਿੱਚ ਸੂਬੇ ਵਿੱਚ ਸਥਾਪਤ ਹੋਣ ਜਾ ਰਹੀਆਂ ਨਵੀਆਂ ਖੇਡ ਨਰਸਰੀਆਂ ਅਹਿਮ ਰੋਲ ਨਿਭਾਉਣਗੀਆਂ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਵੱਲੋਂ ਬਣਾਈ ਗਈ ਨਵੀਂ ਖੇਡ ਨੀਤੀ ਤਹਿਤ ਬਣਨ ਵਾਲੀਆਂ 1000 ਨਰਸਰੀਆਂ ਨੂੰ ਸਥਾਪਤ ਕਰਨ ਦਾ ਕੰਮ ਸ਼ੁਰੂ ਹੋ ਗਿਆ ਹੈ।ਇਹ ਜਾਣਕਾਰੀ ਦਿੰਦਿਆਂ ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਦੱਸਿਆ ਕਿ 1000 ਖੇਡ ਨਰਸਰੀਆਂ ਵਿੱਚੋਂ 205 ਖੇਡ ਨਰਸਰੀਆਂ ਪਹਿਲੇ ਪੜਾਅ ਵਿੱਚ ਸਥਾਪਤ ਕੀਤੀਆਂ ਜਾਣ ਵਾਲੀਆਂ ਹਨ। 14 ਖੇਡਾਂ ਦੀਆਂ 205 ਨਰਸਰੀਆਂ ਲਈ 21 ਸੁਪਰਵਾਈਜ਼ਰਾਂ ਅਤੇ 205 ਕੋਚਾਂ ਦੀ ਭਰਤੀ ਲਈ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਖੇਡ ਨਰਸਰੀਆਂ ਦੀ ਸਥਾਪਨਾ ਨਾਲ ਖੇਡਾਂ ਦਾ ਪੱਧਰ ਜ਼ਮੀਨੀ ਪੱਧਰ 'ਤੇ ਉੱਚਾ ਉਠੇਗਾ। ਇਕ ਖੇਡ ਨਰਸਰੀ ਲਈ ਖੇਡ ਵਿਭਾਗ ਵੱਲੋਂ ਕੋਚ ਦੀ ਸਹੂਲਤ ਤੋਂ ਇਲਾਵਾ 60 ਖਿਡਾਰੀਆਂ ਨੂੰ 50 ਰੁਪਏ ਪ੍ਰਤੀ ਦਿਨ ਦੇ ਹਿਸਾਬ ਨਾਲ ਡਾਈਟ ਦਿੱਤੀ ਜਾਵੇਗੀ। ਖੇਡ ਮੰਤਰੀ ਨੇ ਅੱਗੇ ਜਾਣਕਾਰੀ ਦਿੰਦਿਆਂ ਦੱਸਿਆ ਕਿ 21 ਸੁਪਰਵਾਈਜ਼ਰਾਂ ਤੇ 205 ਕੋਚਾਂ ਦੀ ਭਰਤੀ ਲਈ 25 ਫਰਵਰੀ ਤੱਕ ਬਿਨੈ ਪੱਤਰ ਮੰਗੇ ਗਏ ਹਨ। ਕੋਚਾਂ ਦੇ ਵੇਰਵੇ ਦਿੰਦਿਆਂ ਉਨ੍ਹਾਂ ਦੱਸਿਆ ਕਿ 14 ਖੇਡਾਂ ਵਿੱਚੋਂ ਅਥਲੈਟਿਕਸ ਲਈ 58, ਫੁਟਬਾਲ ਲਈ 48, ਵਾਲੀਬਾਲ ਲਈ 35, ਹਾਕੀ ਲਈ 22, ਕਬੱਡੀ ਲਈ 12, ਹੈਂਡਬਾਲ ਲਈ 9, ਕੁਸ਼ਤੀ ਲਈ 7, ਖੋ ਖੋ ਤੇ ਬਾਸਕਟਬਾਲ ਲਈ 4-4, ਵੇਟਲਿਫਟਿੰਗ ਲਈ 2 ਅਤੇ ਮੁੱਕੇਬਾਜ਼ੀ, ਤਲਵਾਰਬਾਜ਼ੀ, ਕਿੱਕ ਬਾਕਸਿੰਗ ਤੇ ਨੈਟਬਾਲ ਲਈ 1-1 ਕੋਚ ਦੀ ਭਰਤੀ ਕੀਤੀ ਜਾਣੀ ਹੈ। ਉਨ੍ਹਾਂ ਕਿਹਾ ਕਿ ਅਗਲੇ ਪੜਾਅ ਵਿੱਚ ਹੋਰ ਨਰਸਰੀਆਂ ਦੀ ਸਥਾਪਨਾ ਕੀਤੀ ਜਾਵੇਗੀ ਜਿਨ੍ਹਾਂ ਵਿੱਚ ਬਾਕੀ ਰਹਿੰਦੀਆਂ ਖੇਡਾਂ ਵੀ ਸ਼ਾਮਲ ਕੀਤੀਆਂ ਜਾਣਗੀਆਂ। ਮੀਤ ਹੇਅਰ ਨੇ ਦੱਸਿਆ ਕਿ ਨਵੀਂ ਖੇਡ ਨੀਤੀ ਦਾ ਨਿਵੇਕਲਾ ਪੱਖ ਖੇਡ ਨਰਸਰੀਆਂ ਦੀ ਸਥਾਪਨਾ ਸੀ ਜਿਸ ਨਾਲ ਹੇਠਲੇ ਪੱਧਰ ਉਤੇ ਖਿਡਾਰੀਆ ਦੀ ਪ੍ਰਤਿਭਾ ਨਿੱਖਰ ਕੇ ਸਾਹਮਣੇ ਆਵੇਗੀ। ਉਨ੍ਹਾਂ ਕਿਹਾ ਕਿ ਬਿਨੈ ਪੱਤਰ ਦੇਣ ਲਈ ਸੁਪਰਵਾਈਜ਼ਰ ਲਈ ਉਮਰ 18 ਤੋਂ 45 ਸਾਲ ਅਤੇ ਕੋਚ ਲਈ 18 ਤੋਂ 37 ਸਾਲ ਰੱਖੀ ਗਈ ਹੈ। ਸੁਪਰਵਾਈਜ਼ਰ ਨੂੰ ਉੱਕਾ ਪੁੱਕਾ 50000 ਰੁਪਏ ਪ੍ਰਤੀ ਮਹੀਨਾ ਅਤੇ ਕੋਚ ਨੂੰ 25000 ਰੁਪਏ ਪ੍ਰਤੀ ਮਹੀਨਾ ਮਿਹਨਤਾਨਾ ਦਿੱਤਾ ਜਾਵੇਗਾ। ਹੋਰ ਵਧੇਰੇ ਜਾਣਕਾਰੀ ਅਤੇ ਭਰਤੀ ਲਈ ਯੋਗਤਾ ਆਦਿ ਬਾਰੇ ਵੇਰਵੇ ਵਿਭਾਗ ਦੀ ਵੈਬਸਾਈਟ ਉਪਰ ਦੇਖੇ ਜਾ ਸਕਦੇ ਹਨ।

# ਗਤਕਾ ਖਿਡਾਰੀ ਗੁਰਕੀਰਤ ਸਿੰਘ ਸਨਮਾਨਤ

**ਟਾਂਡਾ ਉੜਮੁੜ (ਜਸਵਿੰਦਰ ਸੰਧੂ ਉਂਕਾਰ ਸਿੰਘ )**-ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਾਹਬਾਜਪੁਰ ਦੇ ਨੈਸ਼ਨਲ ਗਤਕਾ ਖਿਡਾਰੀ ਗੁਰਕੀਰਤ ਸਿੰਘ ਨੇ ਨੈਸ਼ਨਲ ਲੈਵਲ 'ਤੇ ਗੋਲਡ ਮੈਡਲ ਹਾਸਿਲ ਕਰਕੇ ਸਕੂਲ ਦਾ ਤੇ ਮਾਪਿਆਂ ਦਾ ਨਾਂਅ ਰੋਸ਼ਨ ਕੀਤਾ। ਗਤਕਾ ਖਿਡਾਰੀ ਗੁਰਕੀਰਤ ਸਿੰਘ ਨੇ ਇਹ ਉਪਲਬਧੀ ਛੱਤੀਸਗੜ੍ਹ ਵਿੱਚ ਚੱਲ ਰਹੀਆਂ ਨੈਸ਼ਨਲ ਸਕੂਲ ਗਤਕਾ ਚੈਂਪੀਅਨਸ਼ਿਪ ਵਿੱਚ ਹਾਸਿਲ ਕੀਤੀ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਅਤੇ ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਗੁਰਕੀਰਤ ਸਿੰਘ ਨੂੰ ਸਨਮਾਨਿਤ ਕੀਤਾ ਅਤੇ ਵਧਾਈ ਦਿੰਦਿਆਂ ਹੋਇਆ ਉਸ ਦੀ ਇਸ ਉਪਲਬਧੀ ਲਈ ਵਾਹਿਗੁਰੂ ਦਾ ਸ਼ੁਕਰਾਨਾ ਕੀਤਾ। ਗੁਰਕੀਰਤ ਸਿੰਘ ਨੂੰ ਨਕਦ ਇਨਾਮ ਦੇ ਨਾਲ ਨਾਲ ਸਕਾਲਰਸ਼ਿਪ ਦੇ ਕੇ ਉਸ ਦੀ ਇਸ ਉਪਲਬਧੀ ਦਾ ਮਾਣ ਕੀਤਾ ਅਤੇ ਕਿਹਾ ਕਿ ਇਸ ਮਾਨ ਸਨਮਾਨ ਦਾ ਉਹ ਪੂਰਾ ਹੱਕਦਾਰ ਹੈ ਅਤੇ ਉਸਨੂੰ ਦੇਖ ਕੇ ਹੋਰ ਬੱਚਿਆਂ ਨੂੰ ਵੀ ਪ੍ਰੇਰਨਾ ਮਿਲੇਗੀ। ਸਮੂਹ ਸਟਾਫ ਨੇ ਮਿਲ ਕੇ ਪਰਮਾਤਮਾ ਨੂੰ ਅਰਦਾਸ ਕੀਤੀ ਕਿ ਸਕੂਲ ਦੇ ਖਿਡਾਰੀ ਇਸੇ ਤਰ੍ਹਾਂ ਹੀ ਆਪਣੇ ਸਕੂਲ ਦਾ, ਆਪਣੇ ਮਾਪਿਆਂ ਦਾ ਅਤੇ ਇਲਾਕੇ ਦਾ ਨਾਂਅ ਰੌਸ਼ਨ ਕਰਨ ਅਤੇ ਸਫਲਤਾ ਦੇ ਸਿਖਰਾਂ ਨੂੰ ਛੂਹਣ। ਇਸ ਮੌਕੇ 'ਤੇ ਮੈਨੇਜਰ ਗਜਿੰਦਰ ਪਾਲ ਸਿੰਘ, ਤਰਨ ਸੈਣੀ, ਬਿਕਰਮਜੀਤ ਸਿੰਘ ਭੇਲਾ, ਅਮਰਜੀਤ ਕੌਰ ਸੈਣੀ, ਜਗਬੰਧਨ ਸਿੰਘ, ਰਾਜਵਿੰਦਰ ਕੌਰ, ਪਰਮਜੀਤ ਕੌਰ, ਰਾਜਵੀਰ ਕੌਰ, ਪ੍ਰਿਯਾ, ਗੁਰਪ੍ਰੀਤ, ਵਿਸ਼ਾਲੀ, ਬਲਜੀਤ, ਕੰਚਨ, ਪੂਜਾ, ਸ਼ਵੇਤਾ, ਰੁਪਿੰਦਰ, ਪਰਵੀਨ, ਗੁਰਦੇਵ ਸਿੰਘ, ਹਰਜੀਤ ਸਿੰਘ ਅਤੇ ਬਾਕੀ ਸਟਾਫ਼ ਵੀ ਮੌਜੂਦ ਸੀ।



# ਗੁਰੂ ਗੋਬਿੰਦ ਸਿੰਘ ਸਕੂਲ 'ਚ ਮਨਾਇਆ ਬਸੰਤ ਪੰਚਮੀ ਦਾ ਤਿਉਹਾਰ



**ਅੱਡਾ ਸਰਾਂ (ਕਾਜਲ )**- ਗੁਰੂ ਗੋਬਿੰਦ ਸਿੰਘ ਐਜੂਕੇਸ਼ਨਲ ਸੋਸਾਇਟੀ ਬੋਕਾਰੋ (ਝਾਰਖੰਡ) ਅਧੀਨ ਚਲਾਏ ਜਾ ਰਹੇ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਨੈਣੋਵਾਲ ਵੈਦ ਵਿਖੇ ਮੈਨੇਜਮੈਂਟ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਮਿਲਕੇ ਬਸੰਤ ਪੰਚਮੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ । ਪ੍ਰਿੰਸੀਪਲ ਹਰਜੀਤ ਸਿੰਘ ਦੀ ਅਗਵਾਈ ਵਿਚ ਇਸ ਤਿਉਹਾਰ ਨਾਲ ਸੰਬੰਧਿਤ ਵੱਖ ਵੱਖ ਮੁਕਾਬਲੇ ਕਰਵਾਏ ਗਏ । ਇਸ ਦੌਰਾਨ ਜਮਾਤ ਪਹਿਲੀ ਤੋਂ ਲੈ ਕੇ ਜਮਾਤ ਪੰਜਵੀਂ ਤੱਕ ਦੇ ਵਿਦਿਆਰਥੀਆਂ ਦੀ ਕਾਇਟ ਡਰਾਇੰਗ ਐਕਟੀਵਿਟੀ ਅਤੇ ਜਮਾਤ ਛੇਵੀਂ ਤੋਂ ਲੈ ਕੇ ਜਮਾਤ ਨੌਵੀਂ ਤੱਕ ਦੇ ਵਿਦਿਆਰਥੀਆਂ ਦੀ ਕਾਇਟ ਮੇਕਿੰਗ ਦੀ ਐਕਟੀਵਿਟੀ ਕਰਵਾਈ ਗਈ।ਬੱਚਿਆਂ ਦੇ ਵਲੋਂ ਇਸ ਸ਼ੁੱਭ ਦਿਹਾੜੇ ਉੱਪਰ ਪੀਲੇ ਰੰਗ ਦੇ ਪਹਿਰਾਵੇ ਵਿਚ ਆਪਣੀ ਖੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ ਗੀਤ, ਕਵਿਤਾਵਾਂ ਅਤੇ ਗਰੁੱਪ ਗੀਤ ਪੇਸ਼ ਕੀਤੇ । ਪ੍ਰਿੰਸੀਪਲ ਨੇ ਇਸ ਮੌਕੇ ਬਸੰਤ ਪੰਚਮੀ ਦੇ ਤਿਉਹਾਰ ਨਾਲ ਜੁੜੀਆਂ ਮਾਨਤਾਵਾਂ ਬਾਰੇ ਦੱਸਿਆ। ਉਨ੍ਹਾਂ ਦੱਸਿਆ ਦੱਸਿਆ ਕਿ ਇਸ ਤਿਉਹਾਰ ਸਮੇ ਮਾਤਾ ਸਰਸਵਤੀ ਪੂਜਾ ਦੀ ਉਸਤੱਤ ਕੀਤੀ ਜਾਂਦੀ ਹੈ । ਇਸ ਮੌਕੇ ਉਨ੍ਹਾਂ ਬੱਚਿਆਂ ਨੂੰ ਪਤੰਗ ਚੜ੍ਹਾਉਣ ਸਮੇਂ ਪਾਬੰਧੀਸ਼ੁਦਾ ਖਤਰਨਾਕ ਚਾਇਨਾ ਡੋਰ ਦੀ ਵਰਤੋਂ ਕਰਨ ਤੋਂ ਗੁਰੇਜ਼ ਕਰਨ ਲਈ ਕਿਹਾ । ਇਸ ਦੌਰਾਨ ਸਕੂਲ ਦੇ ਪ੍ਰਧਾਨ ਤਰਸੇਮ ਸਿੰਘ , ਸੈਕਟਰੀ ਸੁਰਿੰਦਰਪਾਲ ਸਿੰਘ ਅਤੇ ਸਮੂਹ ਮੈਨੇਜਮੈਂਟ ਦੇ ਵੱਲੋਂ ਵੀ ਬੱਚਿਆਂ ਨੂੰ ਬਸੰਤ ਪੰਚਮੀ ਦੀ ਵਧਾਈ ਦਿੱਤੀ ।

# ਸ੍ਰੀ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਸਨੌਰਾ 'ਚ ਸੈਮੀਨਾਰ



**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)**- ਅੱਜ ਸ੍ਰੀ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਸਨੌਰਾ ਵਿਖੇ ਇੱਕ ਦਿਨਾ ਸੈਮੀਨਾਰ ਰਖਵਾਇਆ ਗਿਆ ਜਿਸ ਦਾ ਵਿਸ਼ਾ ਸੀ "ਫਾਨੈਂਸ਼ੀਅਲ ਲਿਟਰੇਸੀ", ਜਿਸ ਵਿੱਚ ਸੀ ਬੀ ਐਸ ਈ ਵੱਲੋਂ ਆਏ ਹੋਏ ਰਿਸੋਰਸ ਪਰਸਨ ਮਿ. ਰੇਸ਼ਮ ਸਿੰਘ ਮਾਰਸ਼ਲ ਨੇ ਹਰੇਕ ਮਨੁੱਖ ਨੂੰ ਆਰਥਿਕ ਤੌਰ 'ਤੇ ਕਿਵੇਂ ਮਜ਼ਬੂਤ ਕੀਤਾ ਜਾਵੇ ਇਸ ਵਿਸ਼ੇ ਬਾਰੇ ਜਾਗਰੂਕ ਕਰਵਾਇਆ। ਉਨ੍ਹਾ ਦੱਸਿਆ ਕਿ ਕਿਵੇਂ ਸਾਨੂੰ ਛੋਟੀਆਂ ਛੋਟੀਆਂ ਬੱਚਤਾਂ ਕਰਕੇ ਆਪਣੀ ਆਰਥਿਕ ਸਥਿਤੀ ਨੂੰ ਮਜ਼ਬੂਤ ਕਰਨਾ ਚਾਹੀਦਾ ਹੈ ਅਤੇ ਵਾਧੂ ਖਰਚਿਆਂ ਨੂੰ ਕਿਵੇਂ ਰੋਕਿਆ ਜਾਵੇ। ਉਨ੍ਹਾ ਸੈਮੀਨਾਰ ਦਾ ਹਿੱਸਾ ਬਣ ਰਹੇ ਅਧਿਆਪਕਾਂ ਨੂੰ ਬਾਕੀ ਲੋਕਾਂ ਨੂੰ ਵੀ ਇਸ ਵਿਸ਼ੇ ਸਬੰਧੀ ਜਾਗਰੂਕ ਕਰਨ ਦੀ ਅਪੀਲ ਕੀਤੀ। ਸੈਮੀਨਾਰ ਦੇ ਅੰਤ ਤੇ ਸਕੂਲ ਦੇ ਚੇਅਰਮੈਨ ਸੁਖਜਿੰਦਰ ਸਿੰਘ ਅਤੇ ਪ੍ਰਿੰਸੀਪਲ ਨਵਦੀਪ ਕੌਰ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਨੂੰ ਸਨਮਾਨਤ ਵੀ ਕੀਤਾ ਗਿਆ।

# ਵਾਰਡ ਨੰ: 42 'ਚ ਜਲਦੀ ਪੂਰੇ ਹੋਣਗੇ ਵਿਕਾਸ ਸੰਬੰਧੀ ਕਾਰਜ : ਤੁਲੀ



**ਫਗਵਾੜਾ, (ਡਾ. ਰਮਨ, ਜਸਵਿੰਦਰ ਢੱਡਾ)** ਆਮ ਆਦਮੀ ਪਾਰਟੀ ਦੀ ਸੀਨੀਅਰ ਮਹਿਲਾ ਆਗੂ ਅਤੇ ਵਾਰਡ ਨੰ: 42 ਦੀ ਸਰਗਰਮ ਸਮਾਜ ਸੇਵਿਕਾ ਸ੍ਰੀਮਤੀ ਪ੍ਰਿਤਪਾਲ ਕੌਰ ਤੁਲੀ ਨੇ ਇੱਥੇ ਗੱਲਬਾਤ ਕਰਦਿਆਂ ਦੱਸਿਆ ਕਿ ਵਾਰਡ ਦੇ ਵਿਕਾਸ ਸਬੰਧੀ ਜੋ ਵੀ ਅਧੂਰੇ ਪਏ ਹਨ, ਉਨ੍ਹਾਂ ਨੂੰ ਜਲਦੀ ਹੀ ਪੂਰਾ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਵਿਸ਼ੇਸ਼ ਤੌਰ 'ਤੇ ਭਗਤਪੁਰਾ ਦੀ ਗਲੀ ਨੰਬਰ 2 ਵਿੱਚ ਸੀਵਰੇਜ ਪਾਈਪ ਲਾਈਨ ਵਿਛਾਉਣ ਤੋਂ ਬਾਅਦ ਨਾਲੀਆਂ ਨੂੰ ਬੰਦ ਕਰਨ ਸਬੰਧੀ ਇੱਕ ਮੰਗ ਪੱਤਰ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਨੂੰ ਦਿੱਤਾ ਗਿਆ ਸੀ, ਜਿਸ ਸਬੰਧੀ ਵਿਭਾਗ ਦੇ ਸਬੰਧਤ ਅਧਿਕਾਰੀਆਂ ਨੂੰ ਜਾਣੂ ਕਰਵਾ ਦਿੱਤਾ ਗਿਆ ਹੈ। ਨਾਲੀਆਂ ਨੂੰ ਬੰਦ ਕਰਨ ਦਾ ਕੰਮ ਵੀ ਜਲਦੀ ਮੁਕੰਮਲ ਕਰ ਲਿਆ ਜਾਵੇਗਾ। ਉਨ੍ਹਾਂ ਸਮੂਹ ਵਾਰਡ ਵਾਸੀਆਂ ਨੂੰ ਭਰੋਸਾ ਦਿੱਤਾ ਕਿ ਵਾਰਡ ਨੰਬਰ 42 ਦਾ ਮੁਕੰਮਲ ਵਿਕਾਸ ਕਰਵਾਇਆ ਜਾਵੇਗਾ ਅਤੇ ਵਾਰਡ ਵਾਸੀਆਂ ਨੂੰ ਸਰਕਾਰ ਦੀਆਂ ਸਾਰੀਆਂ ਸਹੂਲਤਾਂ ਮੁਹੱਈਆ ਕਰਵਾਉਣਾ ਉਨ੍ਹਾਂ ਦੀ ਜ਼ਿੰਮੇਵਾਰੀ ਹੈ। ਇਸ ਦੌਰਾਨ ਉਹਨਾਂ ਦੱਸਿਆ ਕਿ ਭਗਵੰਤ ਮਾਨ ਸਰਕਾਰ ਵਲੋਂ ਸ਼ੁਰੂ ਕੀਤੀ ਗਈ ਲੋਕ ਭਲਾਈ ਲੜੀ 'ਸਰਕਾਰ ਤੁਹਾਡੇ ਦੁਆਰ' ਤਹਿਤ ਬਹੁਤ ਜਲਦ ਵਾਰਡ ਵਿੱਚ ਲੋਕ ਸੇਵਾ ਕੈਂਪ ਵੀ ਲਗਾਇਆ ਜਾਵੇਗਾ। ਸ੍ਰੀਮਤੀ ਤੁਲੀ ਨੇ ਦੱਸਿਆ ਕਿ ਉਨ੍ਹਾਂ ਨੇ ਕੁਝ ਸਮਾਂ ਪਹਿਲਾਂ ਵਾਰਡ ਵਿੱਚ ਰੱਦ ਕੀਤੇ ਨੀਲੇ ਕਾਰਡ ਮੁੜ ਤੋਂ ਬਣਵਾਉਣ ਲਈ ਲੋੜਵੰਦਾਂ ਦੇ ਫਾਰਮ ਭਰੇ ਸਨ। ਫਿਰ ਵੀ, ਜੇਕਰ ਕੋਈ ਰੱਦ ਕੀਤਾ ਨੀਲਾ ਕਾਰਡ ਦੁਬਾਰਾ ਬਣਵਾਉਣ ਲਈ ਫਾਰਮ ਭਰਨ ਤੋਂ ਵਾਂਝਾ ਰਹਿ ਗਿਆ ਹੋਵੇ, ਜਾਂ ਪੰਜਾਬ ਸਰਕਾਰ ਦੀ ਪੈਨਸ਼ਨ ਸਕੀਮ ਦਾ ਲਾਭ ਲੈਣ ਲਈ ਫਾਰਮ ਭਰਨਾ ਹੋਵੇ ਤਾਂ ਸੰਪਰਕ ਕਰ ਸਕਦਾ ਹੈ।

# ਅੱਜ ਬਿਜਲੀ ਬੰਦ ਰਹੇਗੀ

**ਅੱਡਾ ਸਰਾਂ (ਕਾਜਲ )**- ਸਹਾਇਕ ਇੰਜੀਨੀਅਰ ਕੰਧਾਲਾ ਜੱਟਾ ਨੇ ਦੱਸਿਆ ਕਿ 15 ਫਰਵਰੀ ਨੂੰ 66 ਕੇ ਵੀ ਸਬ ਸਟੇਸ਼ਨ ਦੀ ਜ਼ਰੂਰੀ ਮੁਰੰਮਤ ਦੇ ਚਲਦਿਆਂ ਬਿਜਲੀ ਸਪਲਾਈ ਬੰਦ ਰਹੇਗੀ । ਉਨ੍ਹਾਂ ਦੱਸਿਆ ਕਿ ਇਸ ਦੌਰਾਨ ਯੂ ਪੀ ਐੱਸ ਕਲੋਏ,ਕੰਧਾਲਾ ਜੱਟਾ,ਰਾਮਪੁਰ,ਸੀਕਰੀ,ਚੌਟਾਲਾ,ਚਾਹਲ,ਨੈਣੋਵਾਲ ਆਦਿ ਫੀਡਰ ਦੇ ਬੰਦ ਰਹਿਣ ਕਾਰਨ ਮੋਟਰਾਂ ਅਤੇ ਘਰਾਂ ਦੀ ਬਿਜਲੀ ਸਪਲਾਈ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਬੰਦ ਰਹੇਗੀ ।

## ਵਰ੍ਹੇਗੰਢ ਮੁਬਾਰਕ



ਪੱਤਰਕਾਰ ਕਮਲ ਰਾਏ ਤੇ ਉਨ੍ਹਾਂ ਦੀ ਧਰਮ ਪਤਨੀ ਸ੍ਰੀਮਤੀ ਰਾਜ ਰਾਣੀ ਵਾਸੀ ਫਗਵਾੜਾ ਨੇ ਵਿਆਹ ਦੀ ਵਰ੍ਹੇਗੰਢ ਮਨਾਈ।

## ਸ਼ਹਿਨਾਈਆਂ



ਸੁਖਬੀਰ ਸਿੰਘ ਪੁੱਤਰ ਪਰਮਜੀਤ ਸਿੰਘ ਵਾਸੀ ਪੀਰ ਦੀ ਸੈਨ ਦਾ ਆਨੰਦ ਕਾਰਜ ਰਾਜਪ੍ਰੀਤ ਕੌਰ ਪੁੱਤਰੀ ਵਰਿਆਮ ਸਿੰਘ ਵਾਸੀ ਖੁੰਡੀ ਨਾਲ ਹੋਇਆ।

# ਬਾਬਾ ਦੀਪ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਗੁਰਮਤਿ ਸਮਾਗਮ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਦਿਹਾਣਾ ਵਿਖੇ ਗੁਰਦੁਆਰਾ ਪੰਜਵੀਂ ਪਾਤਸ਼ਾਹੀ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਅਸਥਾਨ 'ਤੇ ਅਨੋਖੇ ਅਮਰ ਸ਼ਹੀਦ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਮਹਾਨ ਗੁਰਮਤਿ ਸਮਾਗਮ ਸ਼ਰਧਾ ਭਾਵਨਾ ਨਾਲ ਕਰਵਾਏ ਗਏ। ਗੁਰਦੁਆਰਾ ਪ੍ਰਧਾਨ ਓਂਕਾਰ ਸਿੰਘ ਨੇ ਦੱਸਿਆ ਕਿ ਸਮਾਗਮ ਦੌਰਾਨ ਸ੍ਰੀ ਸੁਖਮਨੀ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਦੀਵਾਨ ਹਾਲ ਵਿੱਚ ਭਾਈ ਜਸਪ੍ਰੀਤ ਸਿੰਘ ਹੈਡ ਗ੍ਰੰਥੀ, ਭਾਈ ਸਤਨਾਮ ਸਿੰਘ ਪਾਸਟਾ ਗੁਰਬਾਣੀ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਸਮਾਗਮ ਦੌਰਾਨ ਸਾਬਕਾ ਜਥੇਦਾਰ ਗਿਆਨੀ ਰਣਜੀਤ ਸਿੰਘ ਤਖ਼ਤ ਸ੍ਰੀ ਅਕਾਲ ਤਖ਼ਤ ਸਾਹਿਬ ਅੰਮ੍ਰਿਤਸਰ ਵਾਲੇ ਪੁੱਜੇ। ਇਸ ਮੌਕੇ ਜਥੇਦਾਰ ਬਾਬਾ ਅਜੀਤ ਸਿੰਘ ਬਾਸੀ, ਸੰਤ ਬਾਬਾ ਚਰਨਜੀਤ ਸਿੰਘ ਮੌਜੋਮਜਾਰਾ, ਜਸਪ੍ਰੀਤ ਸਿੰਘ ਹੈਡ ਗ੍ਰੰਥੀ, ਅਵਤਾਰ ਸਿੰਘ, ਗੁਰਮੁਖ ਸਿੰਘ ਜੰਜੂਆ, ਸੁੱਚਾ ਸਿੰਘ ਕੂਕੋਵਾਲ, ਮੱਖਣ ਸਿੰਘ, ਪ੍ਰਮੋਦ ਸਿੰਘ ਲਾਡੀ, ਗੁਰਪ੍ਰੀਤ ਸਿੰਘ ਜੰਜੂਆ, ਮਾਸਟਰ ਗੁਰਦੇਵ ਸਿੰਘ ਜੰਜੂਆ, ਜਸਕਰਨ ਸਿੰਘ, ਗੁਰਨਾਮ ਸਿੰਘ ਗਾਮਾ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਅਮਰੀਕਾ, ਕਨੇਡਾ ਤੇ ਪੰਜਾਬ ਤੋਂ ਜੱਥਾ ਗੁਰਧਾਮਾਂ ਦੇ ਦਰਸ਼ਨ ਕਰਦਾ ਪਟਨਾ ਸਾਹਿਬ ਪੁੱਜਾ



**ਅੱਡਾ ਸਰਾਂ (ਜਸਵੀਰ ਕਾਜਲ)** ਅਮਰੀਕਾ ਕਨੇਡਾ ਅਤੇ ਪੰਜਾਬ ਤੋਂ ਇੱਕ ਜਥਾ ਗੁਰੂ ਧਾਮਾਂ ਦੇ ਦਰਸ਼ਨ ਕਰਦਾ ਤਖਤ ਸ਼੍ਰੀ ਹਰਿਮੰਦਰ ਪਟਨਾ ਸਾਹਿਬ ਪੁੱਜਾ।ਪ੍ਰਧਾਨ ਦਵਿੰਦਰ ਸਿੰਘ ਸਹੋਤਾ, ਇੰਸਪੈਕਟਰ ਰਣਜੀਤ ਸਿੰਘ ਬਾਹਗਾ ਯੂਐਸਏ ਤੇ ਜਥੇਦਾਰ ਬਾਬਾ ਅਜਮੇਰ ਸਿੰਘ ਬਾਹਗਾ ਅਤੇ ਡਾ. ਮਹਿੰਦਰ ਮਲਹੋਤਰਾ ਦੀ ਰਹਿਨੁਮਾਈ ਹੇਠ ਜਥੇ ਨੇ ਸਿੰਘ ਸਾਹਿਬ ਜਥੇਦਾਰ ਗਿਆਨੀ ਬਲਦੇਵ ਸਿੰਘ ਨੂੰ ਮਿਲ ਕੇ ਵਿਚਾਰ ਵਿਟਾਂਦਰਾ ਕੀਤਾ। ਇੰਸਪੈਕਟਰ ਰਣਜੀਤ ਸਿੰਘ ਬਾਹਗਾ ਨੇ ਕਿਹਾ ਕਿ ਜੋ ਸੰਗਤਾਂ ਯੂਐਸਏ ਤੋਂ ਦਰਸ਼ਨ ਕਰਨ ਵਾਸਤੇ ਸ੍ਰੀ ਪਟਨਾ ਸਾਹਿਬ ਪਹੁੰਚਦੀਆਂ ਹਨ ਉਹਨਾਂ ਨੂੰ ਕਈ ਪ੍ਰਕਾਰ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ, ਜਿਸ ਤੇ ਜਥੇਦਾਰ ਬਲਦੇਵ ਸਿੰਘ ਨੇ ਕਿਹਾ ਕਿ ਤੁਸੀਂ ਵੱਧ ਤੋਂ ਵੱਧ ਵਿਦੇਸ਼ਾਂ ਵਿੱਚੋਂ ਸੰਗਤਾਂ ਨੂੰ ਲੈ ਕੇ ਆਓ ਉਹਨਾਂ ਨੂੰ ਕਿਸੇ ਤਰ੍ਹਾਂ ਦੀ ਮੁਸ਼ਕਲ ਦਾ ਸਾਹਮਣਾ ਨਹੀਂ ਕਰਨਾ ਪਵੇਗਾ।ਉਨ੍ਹਾਂ ਇਹ ਵੀ ਕਿਹਾ ਕਿ ਸਾਨੂੰ ਵੱਧ ਤੋਂ ਵੱਧ ਨੌਜਵਾਨਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਜੋੜਨ ਦਾ ਯਤਨ ਕਰਨਾ ਚਾਹੀਦਾ ਹੈ, ਕਿਉਂਕਿ ਉਹਨਾਂ ਨੂੰ ਆਪਣੇ ਗੁਰੂਆਂ ਦੀਆਂ ਕੁਰਬਾਨੀਆਂ ਦਾ ਪਤਾ ਲੱਗ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਸਾਨੂੰ ਨੌਜਵਾਨ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੀ ਪ੍ਰੇਰਨਾ ਦੇਣੀ ਚਾਹੀਦੀ ਹੈ।ਹਰਕੀਰਤ ਸਿੰਘ ਚੀਫ ਅਡੀਟਰ ਪੰਜਾਬ ਗਾਰਡੀਅਨ ਅਖ਼ਬਾਰ ਅਮਰੀਕਾ, ਕਨੇਡਾ ਨੂੰ ਜਥੇਦਾਰ ਗਿਆਨੀ ਬਲਦੇਵ ਸਿੰਘ ਨੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਕੇਵਲ ਸਿੰਘ ਦੂਲੇ, ਗਿਆਨੀ ਅੰਗਰੇਜ਼ ਸਿੰਘ,ਕ੍ਰਿਪਾਲ ਸਿੰਘ ਸਹੋਤਾ, ਮਨਿੰਦਰ ਸਿੰਘ ਬਾਹਗਾ, ਜਸਵਿੰਦਰ ਸਿੰਘ ਢੀਂਡਸਾ, ਭੁਪਿੰਦਰ ਕੌਰ ਸਹੋਤਾ, ਸੁਖਜੀਤ ਕੌਰ, ਬਾਹਗਾ, ਰਾਜਦੀਪ ਕੌਰ ਬਾਹਗਾ ਸਾਰੇ ਯੂਐਸਏ, ਗਿਆਨੀ ਦਮਨਜੀਤ ਸਿੰਘ ਸੇਵਾਦਾਰ ਗੁਰਦੁਆਰਾ ਸ੍ਰੀ ਪਟਨਾ ਸਾਹਿਬ, ਜਥੇਦਾਰ ਬਾਬਾ ਅਜਮੇਰ ਸਿੰਘ ਬਾਹਗਾ, ਪ੍ਰਧਾਨ ਗੁਰਮੇਲ ਸਿੰਘ ਚੋਹਕਾ, ਚੀਫ ਅਡੀਟਰ ਦੋਆਬਾ ਨਿਊਜ਼ ਲਾਈਵ ਡਾ.ਮਹਿੰਦਰ ਕੁਮਾਰ ਮਲਹੋਤਰਾ, ਗੁਰਮੁਖ ਸਿੰਘ,ਗਿਆਨੀ ਹਰਭਜਨ ਸਿੰਘ, ਜੋਧਾ, ਦੀਪ, ਲਖਵਿੰਦਰ ਸਿੰਘ, ਸੁਰਿੰਦਰ ਕੌਰ, ਚਰਨਜੀਤ ਕੌਰ, ਰਾਜਵਿੰਦਰ ਕੌਰ ਆਦਿ ਹਾਜ਼ਰ ਸਨ ।